@Qpatrika
@qaumipatrika punjabi
instagram.com/ qaumipatrika

Largest Circulated

विश्व भर में सबसे ज्यादा पढ़ा जाने वाला

ਕੌਮੀ ਪਤ੍ਰਿਕਾ

ਦਿਲ੍ਲੀ, ਹਿਮਾਚਲ, ਹਰਿਯਾਣਾ, ਪੰਜਾਬ, ਉਤ੍ਤਰ ਪ੍ਰਦੇਸ਼, ਉਤ੍ਤਰਾਖਣ੍ਡ से प्रसारित।

Wednesday, 29 January 2025

VISIT:
www.qaumipatrika.org
Email: qpatrika@gmail.com

Punjabi National Daily

Qaumi Patrika NO.1

ਨਵੀਂ ਦਿੱਲੀ: ਬੁੱਧਵਾਰ 29 ਜਨਵਰੀ 2025, 14 ਮਾਘ ਨਾਨਕਸ਼ਾਹੀ ਸੰਮਤ 555 (ਸਫ਼ੇ–12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 79, qpatrika@gmail.com ਫੋਨ : 9971359517 www.qaumipatrika.org

ਅਰਬਪਤੀਆਂ ਦੇ ਕਰਜਾ ਮੁਆਫੀ 'ਤੇ ਪਾਬੰਦੀ ਲਾਉਣ ਵਾਲਾ ਕਾਨੂੰਨ ਬਣਾਏ ਕੇਂਦਰ : ਕੇਜਰੀਵਾਲ

ਸਿੰਮੀ ਕੌਰ ਬੱਬਰ

ਨਵੀਂ ਦਿੱਲੀ 28 ਜਨਵਰੀ। ਆਮ ਆਦਮੀ ਪਾਰਟੀ (ਆਪ) ਦੇ ਮੁਖੀ ਅਰਵਿੰਦ ਕੇਜਰੀਵਾਲ ਨੇ ਦਿੱਲੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇੱਕ ਪੱਤਰ ਲਿਖਿਆ ਹੈ, ਜਿਸ ਵਿੱਚ ਅਰਬਪਤੀਆਂ ਨੂੰ ਦਿੱਤੇ ਗਏ ਕਰਜ਼ਿਆਂ ਦੀ ਮੁਆਫੀ 'ਤੇ ਪਾਬੰਦੀ ਲਗਾਉਣ ਲਈ ਦੇਸ ਵਿਆਪੀ ਕਾਨੂੰਨ ਬਣਾਉਣ ਦੀ ਮੰਗ ਕੀਤੀ ਹੈ। ਕੇਜਰੀਵਾਲ ਨੇ ਮੰਗਲਵਾਰ ਨੂੰ ਇੱਕ ਪ੍ਰੈਸ ਕਾਨਫਰੰਸ ਵਿੱਚ ਕੇਂਦਰ ਸਰਕਾਰ ਦੀ ਆਲੋਚਨਾ ਕੀਤੀ। ਉਨ੍ਹਾਂ ਦੋਸ ਲਾਇਆ ਕਿ ਸਰਕਾਰ ਹਜਾਰਾਂ ਕਰੋੜ ਰੁਪਏ ਦੇ ਕਾਰਪੋਰੇਟ ਕਰਜੇ ਮੁਆਫ ਕਰਕੇ ਅਮੀਰਾਂ ਨੂੰ ਤਰਜੀਹ ਦੇ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਅਜਿਹਾ ਅਭਿਆਸ ਆਮ ਨਾਗਰਿਕਾਂ 'ਤੇ ਬਹੁਤ ਜ਼ਿਆਦਾ ਟੈਕਸਾਂ ਦਾ ਬੋਝ ਪਾਉਂਦਾ ਹੈ, ਜਦੋਂ ਕਿ ਅਮੀਰਾਂ ਨੂੰ ਫਾਇਦਾ ਹੁੰਦਾ ਹੈ। ਕੇਜਰੀਵਾਲ ਨੇ ਕਿਹਾ, "ਆਮ ਲੋਕ ਆਪਣੀ ਤਨਖਾਹ ਦਾ ਅੱਧਾ ਹਿੱਸਾ ਟੈਕਸ ਦੇ ਰੂਪ ਵਿਚ ਦੇ ਰਹੇ ਹਨ, ਜਦੋਂ ਕਿ ਅਮੀਰਾਂ ਦੇ ਕਰਜੇ ਮੁਆਫ ਕੀਤੇ ਜਾ ਰਹੇ ਹਨ। ਕੇਂਦਰ ਸਰਕਾਰ ਆਮ ਨਾਗਰਿਕਾਂ ਦੇ ਘਰ, ਕਾਰ ਦੇ ਕਰਜੇ ਜਾਂ ਹੋਰ ਵਿੱਤੀ ਬੋਝ ਕਿਉਂ ਨਹੀਂ ਮੁਆਫ ਕਰਦੀ?" ਉਨ੍ਹਾਂ ਕਿਹਾ ਕਿ ਜੇਕਰ ਅਰਬਪਤੀਆਂ ਦਾ ਕਰਜਾ ਮੁਆਫ ਕਰਨਾ ਬੰਦ ਦਿੱਤਾ ਜਾਵੇ ਤਾਂ ਸਰਕਾਰ ਆਮਦਨ ਕਰ ਅਤੇ ਵਸਤੂਆਂ ਅਤੇ ਸੇਵਾਵਾਂ ਟੈਕਸ (ਜੀਐਸਟੀ) ਦੀਆਂ ਦਰਾਂ ਨੂੰ ਅੱਧਾ ਕਰਨ, ਟੈਕਸਯੋਗ ਆਮਦਨ ਸੀਮਾ ਨੂੰ ਦੁੱਗਣਾ ਕਰਨ ਅਤੇ ਜਰੂਰੀ ਵਸਤੂਆਂ 'ਤੇ ਜੀਐਸਟੀ ਖਤਮ ਕਰਨ ਦੇ ਯੋਗ ਹੋ ਸਕਦੀ ਹੈ। ਉਹਨਾਂ ਕਿਹਾ ਕਿ ਇਹ ਇਕ ਬਹੁਤ ਵੱਡਾ ਘੁਟਾਲਾ ਹੈ ਅਤੇ ਇਸ ਨੂੰ ਹੁਣ ਖਤਮ ਕਰਨ ਦਾ ਸਮਾਂ ਆ ਗਿਆ ਹੈ। ਦੱਸ ਦੇਈਏ ਕਿ ਦਿੱਲੀ ਵਿਚ ਵਿਧਾਨ ਸਭਾ ਚੋਣਾਂ ਦਾ ਐਲਾਨ ਹੋ ਚੁੱਕਾ ਹੈ। ਦਿੱਲੀ ਵਿਧਾਨ ਸਭਾ ਚੋਣਾਂ 5 ਫਰਵਰੀ ਨੂੰ ਹੋਣ ਵਾਲੀਆਂ ਹਨ, ਜਿਸ ਦੇ ਨਤੀਜੇ 8 ਫਰਵਰੀ ਨੂੰ ਐਲਾਨੇ ਜਾਣਗੇ। 'ਆਪ' ਲਗਾਤਾਰ ਤੀਜੀ ਵਾਰ ਸੱਤਾ ਵਿੱਚ ਆਉਣ ਦੀ ਕੋਸ਼ਿਸ ਕਰ ਰਹੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਨੇ 2020 ਵਿੱਚ ਹੋਈਆਂ ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ 70 ਵਿੱਚੋਂ 62 ਸੀਟਾਂ ਜਿੱਤ ਕੇ ਸਾਨਦਾਰ ਜਿੱਤ ਪ੍ਰਾਪਤ ਕੀਤੀ ਸੀ।

ਪੈਟਰੋਲ ਤੇ ਡੀਜਲ ਨਾਲ ਚੱਲਣ ਵਾਲੇ ਵਾਹਨਾਂ 'ਤੇ ਲੱਗੇਗੀ ਪਾਬੰਦੀ !

ਮੁੰਬਈ 28 ਜਨਵਰੀ। ਸਹਿਰ 'ਚ ਹਵਾ ਦੀ ਵਿਗੜਦੀ ਗੁਣਵੱਤਾ ਨੂੰ ਧਿਆਨ 'ਚ ਰੱਖਦਿਆਂ ਮਹਾਰਾਸਟਰ ਸਰਕਾਰ ਨੇ ਮੁੰਬਈ ਮਹਾਨਗਰ ਖੇਤਰ 'ਚ ਪੈਟਰੋਲ ਤੇ ਡੀਜਲ ਨਾਲ ਚੱਲਣ ਵਾਲੇ ਵਾਹਨਾਂ 'ਤੇ ਪਾਬੰਦੀ ਲਾਉਣ ਤੇ ਸਿਰਫ ਸੀ. ਐੱਨ. ਜੀ. ਅਤੇ ਇਲੈਕਟ੍ਰਿਕ ਵਾਹਨਾਂ ਨੂੰ ਚੱਲਣ ਦੀ ਇਜਾਜਤ ਦੇਣ ਦੀ ਸੰਭਾਵਨਾ ਲੱਭਣ ਲਈ ਇਕ 7 ਮੈਂਬਰੀ ਕਮੇਟੀ ਬਣਾਈ ਹੈ। 22 ਜਨਵਰੀ ਦੇ ਸਰਕਾਰੀ ਮਤੇ () ਅਨੁਸਾਰ, ਭਾਰਤੀ ਪ੍ਰਸਾਸਨਿਕ ਸੇਵਾ () ਦੇ ਸੇਵਾਮੁਕਤ ਅਧਿਕਾਰੀ ਸੁਧੀਰ ਕੁਮਾਰ ਸ੍ਰੀਵਾਸਤਵ ਦੀ ਅਗਵਾਈ ਵਾਲੀ ਇਹ ਕਮੇਟੀ ਅਧਿਐਨ ਕਰੇਗੀ ਤੇ 3 ਮਹੀਨਿਆਂ ਅੰਦਰ ਆਪਣੀ ਰਿਪੋਰਟ ਪੇਸ ਕਰੇਗੀ। ਇਹ ਧਿਆਨ ਦੇਣ ਯੋਗ ਹੈ ਕਿ 9 ਜਨਵਰੀ ਨੂੰ ਇਕ ਜਨਹਿੱਤ ਪਟੀਸਨ ਦੀ ਸੁਣਵਾਈ ਕਰਦੇ ਹੋਏ ਬੰਬੇ ਹਾਈ ਕੋਰਟ ਨੇ ਮੁੰਬਈ ਸਹਿਰ 'ਚ ਟ੍ਰੈਫਿਕ ਦੀ ਭੀੜ, ਵਧਦੇ ਪ੍ਰਦੂਸਣ ਅਤੇ ਜੀਵਨ ਦੀ ਗੁਣਵੱਤਾ ਤੇ ਵਾਤਾਵਰਣ 'ਤੇ ਇਸ ਦੇ ਮਾੜੇ ਪ੍ਰਭਾਵ ਨੂੰ ਲੈ ਕੇ ਗੰਭੀਰ ਚਿੰਤਾ ਪ੍ਰਗਟ ਕੀਤੀ ਸੀ। ਹਾਈ ਕੋਰਟ ਨੇ ਕਿਹਾ ਕਿ ਵਾਹਨਾਂ ਤੋਂ ਨਿਕਲਣ ਵਾਲਾ ਨਿਕਾਸ ਹਵਾ ਪ੍ਰਦੂਸਣ ਦਾ ਇੱਕ ਵੱਡਾ ਸਰੋਤ ਹੈ, ਇਹ ਨੋਟ ਕਰਦੇ ਹੋਏ ਕਿ ਮੁੰਬਈ ਵਿੱਚ ਵਾਹਨਾਂ ਦੀ ਗਿਣਤੀ ਅਤੇ ਪ੍ਰਦੂਸਣ ਨੂੰ ਕੰਟਰੋਲ ਕਰਨ ਲਈ ਮੌਜੂਦਾ ਉਪਾਅ ਨਾਕਾਫੀ ਸਾਬਤ ਹੋ ਰਹੇ ਹਨ। ਹਾਈ ਕੋਰਟ ਦੀਆਂ ਟਿੱਪਣੀਆਂ 'ਤੇ ਕਾਰਵਾਈ ਕਰਦੇ ਹੋਏ ਰਾਜ ਸਰਕਾਰ ਨੇ ਐੱਮਐੱਮਆਰ ਵਿੱਚ ਪੈਟਰੋਲ ਅਤੇ ਡੀਜਲ ਵਾਹਨਾਂ 'ਤੇ ਪਾਬੰਦੀ ਲਗਾਉਣ ਅਤੇ ਸਿਰਫ ਸੀਐੱਨਜੀ ਅਤੇ ਇਲੈਕਟ੍ਰਿਕ ਵਾਹਨਾਂ ਦੀ ਆਗਿਆ ਦੇਣ ਦੀ ਵਿਵਹਾਰਕਤਾ ਦਾ ਅਧਿਐਨ ਕਰਨ ਅਤੇ ਰਿਪੋਰਟ ਪੇਸ ਕਰਨ ਲਈ ਮਾਹਿਰਾਂ ਦੀ ਇੱਕ ਕਮੇਟੀ ਬਣਾਈ ਹੈ।

ਸੰਵਿਧਾਨ ਭਾਰਤ ਦੀ ਹਜਾਰਾਂ ਸਾਲ ਪੁਰਾਣੀ ਸੋਚ ਦਾ ਦਸਤਾਵੇਜ : ਰਾਹੁਲ

ਮਹੂ, 28 ਜਨਵਰੀ। ਕਾਂਗਰਸ ਦੇ ਸਾਬਕਾ ਪ੍ਰਧਾਨ ਤੇ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਭਾਰਤੀ ਜਨਤਾ ਪਾਰਟੀ ਤੇ ਰਾਸਟਰੀ ਸਵੈਮ ਸੇਵਕ ਸੰਘ (ਆਰ. ਐੱਸ. ਐੱਸ.) 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਦੀ ਵਿਚਾਰਧਾਰਾ ਸੰਵਿਧਾਨ ਦੇ ਵਿਰੁੱਧ ਹੈ। ਉਹ ਇਸ ਨੂੰ ਖਤਮ ਕਰਨਾ ਚਾਹੁੰਦੇ ਹਨ ਪਰ ਕਾਂਗਰਸ ਸੰਵਿਧਾਨ ਦੀ ਰੱਖਿਆ ਲਈ ਲੜਦੀ ਰਹੇਗੀ। ਸੋਮਵਾਰ ਮੱਧ ਪ੍ਰਦੇਸ ਦੇ ਮਹੂ 'ਚ 'ਜੈ ਬਾਪੂ, ਜੈ ਭੀਮ, ਜੈ ਸੰਵਿਧਾਨ' ਰੈਲੀ ਨੂੰ ਸੰਬੋਧਨ ਕਰਦਿਆਂ ਗਾਂਧੀ ਨੇ ਕਿਹਾ ਕਿ ਭਾਰਤ 'ਚ ਵਿਚਾਰਧਾਰਾ ਦੀ ਲੜਾਈ ਚੱਲ ਰਹੀ ਹੈ। ਇਕ ਪਾਸੇ ਕਾਂਗਰਸ ਹੈ ਜੋ ਸੰਵਿਧਾਨ 'ਚ ਭਰੋਸਾ ਰੱਖਦੀ ਹੈ ਤੇ ਇਸ ਲਈ ਲੜ ਰਹੀ ਹੈ ਜਦ ਕਿ ਦੂਜੇ ਪਾਸੇ ਭਾਜਪਾ ਤੇ ਆਰ. ਐੱਸ. ਐੱਸ. ਹਨ ਜੋ ਸੰਵਿਧਾਨ ਦੇ ਵਿਰੁੱਧ ਹਨ। ਦੋਵੇਂ ਇਸ ਨੂੰ ਕਮਜੋਰ ਕਰ ਕੇ ਇਸ ਨੂੰ ਖਤਮ ਕਰਨਾ ਚਾਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਸੰਵਿਧਾਨ ਸਿਰਫ ਇਕ ਕਿਤਾਬ ਨਹੀਂ ਹੈ। ਇਹ ਭਾਰਤ ਦੀ ਹਜਾਰਾਂ ਸਾਲ ਪੁਰਾਣੀ ਸੋਚ ਦਾ ਦਸਤਾਵਾਜ ਹੈ। ਇਸ 'ਚ ਅੰਬੇਡਕਰ ਜੀ, ਮਹਾਤਮਾ ਗਾਂਧੀ ਜੀ, ਭਗਵਾਨ ਬੁੱਧ ਜੀ , ਫੂਲੇ ਜੀ ਵਰਗੇ ਮਹਾਂਪੁਰਖਾਂ ਦੀਆਂ ਆਵਾਜਾਂ ਹਨ। ਆਰ. ਐੱਸ. ਐੱਸ. ਉਪਰ ਸੰਵਿਧਾਨ 'ਤੇ ਸਿੱਧੇ ਹਮਲਾ ਕਰਨ ਦਾ ਦੋਸ ਲਾਉਂਦੇ ਹੋਏ ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਆਰ. ਐੱਸ. ਐੱਸ. ਦੇ ਮੁਖੀ ਮੋਹਨ ਭਾਗਵਤ ਨੇ ਕਿਹਾ ਸੀ ਕਿ ਭਾਰਤ ਨੂੰ 15 ਅਗਸਤ 1947 ਨੂੰ ਆਜਾਦੀ ਨਹੀਂ ਮਿਲੀ ਸੀ। ਉਹ ਝੂਠੀ ਆਜਾਦੀ ਸੀ। ਇਹ ਸੰਵਿਧਾਨ 'ਤੇ ਸਿੱਧਾ ਹਮਲਾ ਹੈ।

ਸੈਫ 'ਤੇ ਹਮਲੇ ਦੇ ਮਾਮਲੇ 'ਚ ਕਾਰਵਾਈ ਤੇਜ, ਪੱਛਮੀ ਬੰਗਾਲ ਤੋਂ ਔਰਤ ਗ੍ਰਿਫਤਾਰ

ਕੋਲਕਾਤਾ 28 ਜਨਵਰੀ। ਮੁੰਬਈ ਪੁਲਸ ਨੇ ਪੱਛਮੀ ਬੰਗਾਲ ਦੇ ਨਾਦੀਆ ਜ਼ਿਲ੍ਹੇ 'ਚ ਇੱਕ ਤਲਾਸੀ ਮੁਹਿੰਮ ਚਲਾਈ ਤੇ ਅਦਾਕਾਰ ਸੈਫ ਅਲੀ ਖਾਨ 'ਤੇ ਹਮਲੇ ਦੇ ਮਾਮਲੇ 'ਚ ਇੱਕ ਔਰਤ ਨੂੰ ਗ੍ਰਿਫਤਾਰ ਕੀਤਾ। ਇੱਕ ਸੂਤਰ ਨੇ ਇਹ ਜਾਣਕਾਰੀ ਦਿੱਤੀ। ਸੂਤਰ ਦੇ ਅਨੁਸਾਰ, ਜਾਂਚ ਤੋਂ ਪਤਾ ਲੱਗਾ ਹੈ ਕਿ ਹਮਲੇ ਲਈ ਪਹਿਲਾਂ ਮੁੰਬਈ 'ਚ ਗ੍ਰਿਫਤਾਰ ਕੀਤੇ ਗਏ ਬੰਗਲਾਦੇਸੀ ਨਾਗਰਿਕ ਦੁਆਰਾ ਵਰਤਿਆ ਗਿਆ ਸਿਮ ਇੱਕ ਔਰਤ ਦੇ ਨਾਮ 'ਤੇ ਰਜਿਸਟਰਡ ਸੀ। ਮੁੰਬਈ ਪੁਲਸ ਦੀ ਦੋ ਮੈਂਬਰੀ ਟੀਮ ਐਤਵਾਰ ਨੂੰ ਪੱਛਮੀ ਬੰਗਾਲ ਪਹੁੰਚੀ। ਪੱਛਮੀ ਬੰਗਾਲ ਪੁਲਸ ਦੇ ਇੱਕ ਸੂਤਰ ਨੇ ਪੀਟੀਆਈ ਨੂੰ ਦੱਸਿਆ ਕਿ ਮੁੰਬਈ ਪੁਲਸ ਨੇ ਸੈਫ ਅਲੀ 'ਤੇ ਹਮਲੇ ਦੇ ਮਾਮਲੇ 'ਚ ਨਾਦੀਆ ਜ਼ਿਲ੍ਹੇ ਦੇ ਛਪਰਾ ਤੋਂ ਇੱਕ ਔਰਤ ਨੂੰ ਗ੍ਰਿਫਤਾਰ ਕੀਤਾ ਹੈ। ਪੁਲਸ ਉਸਨੂੰ ਮੁੰਬਈ ਲਿਜਾਣ ਲਈ ਟਰਾਂਜ਼ਿਟ ਰਿਮਾਂਡ ਦੀ ਅਰਜੀ ਦੇ ਸਕਦੀ ਹੈ। ਔਰਤ ਦਾ ਨਾਮ ਖੁਖੁਮੋਨੀ ਜਹਾਂਗੀਰ ਸੇਖ ਹੈ ਅਤੇ ਉਹ ਗ੍ਰਿਫਤਾਰ ਕੀਤੇ ਗਏ ਬੰਗਲਾਦੇਸੀ ਸਰੀਫੁਲ ਫਕੀਰ ਦੀ ਜਾਣਕਾਰ ਹੈ। ਸੂਤਰ ਨੇ ਕਿਹਾ ਕਿ ਫਕੀਰ ਸਿਲੀਗੁੜੀ ਨੇੜੇ ਭਾਰਤ–ਬੰਗਲਾਦੇਸ ਸਰਹੱਦ ਰਾਹੀਂ ਗੈਰ–ਕਾਨੂੰਨੀ ਢੰਗ ਨਾਲ ਭਾਰਤ 'ਚ ਦਾਖਲ ਹੋਇਆ ਸੀ ਤੇ ਇਸ ਔਰਤ ਦੇ ਸੰਪਰਕ ਵਿੱਚ ਆਇਆ ਸੀ। ਇਹ ਔਰਤ ਪੱਛਮੀ ਬੰਗਾਲ ਦੇ ਮੁਰਸੀਦਾਬਾਦ ਜ਼ਿਲ੍ਹੇ ਦੇ ਅੰਦੁਲੀਆ ਦੀ ਰਹਿਣ ਵਾਲੀ ਹੈ। ਹਮਲਾਵਰ ਨੇ 16 ਜਨਵਰੀ ਨੂੰ ਸੈਫ ਦੇ ਮੁੰਬਈ ਸਥਿਤ ਬਾਂਦਰਾ ਸਥਿਤ ਘਰ 'ਤੇ ਛੇ ਵਾਰ ਚਾਕੂ ਮਾਰਿਆ ਸੀ। ਸੈਫ ਨੂੰ ਲੀਲਾਵਤੀ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸਦਾ ਇਲਾਜ ਕੀਤਾ ਗਿਆ। ਸੈਫ ਨੂੰ 21 ਜਨਵਰੀ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ।

ਚੰਡੀਗੜ੍ਹ ਮੇਅਰ ਚੋਣ ਨੂੰ ਲੈ ਕੇ ਸੁਪਰੀਮ ਕੋਰਟ ਦਾ ਵੱਡਾ ਕਦਮ, ਨਿਯੁਕਤ ਕੀਤਾ ਆਜਾਦ ਆਬਜਰਵਰ

ਏਜੰਸੀਆਂ

ਨਵੀਂ ਦਿੱਲੀ 28 ਜਨਵਰੀ। ਸੁਪਰੀਮ ਕੋਰਟ ਨੇ ਕਿਹਾ ਕਿ ਉਹ 30 ਜਨਵਰੀ ਨੂੰ ਹੋਣ ਵਾਲੀ ਚੰਡੀਗੜ੍ਹ ਮੇਅਰ ਦੀ ਚੋਣ ਲਈ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀ ਸਾਬਕਾ ਜੱਜ ਜੈਸ਼੍ਰੀ ਠਾਕੁਰ ਨੂੰ ਆਜਾਦ ਆਬਜਰਵਰ ਨਿਯੁਕਤ ਕੀਤਾ ਹੈ। ਜਸਟਿਸ ਸੂਰਿਆਕਾਂਤ ਅਤੇ ਜਸਟਿਸ ਐੱਨ ਕੋਟੀਸਵਰ ਸਿੰਘ ਨੇ ਆਬਜਰਵਰ ਦਾ ਨਾਮ ਲੈਂਦੇ ਹੋਏ ਆਦੇਸ਼ ਪਾਸ ਕੀਤਾ ਅਤੇ ਕਿਹਾ ਕਿ ਪੂਰੀ ਚੋਣ ਪ੍ਰਕਿਰਿਆ ਉਸ ਦੀ (ਆਬਜਰਵਰ ਦੀ) ਮੌਜੂਦਗੀ 'ਚ ਕੀਤੀ ਜਾਣੀ ਚਾਹੀਦੀ ਹੈ ਅਤੇ ਇਸ ਦੀ ਵੀਡੀਓਗ੍ਰਾਫੀ ਕਰਵਾਈ ਜਾਵੇ। ਬੈਂਚ ਨੇ ਕਿਹਾ ਕਿ ਚੰਡੀਗੜ੍ਹ ਪ੍ਰਸਾਸਨ ਆਜਾਦ ਆਬਜਰਵਰ ਨੂੰ ਮਾਣਭੱਤਾ ਦੇਵੇਗਾ। ਮੌਜੂਦਾ ਮੇਅਰ ਕੁਲਦੀਪ ਕੁਮਾਰ ਵੱਲੋਂ ਅਦਾਲਤ 'ਚ ਪੇਸ, ਪੰਜਾਬ ਸਰਕਾਰ ਦੇ ਐਡਵੋਕੇਟ ਜਨਰਲ ਗੁਰਮਿੰਦਰ ਸਿੰਘ ਨੇ ਸੁਝਾਅ ਦਿੱਤਾ ਸੀ ਕਿ ਹਾਈ ਕੋਰਟ ਦੇ ਇਕ ਸੇਵਾਮੁਕਤ ਜੱਜ ਨੂੰ ਆਜਾਦ ਆਬਜਰਵਰ ਵਜੋਂ ਨਿਯੁਕਤ ਕੀਤਾ ਜਾ ਸਕਦਾ ਹੈ। ਚੰਡੀਗੜ੍ਹ ਪ੍ਰਸ਼ਾਸਨ ਦਾ ਪ੍ਰਤੀਨਿਧੀਤੱਵ ਕਰ ਰਹੇ ਸਾਲਿਸੀਟਰ ਜਨਰਲ ਤੁਸ਼ਾਰ ਮੇਹਤਾ ਨੇ ਕਿਹਾ ਕਿ ਆਜਾਦ ਆਬਜਰਵਰ ਨਿਯੁਕਤ ਕੀਤੇ ਜਾਣ ਨਾਲ ਉਨ੍ਹਾਂ ਨੂੰ ਕੋਈ ਪਰੇਸ਼ਾਨੀ ਨਹੀਂ ਹੈ ਪਰ ਇਹ ਇਕ ਦ੍ਰਿਸ਼ਟਾਂਤ ਨਹੀਂ ਬਣਨਾ ਚਾਹੀਦਾ, ਜਿਸ ਨਾਲ ਕਿ ਸਾਰੇ ਨਗਰ ਨਿਗਮ ਸੁਪਰੀਮ ਕੋਰਟ ਦਾ ਰੁਖ ਕਰਨ ਲੱਗਣ। ਬੈਂਚ ਨੇ ਕਿਹਾ ਕਿ ਉਹ ਦਲੀਲਾਂ ਦਰਜ ਕਰਦੇ ਸਮੇਂ ਸਿਰਫ ਪ੍ਰਕਿਰਿਆ ਦੀ ਨਿਰਪੱਖਤਾ ਅਤੇ ਪਾਰਦਰਸ਼ਤਾ ਨੂੰ ਲੈ ਕੇ ਚਿੰਤਤ ਹਨ। ਆਮ ਆਦਮੀ ਪਾਰਟੀ (ਆਪ) ਤੋਂ ਚੰਡੀਗੜ੍ਹ ਦੇ ਮੇਅਰ ਕੁਲਦੀਪ ਕੁਮਾਰ ਨੇ ਇਕ ਪਟੀਸ਼ਨ ਦਾਇਰ ਕਰ ਕੇ ਵੋਟਿੰਗ ਪ੍ਰਕਿਰਿਆ 'ਚ ਨਿਰਪੱਖਤਾ ਯਕੀਨੀ ਕਰਨ ਲਈ 'ਗੁਪਤ ਵੋਟਿੰਗ' ਦੀ ਬਜਾਏ 'ਹੱਥ ਚੁੱਕ ਕੇ ਵੋਟਿੰਗ' ਦਾ ਨਿਰਦੇਸ਼ ਦੇਣ ਦੀ ਅਪੀਲ ਕੀਤੀ ਸੀ। ਹਾਲਾਂਕਿ ਬੈਂਚ ਨੇ ਅਪੀਲ ਨੂੰ ਖਾਰਜ ਕਰ ਦਿੱਤਾ। 24 ਜਨਵਰੀ ਨੂੰ ਸੁਪਰੀਮ ਕੋਰਟ ਨੇ ਮੇਅਰ ਅਹੁਦੇ ਲਈ 'ਆਜਾਦ ਅਤੇ ਨਿਰਪੱਖ' ਚੋਣ ਯਕੀਨੀ ਕਰਨ ਲਈ ਇਕ ਆਬਜਰਵਰ ਨਿਯੁਕਤ ਕਰਨ 'ਤੇ ਵਿਚਾਰ ਕੀਤਾ ਸੀ।

ਝਾਰਖੰਡ 'ਚ ਨਕਸਲੀਆਂ ਦੇ ਵੱਖ ਹੋਏ ਧੜੇ ਦੇ ਸਰਗਣਾ ਦੀ ਕੁੱਟਮਾਰ ਤੋਂ ਬਾਅਦ ਮੌਤ

ਲਾਤੇਹਾਰ 28 ਜਨਵਰੀ। ਝਾਰਖੰਡ ਦੇ ਲਾਤੇਹਾਰ ਜ਼ਿਲ੍ਹੇ 'ਚ ਨਕਸਲੀਆਂ ਦੇ ਵੱਖ ਹੋਏ ਧੜੇ 'ਝਾਰਖੰਡ ਸੰਘਰਸ਼ ਮੁਕਤੀ ਮੋਰਚਾ' (ਝਾਸਮੁਮੋ) ਦੇ ਮੁਖੀ ਦੀ ਪਿੰਡ ਵਾਸੀਆਂ ਨੇ ਕਥਿਤ ਤੌਰ 'ਤੇ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਇਸ ਤੋਂ ਬਾਅਦ ਉਸ ਨੇ ਹਸਪਤਾਲ 'ਚ ਇਲਾਜ ਦੌਰਾਨ ਦਮ ਤੋੜ ਦਿੱਤਾ। ਲਾਤੇਹਾਰ ਪੁਲਸ ਦੇ ਸੁਪਰਡੈਂਟ ਕੁਮਾਰ ਗੌਰਵ ਨੇ ਕਿਹਾ, "ਧੜੇ ਦੇ 7 ਮੈਂਬਰ ਪਿੰਡ ਦੇ ਇਕ ਭੱਠੇ 'ਤੇ ਵਸੂਲੀ ਲਈ ਗਏ ਸੀ, ਜਿਸ ਤੋਂ ਬਾਅਦ ਝੜਪ ਸੁਰੂ ਹੋ ਗਈ। ਇਸ ਦੌਰਾਨ ਝਾਸਮੁਮੋ ਦੇ ਸਰਗਣਾ ਕਿਸ਼ੋਰ ਉਰਫ ਅਭੇ ਨਾਇਕ ਅਤੇ 2 ਹੋਰ ਮੈਂਬਰਾਂ ਦੀ ਪਿੰਡ ਵਾਸੀਆਂ ਨੇ ਕੁੱਟਮਾਰ ਕਰ ਦਿੱਤੀ, ਜਦ ਕਿ 4 ਹੋਰ ਮੌਕੇ ਤੋਂ ਭੱਜਣ 'ਚ ਸਫਲ ਰਹੇ।" ਉਨ੍ਹਾਂ ਦੱਸਿਆ ਕਿ ਨਾਇਕ ਨੇ ਚੰਦਵਾ ਹਸਪਤਾਲ 'ਚ ਇਲਾਜ ਦੌਰਾਨ ਦਮ ਤੋੜ ਦਿੱਤਾ, ਜਦ ਕਿ ਜਖਮੀਆਂ ਦਾ ਇਲਾਜ ਜਾਰੀ ਹੈ। ਅਧਿਕਾਰੀ ਨੇ ਕਿਹਾ ਕਿ ਨਾਇਕ ਖਿਲਾਫ ਕਈ ਅਪਰਾਧਿਕ ਮਾਮਲੇ ਦਰਜ ਸਨ ਅਤੇ ਉਹ ਪਹਿਲਾਂ ਵੀ ਜੇਲ ਜਾ ਚੁੱਕਾ ਸੀ।

ਨਬਾਲਗ ਲੜਕੇ ਨਾਲ ਹੱਦਾਂ ਟੱਪਣ ਵਾਲੇ ਦੋਸ਼ੀ ਨੂੰ 20 ਸਾਲ ਦੀ ਕੈਦ

ਫਰੀਦਕੋਟ 28 ਜਨਵਰੀ। ਇਥੋਂ ਦੇ ਵਿਸ਼ੇਸ਼ ਪੋਕਸੋ ਅਦਾਲਤ ਨੇ 12 ਸਾਲਾ ਲੜਕੇ ਨਾਲ ਦੁਸ਼ਕਰਮ ਕਰਨ ਅਤੇ ਧਮਕੀਆਂ ਦੇਣ ਦੇ ਮੁਲਜ਼ਮ 29 ਸਾਲਾ ਵਿਅਕਤੀ ਨੂੰ ਵੱਖ–ਵੱਖ ਧਰਾਵਾਂ ਵਿਚ ਦੋਸ਼ੀ ਕਰਾਰ ਦਿੰਦਿਆਂ ਕੈਦ ਅਤੇ ਅਤੇ ਜੁਰਮਾਨਾ ਕਰਨ ਦਾ ਹੁਕਮ ਦਿਤਾ ਹੈ। ਇਹ ਘਟਨਾ ਸੰਬਧੀ 30 ਅਕਤੂਬਰ 2023 ਵਿਚ ਫਰੀਦਕੋਟ ਦੇ ਰਹਿਣਵਾਲੀ ਇਕ ਔਰਤ ਨੇ ਥਾਣਾ ਸਿਟੀ ਵਿਚ ਸ਼ਿਕਾਇਤ ਕਰਕੇ ਆਪਣੇ ਬਿਆਨ ਦਰਜ ਕਰਵਾਏ ਸਨ। ਜਿਸ ਦੀ ਸ਼ਿਕਾਇਤ 'ਤੇ ਚਰਨਜੀਤ ਸਿੰਘ ਉਰਫ ਚੰਨਾ ਪੁੱਤਰ ਬਲਬੀਰ ਸਿੰਘ ਵਾਸੀ ਫਰੀਦੋਕਟ ਦੇ ਖਿਲਾਫ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫਤਾਰ ਕੀਤਾ ਗਿਆ ਸੀ । ਵਿਸ਼ੇਸ਼ ਸ਼ੈਸ਼ਨ ਜੱਜ ਨਵਜੋਤ ਕੌਰ ਨੇ ਸਰਕਾਰ ਨੂੰ ਜਿਣਸੀ ਅਪਰਾਧਾ ਤੋਂ ਬੱਚਿਆਂ ਦੀ ਸੁਰਖਿਆਂ (ਪੋਕਸੋ) ਐਕਟ ਦੀਆ ਵਿਵਸਥਾਵਾਂ ਤਹਿਤ ਪੀੜਤਾ ਨੂੰ 4 ਲੱਖ ਰੁਪਏ ਮੁਆਵਜ਼ਾ ਦੇਣ ਦਾ ਵੀ ਹੁਕਮ 'ਤੇ ਜ਼ਿਲ੍ਹਾ ਕਾਨੂੰਨੀ ਸਵਾਵਾਂ ਅਥਾਰਟੀ ਨੂੰ ਇਸ ਸਬੰਧੀ ਕਾਰਵਾਈ ਕਰਨ ਦੀ ਸ਼ਿਫਾਰਸ਼ ਕੀਤੀ ਹੈ । ਇਸ ਮੁਕੱਦਮੇ ਦੀ ਪੂਰੀ ਤਨਦੇਹੀ ਨਾਲ ਸਰਕਾਰੀ ਵਕੀਲ ਸੁਰਿੰਦਰ ਸਚਦੇਵਾ ਵੱਲੋਂ ਪੈਰਵੀ ਕਰਦਿਆਂ ਮੁਕੱਦਮੇ ਦਾ ਚਲਾਨ ਪੇਸ਼ ਕਰਨ ਉਪਰੰਤ ਗਵਾਹੀਆਂ ਕਰਵਾਈਆਂ ਗਈਆ ਜਿਸ ਦੇ ਅਧਾਰ 'ਤੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਨਵਜੋਤ ਕੌਰ ਨੇ ਦਲੀਲਾ ਅਤੇ ਸਬੂਤਾ ਤੇ ਵਿਚਾਰ ਕਰਨ ਤੋਂ ਬਾਅਦ ਅਦਾਲਤ ਨੇ ਮੁਲਜਮ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਉਸ ਨੂੰ ਪੋਕਸ ਵਿਚ 20 ਸਾਲ ਦੀ ਕੈਦ ਅਤੇ 10 ਹਜਾਰ ਰੁਪਏ ਜੁਰਮਾਨਾ, ਜੁਰਮਾਨਾ ਜਮਾਂ ਨਾ ਕਰਾਉਣ ਦੀ ਸੂਰਤ ਵਿਚ ਉਸ ਨੂੰ 6 ਮਹੀਨੇ ਹੋਰ ਵਾਧੂ ਜੇਲ੍ਹ ਵਿਚ ਰਹਿਣ ਦਾ ਹੁਕਮ ਕੀਤਾ ਜਦੋਂ ਕਿ ਅਧੀਨ ਧਾਰਾ 506 ਵਿਚ 6 ਮਹੀਨੇ ਦੀ ਕੈਦ ਦੀ ਸਜ਼ਾ ਸੁਣਾਈ ।

ਵਿਦੇਸ਼ ਮੰਤਰੀ ਜੈਸ਼ੰਕਰ ਸੰਯੁਕਤ ਅਰਬ ਅਮੀਰਾਤ ਦੀ ਤਿੰਨ ਦਿਨਾ ਯਾਤਰਾ 'ਤੇ ਹੋਏ ਰਵਾਨਾ

ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 28 ਜਨਵਰੀ। ਵਿਦੇਸ ਮੰਤਰੀ ਐੱਸ ਜੈਸੰਕਰ ਸੋਮਵਾਰ ਨੂੰ ਸੰਯੁਕਤ ਅਰਬ ਅਮੀਰਾਤ (ਯੂਏਈ) ਦੇ ਤਿੰਨ ਦਿਨਾਂ ਦੌਰੇ 'ਤੇ ਰਵਾਨਾ ਹੋਏ। ਜੈਸੰਕਰ ਦੇ ਦੌਰੇ ਦਾ ਉਦੇਸ ਯੂਏਈ ਵਰਗੇ ਪ੍ਰਭਾਵਸਾਲੀ ਖਾੜੀ ਦੇਸ ਨਾਲ ਭਾਰਤ ਦੀ ਵਿਆਪਕ ਰਣਨੀਤਕ ਭਾਈਵਾਲੀ ਨੂੰ ਹੋਰ ਅੱਗੇ ਵਧਾਉਣਾ ਹੈ। ਵਿਦੇਸ ਮੰਤਰਾਲਾ ਨੇ ਕਿਹਾ ਕਿ ਜੈਸੰਕਰ ਦੋਵਾਂ ਦੇਸਾਂ ਵਿਚਕਾਰ ਨੇੜਲੀ ਭਾਈਵਾਲੀ ਦੀ ਸਮੀਖਿਆ ਕਰਨ ਲਈ ਯੂਏਈ ਦੀ ਉੱਚ ਲੀਡਰਸ਼ਿਪ ਨਾਲ ਮੁਲਾਕਾਤ ਕਰਨਗੇ। ਵਿਦੇਸ ਮੰਤਰਾਲਾ ਨੇ ਇਕ ਬਿਆਨ 'ਚ ਕਿਹਾ,"ਵਿਦੇਸ਼ ਮੰਤਰੀ ਜੈਸ਼ੰਕਰ ਆਪਣੀ ਇਸ ਯਾਤਰਾ ਦੌਰਾਨ ਯੂਏਈ ਦੇ ਸੀਨੀਅਰ ਲੀਡਰਸ਼ਿਪ ਨਾਲ ਮੁਲਾਕਾਤ ਕਰ ਕੇ ਦੋਵੇਂ ਦੇਸ਼ਾਂ ਵਿਚਾਲੇ ਸਾਂਝੇਦਾਰੀ ਦੀ ਸਮੀਖਿਆ ਕਰਨਗੇ ਅਤੇ ਦੋ–ਪੱਖੀ ਸੰਬੰਧਾਂ ਨੂੰ ਹੋਰ ਅੱਗੇ ਵਧਾਉਣ ਦੇ ਮੌਕੇ ਲੱਭਣਗੇ।" ਬਿਆਨ 'ਚ ਕਿਹਾ ਗਿਆ ਹੈ ਕਿ ਇਹ ਯਾਤਰਾ ਭਾਰਤ–ਯੂਏਈ ਵਿਆਪਕ ਰਣਨੀਤਕ ਸਾਂਝੇਦਾਰੀ ਨੂੰ ਅੱਗੇ ਵਧਾਉਣ ਅਤੇ ਸੰਬੰਧਾਂ ਨੂੰ ਨਵੀਂ ਗਤੀ ਦੇਣ ਦਾ ਮੌਕਾ ਪ੍ਰਦਾਨ ਕਰੇਗੀ। ਜੈਸ਼ੰਕਰ ਦੀ ਯਾਤਰਾ ਦੌਰਾਨ ਦੋਹਾਂ ਪੱਖਾਂ ਵਲੋਂ ਇਜਰਾਈਲ ਅਤੇ ਹਮਾਸ ਵਿਚਾਲੇ ਜੰਗਬੰਦੀ ਸਮਝੌਤੇ ਲਾਗੂ ਹੋਣ ਤੋਂ ਬਾਅਦ ਗਾਜਾ 'ਚ ਮੌਜੂਦ ਸਥਿਤੀ ਦੀ ਸਮੀਖਿਆ ਕਰਨ ਦੀ ਵੀ ਉਮੀਦ ਹੈ। ਪਿਛਲੇ ਕੁਝ ਸਾਲਾਂ 'ਚ ਭਾਰਤ–ਯੂਏਈ ਦੋ–ਪੱਖੀ ਸੰਬੰਧ ਕਾਫੀ ਮਜਬੂਤ ਹੋਏ ਹਨ। ਅਗਸਤ 2015 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸੰਯੁਕਤ ਅਰਬ ਅਮੀਰਾਤ ਦੀ ਇਤਿਹਾਸਕ ਯਾਤਰਾ ਤੋਂ ਬਾਅਦ, ਦੋਵੇਂ ਦੇਸ਼ਾਂ ਵਿਚਾਲੇ ਦੋ–ਪੱਖੀ ਸੰਬੰਧ ਵਿਆਪਕ ਰਣਨੀਤਕ ਸਾਂਝੇਦਾਰੀ 'ਚ ਤਬਦੀਲ ਹੋਏ ਹਨ। ਦੋਵੇਂ ਦੇਸ਼ਾਂ ਵਲੋਂ 2022 'ਚ ਵਿਆਪਕ ਆਰਥਿਕ ਸਾਂਝੇਦਾਰੀ ਸਮਝੌਤੇ 'ਤੇ ਦਸਤਖਤ ਕਰਨ ਦੇ ਬਾਅਦ ਤੋਂ ਦੋ–ਪੱਖੀ ਵਪਾਰ ਅਤੇ ਨਿਵੇਸ਼ ਸੰਬੰਧਾਂ 'ਚ ਵੱਡਾ ਵਿਸਥਾਰ ਹੋਇਆ ਹੈ। ਵਿਦੇਸ਼ ਮੰਤਰਾਲਾ ਨੇ ਬਿਆਨ 'ਚ ਕਿਹਾ ਕਿ ਜੈਸ਼ੰਕਰ ਅਬੂ ਧਾਬੀ 'ਚ ਆਯੋਜਿਤ ਹੋਣ ਵਾਲੇ ਰਾਏਸੀਨਾ ਮਿਡਿਲ ਈਸਟ ਸੰਵਾਦ ਸੈਸ਼ਨ ਦੇ ਉਦਘਾਟਨ ਸੈਸ਼ਨ 'ਚ ਭਾਸ਼ਣ ਵੀ ਦੇਣਗੇ।

ਦਿੱਲੀ ਦੰਗਿਆਂ ਦੇ ਮੁਲਜਮ ਤਾਹਿਰ ਹੁਸੈਨ ਨੂੰ ਸੁਪਰੀਮ ਕੋਰਟ ਤੋਂ ਰਾਹਤ

ਨਵੀਂ ਦਿੱਲੀ 28 ਜਨਵਰੀ। ਸੁਪਰੀਮ ਕੋਰਟ ਨੇ ਆਮ ਆਦਮੀ ਪਾਰਟੀ ਦੇ ਸਾਬਕਾ ਕੌਂਸਲਰ ਅਤੇ ਫਰਵਰੀ 2020 ਦੇ ਦਿੱਲੀ ਦੰਗਿਆਂ ਦੇ ਮੁਲਜਮ ਤਾਹਿਰ ਹੁਸੈਨ ਨੂੰ ਰਾਹਤ ਦਿੰਦੇ ਹੋਏ ਹਿਰਾਸਤ 'ਚ ਪੈਰੋਲ 'ਤੇ ਚੋਣ ਪ੍ਰਚਾਰ ਕਰਨ ਦੀ ਇਜਾਜਤ ਦੇ ਦਿੱਤੀ ਹੈ। ਦੱਸ ਦੇਈਏ ਕਿ ਜਸਟਿਸ ਵਿਕਰਮ ਨਾਥ, ਜਸਟਿਸ ਸੰਜੇ ਕਰੋਲ ਅਤੇ ਜਸਟਿਸ ਸੰਦੀਪ ਮਹਿਤਾ ਦੀ 3 ਮੈਂਬਰੀ ਬੈਂਚ ਨੇ 29 ਜਨਵਰੀ ਤੋਂ 3 ਫਰਵਰੀ ਤੱਕ ਪੁਲਸ ਹਿਰਾਸਤ 'ਚ ਚੋਣ ਪ੍ਰਚਾਰ ਕਰਨ ਦੀ ਹੁਸੈਨ ਦੀ ਪਟੀਸ਼ਨ ਮੰਗਲਵਾਰ ਨੂੰ ਸਵੀਕਾਰ ਕਰ ਲਈ ਹੈ। ਇਸ ਮਾਮਲੇ ਦੇ ਸਬੰਧ ਵਿਚ ਚੋਟੀ ਦੀ ਅਦਾਲਤ ਨੇ ਕਈ ਸ਼ਰਤਾਂ ਲਗਾਉਂਦੇ ਹੋਏ ਕਿਹਾ ਕਿ ਤਾਹਿਰ ਹੁਸੈਨ ਨੂੰ ਦਿਨ ਦੇ ਸਮੇਂ ਸਿਰਫ ਸੁਰੱਖਿਆ ਦੇ ਨਾਲ ਜੇਲ੍ਹ 'ਚੋਂ ਬਾਹਰ ਜਾਣ ਅਤੇ ਰਾਤ ਨੂੰ ਵਾਪਸ ਜੇਲ੍ਹ 'ਚ ਆਉਣ ਦੀ ਇਜਾਜਤ ਹੋਵੇਗੀ। ਸੁਪਰੀਮ ਕੋਰਟ ਦੀ ਬੈਂਚ ਨੇ ਕਿਹਾ ਕਿ ਹੁਸੈਨ ਨੂੰ ਹਿਰਾਸਤ 'ਚ ਪੈਰੋਲ ਦੀ ਸ਼ਰਤ ਤਹਿਤ ਸੁਰੱਖਿਆ ਖਰਚੇ ਵਜੋਂ ਰੋਜਾਨਾ 2.47 ਲੱਖ ਰੁਪਏ ਜਮ੍ਹਾ ਕਰਾਉਣੇ ਹੋਣਗੇ। ਉੱਤਰ–ਪੂਰਬੀ ਦਿੱਲੀ 'ਚ 24 ਫਰਵਰੀ, 2020 ਨੂੰ ਦੰਗੇ ਹੋਏ ਸਨ, ਜਿਸ 'ਚ 53 ਲੋਕ ਮਾਰੇ ਗਏ ਸਨ ਅਤੇ ਕਈ ਜਖ਼ਮੀ ਹੋਏ ਸਨ।

ਦਿੱਲੀ ਚੋਣਾਂ: 46 ਫੀਸਦੀ ਉਮੀਦਵਾਰ ਨੇ 5ਵੀਂ ਤੋਂ 12ਵੀਂ ਪਾਸ ਕੀਤੀ

ਨਵੀਂ ਦਿੱਲੀ 28 ਜਨਵਰੀ। ਦਿੱਲੀ ਵਿਧਾਨ ਸਭਾ ਚੋਣਾਂ ਲੜ ਰਹੇ 699 ਉਮੀਦਵਾਰਾਂ 'ਚੋਂ 46 ਫੀਸਦੀ ਨੇ 5ਵੀਂ ਤੋਂ 12ਵੀਂ ਜਮਾਤ ਤੱਕ ਦੀ ਪੜ੍ਹਾਈ ਕੀਤੀ ਹੈ। ਐਸੋਸੀਏਸਨ ਫਾਰ ਡੈਮੋਕ੍ਰੇਟਿਕ ਰਿਫਾਰਮਜ () ਨੇ ਇਹ ਜਾਣਕਾਰੀ ਦਿੱਤੀ। ਮੁਤਾਬਕ ਬਾਕੀ 46 ਫੀਸਦੀ ਉਮੀਦਵਾਰਾਂ ਨੇ ਗ੍ਰੈਜੂਏਸਨ ਤੋਂ ਪੋਸਟ ਗ੍ਰੈਜੂਏਸਨ ਤੱਕ ਦੀ ਪੜ੍ਹਾਈ ਕੀਤੀ ਹੈ। ਨੇ 5 ਫਰਵਰੀ ਨੂੰ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਉਮੀਦਵਾਰਾਂ ਦੀ ਵਿਦਿਅਕ ਯੋਗਤਾ ਬਾਰੇ ਆਪਣੀ ਰਿਪੋਰਟ ਜਾਰੀ ਕੀਤੀ ਹੈ। ਦੇ ਵਿਸਲੇਸਣ ਮੁਤਾਬਕ 46 ਫੀਸਦੀ ਜਾਂ 324 ਉਮੀਦਵਾਰਾਂ ਨੇ ਆਪਣੀ ਵਿਦਿਅਕ ਯੋਗਤਾ 5ਵੀਂ ਤੋਂ 12ਵੀਂ ਜਮਾਤ ਦੇ ਵਿਚਕਾਰ ਦੱਸੀ ਹੈ। ਉੱਚ ਸਿੱਖਿਆ ਹਾਸਲ ਕਰਨ ਵਾਲੇ 322 ਉਮੀਦਵਾਰਾਂ ਵਿਚੋਂ 126 ਗ੍ਰੈਜੂਏਟ, 84 ਗ੍ਰੈਜੂਏਟ ਪੇਸੇਵਰ ਅਤੇ 104 ਪੋਸਟ–ਗ੍ਰੈਜੂਏਟ ਹਨ। 8 ਉਮੀਦਵਾਰਾਂ ਕੋਲ ਡਾਕਟਰੇਟ ਦੀਆਂ ਡਿਗਰੀਆਂ ਹਨ। ਇਸ ਤੋਂ ਇਲਾਵਾ 18 ਉਮੀਦਵਾਰਾਂ ਕੋਲ ਡਿਪਲੋਮਾ ਹੈ। 6 ਉਮੀਦਵਾਰਾਂ ਨੇ ਸਕੂਲੀ ਪੜ੍ਹਾਈ ਤੋਂ ਬਿਨਾਂ ਆਪਣੇ ਆਪ ਨੂੰ ਪੜ੍ਹਿਆ ਲਿਖਿਆ ਐਲਾਨ ਕੀਤਾ ਹੈ, ਜਦਕਿ 29 ਉਮੀਦਵਾਰਾਂ ਨੇ ਆਪਣੇ ਆਪ ਨੂੰ ਅਨਪੜ੍ਹ ਐਲਾਨਿਆ ਹੈ। 2020 ਦੀਆਂ ਚੋਣਾਂ ਦੇ ਮੁਕਾਬਲੇ ਵਿਸਲੇਸਣ ਕੀਤੇ ਗਏ ਉਮੀਦਵਾਰਾਂ ਦੀ ਗਿਣਤੀ 672 ਤੋਂ ਵੱਧ ਕੇ 699 ਹੋ ਗਈ ਹੈ। ਡੂੰਘਾਈ ਨਾਲ ਕੀਤੇ ਗਏ ਵਿਸਲੇਸਣ ਰਾਹੀਂ ਕਈ ਹੋਰ ਗੱਲਾਂ ਵੀ ਸਾਹਮਣੇ ਆਈਆਂ ਹਨ। ਅੰਡਰ ਗ੍ਰੈਜੂਏਟ ਪੇਸੇਵਰਾਂ ਦੀ ਗਿਣਤੀ 62 ਤੋਂ ਵਧ ਕੇ 84 ਹੋ ਗਈ ਹੈ ਅਤੇ ਪੋਸਟ ਗ੍ਰੈਜੂਏਟ ਉਮੀਦਵਾਰਾਂ ਦੀ ਗਿਣਤੀ 90 ਤੋਂ ਵਧ ਕੇ 104 ਹੋ ਗਈ ਹੈ, ਜਦੋਂ ਕਿ ਡਾਕਟਰੇਟ ਡਿਗਰੀਆਂ ਵਾਲੇ ਉਮੀਦਵਾਰਾਂ ਦੀ ਗਿਣਤੀ 11 ਤੋਂ ਘਟ ਕੇ 8 ਹੋ ਗਈ ਹੈ। ਅਨਪੜ੍ਹ ਉਮੀਦਵਾਰਾਂ ਦੀ ਗਿਣਤੀ 16 ਤੋਂ ਵਧ ਕੇ 29 ਹੋ ਗਈ ਹੈ। ਦਿੱਲੀ ਦੀ 70 ਮੈਂਬਰੀ ਵਿਧਾਨ ਸਭਾ ਲਈ 5 ਫਰਵਰੀ ਨੂੰ ਵੋਟਿੰਗ ਹੋਣੀ ਹੈ।



ਧਾਰਮਿਕ ਸਮਾਗਮ ਦੌਰਾਨ ਟੁੱਟਿਆ ਮੰਚ, ਸ਼ਰਧਾਲੂਆਂ 'ਚ ਮਚੀ ਭਾਜੜ, 7 ਮਰੇ

ਤੇਜਿੰਦਰ ਕੌਰ ਬੱਬਰ

ਬਾਗਪਤ 28 ਜਨਵਰੀ। ਮੰਗਲਵਾਰ ਨੂੰ ਜੈਨ ਭਾਈਚਾਰੇ ਵਲੋਂ ਆਯੋਜਿਤ ਭਗਵਾਨ ਆਦਿਨਾਥ ਦੇ ਨਿਰਵਾਣ ਲੱਡੂ ਮਹਾਉਤਸਵ ਦੌਰਾਨ ਮੰਚ ਟੁੱਟ ਗਿਆ। ਮੰਚ ਟੁੱਟਣ ਕਾਰਨ ਭਾਜੜ ਮਚ ਗਈ, ਜਿਸ ਵਿਚ 7 ਲੋਕਾਂ ਦੀ ਮੌਤ ਹੋ ਗਈ। ਜਦਕਿ 40 ਦੇ ਕਰੀਬ ਸ਼ਰਧਾਲੂ ਜਖਮੀ ਹੋ ਗਏ। ਸਾਰੇ ਸ਼ਰਧਾਲੂਆਂ ਨੂੰ ਇਲਾਜ ਲਈ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਇਹ ਘਟਨਾ ਉੱਤਰ ਪ੍ਰਦੇਸ਼ ਦੇ ਬਾਗਪਤ ਜ਼ਿਲ੍ਹੇ ਦੇ ਬੜੌਤ 'ਚ ਵਾਪਰੀ। ਓਧਰ ਜ਼ਿਲ੍ਹਾ ਅਧਿਕਾਰੀ ਅਸਮਿਤਾ ਲਾਲ ਨੇ ਕਿਹਾ ਕਿ ਬੜੌਤ ਵਿਚ ਜੈਨ ਭਾਈਚਾਰੇ ਦੇ ਇਕ ਪ੍ਰੋਗਰਾਮ 'ਚ ਲੱਕੜ ਦਾ ਬਣਿਆ ਮੰਚ ਟੁੱਟ ਗਿਆ। ਇਹ ਪ੍ਰੋਗਰਾਮ ਪਿਛਲੇ 30 ਸਾਲਾਂ ਤੋਂ ਆਯੋਜਿਤ ਕੀਤਾ ਜਾ ਰਿਹਾ ਸੀ। ਬਾਗਪਤ ਬੜੌਤ ਕੋਤਵਾਲੀ ਖੇਤਰ ਦੇ ਭਗਵਾਨ ਆਦਿਨਾਥ ਮੰਦਰ ਵਿਚ ਨਿਰਵਾਣ ਲੱਡੂ ਮਹਾਉਤਸਵ ਲਈ 65 ਫੁੱਟ ਉੱਚਾ ਮੰਚ ਬਣਾਇਆ ਗਿਆ ਸੀ। ਜਦੋਂ ਸਰਧਾਲੂ ਭਗਵਾਨ ਆਦਿਨਾਥ ਨੂੰ ਲੱਡੂ ਚੜ੍ਹਾਉਣ ਲਈ ਮੰਚ 'ਤੇ ਪਹੁੰਚ ਰਹੇ ਸਨ ਤਾਂ ਅਚਾਨਕ ਮੰਚ ਦੀਆਂ ਪੌੜੀਆਂ ਟੁੱਟ ਗਈਆਂ ਅਤੇ ਭਾਜੜ ਗਈ। ਜਿਸ ਤੋਂ ਬਾਅਦ ਇਸ ਹਾਦਸੇ 'ਚ ਕਰੀਬ 40 ਲੋਕ ਗੰਭੀਰ ਰੂਪ 'ਚ ਜਖਮੀ ਹੋ ਗਏ ਅਤੇ ਉਨ੍ਹਾਂ ਨੂੰ ਇਲਾਜ ਲਈ ਹਸਪਤਾਲ 'ਚ ਦਾਖਲ ਕਰਵਾਇਆ ਗਿਆ। ਹਾਦਸੇ ਦਾ ਕਾਰਨ ਪੁੱਛਣ 'ਤੇ ਜ਼ਿਲ੍ਹਾ ਅਧਿਕਾਰੀ ਨੇ ਦੱਸਿਆ ਕਿ ਵੱਡੀ ਗਿਣਤੀ 'ਚ ਸਰਧਾਲੂ ਮੰਚ ਦੀਆਂ ਲੱਕੜ ਦੀਆਂ ਪੌੜੀਆਂ 'ਤੇ ਚੜ੍ਹੇ ਸਨ ਅਤੇ ਭਾਰੀ ਬੋਝ ਕਾਰਨ ਇਹ ਟੁੱਟ ਗਈਆਂ। ਘਟਨਾ ਦਾ ਨੋਟਿਸ ਲੈਂਦਿਆਂ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਜ਼ਿਲ੍ਹਾ ਪ੍ਰਸਾਸਨ ਦੇ ਅਧਿਕਾਰੀਆਂ ਨੂੰ ਜਖਮੀਆਂ ਦੇ ਇਲਾਜ ਦੇ ਨਿਰਦੇਸ ਦਿੱਤੇ ਹਨ। ਉਨ੍ਹਾਂ ਜਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕੀਤੀ। ਚਸਮਦੀਦਾਂ ਨੇ ਦੱਸਿਆ ਕਿ ਪ੍ਰੋਗਰਾਮ ਦੌਰਾਨ ਅਚਾਨਕ ਮਾਨਸਤੰਭ ਕੰਪਲੈਕਸ ਵਿਚ ਬਣੀ 65 ਫੁੱਟ ਉੱਚੇ ਅਸਥਾਈ ਮੰਚ ਦੀਆਂ ਲੱਕੜ ਦੀਆਂ ਪੌੜੀਆਂ ਟੁੱਟ ਗਈਆਂ, ਜਿਸ ਕਾਰਨ ਮੰਚ 'ਤੇ ਮੌਜੂਦ ਸਰਧਾਲੂ ਅਤੇ ਨੇੜੇ ਖੜ੍ਹੇ ਸਰਧਾਲੂ ਹੇਠਾਂ ਡਿੱਗ ਗਏ ਅਤੇ ਗੰਭੀਰ ਜਖਮੀ ਹੋ ਗਏ। ਹਾਦਸੇ ਤੋਂ ਬਾਅਦ ਪੂਰੇ ਇਲਾਕੇ 'ਚ ਹਫੜਾ–ਦਫੜੀ ਮਚ ਗਈ। ਘਟਨਾ ਦੀ ਸੂਚਨਾ ਮਿਲਦੇ ਹੀ ਮੌਕੇ 'ਤੇ ਪਹੁੰਚੀ ਪੁਲਸ ਨੇ ਭਾਜੜ 'ਤੇ ਕਾਬੂ ਪਾਇਆ ਅਤੇ ਜਖਮੀਆਂ ਨੂੰ ਹਸਪਤਾਲ ਪਹੁੰਚਾਇਆ। ਚਸ਼ਮਦੀਦਾਂ ਮੁਤਾਬਕ ਸ਼ਰਧਾਲੂਆਂ ਦੀ ਗਿਣਤੀ ਅਤੇ ਭਾਰੀ ਬੋਝ ਕਾਰਨ ਮੰਚ ਟੁੱਟ ਗਿਆ।

ਪਿੰਡਾਂ ਦੇ ਗੁਰੂਘਰਾਂ 'ਚ ਹੋ ਰਹੀ ਅਨਾਊਂਸਮੈਂਟ, ਪੰਜਾਬੀ ਘਰੋਂ ਨਿਕਲਣ ਤੋਂ ਡਰਨ ਲੱਗੇ

ਮੁੱਲਾਂਪੁਰ ਦਾਖਾ 28 ਜਨਵਰੀ। ਪਿੰਡ ਹਸਨਪੁਰ ਅਤੇ ਕਰੀਮਪੁਰਾ ਦੇ 2 ਨਾਬਾਲਗ ਬੱਚਿਆਂ ਨੂੰ ਨੋਚ-ਨੋਚ ਕੇ ਖਾਣ ਵਾਲੇ ਖ਼ੂੰਖਾਰ ਕੁੱਤੇ ਕਿਸਾਨ ਲਾਲ ਸਿੰਘ ਪੁੱਤਰ ਰਣਜੀਤ ਸਿੰਘ (ਗੁਰੂ ਨਾਨਕ ਡਾਇਰੀ) ਦੇ ਫਾਰਮ ਪਮਾਲ 'ਚ ਵੜ ਕੇ 1 ਵੱਛੀ ਅਤੇ 6 ਵੱਛੇ ਵੀ ਖਾ ਚੁੱਕੇ ਹਨ। ਇਹ ਕੁੱਤੇ ਤਾਜੀ ਸੂਈ ਮੱਝ ਦੀ ਕੱਟੀ ਵੀ ਖਾ ਗਏ, ਜਿਸ ਕਰ ਕੇ ਲੋਕ ਬਹੁਤ ਪਰੇਸ਼ਾਨ ਹਨ। ਬੀਤੀ ਰਾਤ ਵੀ ਪਿੰਡ ਹਸਨਪੁਰ ਦੇ ਘਰ ਅੰਦਰ ਦਾਖਲ ਹੋ ਕੇ ਇਨ੍ਹਾਂ ਖ਼ੂੰਖਾਰ ਕੁੱਤਿਆਂ ਨੇ 2 ਹੋਰ ਕਟਰੂਆਂ ਨੂੰ ਮਾਰ ਦਿੱਤਾ। ਕਿਸਾਨ ਲਾਲ ਸਿੰਘ ਨੇ ਦੱਸਿਆ ਕਿ ਇਹ ਕੁੱਤੇ ਇੰਨੇ ਆਦਮਖੋਰ ਹਨ ਕਿ ਜਿਹੜਾ ਵੀ ਰਾਹਗੀਰ ਜਾਂ ਇਕੱਲਾ ਬੱਚਾ ਜਾਂ ਛੋਟਾ ਡੰਗਰ ਮਿਲਦਾ ਹੈ, ਉਸ ਨੂੰ ਵੀ ਨੋਚ-ਨੋਚ ਕੇ ਖਾ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕੁੱਤਿਆਂ ਨੇ ਇੰਨੀ ਅੱਤ ਮਚਾ ਰੱਖੀ ਹੈ ਕਿ ਸਾਡੇ ਕਰਿੰਦੇ ਵੀ ਫਾਰਮ 'ਚ ਵੜਨ ਤੋਂ ਡਰਦੇ ਹਨ ਕਿ ਪਤਾ ਨਹੀਂ ਕਦੋਂ ਇਹ ਕੁੱਤੇ ਹਮਲਾ ਕਰ ਦੇਣ। ਉਨ੍ਹਾਂ ਪ੍ਰਸਾਸਨ ਤੋਂ ਮੰਗ ਕੀਤੀ ਕਿ ਉਹ ਇਨ੍ਹਾਂ ਕੁੱਤਿਆਂ ਤੋਂ ਸਾਨੂੰ ਅਤੇ ਪਿੰਡ ਵਾਸੀਆਂ ਨੂੰ ਨਿਜਾਤ ਦਿਵਾਉਣ। ਵੈਟਰਨਰੀ ਇੰਸ. ਸੁਖਵਿੰਦਰ ਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਸਹਿਯੋਗੀ ਟੀਮ ਨੇ ਕੁੱਤਿਆਂ ਨੂੰ ਫੜ੍ਹਨ ਲਈ ਲੁਧਿਆਣਾ ਕਾਰਪੋਰੇਸਨ ਦੀ ਟੀਮ ਨਾਲ ਇਨ੍ਹਾਂ ਕੁੱਤਿਆਂ ਦੀ ਰੇਕੀ ਵੀ ਕੀਤੀ ਹੈ, ਜਿਸ 'ਚ ਇਹ ਪਤਾ ਲਗਾਇਆ ਹੈ ਕਿ ਇਹ ਕੁੱਤਿਆਂ ਦਾ ਝੁੰਡ ਰਾਤ ਪਿੰਡ ਕਰੀਮਪੁਰਾ ਦੇ ਨਾਲ ਲੱਗਦੀਆਂ ਰੇਲਵੇ ਲਾਈਨਾਂ ਕੋਲ ਪਈ ਪਰਾਲੀ 'ਚ ਕੱਟਦਾ ਹੈ ਅਤੇ ਸਵੇਰੇ ਸੇਮ ਨਾਲੇ 'ਤੇ ਫਿਰਦੇ ਰਹਿੰਦੇ ਹਨ ਅਤੇ ਫਿਰ ਹੱਡਾਰੋੜੀ ਹਸਨਪੁਰ ਜਾਂਦੇ ਹਨ। ਉਸ ਤੋਂ ਬਾਅਦ ਇਹ ਮੂੰਹ-ਹਨ੍ਹੇਰੇ ਰਣਜੀਤ ਸਿੰਘ ਜੀਤੂ ਦੇ ਪਮਾਲ ਫਾਰਮ 'ਚ ਵੀ ਜਾਂਦੇ ਹਨ, ਜਿੱਥੇ ਇਹ ਵੱਛੇ-ਵੱਛੀਆਂ ਨੂੰ ਸ਼ਿਕਾਰ ਬਣਾਉਂਦੇ ਹਨ। ਇਨ੍ਹਾਂ ਨੂੰ 28 ਜਨਵਰੀ ਨੂੰ ਸਵੇਰੇ ਫਿਰ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕੁੱਤੇ ਫੜ੍ਹਨ ਵਾਲੀ ਟੀਮ ਫੜ੍ਹੇਗੀ ਅਤੇ ਏ. ਬੀ. ਸੀ. ਪ੍ਰੋਗਰਾਮ ਅਧੀਨ ਹੈਬੋਵਾਲ ਵਿਖੇ ਲਿਜਾ ਕੇ ਇਨ੍ਹਾਂ ਦੀ ਨਸਬੰਦੀ ਕਰੇਗੀ।ਕੇ ਲੋਕ ਬਹੁਤ ਪਰੇਸ਼ਾਨ ਹਨ। ਬੀਤੀ ਰਾਤ ਵੀ ਪਿੰਡ ਹਸਨਪੁਰ ਦੇ ਘਰ ਅੰਦਰ ਦਾਖਲ ਹੋ ਕੇ ਇਨ੍ਹਾਂ ਖ਼ੂੰਖਾਰ ਕੁੱਤਿਆਂ ਨੇ 2 ਹੋਰ ਕਟਰੂਆਂ ਨੂੰ ਮਾਰ ਦਿੱਤਾ। ਕਿਸਾਨ ਲਾਲ ਸਿੰਘ ਨੇ ਦੱਸਿਆ ਕਿ ਇਹ ਕੁੱਤੇ ਇੰਨੇ ਆਦਮਖੋਰ ਪਿੰਡ ਹਸਨਪੁਰ ਦੇ ਸਰਪੰਚ ਹਰਜੀਤ ਸਿੰਘ ਨੇ ਦੱਸਿਆ ਕਿ ਪਿੰਡ 'ਚ ਇਕ ਗੋਰਖਾ ਰਹਿੰਦਾ ਸੀ, ਉਹ ਆਪ ਤਾਂ ਚਲਾ ਗਿਆ ਪਰ ਆਪਣਾ ਪਿੱਟਬੁੱਲ ਕੁੱਤਾ ਅਵਾਰਾ ਖੁੱਲ੍ਹਾ ਛੱਡ ਗਿਆ, ਜਿਸ ਨੇ ਪਿੰਡ ਦੀਆਂ ਅਵਾਰਾ ਕੁੱਤੀਆਂ ਨਾਲ ਕ੍ਰਾਸ ਕਰ ਕੇ ਡੀ. ਐੱਨ. ਏ. ਮਿਕਸ ਬੁਲੀ ਕੁੱਤੇ ਤਿਆਰ ਕਰ ਦਿੱਤੇ ਹਨ, ਜੋ ਕਿ ਸਭ ਲਈ ਵੱਡਾ ਖਤਰਾ ਬਣੇ ਹੋਏ ਹਨ। ਕਿਸਾਨ ਲਾਲ ਸਿੰਘ ਨੇ ਪਿੰਡ ਭਨੋਹੜ, ਪਮਾਲ, ਹਸਨਪੁਰ, ਕਰੀਮਪੁਰਾ ਅਤੇ ਲਾਗਲੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਇਨ੍ਹਾਂ ਖ਼ੂੰਖਾਰ ਪਿੱਟਬੁਲ ਕੁੱਤਿਆਂ ਤੋਂ ਬਚ ਕੇ ਰਹਿਣ, ਤਾਂ ਜੋ ਕਿਸੇ ਦਾ ਜਾਨੀ ਜਾਂ ਮਾਲੀ ਨੁਕਸਾਨ ਨਾ ਹੋਵੇ। ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਇਨ੍ਹਾਂ ਕੁੱਤਿਆਂ ਤੋਂ ਸਾਵਧਾਨ ਰਹਿਣ ਲਈ ਵੱਖ-ਵੱਖ ਪਿੰਡਾਂ ਦੇ ਗੁਰਦੁਆਰਿਆਂ 'ਚ ਅਨਾਊਂਸਮੈਂਟਾਂ ਵੀ ਕਰਵਾ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪ੍ਰਸਾਸਨ ਇਨ੍ਹਾਂ ਕੁੱਤਿਆਂ ਨੂੰ ਬਹੁਤ ਜਲਦੀ ਫੜ ਕੇ ਪਿੰਡ ਵਾਸੀਆਂ ਨੂੰ ਰਾਹਤ ਦਿਵਾਏ, ਤਾਂ ਜੋ ਲੋਕ ਨਿਰਭੈ ਅਤੇ ਨਿਡਰ ਹੋ ਕੇ ਆਪਣਾ ਜੀਵਨ ਬਸਰ ਕਰ ਸਕਣ। ਇਨ੍ਹਾਂ ਘਟਨਾਵਾਂ ਨੂੰ ਦੇਖਦੇ ਹੋਏ ਕਿਸਾਨ ਯੂਨੀਅਨ ਪ੍ਰਧਾਨ ਜਗਰੂਪ ਸਿੰਘ ਨੇ ਡਿਪਟੀ ਕਮਿਸ਼ਨਰ ਅਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਇਨ੍ਹਾਂ ਪਿੱਟਬੁੱਲ ਕੁੱਤਿਆਂ ਨੂੰ ਜਾਨੋਂ ਮਾਰਨ ਦੇ ਹੁਕਮ ਦੇਣ। ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਡੀ. ਸੀ. ਵਲੋਂ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਉਹ ਐਤਵਾਰ ਨੂੰ ਲੁਧਿਆਣਾ-ਫਿਰੋਜਪੁਰ ਨੈਸ਼ਨਲ ਹਾਈਵੇਅ ਜਾਮ ਕਰ ਦੇਣਗੇ ਕਿਉਂਕਿ ਇਨ੍ਹਾਂ ਕੁੱਤਿਆਂ ਕਾਰਨ ਪਿੰਡ ਪਮਾਲ, ਭਨਹੋੜ, ਹਸਨਪੁਰ, ਕਰੀਮਪੁਰਾ ਅਤੇ ਬਾਕੀ ਆਸ-ਪਾਸ ਦੇ ਪਿੰਡਾਂ 'ਚ ਇੰਨਾ ਡਰ ਦਾ ਮਾਹੌਲ ਹੈ ਕਿ ਲੋਕ ਘਰੋਂ ਨਿਕਲਣ ਤੋਂ ਵੀ ਡਰ ਰਹੇ ਹਨ।

ਚੱਲਦੀ ਪੀ. ਆਰ. ਟੀ. ਸੀ. ਦੀ ਬੱਸ ਵਿਚੋਂ ਡਿੱਗੀਆਂ ਮਾਂ-ਧੀ, ਮਚਿਆ ਚੀਕ-ਚਿਹਾੜਾ

ਧੂਰੀ 28 ਜਨਵਰੀ। ਧੂਰੀ ਦੇ ਨਜ਼ਦੀਕ ਪਿੰਡ ਕਾਤਰੋਂ ਨੇੜੇ ਚੱਲਦੀ ਪੀ. ਆਰ. ਟੀ. ਸੀ. ਬੱਸ ਵਿਚੋਂ ਇਕ 27 ਸਾਲ ਕੁੜੀ ਦੀ ਡਿੱਗਣ ਨਾਲ ਮੌਤ ਹੋ ਗਈ। ਇਸ ਦੌਰਾਨ ਇਕ ਸੱਤ ਸਾਲਾ ਬੱਚੀ ਵੀ ਜਖਮੀ ਹੋਈ ਹੈ। ਮ੍ਰਿਤਕਾ ਦੇ ਪਤੀ ਨੇ ਪੀ. ਆਰ. ਟੀ. ਸੀ. ਦੇ ਡਰਾਈਵਰ 'ਤੇ ਬੱਸ ਤੇਜ ਰਫਤਾਰ ਨਾਲ ਚਲਾਉਣ ਦੇ ਦੋਸ਼ ਲਗਾਏ ਹਨ। ਦੂਜੇ ਪਾਸੇ ਬੱਸ ਦੇ ਡਰਾਈਵਰ ਨੇ ਦੋਸ਼ਾਂ ਨੂੰ ਨਕਾਰਦੇ ਹੋਏ ਕਿਹਾ ਕਿ ਬਸ ਹੌਲੀ ਸੀ ਅਤੇ ਧੁੰਦ ਕਾਰਨ ਤੇਜ਼ ਨਹੀਂ ਸੀ, ਉਕਤ ਮਹਿਲਾ ਬੱਚੀ ਨੂੰ ਬੱਸ ਵਿਚੋਂ ਉਲਟੀ ਕਰਵਾਉਣ ਲੱਗੀ ਜਿਸ ਦੌਰਾਨ ਇਹ ਹਾਦਸਾ ਵਾਪਰਿਆ ਹੈ। ਮ੍ਰਿਤਕਾ ਦੇ ਪਤੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿੰਡ ਕਾਤਰੋਂ ਦੇ ਨਜਦੀਕ ਬੱਸ ਦੇ ਡਰਾਈਵਰ ਨੇ ਤੇਜ ਰਫਤਾਰੀ ਨਾਲ ਕੱਟ ਮਾਰਿਆ, ਜਿਸ ਕਾਰਨ ਮੇਰੀ ਪਤਨੀ ਅਤੇ ਬੱਚੀ ਬੱਸ ਦੀ ਤਾਕੀ ਰਾਹੀਂ ਬਾਹਰ ਸੜਕ 'ਤੇ ਡਿੱਗ ਗਈਆਂ, ਜਿਸ ਕਾਰਨ ਪਤਨੀ ਦੀ ਮੌਤ ਹੋ ਗਈ ਅਤੇ ਬੱਚੀ ਨੂੰ ਕਾਫੀ ਸੱਟਾਂ ਲੱਗੀਆ ਹਨ ਜਿਸ ਨੂੰ ਇਲਾਜ ਲਈ ਹਾਸਪਲਾਤ 'ਚ ਦਾਖਲ ਕਰਵਾਇਆ ਗਿਆ ਹੈ। ਉਧਰ ਥਾਣਾ ਸਦਰ ਪੁਲਸ ਵੱਲੋਂ ਮੌਕੇ 'ਤੇ ਸਿਵਲ ਹਸਪਤਾਲ ਵਿਖੇ ਪੁੱਜ ਕੇ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੇ ਜਾਣ ਦੀ ਗੱਲ ਆਖੀ ਜਾ ਰਹੀ ਹੈ।

ਭਿਆਨਕ ਹਾਦਸੇ ਦੌਰਾਨ 4 ਯਾਤਰੀਆਂ ਦੀ ਮੌਕੇ 'ਤੇ ਮੌਤ, ਵਾਹਨਾਂ ਦੇ ਉੱਡੇ ਪਰਖੱਚੇ

ਚਿਤੂਰ 28 ਜਨਵਰੀ। ਚਿਤੂਰ ਵਿੱਚ ਇੱਕ ਬੱਸ ਅਤੇ ਡੰਪਰ ਟਰੱਕ ਵਿਚਾਲੇ ਹੋਈ ਜਬਰਦਸਤ ਟੱਕਰ ਵਿੱਚ ਚਾਰ ਯਾਤਰੀਆਂ ਦੀ ਮੌਤ ਹੋ ਜਾਣ ਦੀ ਸੂਚਨਾ ਮਿਲੀ ਹੈ। ਇਸ ਹਾਦਸੇ ਵਿਚ 15 ਹੋਰ ਲੋਕ ਵੀ ਜਖਮੀ ਹੋਏ ਹਨ। ਇੱਕ ਪੁਲਸ ਅਧਿਕਾਰੀ ਨੇ ਸੁੱਕਰਵਾਰ ਨੂੰ ਇਸ ਘਟਨਾ ਦੀ ਜਾਣਕਾਰੀ ਦਿੱਤੀ। ਇਸ ਮਾਮਲੇ ਦੀ ਜਾਂਚ ਕਰ ਰਹੇ ਇੱਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਇਹ ਹਾਦਸਾ ਵੀਰਵਾਰ ਰਾਤ ਲਗਭਗ 11.15 ਵਜੇ ਚਿਤੂਰ ਜ਼ਿਲ੍ਹੇ ਦੇ ਗਜੁਲਾਪੱਲੀ ਪਿੰਡ ਵਿੱਚ ਵਾਪਰਿਆ ਹੈ। ਚਿਤੂਰ ਦੇ ਸਬ-ਡਿਵੀਜਨਲ ਪੁਲਸ ਅਧਿਕਾਰੀ ਟੀ. ਸਾਈਨਾਥ ਨੇ ਕਿਹਾ, 'ਇਸ ਹਾਦਸੇ ਵਿਚ ਚਾਰ ਯਾਤਰੀਆਂ ਦੀ ਮੌਕੇ 'ਤੇ ਮੌਤ ਹੋ ਗਈ ਅਤੇ 15 ਹੋਰ ਜਖਮੀ ਹੋ ਗਏ ਹਨ। ਜਖਮੀਆਂ ਵਿੱਚੋਂ ਚਾਰ ਦੀ ਹਾਲਤ ਗੰਭੀਰ ਹੈ ਅਤੇ 11 ਨੂੰ ਮਾਮੂਲੀ ਸੱਟਾਂ ਲੱਗੀਆਂ ਹਨ।' ਉਨ੍ਹਾਂ ਕਿਹਾ ਕਿ ਮਦੁਰਾਈ ਜਾਣ ਵਾਲੀ ਬੱਸ ਤਿਰੂਪਤੀ ਤੋਂ 26 ਯਾਤਰੀਆਂ ਨਾਲ ਆਈ ਸੀ। ਟਰੱਕ ਨੇ ਬੱਸ ਨੂੰ ਸਾਈਡ ਤੋਂ ਟੱਕਰ ਮਾਰ ਦਿੱਤੀ। ਸਾਈਨਾਥ ਨੇ ਕਿਹਾ ਕਿ ਜਖਮੀ ਯਾਤਰੀਆਂ ਨੂੰ ਸੀਐੱਮਸੀ ਵੇਲੋਰ, ਐਸਵੀਆਈਐਮਐਸ ਅਤੇ ਹੋਰ ਸਥਾਨਕ ਹਸਪਤਾਲਾਂ ਵਿੱਚ ਲਿਜਾਇਆ ਗਿਆ। ਪੁਲਸ ਨੇ ਬੀਐਨਐਸ ਦੀ ਧਾਰਾ 106 ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਟਰੱਕ ਡਰਾਈਵਰ ਇਸ ਸਮੇਂ ਫਰਾਰ ਹੈ।

ਟ੍ਰੈਕ ਪਾਰ ਕਰਦੇ ਸਮੇਂ ਟ੍ਰੇਨ ਦੀ ਲਪੇਟ 'ਚ ਆ ਗਿਆ ਵਿਅਕਤੀ, ਮਗਰੋਂ ਲਾਸ਼ ਉੱਤੋਂ ਵੀ ਲੰਘਦੀਆਂ ਰਹੀਆਂ ਗੱਡੀਆਂ

ਲੁਧਿਆਣਾ 28 ਜਨਵਰੀ। ਸ਼ਨੀਵਾਰ ਨੂੰ ਦੇਰ ਰਾਤ ਹਰਨਾਮ ਨਗਰ ਨੇੜੇ ਸਥਿਤ ਰੇਲਵੇ ਫਾਟਕ ਨੇੜੇ ਟ੍ਰੈਕ ਪਾਰ ਕਰਦਿਆਂ ਇਕ ਵਿਅਕਤੀ ਦੀ ਟ੍ਰੇਨ ਦੀ ਲਪੇਟ 'ਚ ਆਉਣ ਨਾਲ ਮੌਤ ਹੋ ਗਈ। ਲੋਕਾਂ ਨੇ ਇਸ ਦੀ ਸੂਚਨਾ ਨੇੜੇ ਸਥਿਤ ਫਾਟਕ 'ਤੇ ਤਾਇਨਾਤ ਕਰਮਚਾਰੀ ਤੇ ਪੁਲਸ ਕੰਟਰੋਲ ਰੂਮ ਨੂੰ ਦਿੱਤੀ ਪਰ ਕਰੀਬ 2 ਘੰਟਿਆਂ ਬਾਅਦ ਥਾਣਾ ਜੀ.ਆਰ.ਪੀ. ਦੇ ਕਰਮਚਾਰੀ ਮੌਕੇ 'ਤੇ ਪਹੁੰਚੇ ਅਤੇ ਉਨ੍ਹਾਂ ਮੌਕੇ ਦਾ ਨਿਰੀਖਣ ਕਰਨ ਤੋਂ ਬਾਅਦ ਲਾਸ਼ ਨੂੰ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ। ਮੌਕੇ 'ਤੇ ਹਾਜ਼ਰ ਲੋਕਾਂ ਨੇ ਦੱਸਿਆ ਕਿ ਇਸ ਦੌਰਾਨ 2 ਟ੍ਰੇਨਾਂ ਵੀ ਉਥੋਂ ਗੁਜ਼ਰ ਗਈਆਂ ਅਤੇ ਲਾਸ਼ ਰੇਲਵੇ ਟ੍ਰੈਕ ਦੇ ਵਿਚਾਲੇ ਹੀ ਪਈ ਰਹੀ। ਲੋਕਾਂ ਦਾ ਕਹਿਣਾ ਹੈ ਕਿ ਸੂਚਨਾ ਮਿਲਣ ਤੋਂ ਬਾਅਦ ਵੀ ਰੇਲਵੇ ਵਿਭਾਗ ਵੱਲੋਂ ਇਸ ਟ੍ਰੈਕ ਤੋਂ ਟ੍ਰੇਨਾਂ ਨੂੰ ਨਹੀਂ ਰੋਕਿਆ ਗਿਆ ਅਤੇ ਅਧਿਕਾਰੀਆਂ ਦੀ ਲਾਪ੍ਰਵਾਹੀ ਕਾਰਨ ਟ੍ਰੇਨਾਂ ਲੰਘਦੀਆਂ ਰਹੀਆਂ, ਜਦਕਿ ਅਧਿਕਾਰੀਆਂ ਦਾ ਕਹਿਣਾ ਹੈ ਨਿਯਮਾਂ ਅਨੁਸਾਰ ਹੀ ਟ੍ਰੇਨਾਂ ਚਲਾਈਆਂ ਗਈਆਂ ਸਨ। ਮੌਕੇ 'ਤੇ ਪਹੁੰਚੇ ਜੀ. ਆਰ. ਪੀ. ਦੇ ਅਧਿਕਾਰੀ ਨੇ ਦੱਸਿਆ ਕਿ ਮੌਕੇ ਦੇ ਨਿਰੀਖਣ ਦੌਰਾਨ ਲਾਸ਼ ਕੋਲੋਂ ਕੋਈ ਵੀ ਦਸਤਾਵੇਜ਼ ਜਾਂ ਮੋਬਾਈਲ ਨਹੀਂ ਮਿਲਿਆ, ਜਿਸ ਨਾਲ ਮਰਨ ਵਾਲੇ ਨੌਜਵਾਨ ਦੀ ਪਛਾਣ ਹੋ ਸਕੇ। ਹਾਲਾਂਕਿ ਆਲੇ-ਦੁਆਲੇ ਦੇ ਇਲਾਕੇ 'ਚ ਵੀ ਪੁੱਛਗਿੱਛ ਕੀਤੀ ਗਈ ਹੈ ਪਰ ਕੁਝ ਵੀ ਪਤਾ ਨਹੀਂ ਲੱਗਿਆ। ਫਿਲਹਾਲ ਲਾਸ਼ ਨੂੰ 72 ਘੰਟਿਆਂ ਲਈ ਸਿਵਲ ਹਸਪਤਾਲ ਦੀ ਮੋਰਚਰੀ 'ਚ ਰੱਖਵਾਇਆ ਗਿਆ ਹੈ, ਤਾਂ ਕਿ ਉਸ ਦੇ ਵਾਰਿਸਾਂ ਦੀ ਭਾਲ ਕੀਤੀ ਜਾ ਸਕੇ। ਜਦੋਂ ਇਸ ਸਬੰਧੀ ਰੇਲਵੇ ਅਧਿਕਾਰੀਆਂ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਰੇਲਵੇ ਟ੍ਰੈਫਿਕ ਜ਼ਿਆਦਾ ਹੋਣ ਕਾਰਨ ਟ੍ਰੇਨਾਂ ਨੂੰ ਰੋਕਿਆ ਨਹੀਂ ਜਾ ਸਕਿਆ। ਇਸ ਲਈ ਟ੍ਰੇਨ ਡਰਾਈਵਰ ਨੂੰ ਕਾਸ਼ਨ ਦੇ ਕੇ ਚਲਾਇਆ ਜਾਂਦਾ ਹੈ ਕਿ ਟ੍ਰੇਨ ਨੂੰ ਹਾਦਸੇ ਵਾਲੇ ਜਗ੍ਹਾ ਤੋਂ ਘੱਟ ਤੋਂ ਘੱਟ ਸਪੀਡ 'ਤੇ ਕੱਢਿਆ ਜਾਵੇ। ਹਾਦਸਾ ਵਾਲੀ ਜਗ੍ਹਾ 'ਤੇ ਪਹੁੰਚਣ ਵਾਲੀ ਜੀ.ਆਰ.ਪੀ. ਦੀ ਟੀਮ ਮੌਕੇ ਦਾ ਨਿਰੀਖਣ ਕਰ ਕੇ ਲਾਸ਼ ਨੂੰ ਕਬਜ਼ੇ 'ਚ ਲੈਂਦੀ ਹੈ ਅਤੇ ਉਸ ਤੋਂ ਬਾਅਦ ਟ੍ਰੈਕ ਕਲੀਅਰ ਹੋਣ ਦੀ ਸੂਚਨਾ ਦਿੰਦੀ ਹੈ ਤਾਂ ਫਿਰ ਟ੍ਰੇਨਾਂ ਨਿਰਧਾਰਿਤ ਸਪੀਡ 'ਤੇ ਚਲਦੀਆਂ ਹਨ। ਇਸ ਸਬੰਧ ਵਿਚ ਜੀ.ਆਰ.ਪੀ. ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਦੇਰ ਰਾਤ ਨੂੰ ਜਿਉਂ ਹੀ ਸਟੇਸ਼ਨ ਅਧਿਕਾਰੀਆਂ ਤੋਂ ਮੀਮੋ ਮਿਲੀ ਤਾਂ ਤੁਰੰਤ ਮੌਕੇ 'ਤੇ ਟੀਮ ਪਹੁੰਚ ਗਈ ਸੀ। ਟ੍ਰੇਨਾਂ ਨੂੰ ਰੋਕਣ ਦੀ ਜ਼ਿੰਮੇਵਾਰੀ ਰੇਲਵੇ ਅਧਿਕਾਰੀਆਂ ਦੀ ਹੁੰਦੀ ਹੈ।

ਗੁਆਂਢ 'ਚ ਹੁੰਦਾ ਸੀ ਗੰਦਾ ਕੰਮ, ਵਿਰੋਧ ਕਰਨ 'ਤੇ ਪੈ ਗਿਆ ਖਿਲਾਰਾ, ਇਕ ਦੀ ਮੌਤ

ਜਲਾਲਾਬਾਦ 28 ਜਨਵਰੀ। ਜਲਾਲਾਬਾਦ ਦੇ ਪਿੰਡ ਸੇਰ ਮੁਹੰਮਦ ਤੋਂ ਇਕ ਦਰਦਨਾਕ ਘਟਨਾ ਸਾਹਮਣੇ ਆਈ ਹੈ। ਜਿੱਥੇ ਗੁਆਂਢ ਵਿਚ ਚੱਲ ਰਹੇ ਗਲਤ ਕੰਮ ਦਾ ਵਿਰੋਧ ਕਰਨ 'ਤੇ 70 ਸਾਲਾ ਬਜੁਰਗ ਦੀ ਜਾਨ ਚਲੀ ਗਈ। ਮ੍ਰਿਤਕ ਦੀ ਪਹਿਚਾਣ ਗੁਰਨਾਮ ਸਿੰਘ ਦੇ ਰੂਪ ਵਿਚ ਹੋਈ ਹੈ। ਮ੍ਰਿਤਕ ਦੇ ਪੁੱਤਰ ਮੰਗਲ ਸਿੰਘ ਦਾ ਕਹਿਣਾ ਹੈ ਕਿ ਉਨ੍ਹਾਂ ਦੇ ਗੁਆਂਢ ਵਿਚ ਮਹਿਲਾ ਦੇ ਘਰ ਨੌਜਵਾਨਾਂ ਦਾ ਆਉਣਾ-ਜਾਣਾ ਲੱਗਿਆ ਰਹਿੰਦਾ ਸੀ ਕਿਉਂਕਿ ਉਨ੍ਹਾਂ ਦੀ ਲੜਕੀ ਵੀ ਜਵਾਨ ਹੈ। ਇਸ ਕਰਕੇ ਉਸ ਵੱਲੋਂ ਪਿੰਡ 'ਚ ਚੱਲ ਰਹੇ ਗਲਤ ਕੰਮ ਦਾ ਵਿਰੋਧ ਕੀਤਾ ਗਿਆ ਅਤੇ ਪੁਲਸ ਵਿਚ ਸ਼ਿਕਾਇਤ ਦਰਜ ਕਰਵਾਈ ਗਈ। ਇਸ ਰੰਜਿਸ ਦੇ ਚੱਲਦਿਆਂ ਉਕਤ ਲੋਕਾਂ ਨੇ ਉਨ੍ਹਾਂ ਦੇ ਘਰ 'ਤੇ ਹਮਲਾ ਕਰ ਦਿੱਤਾ। ਮੰਗਲ ਸਿੰਘ ਦਾ ਦੋਸ਼ ਹੈ ਕਿ ਉਕਤ ਲੋਕਾਂ ਨੇ ਡੰਡੇ ਅਤੇ ਹੋਰ ਹਥਿਆਰਾਂ ਨਾਲ ਉਨ੍ਹਾਂ 'ਤੇ ਹਮਲਾ ਕੀਤਾ, ਜਿਸ ਦੌਰਾਨ ਉਸਦੇ ਪਿਤਾ ਨੂੰ ਕਾਫੀ ਸੱਟਾਂ ਲੱਗੀਆਂ ਜਿਨ੍ਹਾਂ ਦੀ ਮੌਤ ਹੋ ਗਈ। ਮ੍ਰਿਤਕ ਦੀ ਲਾਸ ਨੂੰ ਪੋਸਟਮਾਰਟਮ ਲਈ ਸਰਕਾਰੀ ਹਸਪਤਾਲ ਦੀ ਮੋਰਚਰੀ ਵਿਚ ਰਖਵਾਇਆ ਗਿਆ ਹੈ। ਮੌਕੇ 'ਤੇ ਪਹੁੰਚੀ ਥਾਣਾ ਅਮੀਰ ਖਾਸ ਪੁਲਸ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ। ਥਾਣਾ ਮੁਖੀ ਦਵਿੰਦਰ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਪੀੜਤ ਪਰਿਵਾਰ ਦੇ ਬਿਆਨਾਂ ਦੇ ਅਧਾਰ 'ਤੇ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ।

DISTT. FAZILKA
P.S. AMIR KHA

ਪੰਜਾਬ 'ਚ ਅੱਜ ਨਹੀਂ ਸਗੋਂ ਇਸ ਦਿਨ ਪਵੇਗਾ ਮੀਂਹ ! ਹੋ ਗਈ ਭਵਿੱਖਬਾਣੀ

ਚੰਡੀਗੜ੍ਹ 28 ਜਨਵਰੀ। ਪੰਜਾਬ ਵਿਚ ਅੱਜ ਵੀ ਸੰਘਣੀ ਧੁੰਦ ਅਤੇ ਸੀਤ ਲਹਿਰ ਨੂੰ ਲੈ ਕੇ ਅਲਰਟ ਜਾਰੀ ਕੀਤਾ ਗਿਆ ਹੈ। ਮੌਸਮ ਵਿਭਾਗ ਅਨੁਸਾਰ ਆਉਣ ਵਾਲੇ 48 ਘੰਟਿਆਂ ਵਿੱਚ ਪੰਜਾਬ ਦੇ ਤਾਪਮਾਨ ਵਿਚ ਬਹੁਤਾ ਬਦਲਾਅ ਨਹੀਂ ਆਵੇਗਾ। ਪਰ ਉਸ ਤੋਂ ਬਾਅਦ ਤਾਪਮਾਨ ਵਿਚ 2 ਤੋਂ 3 ਡਿਗਰੀ ਵਾਧਾ ਦਰਜ ਕੀਤਾ ਜਾ ਸਕਦਾ ਹੈ। ਕੱਲ੍ਹ ਦੁਪਹਿਰ ਨੂੰ ਧੁੱਪ ਖੁੱਲ੍ਹ ਕੇ ਖਿੜੀ ਜਿਸ ਨਾਲ ਪੰਜਾਬੀਆਂ ਨੂੰ ਠੰਡ ਤੋਂ ਥੋੜ੍ਹੀ ਰਾਹਤ ਜਰੂਰ ਮਿਲੀ, ਪਰ ਫਿਰ ਵੀ ਸੂਬੇ ਵਿਚ ਤਾਪਮਾਨ 20 ਡਿਗਰੀ ਤੋਂ ਹੇਠਾਂ ਬਣਿਆ ਹੋਇਆ ਹੈ। ਮੌਸਮ ਵਿਭਾਗ ਵੱਲੋਂ ਅੱਜ ਪੰਜਾਬ ਦੇ 10 ਜ਼ਿਲ੍ਹਿਆਂ ਵਿਚ ਧੁੰਦ ਨੂੰ ਲੈ ਕੇ ਓਰੇਂਜ ਅਲਰਟ ਜਾਰੀ ਕੀਤਾ ਗਿਆ ਹੈ। ਇਨ੍ਹਾਂ ਜ਼ਿਲ੍ਹਿਆਂ ਵਿਚ ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਲੁਧਿਆਣਾ, ਬਰਨਾਲਾ, ਮਾਨਸਾ, ਸੰਗਰੂਰ, ਪਟਿਆਲਾ ਅਤੇ ਮਾਲੇਰਕੋਟਲਾ ਸ਼ਾਮਲ ਹਨ। ਬਾਕੀ ਸਾਰੇ ਜ਼ਿਲ੍ਹਿਆਂ ਵਿਚ ਧੁੰਦ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਇਸੇ ਤਰ੍ਹਾਂ 11 ਜ਼ਿਲ੍ਹਿਆਂ ਵਿਚ ਸੀਤ ਲਹਿਰ ਦਾ ਅਲਰਟ ਜਾਰੀ ਕੀਤਾ ਗਿਆ ਹੈ। ਇਨ੍ਹਾਂ ਵਿਚੋਂ, ਮਾਨਸਾ ਅਤੇ ਬਰਨਾਲਾ ਵਿਚ ਓਰੇਂਜ ਅਲਰਟ ਅਤੇ ਰੂਪਨਗਰ, ਬਠਿੰਡਾ, ਮੋਗਾ, ਮੁਕਤਸਰ, ਫਰੀਦਕੋਟ, ਫਾਜ਼ਿਲਕਾ, ਫਿਰੋਜਪੁਰ, ਨਵਾਂਸਹਿਰ, ਹੁਸ਼ਿਆਰਪੁਰ ਵਿਚ ਸੀਤ ਲਹਿਰ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਪੰਜਾਬ ਵਿਚ ਇਕ ਵਾਰ ਫਿਰ ਮੀਂਹ ਪੈਣ ਦੀ ਸੰਭਾਵਨਾ ਬਣ ਰਹੀ ਹੈ। ਮੌਸਮ ਵਿਭਾਗ ਮੁਤਾਬਕ ਅੱਜ ਤੋਂ ਇਕ ਨਵਾਂ ਪੱਛਮੀ ਪ੍ਰਭਾਅ ਸਰਗਰਮ ਹੋ ਰਿਹਾ ਹੈ। ਇਸ ਦਾ ਅਸਰ ਕੱਲ੍ਹ ਯਾਨੀ 28 ਜਨਵਰੀ ਤੋਂ ਪਹਾੜੀ ਇਲਾਕਿਆਂ ਵਿਚ ਦਿਖਾਈ ਦੇਵੇਗਾ, ਜਿਸ ਨਾਲ ਮੈਦਾਨੀ ਇਲਾਕਿਆਂ ਦਾ ਮੌਸਮ ਵੀ ਪ੍ਰਭਾਵਿਤ ਹੋ ਸਕਦਾ ਹੈ। 21 ਅਤੇ 22 ਜਨਵਰੀ ਨੂੰ ਪੰਜਾਬ ਦੇ ਕੁਝ ਇਲਾਕਿਆਂ ਵਿਚ ਮੀਂਹ ਪੈਣ ਦੀ ਸੰਭਾਵਨਾ ਹੈ। ਉੱਥੇ ਹੀ ਪਹਿਲਾਂ ਅੱਜ ਪੰਜਾਬ ਦੇ ਕੁੱਝ ਹਿੱਸਿਆਂ ਵਿਚ ਮੀਂਹ ਦੀ ਸੰਭਾਵਨਾ ਜਤਾਈ ਗਈ ਸੀ, ਪਰ ਹੁਣ ਮੌਸਮ ਵਿਭਾਗ ਨੇ 21 ਤੇ 22 ਜਨਵਰੀ ਨੂੰ ਬਾਰਿਸ਼ ਦੀ ਭਵਿੱਖਬਾਣੀ ਕੀਤੀ ਹੈ।

ਪੰਜਾਬ ਦੇ ਸਰਕਾਰੀ ਸਕੂਲਾਂ ਨੇ ਲਾ 'ਤੀ ਵੱਡੀ ਸ਼ਿਕਾਇਤ, ਵਿਭਾਗ ਨੇ ਜਾਰੀ ਕੀਤੇ ਸਖਤ ਨਿਰਦੇਸ਼

ਲੁਧਿਆਣਾ 28 ਜਨਵਰੀ। ਪੰਜਾਬ ਦੇ ਸਰਕਾਰੀ ਸਕੂਲਾਂ ਦੇ ਮੁਖੀਆਂ ਨੇ ਸਿੱਖਿਆ ਵਿਭਾਗ ਨੂੰ ਸ਼ਿਕਾਇਤ ਕੀਤੀ ਹੈ ਕਿ ਜ਼ਿਆਦਾਤਰ ਸਕੂਲਾਂ 'ਚ ਸਥਾਪਿਤ ਕੀਤੇ ਗਏ ਸੋਲਰ ਪੈਨਲ ਸਹੀ ਤਰੀਕੇ ਨਾਲ ਕੰਮ ਨਹੀਂ ਕਰ ਰਹੇ ਹਨ। ਇਸ ਤੋਂ ਬਾਅਦ ਸਿੱਖਿਆ ਵਿਭਾਗ ਵਲੋਂ ਅਹਿਮ ਕਦਮ ਚੁੱਕਦੇ ਹੋਏ ਸਾਰੇ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ ਗਏ ਹਨ। ਪੰਜਾਬ ਦੇ ਸਰਕਾਰੀ ਸਕੂਲਾਂ 'ਚ ਵਾਤਾਵਰਣ ਮੁਤਾਬਕ ਊਰਜਾ ਦਾ ਹੱਲ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ (ਪੇਡਾ) ਵੱਲੋਂ ਕੁੱਲ 4488 ਸਕੂਲਾਂ 'ਚ ਰੂਫਟਾਪ ਸੋਲਰ ਪੈਨਲ ਸਿਸਟਮ ਲਗਾਏ ਗਏ ਸਨ। ਇਨ੍ਹਾਂ ਸੋਲਰ ਪੈਨਲਾਂ ਨੇ ਨਾ ਸਿਰਫ ਬਿਜਲੀ ਦੀ ਖਪਤ ਨੂੰ ਘੱਟ ਕਰਨ 'ਚ ਯੋਗਦਾਨ ਦਿੱਤਾ, ਸਗੋਂ ਵਿਦਿਆਰਥੀਆਂ ਨੂੰ ਹਰਿਤ ਊਰਜਾ ਦੇ ਮਹੱਤਵ ਨੂੰ ਸਮਝਾਉਣ ਦੀ ਇਕ ਜਿਉਂਦੀ ਜਾਗਦੀ ਮਿਸਾਲ ਵੀ ਪੇਸ਼ ਕੀਤੀ ਹੈ। ਹਾਲਾਂਕਿ, ਹਾਲ ਹੀ 'ਚ ਕਈ ਸਕੂਲਾਂ ਦੇ ਮੁਖੀਆਂ ਨੇ ਸ਼ਿਕਾਇਤ ਕੀਤੀ ਹੈ ਕਿ ਉਨ੍ਹਾਂ ਦੇ ਇੱਥੇ ਸਥਾਪਿਤ ਸੋਲਰ ਪੈਨਲ ਸਿਸਟਮ ਸਹੀ ਤਰੀਕੇ ਨਾਲ ਕੰਮ ਨਹੀਂ ਕਰ ਰਹੇ ਹਨ। ਇਨ੍ਹਾਂ ਸਮੱਸਿਆਵਾਂ ਨੂੰ ਲੈ ਕੇ ਸਕੂਲ ਮੁਖੀਆਂ ਨੇ ਵਿਭਾਗ ਨੂੰ ਜਾਣੂੰ ਕਰਵਾਇਆ ਹੈ। ਇਨ੍ਹਾਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਡਾਇਰੈਕਟਰ ਜਨਰਲ ਆਫ ਸਕੂਲ ਐਜੂਕੇਸ਼ਨ, ਪੰਜਾਬ ਨੇ ਸਾਰੇ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ (ਸੈਕੰਡਰੀ ਅਤੇ ਐਲੀਮੈਂਟਰੀ) ਨੂੰ ਇਕ ਪੱਤਰ ਜਾਰੀ ਕੀਤਾ ਹੈ। ਇਸ ਪੱਤਰ 'ਚ ਨਿਰਦੇਸ਼ ਦਿੱਤੇ ਗਏ ਹਨ ਕਿ ਜਿਨ੍ਹਾਂ ਸਕੂਲਾਂ 'ਚ ਸੋਲਰ ਪੈਨਲ ਸਿਸਟਮ ਕੰਮ ਨਹੀਂ ਕਰ ਰਹੇ, ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੱਢਣ ਲਈ ਪੇਡਾ ਦੇ ਅਧਿਕਾਰੀਆਂ ਅਤੇ ਸਕੂਲ ਮੁਖੀਆਂ ਨਾਲ ਆਨਲਾਈਨ ਜ਼ਿਲ੍ਹਾ ਵਾਰ ਮੀਟਿੰਗ ਕੀਤੀ ਜਾਵੇ। ਇਹ ਮੀਟਿੰਗ 16 ਜਨਵਰੀ ਤੋਂ 28 ਜਨਵਰੀ ਦੇ ਦਰਮਿਆਨ ਕੀਤੀ ਜਾਵੇਗੀ। ਇਨ੍ਹਾਂ ਬੈਠਕਾਂ ਦਾ ਮਕਸਦ ਸੋਲਰ ਪੈਨਲ ਸਿਸਟਮ ਨਾਲ ਜੁੜੀਆਂ ਸਮੱਸਿਆਵਾਂ ਦੀ ਜਾਂਚ ਕਰਨਾ ਅਤੇ ਉਨ੍ਹਾਂ ਨੂੰ ਜਲਦ ਸੁਧਾਰਨਾ ਹੈ। ਪੇਡਾ ਵੱਲੋਂ ਸਥਾਪਿਤ ਇਹ ਸੋਲਰ ਪੈਨਲ ਯੋਜਨਾ ਸੂਬੇ ਦੇ ਸਕੂਲਾਂ ਦੇ ਬਿਜਲੀ ਬਿੱਲਾਂ ਨੂੰ ਘੱਟ ਕਰਨ ਅਤੇ ਸਥਾਈ ਊਰਜਾ ਨੂੰ ਬੜ੍ਹਾਵਾ ਦੇਣ ਦੀ ਦਿਸ਼ਾ 'ਚ ਇਕ ਮਹੱਤਵਪੂਰਨ ਕਦਮ ਸੀ। ਖਰਾਬ ਪੈਨਲਾਂ ਦੀ ਸਮੱਸਿਆ ਸਾਹਮਣੇ ਆਉਣ ਤੋਂ ਬਾਅਦ ਸਰਕਾਰ ਨੇ ਇਸ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਫੈਸਲਾ ਲਿਆ ਹੈ। ਇਨ੍ਹਾਂ ਬੈਠਕਾਂ 'ਚ ਪੇਡਾ ਦੇ ਤਕਨੀਕੀ ਮਾਹਿਰ ਵੀ ਸ਼ਾਮਲ ਹੋਣਗੇ, ਜੋ ਸੋਲਰ ਪੈਨਲਾਂ ਨੂੰ ਸੁਚਾਰੂ ਰੂਪ ਨਾਲ ਚਲਾਉਣ ਲਈ ਜ਼ਰੂਰੀ ਹੱਲ ਪ੍ਰਦਾਨ ਕਰਨਗੇ।

ਵਿਆਹ ਸਮਾਰੋਹ 'ਚ ਜਾ ਰਹੀ ਬੱਸ ਪਲਟੀ, ਪੈ ਗਿਆ ਚੀਕ-ਚਿਹਾੜਾ

ਠਾਣੇ 28 ਜਨਵਰੀ। ਇਕ ਨਿੱਜੀ ਮਿੰਨੀ ਬੱਸ ਪਲਟਣ ਨਾਲ ਉਸ 'ਚ ਸਵਾਰ 10 ਲੋਕ ਜਖਮੀ ਹੋ ਗਏ। ਪੁਲਸ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਇਹ ਹਾਦਸਾ ਐਤਵਾਰ ਦੀ ਸਵੇਰ ਕਰੀਬ 9 ਵਜੇ ਮਹਾਰਾਸ਼ਟਰ ਦੇ ਠਾਣੇ ਜ਼ਿਲ੍ਹੇ 'ਚ ਵਾਪਰਿਆ। ਬੱਸ 'ਚ ਕਰੀਬ 20 ਲੋਕ ਸਵਾਰ ਹੋ ਕੇ ਮੁੰਬਈ ਦੇ ਕਫ ਪਰਡੇ ਤੋਂ ਨਾਸਿਕ ਦੇ ਸਿੰਨਰ 'ਚ ਇਕ ਵਿਆਹ ਸਮਾਰੋਹ 'ਚ ਸ਼ਾਮਲ ਹੋਣ ਜਾ ਰਹੇ ਸਨ। ਕਸਾਰਾ ਪੁਲਸ ਥਾਣੇ ਦੇ ਇੰਸਪੈਕਟਰ ਸੁਰੇਸ਼ ਗਾਵਿਤ ਨੇ ਦੱਸਿਆ ਕਿ ਚਿੰਤਾਮਨਵਾੜੀ ਮੋੜ 'ਤੇ ਡਰਾਈਵਰ ਨੇ ਬੱਸ ਤੋਂ ਕੰਟਰੋਲ ਗੁਆ ਦਿੱਤਾ, ਜਿਸ ਕਾਰਨ ਉਹ ਪਲਟ ਗਈ। ਉਨ੍ਹਾਂ ਦੱਸਿਆ ਕਿ ਹਾਦਸੇ 'ਚ 10 ਲੋਕ ਜਖਮੀ ਹੋ ਗਏ, ਜਿਨ੍ਹਾਂ ਨੂੰ ਸ਼ਾਹਪੁਰ ਅਤੇ ਹੋਰ ਸ਼ਹਿਰਾਂ 'ਤੇ ਸਥਿਤ ਨਿੱਜੀ ਹਸਪਤਾਲਾਂ 'ਚ ਦਾਖਲ ਕਰਵਾਇਆ ਗਿਆ ਹੈ। ਇਨ੍ਹਾਂ 'ਚੋਂ ਚਾਰ ਲੋਕਾਂ ਦੀ ਹਾਲਤ ਗੰਭੀਰ ਹੋਣ ਕਾਰਨ ਉਨ੍ਹਾਂ ਨੂੰ ਇਲਾਜ ਲਈ ਮੁੰਬਈ ਦੇ ਸਰਕਾਰੀ ਜੇਜੇ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਪੁਲਸ ਨੇ ਦੱਸਿਆ ਕਿ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ

ਅਟਾਲੀਆ ਟ੍ਰੇਡਰਜ਼ ਪ੍ਰਾਈਵੇਟ ਲਿਮਟਿਡ ਕੰਪਨੀ ਦੇ ਡਾਇਰੈਕਟਰ ਨਾਲ ਮਾਰੀ 2 ਕਰੋੜ ਦੀ ਠੱਗੀ

ਚੰਡੀਗੜ੍ਹ 28 ਜਨਵਰੀ। ਅਟਾਲੀਆ ਟ੍ਰੇਡਰਜ ਪ੍ਰਾਈਵੇਟ ਲਿਮਟਿਡ ਕੰਪਨੀ ਦੇ ਡਾਇਰੈਕਟਰ ਨਾਲ ਨੌਸਰਬਾਜਾਂ ਨੇ ਲਾਲਚ ਦੇ ਕੇ 2 ਕਰੋੜ 32 ਲੱਖ 18 ਹਜਾਰ 280 ਰੁਪਏ ਦੀ ਧੋਖਾਧੜੀ ਕੀਤੀ ਹੈ। ਸੈਕਟਰ-36 ਥਾਣਾ ਪੁਲਸ ਨੇ ਮਾਮਲੇ ਦੀ ਜਾਂਚ ਕਰਦਿਆਂ ਕੰਪਨੀ ਦੇ ਡਾਇਰੈਕਟਰ ਗੁਰਪ੍ਰੀਤ ਸਿੰਘ ਦੀ ਸ਼ਿਕਾਇਤ 'ਤੇ ਮੁਲਜਮ ਹਰਨੇਕ ਸਿੰਘ, ਪ੍ਰਿਤਪਾਲ ਸਿੰਘ, ਸਤਵਿੰਦਰ ਸਿੰਘ ਵਾਸੀ ਜਲੰਧਰ ਅਤੇ ਹੋਰਾਂ ਖ਼ਿਲਾਫ ਧੋਖਾਧੜੀ ਅਤੇ ਸਾਜ਼ਿਸ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਸ਼ਿਕਾਇਤਕਰਤਾ ਗੁਰਪ੍ਰੀਤ ਸਿੰਘ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਹ ਅਟਾਲੀਆ ਟ੍ਰੇਡਰਜ ਪ੍ਰਾਈਵੇਟ ਲਿਮਟਿਡ ਕੰਪਨੀ ਦਾ ਡਾਇਰੈਕਟਰ ਹੈ। ਉਹ 14 ਸਾਲਾਂ ਤੋਂ ਸਟਾਕ ਟ੍ਰੇਡ ਬ੍ਰੋਕਰਜ 'ਚ ਕੰਮ ਕਰ ਰਿਹਾ ਹੈ। ਹਰਨੇਕ ਸਿੰਘ, ਪ੍ਰਿਤਪਾਲ ਅਤੇ ਸਤਵਿੰਦਰ ਸਿੰਘ ਨੇ ਸਾਜ਼ਿਸ ਰਚੀ ਅਤੇ ਲਾਲਚ ਦੇ ਆਧਾਰ 'ਤੇ 2 ਕਰੋੜ 32 ਲੱਖ 18 ਹਜਾਰ 280 ਰੁਪਏ ਦੀ ਠੱਗੀ ਮਾਰੀ। ਉਕਤ ਮੁਲਜ਼ਮਾਂ ਨੇ ਸ਼ਿਕਾਇਤਕਰਤਾ ਤੇ ਉਸ ਦੇ ਪਰਿਵਾਰਕ ਮੈਂਬਰਾਂ ਦੇ ਜਾਅਲੀ ਦਸਤਖਤ ਕਰ ਕੇ ਹਲਫਨਾਮਾ ਤਿਆਰ ਕਰਵਾ ਕੇ ਨੋਟਰੀ ਕਰਵਾ ਲਿਆ। ਉਕਤ ਹਲਫਨਾਮਿਆਂ 'ਤੇ ਮੁਲਜਮ ਪ੍ਰਿਤਪਾਲ ਸਿੰਘ ਅਤੇ ਸਤਵਿੰਦਰ ਸਿੰਘ ਗਵਾਹੀ ਸੀ। ਸ਼ਿਕਾਇਤਕਰਤਾ ਨੇ ਕਿਹਾ ਕਿ ਜਿਸ ਸਮੇਂ ਹਲਫਨਾਮੇ ਤਿਆਰ ਕੀਤੇ ਗਏ ਸਨ, ਉਸ ਸਮੇਂ ਉਸ ਦਾ ਪਰਿਵਾਰ ਚੰਡੀਗੜ੍ਹ 'ਚ ਮੌਜੂਦ ਨਹੀਂ ਸੀ। ਮੁਲਜਮਾਂ ਨੇ ਅਧਿਕਾਰੀਆਂ ਸਾਹਮਣੇ ਸਾਡੇ ਖ਼ਿਲਾਫ ਉਕਤ ਜਾਅਲੀ ਹਲਫਨਾਮਿਆਂ ਦੀ ਦੁਰਵਰਤੋਂ ਕੀਤੀ ਹੈ। ਉਸ ਨੇ ਮਾਮਲੇ ਦੀ ਸ਼ਿਕਾਇਤ ਪੁਲਸ ਨੂੰ ਕੀਤੀ। ਸੈਕਟਰ-36 ਥਾਣਾ ਪੁਲਸ ਨੇ ਮੁਲਜਮਾਂ ਖ਼ਿਲਾਫ ਮਾਮਲਾ ਦਰਜ ਕਰ ਲਿਆ ਹੈ।



ਸਕੂਲ ਬਣਿਆਂ ਅੱਯਾਸ਼ੀ ਦਾ ਅੱਡਾ ! ਮਹਿਲਾ ਤੇ ਪੁਰਸ਼ ਟੀਚਰ ਦੀ 'ਗੰਦੀ' ਵੀਡੀਓ ਵਾਇਰਲ

ਚਿਤੌੜਗੜ੍ਹ 28 ਜਨਵਰੀ। ਰਾਜਸਥਾਨ ਦੇ ਚਿਤੌੜਗੜ੍ਹ ਜ਼ਿਲ੍ਹੇ ਦੇ ਗੰਗਾਰ ਬਲਾਕ ਦੇ ਅਜੋਲੀਆ ਖੇੜਾ ਗ੍ਰਾਮ ਪੰਚਾਇਤ ਵਿੱਚ ਸਥਿਤ ਸਰਕਾਰੀ ਹਾਇਰ ਸੈਕੰਡਰੀ ਸਕੂਲ, ਸਲੇਰਾ 'ਚ ਇੱਕ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਇੱਕ ਅਧਿਆਪਕ ਤੇ ਇੱਕ ਅਧਿਆਪਕਾ ਦੇ ਕਈ ਅਸਲੀਲ ਵੀਡੀਓ ਵਾਇਰਲ ਹੋਣ ਤੋਂ ਬਾਅਦ, ਸਿੱਖਿਆ ਵਿਭਾਗ ਨੇ ਸਕੂਲ ਜਿਹੇ ਪਵਿੱਤਰ ਸਥਾਨ ਨੂੰ ਬਦਨਾਮ ਕਰਨ ਲਈ, ਦੋਵਾਂ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ। ਸਕੂਲ ਦੇ ਦਫਤਰ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੇ ਕਈ ਵੀਡੀਓ ਵਾਇਰਲ ਹੋਏ ਹਨ। ਇਨ੍ਹਾਂ ਵੀਡੀਓਜ ਵਿੱਚ ਦੋਵੇਂ ਦੋਸੀ ਅਧਿਆਪਕ ਵੱਖ-ਵੱਖ ਕੱਪੜਿਆਂ ਵਿੱਚ ਦਿਖਾਈ ਦੇ ਰਹੇ ਸਨ ਪਰ ਉਨ੍ਹਾਂ ਦੀਆਂ ਹਰਕਤਾਂ ਇੱਕੋ ਜਿਹੀਆਂ ਸਨ। ਕਦੇ ਉਸਨੂੰ ਇੱਕ ਕੋਨੇ ਵਿੱਚ ਕਿੱਸ ਕਰਦੇ ਦੇਖਿਆ ਜਾਂਦਾ ਸੀ ਅਤੇ ਕਦੇ ਦੂਜੇ ਕੋਨੇ 'ਚ। ਕਈ ਵਾਰ, ਦੂਜੀ ਮਹਿਲਾ ਅਧਿਆਪਕਾ ਦੇ ਆਉਣ ਕਾਰਨ ਦੋਵਾਂ ਨੂੰ ਰੁਕਦੇ ਅਤੇ ਝਿਜਕਦੇ ਦੇਖਿਆ ਗਿਆ, ਪਰ ਦੂਜੀ ਅਧਿਆਪਕਾ ਦੇ ਜਾਣ ਤੋਂ ਬਾਅਦ, ਉਨ੍ਹਾਂ ਨੂੰ ਦੁਬਾਰਾ ਉਹੀ ਗਤੀਵਿਧੀਆਂ 'ਚ ਸਾਮਲ ਦੇਖਿਆ ਗਿਆ। ਵਾਇਰਲ ਵੀਡੀਓ ਵਿੱਚ, ਅਧਿਆਪਕ ਅਤੇ ਅਧਿਆਪਕਾ ਸਕੂਲ ਦੇ ਦਫਤਰ ਵਿੱਚ ਇਤਰਾਜਯੋਗ ਸਥਿਤੀ ਵਿੱਚ ਦਿਖਾਈ ਦੇ ਰਹੇ ਸਨ। ਇਸ ਵਾਇਰਲ ਵੀਡੀਓ ਦਾ ਜ਼ਿਕਰ ਸਿੱਖਿਆ ਵਿਭਾਗ ਵੱਲੋਂ ਜਾਰੀ ਮੁਅੱਤਲੀ ਪੱਤਰ ਵਿੱਚ ਕੀਤਾ ਗਿਆ ਹੈ। ਭਾਵੇਂ ਇਸ ਵੀਡੀਓ ਦੀ ਪ੍ਰਮਾਣਿਕਤਾ ਦੀ ਪੁਸਟੀ ਨਹੀਂ ਹੋਈ ਹੈ, ਪਰ ਸਿੱਖਿਆ ਵਿਭਾਗ ਨੇ ਤੁਰੰਤ ਕਾਰਵਾਈ ਕਰਦਿਆਂ ਘਟਨਾ ਦੀ ਜਾਂਚ ਸੁਰੂ ਕਰ ਦਿੱਤੀ ਹੈ। ਇਸ ਘਟਨਾ ਤੋਂ ਬਾਅਦ ਸਥਾਨਕ ਪਿੰਡ ਵਾਸੀਆਂ ਵਿੱਚ ਭਾਰੀ ਗੁੱਸਾ ਦੇਖਣ ਨੂੰ ਮਿਲਿਆ। ਸਨੀਵਾਰ ਨੂੰ, ਵੱਡੀ ਗਿਣਤੀ ਵਿੱਚ ਪਿੰਡ ਵਾਸੀ ਪੁਲਸ ਸਟੇਸਨ ਇੰਚਾਰਜ ਅਤੇ ਉਪ-ਮੰਡਲ ਅਧਿਕਾਰੀ ਨੂੰ ਮੰਗ ਪੱਤਰ ਦੇਣ ਲਈ ਇਕੱਠੇ ਹੋਏ। ਉਸਨੇ ਅਧਿਆਪਕ ਅਤੇ ਅਧਿਆਪਕਾ ਨੂੰ ਤੁਰੰਤ ਬਰਖਾਸਤ ਕਰਨ ਦੀ ਮੰਗ ਕੀਤੀ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਅਜਿਹੀਆਂ ਘਟਨਾਵਾਂ ਦਾ ਵਿਦਿਅਕ ਮਾਹੌਲ ਅਤੇ ਬੱਚਿਆਂ ਦੇ ਭਵਿੱਖ 'ਤੇ ਮਾੜਾ ਪ੍ਰਭਾਵ ਪੈ ਸਕਦਾ ਹੈ।..

ਇਸ ਸੂਬੇ 'ਚ ਸਭ ਤੋਂ ਵਧੇਰੇ ਵਰਤੇ ਜਾਂਦੇ ਨੇ ਕੰਡ..., ਸਰਵੇ ਦੇਖ ਰਹਿ ਜਾਓਗੇ ਦੰਗ

ਵੈੱਬ ਡੈਸਕ 28 ਜਨਵਰੀ। ਹਰ ਵਾਰ ਜਦੋਂ ਵਿਸਵ ਸਿਹਤ ਸੰਗਠਨ () ਕੋਈ ਰਿਪੋਰਟ ਜਾਰੀ ਕਰਦਾ ਹੈ, ਜਿਸ ਵਿੱਚ ਦੱਸਿਆ ਜਾਂਦਾ ਹੈ ਕਿ ਭਾਰਤ ਵਿੱਚ ਕੰਡੋਮ ਤੋਂ ਬਿਨਾਂ ਸੈਕਸ ਕਰਨ ਦਾ ਰੁਝਾਨ ਵਧਿਆ ਹੈ। ਇਸ ਵਿੱਚ ਇਹ ਵੀ ਦੱਸਿਆ ਗਿਆ ਹੈ ਕਿ ਕਿਹੜੇ ਰਾਜਾਂ ਵਿੱਚ ਕੰਡੋਮ ਦੀ ਵਰਤੋਂ ਸਭ ਤੋਂ ਵੱਧ ਕੀਤੀ ਜਾਂਦੀ ਹੈ। ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਹੁਣ ਜਿਨਸੀ ਸੰਬੰਧਾਂ ਦੌਰਾਨ ਕੰਡੋਮ ਦੀ ਵਰਤੋਂ ਪਹਿਲਾਂ ਦੇ ਮੁਕਾਬਲੇ ਘੱਟ ਰਹੀ ਹੈ। ਸਿਹਤ ਵਿਭਾਗ ਦੇ ਲੋਕਾਂ ਨੂੰ ਵੀ ਕੰਡੋਮ ਦੀ ਵਰਤੋਂ ਬਾਰੇ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ। ਪਰ ਫਿਰ ਵੀ ਇਸਦੀ ਵਰਤੋਂ ਘੱਟ ਰਹੀ ਹੈ। ਅਜਿਹੀ ਸਥਿਤੀ ਵਿੱਚ ਆਓ ਜਾਣਦੇ ਹਾਂ ਕਿ ਉਹ ਕਿਹੜੇ ਰਾਜ ਹਨ ਜਿੱਥੇ ਕੰਡੋਮ ਦੀ ਵਰਤੋਂ ਸਭ ਤੋਂ ਵੱਧ ਕੀਤੀ ਜਾਂਦੀ ਹੈ। ਰਾਸਟਰੀ ਪਰਿਵਾਰ ਸਿਹਤ ਵਿਭਾਗ (2021-22) ਦੁਆਰਾ ਇੱਕ ਸਰਵੇਖਣ ਕੀਤਾ ਗਿਆ ਸੀ। ਇਸ ਸਰਵੇਖਣ ਵਿੱਚ ਇਹ ਵੀ ਪਾਇਆ ਗਿਆ ਕਿ ਦਾਦਰਾ ਨਗਰ ਹਵੇਲੀ ਭਾਰਤ ਵਿੱਚ ਇੱਕੋ ਇੱਕ ਅਜਿਹੀ ਜਗ੍ਹਾ ਹੈ ਜਿੱਥੇ ਲੋਕ ਕੰਡੋਮ ਦੀ ਮਹੱਤਤਾ ਨੂੰ ਸਮਝਦੇ ਹਨ ਅਤੇ ਲੋਕ ਭਾਰਤ ਦੇ ਕਿਸੇ ਵੀ ਹੋਰ ਰਾਜ ਨਾਲੋਂ ਇੱਥੇ ਕੰਡੋਮ ਜ਼ਿਆਦਾ ਖਰੀਦਦੇ ਹਨ। ਇਸ ਤੋਂ ਬਾਅਦ ਆਂਧਰਾ ਪ੍ਰਦੇਸ ਦਾ ਨਾਮ ਆਉਂਦਾ ਹੈ। ਜਿੱਥੇ ਜ਼ਿਆਦਾਤਰ ਕੰਡੋਮ ਲੋਕ ਖਰੀਦਦੇ ਹਨ। ਅੰਦਾਜਾ ਲਗਾਇਆ ਗਿਆ ਹੈ ਕਿ ਦਰਦਾ ਨਗਰ ਹਵੇਲੀ ਵਿੱਚ 10 ਹਜਾਰ ਜੋੜਿਆਂ ਵਿੱਚੋਂ 993 ਜੋੜੇ ਸੈਕਸ ਕਰਦੇ ਸਮੇਂ ਕੰਡੋਮ ਦੀ ਵਰਤੋਂ ਕਰਦੇ ਹਨ। ਇਸ ਤੋਂ ਬਾਅਦ, ਹੋਰ ਰਾਜਾਂ ਦਾ ਵੀ ਸਰਵੇਖਣ ਕੀਤਾ ਗਿਆ, ਜਿਸ ਵਿੱਚ ਹਰੇਕ ਰਾਜ ਦੇ ਵੱਖ-ਵੱਖ ਉਮਰ ਸਮੂਹਾਂ ਦੇ 10 ਹਜਾਰ ਜੋੜਿਆਂ ਨਾਲ ਗੱਲ ਕੀਤੀ ਗਈ। ਆਂਧਰਾ ਪ੍ਰਦੇਸ ਦੂਜੇ ਸਥਾਨ 'ਤੇ ਆਉਂਦਾ ਹੈ। ਜਿੱਥੇ 10 ਹਜਾਰ ਜੋੜੇ ਵਿੱਚੋਂ 978 ਕੰਡੋਮ ਦੀ ਵਰਤੋਂ ਕਰਦੇ ਹਨ। ਜਦੋਂ ਕਿ ਕਰਨਾਟਕ 15ਵੇਂ ਸਥਾਨ 'ਤੇ ਹੈ। ਇਸ ਸੂਬੇ ਵਿੱਚ 10 ਹਜਾਰ ਜੋੜਿਆਂ ਵਿੱਚੋਂ ਸਿਰਫ 307 ਹੀ ਕੰਡੋਮ ਦੀ ਵਰਤੋਂ ਕਰਦੇ ਹਨ। ਇਸੇ ਰਿਪੋਰਟ ਵਿੱਚ ਇਹ ਦੱਸਿਆ ਗਿਆ ਹੈ ਕਿ ਭਾਰਤ ਵਿੱਚ 6% ਲੋਕ ਅਜਿਹੇ ਹਨ ਜੋ ਕੰਡੋਮ ਬਾਰੇ ਨਹੀਂ ਜਾਣਦੇ। ਸਿਰਫ 94 ਪ੍ਰਤੀਸਤ ਲੋਕ ਹੀ ਕੰਡੋਮ ਬਾਰੇ ਜਾਣਦੇ ਹਨ। ਭਾਰਤ ਵਿੱਚ ਹਰ ਸਾਲ ਔਸਤਨ 33.07 ਕਰੋੜ ਕੰਡੋਮ ਖਰੀਦੇ ਜਾਂਦੇ ਹਨ। ਭਾਰਤ ਦੇ ਉੱਤਰ ਪ੍ਰਦੇਸ ਰਾਜ ਦੀ ਗੱਲ ਕਰੀਏ ਤਾਂ ਇੱਥੇ ਹਰ ਸਾਲ 5.3 ਕਰੋੜ ਕੰਡੋਮ ਦੀ ਖਪਤ ਹੁੰਦੀ ਹੈ। ਇਹ ਅੰਕੜਾ ਦੂਜੇ ਰਾਜਾਂ ਨਾਲੋਂ ਬਹੁਤ ਜ਼ਿਆਦਾ ਹੈ। 2024 ਦੇ ਅੰਤ ਤੱਕ ਯੂਪੀ ਦੀ ਆਬਾਦੀ 22 ਕਰੋੜ ਨੂੰ ਪਾਰ ਕਰਨ ਦੀ ਉਮੀਦ ਹੈ। ਇੱਥੋਂ ਦੇ ਸਿਹਤ ਕੇਂਦਰਾਂ ਅਤੇ ਸਰਕਾਰੀ ਹਸਪਤਾਲਾਂ ਵਿੱਚ ਕੰਡੋਮ ਮੁਫਤ ਵੇਚੇ ਜਾਂਦੇ ਹਨ। ਪਰ ਸਰਵੇਖਣ ਅਨੁਸਾਰ ਹੁਣ ਕੰਡੋਮ ਦੀ ਵਰਤੋਂ ਘੱਟ ਰਹੀ ਹੈ। ਜਦੋਂ ਕਿ ਪੁਡੂਚੇਰੀ ਵਿੱਚ 10,000 ਜੋੜਿਆਂ ਵਿੱਚੋਂ ਸਿਰਫ 960, ਪੰਜਾਬ ਵਿੱਚ 895, ਚੰਡੀਗੜ੍ਹ ਵਿੱਚ 822, ਹਰਿਆਣਾ ਵਿੱਚ ਸਿਰਫ 685 ਜੋੜੇ ਸੰਭੋਗ ਦੌਰਾਨ ਕੰਡੋਮ ਦੀ ਵਰਤੋਂ ਕਰਦੇ ਹਨ। ਇਸ ਦੇ ਨਾਲ ਹੀ ਹਿਮਾਚਲ ਪ੍ਰਦੇਸ ਵਿੱਚ 567, ਰਾਜਸਥਾਨ ਵਿੱਚ 514 ਅਤੇ ਗੁਜਰਾਤ ਵਿੱਚ 430 ਲੋਕ ਕੰਡੋਮ ਦੀ ਵਰਤੋਂ ਕਰਦੇ ਹਨ।

ਕੌਮੀ ਪਤ੍ਰਿਕਾ
ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।
Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad
Ph. : 011-41509689
011-23315814
Mob. : 9971359517
9312262300
E-mail address:
qpatrika@gmail.com
R.N.I. No. 39272/81
Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

ਪਰਾਗਪੁਰ-ਜਮਸ਼ੇਰ ਖੇੜਾ ਬਾਈਪਾਸ ’ਤੇ ਗੈਰ-ਕਾਨੂੰਨੀ ਉਸਾਰੀਆਂ ਦਾ ਆਇਆ ਹੜ੍ਹ

ਜਲੰਧਰ 28 ਜਨਵਰੀ। ਅੱਜ ਤੋਂ ਕਈ ਸਾਲ ਪਹਿਲਾਂ ਸ਼ਹਿਰ ਵਿਚੋਂ ਟ੍ਰੈਫਿਕ ਦੀ ਦਿੱਕਤ ਨੂੰ ਦੂਰ ਕਰਨ ਲਈ ਪਰਾਗਪੁਰ ਵਿਚ ਮੈਕਡੌਨਲਡ ਨੇੜਿਓਂ ਇਕ ਬਾਈਪਾਸ ਜਮਸ਼ੇਰ-ਖੇੜਾ ਵੱਲ ਕੱਢਿਆ ਗਿਆ ਸੀ, ਜਿੱਥੇ ਅੱਜ ਛਾਉਣੀ ਇਲਾਕੇ ਦੇ ਪਿੰਡਾਂ ਅਤੇ ਨਕੋਦਰ ਵੱਲ ਜਾਣ ਵਾਲੇ ਟ੍ਰੈਫਿਕ ਦੀ ਭਰਮਾਰ ਰਹਿੰਦੀ ਹੈ। ਇਸ ਬਾਈਪਾਸ ਦੇ ਆਲੇ-ਦੁਆਲੇ ਜੋ ਨਾਨ-ਕੰਸਟਰੱਕਸ਼ਨ ਜੋਨ ਹੈ, ਉਥੇ ਹੀ ਨਗਰ ਨਿਗਮ ਕਿਸੇ ਵੀ ਤਰ੍ਹਾਂ ਦੀ ਉਸਾਰੀ ਦੀ ਆਗਿਆ ਤਾਂ ਨਹੀਂ ਦਿੰਦਾ ਪਰ ਪਿਛਲੇ ਕੁਝ ਸਮੇਂ ਤੋਂ ਇਸ ਇਲਾਕੇ ਵਿਚ ਗੈਰ-ਕਾਨੂੰਨੀ ਉਸਾਰੀਆਂ ਦਾ ਹੜ੍ਹ ਜਿਹਾ ਆਇਆ ਹੋਇਆ ਹੈ, ਜਿਸ ਵੱਲ ਨਗਰ ਨਿਗਮ ਦੇ ਅਧਿਕਾਰੀ ਕੋਈ ਧਿਆਨ ਨਹੀਂ ਦੇ ਰਹੇ। ਮੰਨਿਆ ਜਾ ਰਿਹਾ ਹੈ ਕਿ ਜੇਕਰ ਨਗਰ ਨਿਗਮ ਦੇ ਅਧਿਕਾਰੀਆਂ ਨੇ ਸਮਾਂ ਰਹਿੰਦੇ ਇਸ ਵੱਲ ਧਿਆਨ ਨਾ ਦਿੱਤਾ ਤਾਂ ਆਉਣ ਵਲੇ ਸਮੇਂ ਵਿਚ ਇਸ ਇਲਾਕੇ ਵਿਚ ਵੀ ਟ੍ਰੈਫਿਕ ਦੀ ਸਮੱਸਿਆ ਪੈਦਾ ਹੋ ਸਕਦੀ ਹੈ। 2010 ਵਿਚ ਜਲੰਧਰ ਦਾ ਨਵਾਂ ਮਾਸਟਰ ਪਲਾਨ ਬਣਾਇਆ ਗਿਆ ਸੀ, ਜਿਸ ਵਿਚ 22 ਸਾਲ ਭਾਵ 2032 ਤਕ ਦੀ ਪਲਾਨਿੰਗ ਵਿਖਾਈ ਗਈ ਹੈ। ਮਾਸਟਰ ਪਲਾਨ ਦੇ ਮੁਤਾਬਕ ਉਦੋਂ ਇਸ ਜਗ੍ਹਾ ’ਤੇ ਨਹਿਰ ਹੁੰਦੀ ਸੀ, ਜੋ ਬਾਠ ਕੈਸਲ ਦੇ ਨੇੜਿਓਂ ਲੰਘ ਕੇ ਛਾਉਣੀ ਇਲਾਕੇ ਦੇ ਪਿੰਡਾਂ ਵਿਚੋਂ ਹੁੰਦੇ ਹੋਏ ਜਮਸ਼ੇਰ ਵੱਲ ਜਾਂਦੀ ਸੀ। ਪਹਿਲਾਂ-ਪਹਿਲ ਇਹ ਨਹਿਰ ਇਥੇ ਸਿੰਚਾਈ ਦਾ ਮੁੱਖ ਸਾਧਨ ਹੁੰਦੀ ਸੀ। ਸ਼ਹਿਰੀਕਰਨ ਦੀ ਪ੍ਰਕਿਰਿਆ ਤਹਿਤ ਜਦੋਂ ਨਹਿਰਾਂ ਦੀ ਲੋੜ ਖਤਮ ਹੋ ਗਈ ਅਤੇ ਸਿੰਚਾਈ ਦੇ ਹੋਰ ਸਾਧਨ ਮੁਹੱਈਆ ਹੋ ਗਏ, ਉਦੋਂ ਪੰਜਾਬ ਸਰਕਾਰ ਨੇ ਇਸ ਨਹਿਰ ਨੂੰ ਮਿੱਟੀ ਨਾਲ ਭਰ ਕੇ ਇਥੇ ਨਵੀਂ ਸੜਕ ਬਣਾ ਦਿੱਤੀ ਸੀ ਅਤੇ ਸਰਕਾਰੀ ਦਸਤਾਵੇਜਾਂ ਵਿਚ ਵੀ ਇਥੇ ਸੜਕ ਹੀ ਵਿਖਾਈ ਗਈ ਹੈ। ਹੁਣ ਅਗਲੇ ਮਾਸਟਰ ਪਲਾਨ ਵਿਚ ਇਸ ਇਲਾਕੇ ਨੂੰ ਬਾਈਪਾਸ ਦੇ ਰੂਪ ਵਿਚ ਦਰਸਾਇਆ ਜਾਵੇਗਾ ਪਰ ਜੇਕਰ ਬਾਈਪਾਸ ਦੇ ਕਿਨਾਰੇ ’ਤੇ ਨਾਨ-ਕੰਸਟਰੱਕਸ਼ਨ ਜੋਨ ਵਿਚ ਗੈਰ-ਕਾਨੂੰਨੀ ਉਸਾਰੀਆਂ ਹੁੰਦੀਆਂ ਹਨ ਤਾਂ ਮਾਸਟਰ ਪਲਾਨ ਵਿਚ ਦਿੱਕਤ ਆ ਸਕਦੀ ਹੈ ਅਤੇ ਭਵਿੱਖ ਦੀ ਸਾਰੀ ਪਲਾਨਿੰਗ ਖਰਾਬ ਹੋ ਸਕਦੀ ਹੈ। ਨਹਿਰ ਦੇ ਕਿਨਾਰੇ 100 ਫੁੱਟ ਚੌੜੀ ਸੜਕ ਕੱਢਣ ਦੀ ਯੋਜਨਾ ਅਜੇ ਵੀ ਸਰਕਾਰੀ ਦਸਤਾਵੇਜਾਂ ’ਚ ਕਾਇਮ ਹੈ। ਅੱਜ ਤੋਂ ਕਈ ਸਾਲ ਪਹਿਲਾਂ ਜਦੋਂ ਇਸ ਇਲਾਕੇ ਵਿਚ ਨਹਿਰ ਹੁੰਦੀ ਸੀ, ਉਦੋਂ ਇਸ ਦੇ ਕਿਨਾਰੇ ਤੋਂ ਲੈ ਕੇ ਇਕ ਸਾਈਡ ’ਤੇ 100 ਫੁੱਟ ਚੌੜੀ ਸੜਕ ਕੱਢੇ ਜਾਣ ਦੀ ਯੋਜਨਾ ਬਣਾਈ ਗਈ ਸੀ, ਜੋ ਲਿਲੀ ਰਿਜਾਰਟ ਵਾਲੀ ਸਾਈਡ ਵੱਲ ਬਣਨੀ ਸੀ। ਬਾਅਦ ਵਿਚ ਜਦੋਂ ਨਹਿਰ ਨੂੰ ਮਿੱਟੀ ਨਾਲ ਭਰ ਕੇ ਉਸ ਦੇ ਉੱਪਰ ਸੜਕ ਬਣਾ ਦਿੱਤੀ ਗਈ ਤਾਂ 100 ਫੁੱਟ ਚੌੜੀ ਸੜਕ ਬਣਾਉਣ ਦੀ ਲੋੜ ਨਹੀਂ ਸਮਝੀ ਗਈ ਪਰ ਇਹ ਯੋਜਨਾ ਅੱਜ ਵੀ ਸਰਕਾਰੀ ਦਸਤਾਵੇਜਾਂ ਵਿਚ ਕਾਇਮ ਹੈ, ਜਿਸ ਨੂੰ ਅਜੇ ਤਕ ਰੱਦ ਨਹੀਂ ਕੀਤਾ ਗਿਆ। ਸਰਕਾਰੀ ਅਧਿਕਾਰੀਆਂ ਦੇ ਮੁਤਾਬਕ ਹੁਣ ਜੇਕਰ ਕਿਸੇ ਨੇ ਇਸ ਬਾਈਪਾਸ ਦੇ ਕਿਨਾਰੇ ਭਾਵ ਲਿਲੀ ਰਿਜਾਰਟ ਵਾਲੀ ਸਾਈਡ ’ਤੇ ਕੋਈ ਕੰਸਟਰੱਕਸ਼ਨ ਕਰਨੀ ਹੈ ਤਾਂ ਉਸ ਨੂੰ 100 ਫੁੱਟ ਜਗ੍ਹਾ ਛੱਡ ਕੇ ਆਪਣੀ ਕੰਸਟਰੱਕਸ਼ਨ ਕਰਨੀ ਹੋਵੇਗੀ ਪਰ ਇਸ ਇਲਾਕੇ ਵਿਚ ਬਿਲਕੁਲ ਇਸਦੇ ਉਲਟ ਹੋ ਰਿਹਾ ਹੈ। ਇਥੇ ਸੜਕ ਦੇ ਬਿਲਕੁਲ ਨੇੜੇ ਹੀ ਗੈਰ-ਕਾਨੂੰਨੀ ਢੰਗ ਨਾਲ ਕਮਰਸ਼ੀਅਲ ਉਸਾਰੀਆਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਨੂੰ ਕਿਸੇ ਵੀ ਰੂਪ ਵਿਚ ਜਾਇਜ ਨਹੀਂ ਠਹਿਰਾਇਆ ਜਾ ਸਕਦਾ। ਇਸੇ ਬਾਈਪਾਸ ਦੀ ਦੂਸਰੀ ਸਾਈਡ (ਜਿਥੇ ਮੈਕਡੌਨਲਡ ਅਤੇ ਕੈਂਟ ਕਾਊਂਟੀ ਵਰਗੀ ਕਾਲੋਨੀ ਵੀ ਬਣੀ ਹੋਈ ਹੈ) 5 ਮੀਟਰ ਦਾ ਨਾਨ-ਕੰਸਟਰੱਕਸ਼ਨ ਜੋਨ ਪੈਂਦਾ ਹੈ, ਜਿਥੇ ਵੀ ਕੋਈ ਉਸਾਰੀ ਨਹੀਂ ਹੋ ਸਕਦੀ ਪਰ ਇਸ ਇਲਾਕੇ ਵਿਚ ਵੀ ਗੈਰ-ਕਾਨੂੰਨੀ ਉਸਾਰੀਆਂ ਨੂੰ ਰੋਕਿਆ ਨਹੀਂ ਜਾ ਰਿਹਾ। ‘ਜਗ ਬਾਣੀ’ ਦੀ ਟੀਮ ਨੇ ਬੀਤੇ ਦਿਨ ਜਦੋਂ ਇਸ ਬਾਈਪਾਸ ਦੇ ਕਿਨਾਰੇ ’ਤੇ ਵਸੇ ਸੋਫੀ ਪਿੰਡ ਅਤੇ ਉਥੇ ਬਣੀ ਬੜਿੰਗ ਕਾਲੋਨੀ ਦਾ ਦੌਰਾ ਕੀਤਾ ਤਾਂ ਉਥੇ ਕਈ ਉਸਾਰੀਆਂ ਚੱਲ ਰਹੀਆਂ ਸਨ, ਜਿਨ੍ਹਾਂ ਵਿਚੋਂ ਵਧੇਰੇ ਤਾਂ ਬਾਈਪਾਸ ਦੇ ਬਿਲਕੁਲ ਕਿਨਾਰੇ ’ਤੇ ਹੀ ਸਨ। ਬਾਈਪਾਸ ਦੇ ਕਿਨਾਰੇ ਨਾਨ-ਕੰਸਟਰੱਕਸ਼ਨ ਜੋਨ ਦੀ ਸ਼ਰੇਆਮ ਉਲੰਘਣਾ ਕਰਕੇ ਜਿਸ ਤਰ੍ਹਾਂ ਉਥੇ ਵਪਾਰਕ ਉਸਾਰੀਆਂ ਧੜਾਧੜ ਕੀਤੀਆਂ ਜਾ ਰਹੀਆਂ ਹਨ, ਉਸ ਤੋਂ ਮੰਨਿਆ ਜਾ ਰਿਹਾ ਹੈ ਕਿ ਕੱਲ ਨੂੰ ਜੇਕਰ ਬਾਈਪਾਸ ’ਤੇ ਤੇਜ ਰਫਤਾਰ ਨਾਲ ਵਾਹਨ ਚੱਲਦੇ ਹਨ ਤਾਂ ਇਨ੍ਹਾਂ ਵਪਾਰਕ ਉਸਾਰੀਆਂ ਕਾਰਨ ਹਾਦਸਿਆਂ ਦੀ ਨੌਬਤ ਵੀ ਆ ਸਕਦੀ ਹੈ। ਨਗਰ ਨਿਗਮ ਦੀ ਹੱਦ ਵਿਚ ਆਉਂਦੇ ਪਰਾਗਪੁਰ-ਜਮਸ਼ੇਰ ਖੇੜਾ ਬਾਈਪਾਸ ਦੇ ਕਿਨਾਰੇ ’ਤੇ ਹੋ ਰਹੀਆਂ ਗੈਰ-ਕਾਨੂੰਨੀ ਉਸਾਰੀਆਂ ਬਾਰੇ ਪੁੱਛੇ ਜਾਣ ’ਤੇ ਮੇਅਰ ਵਨੀਤ ਧੀਰ ਨੇ ਕਿਹਾ ਕਿ ਅਜੇ ਉਨ੍ਹਾਂ ਚਾਰਜ ਸੰਭਾਲਿਆ ਅਤੇ ਇਸ ਸਬੰਧੀ ਮਾਮਲਾ ਉਨ੍ਹਾਂ ਦੀ ਜਾਣਕਾਰੀ ਵਿਚ ਲਿਆਂਦਾ ਗਿਆ ਹੈ। ਜਲਦ ਇਸ ਇਲਾਕੇ ਦਾ ਦੌਰਾ ਕਰਨ ਤੋਂ ਬਾਅਦ ਹੀ ਉਹ ਕੁਝ ਕਹਿ ਸਕਣਗੇ। ਇਸ ਸਬੰਧ ਵਿਚ ਬਿਲਡਿੰਗ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ ਕਿ ਗੈਰ-ਕਾਨੂੰਨੀ ਉਸਾਰੀਆਂ ਕਿਸੇ ਵੀ ਸੂਰਤ ਵਿਚ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ। ਸ਼ਹਿਰੀਕਰਨ ਦੀ ਪ੍ਰਕਿਰਿਆ ਤੇਜ ਹੋਣ ਅਤੇ ਆਬਾਦੀ ਵਧਣ ਦੇ ਨਾਲ-ਨਾਲ ਸ਼ਹਿਰ ਵਿਚ ਵਪਾਰਕ ਇਮਾਰਤਾਂ ਦਾ ਦੌਰ ਵੀ ਲਗਾਤਾਰ ਵਧ ਰਿਹਾ ਹੈ। ਇਹ ਵੱਖ ਗੱਲ ਹੈ ਕਿ ਨਿਗਮ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਸ਼ਹਿਰ ਵਿਚ ਧੜਾਧੜ ਵਪਾਰਕ ਇਮਾਰਤਾਂ ਦੀਆਂ ਉਸਾਰੀਆਂ ਹੁੰਦੀਆਂ ਰਹੀਆਂ ਹਨ ਅਤੇ ਅੱਜ ਵੀ ਇਹ ਸਿਲਸਿਲਾ ਜਾਰੀ ਹੈ। ਇਸ ਸਾਰੀ ਖੇਡ ਵਿਚ ਜਿੱਥੇ ਸਰਕਾਰੀ ਮਾਲੀਏ ਨੂੰ ਚੂਨਾ ਲੱਗ ਰਿਹਾ ਹੈ, ਉਥੇ ਹੀ ਇਹ ਟ੍ਰੈਂਡ ਵੀ ਜੋਰ ਫੜ ਰਿਹਾ ਹੈ ਕਿ ਵਪਾਰਕ ਇਮਾਰਤਾਂ ਬਣਾਉਣ ਵਾਲੇ ਵਧੇਰੇ ਲੋਕ ਉਚਿਤ ਪਾਰਕਿੰਗ ਸਪੇਸ ਨਹੀਂ ਛੱਡ ਰਹੇ, ਜੋ ਉਨ੍ਹਾਂ ਨੇ ਨਕਸ਼ਾ ਵਿਚ ਦਿਖਾਈ ਹੁੰਦੀ ਹੈ। ਇਸ ਕਾਰਨ ਅੱਜ ਸ਼ਹਿਰ ਵਿਚ ਟ੍ਰੈਫਿਕ ਵਿਵਸਥਾ ਨਾ ਸਿਰਫ ਵਧਦੀ ਜਾ ਰਹੀ, ਸਗੋਂ ਕਈ ਥਾਵਾਂ ’ਤੇ ਤਾਂ ਬਿਲਕੁਲ ਹੀ ਲੜਖੜਾ ਗਈ ਹੈ। ਅੱਜ ਸ਼ਹਿਰ ਦੀ ਹਰ ਸੜਕ ’ਤੇ ਵਾਹਨਾਂ ਦੀ ਭੀੜ ਵੇਖਣ ਨੂੰ ਮਿਲ ਰਹੀ ਹੈ ਅਤੇ ਗੱਡੀ ਪਾਰਕ ਕਰਨ ਲਈ ਵੀ ਕੋਈ ਸਥਾਨ ਨਹੀਂ ਬਚਿਆ। ਸੜਕਾਂ ਕੰਢੇ ਰੇਹੜੀਆਂ ਦੇ ਕਾਰਨ ਵੀ ਤੁਸੀਂ ਕਿਤੇ ਆਪਣੀ ਗੱਡੀ ਪਾਰਕ ਨਹੀਂ ਕਰ ਸਕਦੇ। ਅਜਿਹੀ ਸਥਿਤੀ ਵਿਚ ਲੋਕ ਕਈ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਨਗਰ ਨਿਗਮ ਦੇ ਬਿਲਡਿੰਗ ਵਿਭਾਗ ਦੀ ਨਾਲਾਇਕੀ ਦੀ ਹੱਦ ਇਹ ਹੈ ਕਿ ਵਪਾਰਕ ਇਮਾਰਤ ਦਾ ਨਕਸ਼ਾ ਪਾਸ ਹੁੰਦੇ ਹੀ ਸਬੰਧਤ ਇਮਾਰਤ ਦੀ ਪਾਰਕਿੰਗ ਸਪੇਸ ਨੂੰ ਕਿਰਾਏ ਆਦਿ ’ਤੇ ਚੜ੍ਹਾ ਦਿੱਤਾ ਜਾਂਦਾ ਹੈ ਜਾਂ ਉਸ ਵਿਚ ਵਪਾਰਕ ਕਾਰੋਬਾਰ ਤਕ ਖੋਲ੍ਹ ਲਏ ਜਾਂਦੇ ਹਨ। ਉਸ ਮਾਮਲੇ ਵਿਚ ਨਗਰ ਨਿਗਮ ਜਾਣਬੁੱਝ ਕੇ ਅਣਜਾਣ ਬਣਿਆ ਰਹਿੰਦਾ ਹੈ। ਸ਼ਹਿਰ ਦੇ ਦਰਜਨਾਂ ਹੋਟਲ, ਹਸਪਤਾਲ ਅਤੇ ਵਪਾਰਕ ਇਮਾਰਤਾਂ ਅਜਿਹੀਆਂ ਹਨ, ਜਿਥੇ ਪਾਰਕਿੰਗ ਲਈ ਛੱਡੀ ਗਈ ਬੇਸਮੈਂਟ ਵਿਚ ਪੱਕੇ ਸਟਰੱਕਚਰ ਤਕ ਬਣ ਚੁੱਕੇ ਹਨ ਅਤੇ ਉਨ੍ਹਾਂ ਬਿਲਡਿੰਗਾਂ ਦਾ ਸਾਰਾ ਟ੍ਰੈਫਿਕ ਬਾਹਰ ਸੜਕ ’ਤੇ ਰਹਿੰਦਾ ਹੈ। ਜੇਕਰ ਨਗਰ ਨਿਗਮ ਸਖਤੀ ਨਾਲ ਪਾਰਕਿੰਗ ਸਪੇਸ ਖਾਲੀ ਕਰਵਾਉਣ ਦੀ ਮੁਹਿੰਮ ਛੇੜਦਾ ਹੈ ਤਾਂ ਆਉਣ ਵਾਲੇ ਸਮੇਂ ਵਿਚ ਸ਼ਹਿਰ ਦੀਆਂ ਸੈਂਕੜੇ ਵਪਾਰਕ ਇਮਾਰਤਾਂ, ਹੋਟਲਾਂ ਅਤੇ ਹਸਪਤਾਲਾਂ ਨੂੰ ਭਾਰੀ ਪ੍ਰੇਸ਼ਾਨੀ ਆ ਸਕਦੀ ਹੈ, ਜੋ ਇਨ੍ਹਾਂ ਤੋਂ ਲੱਖਾਂ ਰੁਪਏ ਕਿਰਾਇਆ ਜਾਂ ਮੁਨਾਫਾ ਵਸੂਲ ਰਹੇ ਹਨ। ਜ਼ਿਕਰਯੋਗ ਹੈ ਕਿ ਮਾਡਲ ਟਾਊਨ ਅਤੇ ਕਈ ਹੋਰ ਥਾਵਾਂ ’ਤੇ ਸੈਂਕੜੇ ਇਮਾਰਤਾਂ ਅਜਿਹੀਆਂ ਹਨ, ਜਿਨ੍ਹਾਂ ਨੇ ਨਕਸ਼ੇ ਵਿਚ ਬੇਸਮੈਂਟ ਨੂੰ ਪਾਰਕਿੰਗ ਦਿਖਾਇਆ ਹੋਇਆ ਹੈ ਪਰ ਉਥੇ ਸ਼ੋਅਰੂਮ ਖੋਲ੍ਹੇ ਹੋਏ ਹਨ। ਨਿਗਮ ਇਨ੍ਹਾਂ ਨੂੰ ਖਾਲੀ ਕਰਵਾਉਣ ਬਾਬਤ ਪਿਛਲੇ ਸਮੇਂ ਵਿਚ ਕਈ ਮੁਹਿੰਮਾਂ ਚਲਾ ਚੁੱਕਾ ਹੈ ਪਰ ਹਰ ਵਾਰ ਸਿਆਸੀ ਦਬਾਅ ਕਾਰਨ ਨਿਗਮ ਨੂੰ ਇਸ ਵਿਚ ਸਫਲਤਾ ਨਹੀਂ ਮਿਲਦੀ। ਹੁਣ ਵੇਖਣਾ ਹੈ ਕਿ ਨਵੇਂ ਮੇਅਰ ਦੇ ਆਉਣ ਨਾਲ ਇਹ ਸਿਸਟਮ ਕਿੰਨਾ ਬਦਲਦਾ ਹੈ।

ਵੱਖ-ਵੱਖ ਲੜਾਈ ਝਗੜਿਆਂ ’ਚ ਪਿਓ-ਪੁੱਤ ਸਮੇਤ 3 ਜ਼ਖਮੀ

ਮੋਗਾ 28 ਜਨਵਰੀ। ਮੋਗਾ ਜ਼ਿਲੇ ਦੇ ਕਸਬੇ ਕੋਟ ਈਸੇ ਖਾਂ ਅਤੇ ਚੱਕ ਸਿੰਘ ਪੁਰਾ ਵਿਚ ਹੋਏ ਵੱਖ-ਵੱਖ ਲੜਾਈ ਝਗੜਿਆਂ ਵਿਚ ਪਿਓ ਪੁੱਤ ਸਮੇਤ 3 ਦੇ ਜ਼ਖਮੀ ਹੋਣ ਦਾ ਪਤਾ ਲੱਗਾ ਹੈ। ਮਿਲੀ ਜਾਣਕਾਰੀ ਅਨੁਸਾਰ ਜਗਜੀਤ ਸਿੰਘ ਸੰਮੀ ਨਿਵਾਸੀ ਕੋਟ ਈਸੇ ਖਾਂ ਨੇ ਕਿਹਾ ਕਿ ਉਹ ਨਾਨ ਦੀ ਰੇਹੜੀ ਲਉਂਦਾ ਹੈ ਜਦਕਿ ਰੀਠਾ ਸਿੰਘ ਫਲਾਂ ਦੀ ਰੇਹੜੀ ਲਾਉਂਦਾ ਹੈ। ਕਰੀਬ 2-3 ਮਹੀਨੇ ਪਹਿਲਾਂ ਸਾਡਾ ਆਪਸੀ ਤਰਕਾਰ ਹੋਇਆ ਸੀ, ਜਿਸ ਕਾਰਣ ਰੀਠਾ ਕੁਮਾਰ ਮੇਰੇ ਨਾਲ ਰੰਜਿਸ਼ ਰੱਖਦਾ ਆ ਰਿਹਾ ਸੀ। ਉਸ ਨੇ ਕਿਹਾ ਕਿ ਜਦੋਂ ਬੀਤੀ 29 ਨਵੰਬਰ 2024 ਦੀ ਰਾਤ ਨੂੰ ਆਪਣੇ ਘਰ ਪਰਿਵਾਰ ਸਮੇਤ ਖਾਣਾ ਖਾ ਰਿਹਾ ਸੀ ਤਾਂ ਰੀਠਾ ਕੁਮਾਰ, ਮੰਨਾ ਸਿੰਘ, ਬਲਦੇਵ ਸਿੰਘ, ਲੱਡੂ ਸਿੰਘ, ਗੁਰਜੰਟ ਸਿੰਘ ਸਾਰੇ ਨਿਵਾਸੀ ਕੋਟ ਈਸੇ ਖਾਂ ਅਤੇ 15-20 ਅਣਪਛਾਤੇ ਵਿਅਕਤੀ ਸਾਡੇ ਘਰ ਅੰਦਰ ਦਾਖਲ ਹੋਏ, ਜਿਨ੍ਹਾਂ ਨੇ ਆਉਂਦਿਆਂ ਹੀ ਮੈਨੂੰ ਅਤੇ ਮੇਰੇ ਲੜਕੇ ਨੂੰ ਕੁੱਟ-ਮਾਰ ਕਰਨੀ ਸ਼ੁਰੂ ਕਰ ਦਿੱਤੀ ਅਤੇ ਘਰ ਦੀ ਭੰਨਤੋੜ ਵੀ ਕੀਤੀ। ਜਦੋਂ ਮੈਂ ਰੌਲਾ ਪਾਇਆ ਤਾਂ ਹਮਲਾਵਰ ਧਮਕੀਆਂ ਦਿੰਦੇ ਹੋਏ ਫਰਾਰ ਹੋ ਗਏ। ਮੈਨੂੰ ਜ਼ਖਮੀ ਹਾਲਤ ਵਿਚ ਹਸਪਤਾਲ ਦਾਖਲ ਕਰਵਾਇਆ ਗਿਆ। ਇਸ ਸਬੰਧ ਵਿਚ ਕੋਟ ਈਸੇ ਖਾਂ ਪੁਲਸ ਵੱਲੋਂ ਸਾਰੇ ਕਥਿਤ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰ ਕੇ ਉਨ੍ਹਾਂ ਦੀ ਤਲਾਸ਼ ਸ਼ੁਰੂ ਕਰ ਦਿੱਤੀ ਹੈ। ਇਸ ਮਾਮਲੇ ਦੀ ਜਾਂਚ ਸਹਾਇਕ ਥਾਣੇਦਾਰ ਨਛੱਤਰ ਸਿੰਘ ਵੱਲੋਂ ਕੀਤੀ ਜਾ ਰਹੀ ਹੈ। ਜਾਂਚ ਅਧਿਕਾਰੀ ਨੇ ਦੱਸਿਆ ਕਿ ਡਾਕਟਰੀ ਰਿਪੋਰਟ ਆਉਣ ਦੇ ਬਾਅਦ ਕਥਿਤ ਮੁਲਜ਼ਮਾਂ ਖਿਲਾਫ਼ ਉਕਤ ਮਾਮਲਾ ਦਰਜ ਕੀਤਾ ਗਿਆ ਹੈ। ਇਸੇ ਤਰ੍ਹਾਂ ਪੁਲਸ ਚੌਕੀ ਕਮਾਲਕੇ ਅਧੀਨ ਪੈਂਦੇ ਪਿੰਡ ਚੱਕ ਸਿੰਘ ਪੁਰਾ ਵਿਖੇ ਪੁਰਾਣੀ ਰੰਜਿਸ਼ ਕਾਰਣ ਦੁੱਲਾ ਸਿੰਘ ’ਤੇ ਹਮਲਾ ਕਰ ਕੇ ਉਸ ਨੂੰ ਜ਼ਖਮੀ ਕੀਤੇ ਜਾਣ ਦਾ ਪਤਾ ਲੱਗਾ ਹੈ, ਜਿਸ ਨੂੰ ਹਸਪਤਾਲ ਦਾਖਲ ਕਰਵਾਉਣਾ ਪਿਆ। ਚੌਕੀ ਇੰਚਾਰਜ ਸਹਾਇਕ ਥਾਣੇਦਾਰ ਜਗਮੋਹਨ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਸ਼ਿਕਾਇਤ ਪੱਤਰ ਵਿਚ ਦੁੱਲਾ ਸਿੰਘ ਨੇ ਕਿਹਾ ਕਿ ਕਥਿਤ ਮੁਲਜ਼ਮਾਂ ਲਵਪ੍ਰੀਤ ਸਿੰਘ, ਉਸਦੀ ਪਤਨੀ ਸ਼ਰਨਜੀਤ ਕੌਰ, ਕਰਨੈਲ ਸਿੰਘ, ਕੋੜੋ ਬਾਈ ਸਾਰੇ ਨਿਵਾਸੀ ਚੱਕ ਸਿੰਘ ਪੁਰਾ ਨੇ ਰੰਜਿਸ਼ ਕਾਰਨ ਮੇਰੇ ’ਤੇ ਹਮਲਾ ਕੀਤਾ। ਇਸ ਸਬੰਧ ਵਿਚ ਕਥਿਤ ਮੁਲਜਮਾਂ ਖਿਲਾਫ ਥਾਣਾ ਧਰਮਕੋਟ ਵਿਚ ਮਾਮਲਾ ਦਰਜ ਕੀਤਾ ਗਿਆ ਹੈ।

ਤਹਿਸੀਲਦਾਰ ਦੇ ਨਾਮ ‘ਤੇ ਦੂਜੀ ਕਿਸਤ ਵਜੋਂ 5,000 ਰੁਪਏ ਰਿਸਵਤ ਲੈਂਦਾ ਵਸੀਕਾ ਨਵੀਸ ਗ੍ਰਿਫਤਾਰ

ਚੰਡੀਗੜ੍ਹ 28 ਜਨਵਰੀ। ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿਚ ਭ੍ਰਿਸਟਾਚਾਰ ਵਿਰੁੱਧ ਵਿੱਢੀ ਮੁਹਿਮ ਦੌਰਾਨ ਤਹਿਸੀਲ ਕੰਪਲੈਕਸ ਫ਼ਰੀਦਕੋਟ ਵਿਖੇ ਕੰਮ ਕਰਦਾ ਵਸੀਕਾ ਨਵੀਸ ਡਿਪਟੀ ਸਿੰਘ ਨੂੰ ਤਹਿਸੀਲਦਾਰ ਦੇ ਨਾਮ ‘ਤੇ ਦੂਜੀ ਕਿਸਤ ਵਜੋਂ 5000 ਰੁਪਏ ਰਿਸਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ। ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਰਮਜੀਤ ਸਿੰਘ ਵਾਸੀ ਪਿੰਡ ਟਹਿਣਾ, ਜ਼ਿਲ੍ਹਾ ਫ਼ਰੀਦਕੋਟ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ‘ਤੇ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਸਨੇ ਆਪਣੀ ਮਾਂ ਦੇ ਨਾਮ ‘ਤੇ ਪਿੰਡ ਟਹਿਣਾ ਵਿਖੇ ਜਮੀਨ ਖ਼ਰੀਦੀ ਹੈ ਅਤੇ ਇਸ ਜਮੀਨ ਦੀ ਰਜਿਸਟਰੀ ਕਰਵਾਉਣ ਲਈ ਲੋੜੀਂਦੇ ਦਸਤਾਵੇਜ਼ਾਂ ਲਿਖਵਾਉਣ ਲਈ ਉਹ ਉਕਤ ਜਾਣਕਾਰ ਵਸੀਕਾ ਨਵੀਸ ਨੂੰ ਮਿਲਿਆ, ਜਿਸਨੇ ਇਹ ਰਜਿਸਟਰੀ ਕਰਵਾਉਣ ਲਈ ਤਹਿਸੀਲ ਦੇ ਅਧਿਕਾਰੀ/ਕਰਮਚਾਰੀਆਂ ਨੂੰ ਪੈਸੇ ਦੇਣ ਦੀ ਗੱਲ ਆਖ ਕੇ 20000 ਰੁਪਏ ਰਿਸਵਤ ਦੀ ਮੰਗ ਕੀਤੀ ਸੀ। ਤਹਿਸੀਲਦਾਰ ਫ਼ਰੀਦਕੋਟ ਦੇ ਦਫਤਰ ਵਿਚ ਦਸਤਾਵੇਜ ਜਮ੍ਹਾਂ ਕਰਵਾਉਣ ਉਪਰੰਤ ਉਕਤ ਮੁਲਜ਼ਮ ਨੇ ਸ਼ਿਕਾਇਤਕਰਤਾ ਨੂੰ ਗੂਗਲ ਪੇਅ ਰਾਹੀਂ ਰਿਸਵਤ ਦੀ ਰਕਮ ਦੇਣ ਲਈ ਕਿਹਾ ਅਤੇ ਸ਼ਿਕਾਇਤਕਰਤਾ ਨੇ 15000 ਰੁਪਏ ਪਾ ਦਿੱਤੇ। ਹੁਣ ਮੁਲਜ਼ਮ ਸ਼ਿਕਾਇਤਕਰਤਾ ਤੋਂ ਬਾਕੀ ਰਹਿੰਦੀ ਰਕਮ 5000 ਰੁਪਏ ਦੀ ਮੰਗ ਕਰ ਰਿਹਾ ਸੀ, ਜਿਸ ਲਈ ਉਕਤ ਵਸੀਕਾ ਨਵੀਸ ਨਾਲ ਰਿਸਵਤ ਦੇਣ ਸਬੰਧੀ ਗੱਲਬਾਤ ਆਪਣੇ ਫੋਨ ‘ਤੇ ਰਿਕਾਰਡ ਕਰ ਲਈ ਅਤੇ ਇਹ ਸਬੂਤ ਵਜੋਂ ਵਿਜੀਲੈਂਸ ਬਿਊਰੋ ਅੱਗੇ ਪੇਸ ਕੀਤੀ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਮੁਲਜ਼ਮ ਡਿਪਟੀ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸਵਤ ਵਜੋਂ 5000 ਰੁਪਏ ਦੀ ਦੂਜੀ ਕਿਸਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਉਕਤ ਮੁਲਜਮ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਫਿਰੋਜਪੁਰ ਰੇਂਜ ਵਿਖੇ ਭ੍ਰਿਸਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਮੁਲਜਮ ਨੂੰ ਕੱਲ੍ਹ ਅਦਾਲਤ ਵਿੱਚ ਪੇਸ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

ਦੁਕਾਨ ਤੋਂ ਹਜ਼ਾਰਾਂ ਰੁਪਏ ਦੀਆਂ ਲਾਟਰੀ ਟਿਕਟਾਂ ਚੋਰੀ

ਫਿਰੋਜ਼ਪੁਰ 28 ਜਨਵਰੀ। ਫਿਰੋਜ਼ਪੁਰ ਸ਼ਹਿਰ ਦੇ ਸ਼ਹੀਦ ਊਧਮ ਸਿੰਘ ਚੌਂਕ ’ਚ ਇਕ ਲਾਟਰੀ ਦੀ ਦੁਕਾਨ ਤੋਂ ਲਾਟਰੀ ਖਰੀਦਣ ਲਈ ਆਇਆ ਅਣਪਛਾਤਾ ਵਿਅਕਤੀ ਹਜ਼ਾਰਾਂ ਰੁਪਏ ਦੀਆਂ ਲਾਟਰੀ ਟਿਕਟਾਂ ਚੋਰੀ ਕਰ ਕੇ ਲਿਆ ਗਿਆ ਅਤੇ ਇਹ ਸਾਰੀ ਘਟਨਾ ਸੀ. ਸੀ. ਟੀ. ਵੀ. ਕੈਮਰੇ ’ਚ ਕੈਦ ਹੋ ਗਈ। ਸ਼ਹੀਦ ਊਧਮ ਸਿੰਘ ਚੌਂਕ ਫਿਰੋਜ਼ਪਰ ਸ਼ਹਿਰ ’ਚ ਲਾਟਰੀ ਵੇਚਣ ਦਾ ਕੰਮ ਕਰਦੇ ਦੁਕਾਨਦਾਰ ਪਰਵਿੰਦਰ ਸਿੰਘ ਨੇ ਦੱਸਿਆ ਕਿ ਉਸ ਦੇ ਕੋਲ ਇਕ ਵਿਅਕਤੀ, ਜਿਸ ਨੇ ਕੰਬਲ ਲਿਆ ਹੋਇਆ ਸੀ, ਆਇਆ ਅਤੇ ਕਾਫੀ ਸਮੇਂ ਤੱਕ ਲਾਟਰੀ ਦੀਆਂ ਟਿਕਟਾਂ ਦੇਖਦਾ ਰਿਹਾ ਅਤੇ ਆਖਰ ਉਹ ਚਲਾ ਗਿਆ। ਜਦ ਉਨ੍ਹਾਂ ਨੂੰ ਲਾਟਰੀ ਦੀਆਂ ਟਿਕਟਾਂ ਨਹੀਂ ਮਿਲੀਆਂ ਤਾਂ ਉਨ੍ਹਾਂ ਨੇ ਸੀ. ਸੀ. ਟੀ. ਵੀ. ਕੈਮਰਾ ਦੇਖਿਆ ਤਾਂ ਉਸ ’ਚ ਉਹ ਵਿਅਕਤੀ ਆਪਣੇ ਕੰਬਲ ਦੀ ਬੁੱਕਲ ’ਚ ਲਾਟਰੀ ਦੀਆਂ ਟਿਕਟਾਂ ਲੁਕੋ ਕੇ ਲੈ ਜਾਂਦਾ ਹੋਇਆ ਦਿਖਾਈ ਦਿੱਤਾ। ਦੁਕਾਨਦਾਰ ਨੇ ਦੱਸਿਆ ਕਿ ਉਨ੍ਹਾਂ ਦਾ ਕਰੀਬ 20/25 ਹਜਾਰ ਰੁਪਏ ਦਾ ਨੁਕਸਾਨ ਹੋ ਗਿਆ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਇਸ ਚੋਰ ਨੂੰ ਜਲਦੀ ਤੋਂ ਜਲਦੀ ਫੜ੍ਹ ਕੇ ਉਨ੍ਹਾਂ ਦੀਆਂ ਟਿਕਟਾਂ ਦਵਾਈਆਂ ਜਾਣ।

ਵਿਅਕਤੀ ਦੀ ਕੁੱਟਮਾਰ ਦੀ ਵੀਡਿਓ ਕੀਤੀ ਵਾਇਰਲ, 2 ਲੋਕ ਨਾਮਜਦ

ਫਿਰੋਜ਼ਪੁਰ 28 ਜਨਵਰੀ। ਫਿਰੋਜ਼ਪੁਰ ਦੇ ਨਜ਼ਦੀਕੀ ਪਿੰਡ ਝੋਕ ਹਰੀਹਰ ਵਿਖੇ ਇਕ ਵਿਅਕਤੀ ਦੀ ਕੁੱਟਮਾਰ ਹੁੰਦੇ ਸਮੇਂ ਦੀ ਵੀਡੀਓ ਸੋਸ਼ਲ ਮੀਡੀਆ ’ਤੇ ਵਾਇਰਲ ਕਰਨ ਦੇ ਦੋਸ਼ ’ਚ ਵਿਚ ਥਾਣਾ ਕੁੱਲਗੜ੍ਹੀ ਪੁਲਸ ਨੇ ਇਕ ਬਾਏ ਨੇਮ ਵਿਅਕਤੀ ਅਤੇ ਇਕ ਅਣਪਛਾਤੇ ਵਿਅਕਤੀ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਬੇਅੰਤ ਸਿੰਘ ਸਾਬਕਾ ਸਰਪੰਚ ਪੁੱਤਰ ਜਗੀਰ ਸਿੰਘ ਵਾਸੀ ਪਿੰਡ ਝੋਕ ਹਰੀਹਰ ਨੇ ਦੱਸਿਆ ਕਿ ਉਸ ਦੀ ਗਲੀ ‘ਚ ਦੋਸ਼ੀ ਜਗਸੀਰ ਸਿੰਘ ਉਰਫ ਜੱਗਾ ਪੁੱਤਰ ਬਲਜੀਤ ਸਿੰਘ ਵਾਸੀ ਪਿੰਡ ਝੋਕ ਹਰੀਹਰ ਅਤੇ ਅਣਪਛਾਤੇ ਵਿਅਕਤੀ ਨੇ ਉਸ ਦੀ ਕੁੱਟਮਾਰ ਕੀਤੀ। ਉਸ ਦੇ ਕੇਸਾਂ ਦੀ ਬੇਅਦਬੀ ਕਰਨ ਦੀ ਮਨਸ਼ਾ ਤਹਿਤ ਸਿਰ ’ਤੇ ਪੱਗ ਉਤਾਰਨ ਅਤੇ ਸਮਾਜ ਵਿਚ ਉਸ ਦੀ ਬੇਇੱਜ਼ਤੀ ਕਰਨ ਦੇ ਇਰਾਦੇ ਨਾਲ ਉਸ ਦੀ ਕੁੱਟਮਾਰ ਹੁੰਦੇ ਸਮੇਂ ਦੀ ਵੀਡਿਓ ਸੋਸ਼ਲ ਮੀਡੀਆ ’ਤੇ ਵਾਇਰਲ ਕੀਤੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਐੱਸ. ਆਈ. ਗੁਰਵਿੰਦਰ ਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤ ਕਰਤਾ ਦੇ ਬਿਆਨਾਂ ’ਤੇ ਉਕਤ ਦੋਸ਼ੀਅਨ ਖ਼ਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

ਪੰਜਾਬ ‘ਚ ਮੁਫਤ ਸਫਰ ਕਰਨ ਵਾਲੀਆਂ ਬੀਬੀਆਂ ਦੀਆਂ ਮੌਜਾਂ, ਸਰਕਾਰ ਨੇ ਲਿਆ ਅਹਿਮ ਫੈਸਲਾ

ਟੀ. ਸੀ.
ASHOK LEYLAND
PB-10 T/P 5731

ਚੰਡੀਗੜ੍ਹ 28 ਜਨਵਰੀ। ਪੰਜਾਬ ‘ਚ ਚੱਲਦੀਆਂ ਸਰਕਾਰੀ ਬੱਸਾਂ ਦਾ ਲਾਹਾ ਤਾਂ ਹਰ ਕੋਈ ਲੈ ਰਿਹਾ ਹੈ ਪਰ ਇਨ੍ਹਾਂ ਬੱਸਾਂ ‘ਚ ਬੀਬੀਆਂ ਮੁਫਤ ਸਫਰ ਕਰਦੀਆਂ ਹਨ। ਹੁਣ ਪੰਜਾਬ ਸਰਕਾਰ ਨੇ ਅਹਿਮ ਫੈਸਲਾ ਲੈਂਦੇ ਹੋਏ ਪੀ. ਆਰ. ਟੀ. ਸੀ. ਦੇ ਬੇੜੇ ‘ਚ 500 ਨਵੀਆਂ ਅਤੇ ਪਨਬੱਸ ਦੇ ਬੇੜੇ ‘ਚ 432 ਦੇ ਕਰੀਬ ਨਵੀਆਂ ਬੱਸਾਂ ਸ਼ਾਮਲ ਕਰਨ ਦਾ ਫੈਸਲਾ ਲਿਆ ਹੈ। ਇਸ ਨਾਲ ਆਮ ਲੋਕਾਂ ਦੇ ਨਾਲ-ਨਾਲ ਬੀਬੀਆਂ ਨੂੰ ਵੱਡਾ ਫਾਇਦਾ ਮਿਲੇਗਾ। ਇਹ ਫੈਸਲਾ ਅੱਜ ਪੰਜਾਬ ਰੋਡਵੇਜ, ਪਨਬੱਸ ਅਤੇ ਪੀ. ਆਰ. ਟੀ. ਸੀ. ਕਾਂਟਰੈਕਟ ਵਰਕਰ ਯੂਨੀਅਨ ਦੀ ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਨਾਲ ਮੀਟਿੰਗ ਦੌਰਾਨ ਲਿਆ ਗਿਆ। ਇਸ ਮੀਟਿੰਗ ‘ਚ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ, ਸਕੱਤਰ ਟਰਾਂਸਪੋਰਟ ਅਤੇ ਦੋਹਾਂ ਵਿਭਾਗਾਂ ਦੇ ਮੈਨੇਜਿੰਗ ਡਾਇਰੈਕਟਰ ਸਣੇ ਮੈਨਜਮੈਂਟ ਦੇ ਮੈਂਬਰ ਵੀ ਸ਼ਾਮਲ ਹੋਏ। ਮੀਟਿੰਗ ਦੌਰਾਨ ਯੂਨੀਅਨ ਦੀਆਂ ਸਾਰੀਆਂ ਮੰਗਾਂ ‘ਤੇ ਵਿਚਾਰ ਕੀਤਾ ਗਿਆ। ਯੂਨੀਅਨ ਨੂੰ ਭਰੋਸਾ ਦੁਆਇਆ ਗਿਆ ਕਿ ਕਾਂਟਰੈਕਟ ਮੁਲਾਜਮਾਂ ਅਤੇ ਆਊਟ ਸੋਰਸ ਮੁਲਾਜਮਾਂ ਦੀ 3 ਫਰਵਰੀ ਨੂੰ ਜੱਥੇਬੰਦੀ ਦੀ ਸਹਿਮਤੀ ਨਾਲ ਪੱਕਾ ਕਰਨ ਲਈ ਪਾਲਿਸੀ ਫਾਈਨਲ ਕਰਦੇ ਹੋਏ ਲਾਗੂ ਕੀਤੀ ਜਾਵੇਗੀ। ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਸਣੇ ਹੋਰ ਸ਼ਾਮਲ ਸਨ। ਸਰਕਾਰ ਵਲੋਂ ਰੋਡਵੇਜ ‘ਚ ਕੰਮ ਘੱਟ ਤਨਖਾਹ ‘ਤੇ ਕੰਮ ਕਰਦੇ ਮੁਲਾਜਮਾਂ ਦੀ ਤਨਖਾਹ ‘ਚ ਵਾਧਾ ਕਰਦੇ ਹੋਏ ਪੱਤਰ ਵੀ ਜਾਰੀ ਕੀਤਾ ਗਿਆ। ਇਸ ਤੋਂ ਇਲਾਵਾ ਐਡਵਾਂਸ ਬੁਕਿੰਗ ਵਾਲਿਆਂ ਦੇ ਕਮਿਸ਼ਨ ‘ਚ ਵੀ ਵਾਧੇ ਦੀ ਮੰਗ ਕੀਤੀ ਗਈ ਹੈ, ਜਿਸ ‘ਚ ਟਰਾਂਸਪੋਰਟ ਮੰਤਰੀ ਪੰਜਾਬ ਨੇ ਵਾਧਾ ਕਰਨ ਦਾ ਐਲਾਨ ਕੀਤਾ ਹੈ।

NAME CHANGE

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

NAME CHANGE

I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

PUBLIC NOTICE

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

NAME CHANGE

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

NAME CHANGE

I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

NAME CHANGE

I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

PUBLIC NOTICE

Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

[NAVEEN KUMAR VERMA]
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

PUBLIC NOTICE

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

NAME CHANGE

I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

NAME CHANGE

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

NAME CHANGE

I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

NAME CHANGE

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

NAME CHANGE

I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

NAME CHANGE

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

NAME CHANGE

I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

NAME CHANGE

I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

NAME CHANGE

I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

NAME CHANGE

I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

NAME CHANGE

I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

NAME CHANGE

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

NAME CHANGE

I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

NAME CHANGE

I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

NAME CHANGE

I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

NAME CHANGE

I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

NAME CHANGE

I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

NAME CHANGE

I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

NAME CHANGE

I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

PUBLIC NOTICE

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

ARJUN BIDHURI Advocate
CH. NO.536, Saket Courts
New Delhi-110017.

NAME CHANGE

I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

NAME CHANGE

I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

NAME CHANGE

I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

NAME CHANGE

I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

PUBLIC NOTICE

MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

PINKI LAMBA MANN
ADVOCATE
OFF. A-205A, NORTH
EX.MALL, SECTOR-9,
ROHINI, NEW DELHI

ਡਿਪਟੀ ਕਮਿਸਨਰ ਪਠਾਨਕੋਟ ਨੇ ਧਾਰ ਬਲਾਕ ਦੇ ਵੱਖ ਵੱਖ ਪਿੰਡਾਂ ਦਾ ਕੀਤਾ ਦੋਰਾ

ਪਠਾਨਕੋਟ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪਿੰਡਾਂ ਅੰਦਰ ਚਲ ਰਹੇ ਵਿਕਾਸ ਕਾਰਜਾਂ ਦਾ ਗੀਵਿਓ ਕਰਨ ਦੇ ਲਈ ਸ੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ ਵੱਲੋਂ ਧਾਰ ਬਲਾਕ ਦੇ ਪਿੰਡਾਂ ਦਾ ਦੋਰਾ ਕੀਤਾ ਗਿਆ ਅਤੇ ਦੁਨੇਰਾ ਵਿਖੇ ਵੱਖ ਵੱਖ ਵਿਭਾਗਾਂ ਦੇ ਜਿਲ੍ਹਾ ਅਧਿਕਾਰੀਆਂ ਨਾਲ ਇੱਕ ਵਿਸੇਸ ਗੀਵਿਓ ਮੀਟਿੰਗ ਵੀ ਆਯੋਜਿਤ ਕੀਤੀ ਗਈ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਪਰਮਜੀਤ ਸਿੰਘ ਵਧੀਕ ਡਿਪਟੀ ਕਮਿਸਨਰ(ਵਿਕਾਸ) ਅਤੇ ਹੋਰ ਵੱਖ ਵੱਖ ਵਿਭਾਗਾਂ ਦੇ ਜਿਲ੍ਹਾ ਅਧਿਕਾਰੀ ਵੀ ਹਾਜਰ ਸਨ।

ਇਸ ਮੋਕੇ ਸ੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ ਮੀਟਿੰਗ ਦੋਰਾਨ ਵੱਖ ਵੱਖ ਪਿੰਡਾਂ ਅੰਦਰ ਚਲ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲਿਆ ਅਤੇ ਵੱਖ ਵੱਖ ਵਿਭਾਗਾਂ ਦੇ ਜਿਲ੍ਹਾ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਪਿੰਡਾਂ ਅੰਦਰ ਚਲ ਰਹੇ ਵਿਕਾਸ ਕਾਰਜਾਂ ਵਿੱਚ ਤੇਜੀ ਲਿਆਂਦੀ ਜਾਵੈ ਤਾਂ ਜੋ ਲੋਕ ਇਨ੍ਹਾਂ ਵਿਕਾਸ ਕਾਰਜਾਂ ਤੋਂ ਲਾਭ ਪ੍ਰਾਪਤ ਕਰ ਸਕਣ।

ਉਨ੍ਹਾਂ ਕਿਹਾ ਕਿ ਜਿਨ੍ਹਾਂ ਪਿੰਡਾਂ ਅੰਦਰ ਨਿਕਾਸੀ ਪਾਣੀ ਲਈ ਥਾਪਰ ਮਾਡਲ ਬਣਾਏ ਜਾ ਰਹੇ ਹਨ ਜਾਂ ਛੱਪੜਾਂ ਦਾ ਨਵ ਨਿਰਮਾਣ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਜਿਨ੍ਹਾਂ ਪਿੰਡਾਂ ਅੰਦਰ ਪਾਰਕਾਂ ਦਾ ਨਿਰਮਾਣ, ਲਾਇਬਰ੍ਰੇਰੀਆਂ ਦਾ ਨਿਰਮਾਣ ਆਦਿ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਉਨ੍ਹਾਂ ਕਾਰਜਾਂ ਨੂੰ ਵੀ ਨਿਰਧਾਰਤ ਸਮੇਂ ਅੰਦਰ ਮੁਕੰਮਲ ਕੀਤਾ ਜਾਵੈ। ਇਸ ਮੋਕੇ ਤੇ ਉਨ੍ਹਾਂ ਨਰੇਗਾਂ ਅਧੀਨ ਚਲ ਰਹੇ ਵਿਕਾਸ ਕਾਰਜਾਂ ਦਾ ਵੀ ਗੀਵਿਓ ਕੀਤਾ ਅਤੇ ਕਾਰਜਾਂ ਦੇ ਨਿਰਮਾਣ ਵਿੱਚ ਤੇਜੀ ਲਿਆਉਂਣ ਲਈ ਹਦਾਇਤਾਂ ਦਿੱਤੀਆਂ।

ਕਲਾਸ 9ਵੀਂ ਦੀ ਸਾਲਾਨਾ ਪ੍ਰੀਖਿਆਵਾਂ 18 ਫਰਵਰੀ ਤੋਂ ਅਤੇ 11ਵੀਂ ਦੀ ਪ੍ਰੀਖਿਆਵਾਂ 17 ਫਰਵਰੀ ਤੋਂ ਸ਼ੁਰੂ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਸਕੂਲ ਸਿਖਿਆ ਬੋਰਡ ਭਿਵਾਨੀ ਤੋਂ ਐਫਲੀਏਟ ਸਕੂਲਾਂ ਵਿਚ ਸਕੂਲੀ ਪੱਧਰ 'ਤੇ ਲਈ ਜਾਣ ਵਾਲੀ ਕਲਾਸ 9ਵੀਂ ਅਤੇ 11ਵੀਂ ਦੀ ਸਾਲਾਨਾ ਪ੍ਰੀਖਿਆਵਾਂ 17 ਫਰਵਰੀ ਤੋਂ ਸ਼ੁਰੂ ਹੋਵੇਗੀ। ਇੰਨ੍ਹਾਂ ਪ੍ਰੀਖਿਆਵਾਂ ਦਾ ਡੇਟਸ਼ੀਟ ਬੋਰਡ ਦੀ ਅਥੋਰਾਇਜਡ ਵੈਬਸਾਇਟ www.bseh.org.in Óਤੇ ਅਪਲੋਡ ਕਰ ਦਿੱਤੀ ਗਈ ਹੈ।

ਬੋਰਡ ਦੇ ਬੁਲਾਰੇ ਨੇ ਇਸ ਬਾਰੇ ਵਿਚ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਕਲਾਸ 9ਵੀਂ ਦੀ ਪ੍ਰੀਖਿਆਵਾਂ 18 ਫਰਵਰੀ ਤੋਂ ਸ਼ੁਰੂ ਹੋ ਕੇ 10 ਮਾਰਚ, 2025 ਤੱਕ ਅਤੇ ਕਲਾਸ 11ਵੀਂ ਦੀ ਪ੍ਰੀਖਿਆਵਾਂ 17 ਫਰਵਰੀ ਤੋਂ ਸ਼ੁਰੂ ਹੋ ਕੇ 15 ਮਾਰਚ, 2025 ਤੱਕ ਸੰਚਾਲਿਤ ਹੋਣਗੀਆਂ। ਉਨ੍ਹਾਂ ਨੇ ਦਸਿਆ ਕਿ ਦੋਵਾਂ ਕਲਾਸਾਂ ਦੀ ਪ੍ਰੀਖਿਆਵਾਂ ਸਵੇਰੇ 8:30 ਵਜੇ ਤੋਂ 11:30 ਵਜੇ ਤੱਕ ਇੱਕ ਹੀ ਸੈਸ਼ਨ ਵਿਚ ਹੋਣਗੀਆਂ।

ਮਨਰੇਗਾ ਅਧੀਨ ਸੌ ਦਿਨਾਂ ਦਾ ਰੋਜਗਾਰ ਦੇਣ ਵਿੱਚ ਰੁਝਾ ਜ਼ਿਲ੍ਹਾ ਪ੍ਰਸ਼ਾਸ਼ਨ

ਫ਼ਤਹਿਗੜ੍ਹ ਸਾਹਿਬ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਮਨਰੇਗਾ ਸਕੀਮ ਅਧੀਨ ਮਨਰੇਗਾ ਕਾਮਿਆਂ ਨੂੰ 100 ਦਿਨ ਦਾ ਰੋਜ਼ਗਾਰ ਦੇਣ ਵਿੱਚ ਫ਼ਤਹਿਗੜ੍ਹ ਸਾਹਿਬ ਜ਼ਿਲ੍ਹਾ ਪੰਜਾਬ ਭਰ ਵਿੱਚੋਂ ਪਹਿਲੇ ਸਥਾਨ ਤੇ ਰਿਹਾ ਹੈ। ਜ਼ਿਲ੍ਹੇ ਵਿੱਚ ਸਕੀਮ ਅਧੀਨ 19 ਲੱਖ ਮਨੁੱਖੀ ਦਿਹਾੜੀਆਂ ਦੇਣ ਦੇ ਮਿਥੇ ਟੀਚੇ ਵਿੱਚੋਂ 14.50 ਲੱਖ ਮਨੁੱਖੀ ਦਿਹਾੜੀਆਂ ਦਾ ਰੋਜ਼ਗਾਰ ਮਨਰੇਗਾ ਕਾਮਿਆਂ ਨੂੰ ਦਿੱਤਾ ਗਿਆ ਹੈ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ਼੍ਰੀ ਸੁਰਿੰਦਰ ਸਿੰਘ ਧਾਲੀਵਾਲ ਨੇ ਕੇਂਦਰ ਪ੍ਰਯੋਜਿਤ ਸਕੀਮਾਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 1103 ਮਨਰੇਗਾ ਕਾਮੇ ਪਰਿਵਾਰਾਂ ਨੇ 100 ਦਿਨ ਦਾ ਰੋਜ਼ਗਾਰ ਪੂਰਾ ਕਰ ਲਿਆ ਹੈ ਜੋ ਕਿ ਸੂਬੇ ਵਿੱਚ ਸਭ ਤੋਂ ਵੱਧ ਹੈ।

ਸ. ਧਾਲੀਵਾਲ ਨੇ ਦੱਸਿਆ ਕਿ ਮਨਰੇਗਾ ਸਕੀਮ ਅਧੀਨ ਜ਼ਿਲ੍ਹੇ ਦੇ ਪਿੰਡਾਂ ਦੇ ਵੱਖ-ਵੱਖ ਵਿਕਾਸ ਕਾਰਜਾਂ ਤੇ 50 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ ਅਤੇ 25 ਕਰੋੜ ਰੁਪਏ ਹੋਰ ਖਰਚੇ ਜਾਣਗੇ। ਉਨ੍ਹਾਂ ਦੱਸਿਆ ਕਿ ਮਨਰੇਗਾ ਸਕੀਮ ਅਧੀਨ ਆਂਗਨਵਾੜੀਆਂ, ਖੇਡ ਮੈਦਾਨ, ਲਾਇਬਰੇਰੀਆਂ, ਰਸਤਿਆਂ ਦਾ ਨਿਰਮਾਣ, ਸੋਲਿਡ ਵੇਸਟ ਮੈਨੇਜਮੈਂਟ, ਛੱਪੜਾਂ ਦੀ ਰੈਨੋਵੇਸ਼ਨ, ਸੀਚੇਵਾਲ ਮਾਡਲ ਛੱਪੜ ਆਦਿ ਕੰਮ ਕਰਵਾਏ ਜਾ ਰਹੇ ਹਨ। ਉਨ੍ਹਾਂ ਮਨਰੇਗਾ ਸਟਾਫ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਵੱਧ ਤੋਂ ਵੱਧ ਮਨਰੇਗਾ ਕਾਮਿਆਂ ਨੂੰ 100 ਦਿਨ ਦਾ ਰੋਜ਼ਗਾਰ ਦੇਣਾ ਲਾਜ਼ਮੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਪਿੰਡਾਂ ਵਿੱਚ ਵੱਧ ਤੋਂ ਵੱਧ ਸਥਾਈ ਸੰਪਤੀਆਂ ਤਿਆਰ ਕੀਤੀਆਂ ਜਾਣ।ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ)ਅਧੀਨ ਰਜਿਸਟਰਡ ਕੀਤੇ ਲਾਭਪਾਤਰੀਆਂ ਨੂੰ ਸੈਕਸ਼ਨ ਕਰਕੇ ਗ੍ਰਾਂਟ ਜਾਰੀ ਕਰਨ ਦੀ ਪ੍ਰਕ੍ਰਿਆ ਮੁਕੰਮਲ ਕੀਤੀ ਜਾਵੇ ਅਤੇ ਨਵੇਂ ਸਰਵੇ ਲਈ ਰਜਿਸਟਰ ਕੀਤੇ ਸਰਵੇਅਰਜ ਦੀ ਈ.ਕੇ.ਵਾਈ.ਸੀ. ਕੀਤੀ ਜਾਵੇ। ਮੀਟਿੰਗ ਵਿੱਚ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਜਸਪ੍ਰੀਤ ਕੌਰ ਤੋਂ ਇਲਾਵਾ ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਤੇ ਮਨਰੇਗਾ ਕਰਮਚਾਰੀ ਹਾਜਰ ਸਨ।

ਭਾਰਤ ਸਕਾਊਟਸ ਅਤੇ ਗਾਰਡਸ ਦੇ ਡਾਇਮੰਡ ਜੁਬਲੀ ਜੰਬੂਰੀ ਦਾ ਪ੍ਰਬੰਧ 3 ਫਰਵਰੀ ਤੱਕ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਸਕਾਊਟਸ ਅਤੇ ਗਾਰਡਸ ਦੇ ਡਾਇਮੰਡ ਜੁਬਲੀ ਜੰਬੂਰੀ ਦਾ ਪ੍ਰਬੰਧ 29 ਜਨਵਰੀ ਤੋਂ 3 ਫਰਵਰੀ, 2025 ਤੱਕ ਤਮਿਲਨਾਡੂ ਦੇ ਤਿਰੂਚਿਰਾਪੱਲੀ ਵਿਚ ਕੀਤਾ ੧ਾਵੇਗਾ। ਇਹ ਪ੍ਰੋਗਰਾਮ ਭਾਰਤ ਸਕਾਊਟਸ ਅਤੇ ਗਾਰਡਸ ਦੇ 75 ਗੌਰਵਸ਼ਾਲੀ ਸਾਲਾਂ ਦਾ ਜਸ਼ਨ ਮਨਾਉਣ ਵਾਲੇ ਪੂਰੇ ਸਾਲ ਦੇ ਪ੍ਰਬੰਧਾਂ ਦਾ ਪ੍ਰਮੁੱਖ ਹਿੱਸਾ ਹੈ।

ਇਸ ਵਿਚ ਪੂਰੇ ਦੇਸ਼ ਦੇ ਲਗਭਗ 20,000 ਸਕਾਊਟਸ ਅਤੇ ਗਾਰਡਸ ਦੇ ਨਾਲ-ਨਾਲ ਏਸ਼ਿਆ-ਪ੍ਰਸ਼ਾਂਤ ਖੇਤਰ ਅਤੇ ਹੋਰ ਦੇਸ਼ਾਂ ਦੇ 1,000 ਕੌਮਾਂਤਰੀ ਪ੍ਰਤੀਭਾਗੀ ਹਿੱਸਾ ਲੇਣਗੇ।

ਇਸ ਬਾਰੇ ਵਿਚ ਜਾਣਕਾਰੀ ਦਿੰਦੇ ਹੋਏ ਸੂਬੇ ਦੇ ਭਾਰਤ ਸਕਾਊਟਸ ਅਤੇ ਗਾਰਡਸ ਅਤੇ ਸਟੇਟ ਚੀਫ ਕਮਿਸ਼ਨਰ ਡਾ. ਕੇ. ਕੇ. ਖੰਡੇਲਵਾਰ, ਆਈਏਐਸ (ਸੇਵਾਮੁਕਤ) ਨੇ ਦਸਿਆ ਕਿ ਇਹ ਸੰਗਠਨ ਯੁਵਾ ਸ਼ਸ਼ਕਤੀਕਰਣ ਅਤੇ ਕਮਿਊਨਿਟੀ ਸੇਵਾ ਦੇ ਪ੍ਰਤੀ ਸਮਰਪਿਤ ਇੱਕ ਪ੍ਰਮੁੱਖ ਕੌਮੀ ਅੰਦੋਲਨ ਹੈ। ਇਸ ਦਾ ਡਾਇਮੰਡ ਜੁਬਲੀ ਜੰਬੂਰੀ, ਜੋ 'ਸ਼'ਕਤ ਯੁਵਾ, ਵਿਕਸਿਤ ਭਾਰਤ' ਥੀਮ 'ਤੇ ਅਧਾਰਿਤ ਹੈ। ਉਨ੍ਹਾਂ ਨੇ ਦਸਿਆ ਕਿ ਹਰਿਆਣਾ ਤੋਂ 875 ਸਕਾਊਟਸ ਅਤੇ ਗਾਰਡਸ ਇਸ ਜੰਬੂਰੀ ਵਿੱਚ ਹਿੱਸਾ ਲੈਣਗੇ।

ਡਾ. ਕੇ. ਕੇ. ਖੰਡੇਲਵਾਲ ਨੈ ਦਸਿਆ ਕਿ ਉਨ੍ਹਾਂ ਨੇ ਮਹਾਮਹਿਮ ਰਾਸ਼ਟਰਪਤੀ ਦੀ ਆਪਣੀ ਨਵੀਂ ਪੁਸਤਕ "ਆਰਗਨਾਈਜਿੰਗ ਸਕਾਊਟਸ ਐਂਡ ਗਾਰਡਸ ਜੰਬੂਰੀ" ਭੇਂਟ ਕੀਤੀ ਹੈ।

ਇਹ ਪੁਸਤਕ ਵੱਡੇ ਪ੍ਰਬੰਧਾਂ ਲਈ ਸਰਵੋਤਮ ਪ੍ਰਥਾਵਾਂ ਅਤੇ ਸੰਗਠਨਾਤਮਕ ਰਣਨੀਤੀਆਂ ਨੂੰ ਸਮੇਟੇ ਹੋਏ ਹਨ, ਜੋ ਭਾਰਤ ਸਕਾਊਟਸ ਅਤੇ ਗਾਰਡਸ ਦੇ ਗਿਆਨ ਸਾਂਝਾ ਕਰਨ ਦੀ ਪਰੰਪਰਾ ਨੂੰ ਹੋਰ ਖੁਸ਼ਹਾਲ ਕਰਦੀ ਹੈ।

ਜੇ.ਸੀ. ਬੋਸ ਯੂਨੀਵਰਸਿਟੀ ਦੇ 10 ਮੇਧਾਵੀ ਵਿਦਆਰਥੀਆਂ ਨੂੰ ਮਿਲੀ ਵਿਸ਼ਵ ਪ੍ਰਕਾਸ਼ ਮਿਸ਼ਨ ਦੀ ਸਕਾਲਰਸ਼ਿਪ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਜੇ.ਸੀ. ਬੋਸ ਵਿਗਿਆਨ ਅਤੇ ਤਕਨਾਲੋਜੀ ਯੂਨੀਵਰਸਿਟੀ, ਵਾਈਐਮਸੀਏ, ਫਰੀਦਾਬਾਦ ਦੇ 10 ਮੇਧਾਵੀ ਵਿਦਿਆਰਥੀਆਂ ਨੂੰ ਫਰੀਦਾਬਾਦ ਦੇ ਇੱਕ ਚੈਰੀਟੇਬਲ ਟਰਸਟ ਵਿਸ਼ਵ ਪ੍ਰਕਾਸ਼ ਮਿਸ਼ਨ (ਵੀਪੀਪੀ) ਵੱਲੋਂ ਸਕਾਲਰਸ਼ਿਪ ਪ੍ਰਦਾਨ ਕੀਤੀ ਗਈ ਹੈ।

ਯੂਨੀਵਰਸਿਟੀ ਦੇ ਬੁਲਾਰੇ ਨੇ ਦਸਿਆ ਕਿ ਇਹ ਸਕਾਲਰਸ਼ਿਪ ਮਿਸ਼ਨ ਅਤੇ ਯੂਨੀਵਰਸਿਟੀ ਵੱਲੋਂ ਸੰਯੁਕਤ ਰੂਪ ਨਾਲ ਕੀਤੀ ਗਈ ਪਹਿਲ ਦੇ ਤਹਿਤ ਜਰੂਰਤਮੰਦ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਉੱਚ ਸਿਖਿਆ ਲਈ ਮਾਲੀ ਸਹਾਇਤਾ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪ੍ਰਦਾਨ ਕੀਤੀ ਗਈ ਹੈ।ਮੌਜੂਦਾ ਵਿਦਿਅਕ ਸੈਸ਼ਨ ਵਿਚ ਯੂਨੀਵਰਸਿਟੀ ਦੇ 10 ਵਿਦਿਆਰਥੀਆਂ ਨੂੰ ਉਨ੍ਹਾਂ ਦੀ ਡਿਗਰੀ ਕੋਰਸ ਪੂਰੀ ਹੋਣ ਤੱਕ 18.5 ਲੱਖ ਰੁਪਏ ਦੀ ਮਾਲੀ ਸਹਾਇਤਾ ਪ੍ਰਾਪਤ ਹੋਵੇਗੀ ਜੋ ਪ੍ਰਤੀ ਵਿਦਿਆਰਥੀ 50 ਹਜਾਰ ਰੁਪਏ ਤੱਕ ਵਿਦਿਅਕ ਫੀਸ ਲਈ ਸਕਾਲਰਸ਼ਿਪ ਵਜੋ ਦਿੱਤੀ ਜਾਵੇਗੀ। ਮਿਸ਼ਨ ਵੱਲੋਂ ਹੁਣ ਤੱਕ ਯੂਨੀਵਰਸਿਟੀ ਦੇ 89 ਬੀਟੈਕ ਵਿਦਿਆਰਥੀਆਂ 75 ਲੱਖ ਰੁਪਏ ਤੋਂ ਵੱਧ ਦੀ ਮਾਲੀ ਸਹਾਇਤਾ ਪ੍ਰਾਪਤ ਕੀਤੀ ਜਾ ਚੁੱਕੀ ਹੈ।

ਧਰਮਸ਼ਾਲਾ ਕਮੇਟੀ ਪਿੰਡ ਖੁਰਦ ਵੱਲੋਂ ਸਰਕਾਰੀ ਹਾਈ ਸਮਾਰਟ ਸਕੂਲ ਖੁਰਦ ਨੂੰ ਦੋ ਸਮਾਰਟ ਟੀ ਵੀ ਭੇਂਟ ਕੀਤੇ

ਮਲੇਰਕੋਟਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਅੱਜ ਧਰਮਸਾਲਾ ਕਮੇਟੀ ਪਿੰਡ ਖੁਰਦ ਵੱਲੋਂ ਸਿੱਖਿਆ ਪੱਧਰ ਨੂੰ ਉੱਚਾ ਚੁੱਕਣ ਅਤੇ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਸਰਕਾਰੀ ਹਾਈ ਸਮਾਰਟ ਸਕੂਲ ਖੁਰਦ ਜ਼ਿਲ੍ਹਾ ਮਾਲੇਰਕੋਟਲਾ ਨੂੰ ਸਮਾਰਟ ਕਲਾਸ ਰੂਮਾਂ ਲਈ ਦੋ ਸਮਾਰਟ ਟੀ ਵੀ ਭੇਂਟ ਕੀਤੇ ਗਏ। ਸਕੂਲ ਹੈੱਡ ਮਾਸਟਰ ਸ੍ਰੀ ਸੱਜਾਦ ਅਲੀ ਗੌਰੀਆ ਨੇ ਸਮੂਹ ਧਰਮਸ਼ਾਲਾ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਖੁਰਦ ਦੀ ਧਰਮਸ਼ਾਲਾ ਕਮੇਟੀ ਦਾ ਉਹਨਾਂ ਨੂੰ ਹਮੇਸ਼ਾ ਤੋਂ ਪੂਰਨ ਸਹਿਯੋਗ ਰਿਹਾ ਹੈ। ਸਮੇਂ ਸਮੇਂ ਤੇ ਧਰਮਸ਼ਾਲਾ ਕਮੇਟੀ ਦੇ ਮੈਂਬਰ ਵਿਦਿਆਰਥੀਆਂ ਦੇ ਸਿੱਖਿਆ ਮਿਆਰ ਨੂੰ ਉੱਚਾ ਚੁੱਕਣ ਅਤੇ ਸਮੇਂ ਦਾ ਹਾਣੀ ਬਣਾਉਣ ਲਈ ਵਿਚਾਰ ਵਟਾਂਦਰਾ ਕਰਨ ਸਕੂਲ ਆਉਂਦੇ ਰਹਿੰਦੇ ਹਨ। ਸਕੂਲ ਵਿੱਚ ਪਹਿਲਾਂ ਤੋਂ ਹੀ ਚਾਰ ਸਮਾਰਟ ਰੂਮ ਕਲਾਸਰੂਮ ਮੌਜੂਦ ਹਨ। ਬਾਕੀ ਰਹਿੰਦੇ ਕਲਾਸ ਰੂਮਾਂ ਨੂੰ ਸਮਾਰਟ ਕਲਾਸ ਰੂਮ ਬਣਾਉਣ ਲਈ ਧਰਮਸ਼ਾਲਾ ਕਮੇਟੀ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਰਾਹੀਂ ਸਿੱਖਿਆ ਦੇਣ ਲਈ ਸਕੂਲ ਨੂੰ ਦੋ ਸਮਾਰਟ ਟੀਵੀ ਲੋੜੀਂਦੇ ਹਨ। ਜਿਸ ਮੰਗ ਨੂੰ ਤੁਰੰਤ ਮੰਨਦੇ ਹੋਏ ਧਰਮਸਾਲਾ ਕਮੇਟੀ ਵੱਲੋਂ ਅੱਜ ਦੋ ਸਮਾਰਟ ਟੀਵੀ ਭੇਂਟ ਕੀਤੇ ਗਏ। ਧਰਮਸ਼ਾਲਾ ਕਮੇਟੀ ਦੇ ਪ੍ਰਧਾਨ ਸਰਦਾਰ ਬਾਰਾ ਸਿੰਘ ਰਾਣੂੰ ਸਮੇਤ ਸਮੂਹ ਸਾਥੀਆਂ ਨੇ ਦੱਸਿਆ ਕਿ ਕਮੇਟੀ ਹਮੇਸ਼ਾ ਸਿੱਖਿਆ ਅਤੇ ਸਕੂਲ ਨੂੰ ਪਹਿਲ ਦਿੰਦੀ ਹੈ। ਜਿਸ ਤਹਿਤ ਸਮੂਹ ਕਮੇਟੀ ਵੱਲੋਂ ਸਕੂਲ ਦੀ ਮੰਗ ਨੂੰ ਤੁਰੰਤ ਸਵੀਕਾਰ ਕਰਦੇ ਹੋਏ ਅੱਜ ਦੋ ਸਮਾਰਟ ਟੀਵੀ ਭੇਂਟ ਕੀਤੇ ਗਏ ਹਨ। ਸਕੂਲ ਮੁਖੀ ਵੱਲੋਂ ਸਮੇਂ ਸਮੇਂ ਤੇ ਸਕੂਲ ਦੇ ਵਿਦਿਆਰਥੀਆਂ ਦੀ ਬਿਹਤਰੀ ਲਈ ਕੀਤੇ ਉਪਰਾਲਿਆਂ ਵਿੱਚ ਧਰਮਸ਼ਾਲਾ ਕਮੇਟੀ ਹਮੇਸ਼ਾ ਨਾਲ ਖੜੀ ਹੈ । ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਧਰਮਸਾਲਾ ਕਮੇਟੀ ਪਿੰਡ ਖੁਰਦ ਵੱਲੋਂ ਸਕੂਲ ਵਿੱਚ ਲੱਖਾਂ ਰੁਪਏ ਦੇ ਵਿਕਾਸ ਕਰਵਾਏ ਗਏ ਹਨ। ਜਿਨਾਂ ਵਿੱਚ ਮੁੱਖ ਤੌਰ ਤੇ ਸਕੂਲ ਵਿੱਚ ਸਟੇਜ ਦਾ ਨਿਰਮਾਣ, ਸਕੂਲ ਦੀ ਬਾਹਰੀ ਦਿੱਖ ਨੂੰ ਸੁੰਦਰ ਤੇ ਆਕਰਸ਼ਕ ਬਣਾਉਣਾ, ਸਾਊਂਡ ਸਿਸਟਮ ,ਚਾਰ ਦੀਵਾਰੀ ਨੂੰ ਉੱਚਾ ਕਰਵਾਉਣਾ ਆਦਿ ਕੰਮ ਸ਼ਾਮਿਲ ਹਨ। ਧਰਮਸ਼ਾਲਾ ਕਮੇਟੀ ਦੇ ਪ੍ਰਧਾਨ ਸਰਦਾਰ ਬਾਰਾ ਸਿੰਘ ਰਾਣੂੰ ਨੇ ਅੱਗੇ ਕਿਹਾ ਕਿ ਭਵਿੱਖ ਵਿੱਚ ਵੀ ਸਕੂਲ ਅਤੇ ਵਿਦਿਆਰਥੀਆਂ ਦੀ ਬਿਹਤਰੀ ਲਈ ਕੀਤੇ ਜਾਣ ਵਾਲੇ ਕਾਰਜਾਂ ਵਿੱਚ ਧਰਮਸ਼ਾਲਾ ਕਮੇਟੀ ਪੂਰਨ ਸਹਿਯੋਗ ਕਰੇਗੀ। ਇਸ ਮੌਕੇ ਕਮੇਟੀ ਮੈਂਬਰ ਸ. ਗੁਰਮੇਲ ਸਿੰਘ ਪੰਨੂ, ਸ.ਪਰਮਜੀਤ ਸਿੰਘ ਧਾਲੀਵਾਲ,ਸ੍ਰੀ ਰੱਜ਼ਾਕ ਮੁਹੰਮਦ,ਸ. ਹਰਗੁਰਚੇਤ ਸਿੰਘ ਰਾਣੂੰ,ਸ.ਬੰਤ ਸਿੰਘ ਔਜਲਾ,ਸ. ਰਣਧੀਰ ਸਿੰਘ ਕਲੇਰ, ਸ.ਗੁਰਪ੍ਰੀਤ ਸਿੰਘ ਰਾਣੂੰ,ਸ੍ਰੀ ਤੁਫ਼ੈਲ ਮੁਹੰਮਦ, ਸ. ਗੁਰਜੀਤ ਸਿੰਘ, ਸ.ਦਲਬਾਰਾ ਸਿੰਘ, ਸ. ਰਮਨਦੀਪ ਸਿੰਘ, ਸ਼੍ਰੀ ਸਲੀਮ ਮੁਹੰਮਦ , ਸ਼੍ਰੀਮਤੀ ਮਨਦੀਪ ਕੌਰ, ਸ੍ਰੀਮਤੀ ਗਗਨਦੀਪ ਕੌਰ, ਸ਼ਿਫਾਲੀ ਜੈਨ, ਸ੍ਰੀਮਤੀ ਰਵੀਨਾ ਅਤੇ ਸ.ਕੁਲਦੀਪ ਸਿੰਘ ਮੌਜੂਦ ਸਨ।

ਆਈ.ਟੀ.ਆਈ. ਗਿੱਲ ਰੋਡ ਵਿਖੇ 4 ਫਰਵਰੀ ਨੂੰ ਹੋਵੇਗੀ ਇੰਟਰਵਿਊ

ਲੁਧਿਆਣਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ.ਬੀ.ਈ.ਈ.) ਲੁਧਿਆਣਾ ਦੇ ਡਿਪਟੀ ਡਾਇਰੈਕਟਰ ਸ਼੍ਰੀਮਤੀ ਰੁਪਿੰਦਰ ਕੌਰ ਵਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਆਈ.ਐਮ.ਸੀ. ਉਦਯੋਗਿਕ ਸਿਖਲਾਈ ਸੰਸਥਾ (ਆਈ.ਟੀ.ਆਈ.) ਲਾਡੋਵਾਲ ਐਟ ਹੁਸੈਨਪੁਰਾ, ਜ਼ਿਲ੍ਹਾ ਲੁਧਿਆਣਾ ਲਈ ਸੀ.ਟੀ.ਐਸ ਸਕੀਮ ਅਧੀਨ ਗੈਸਟ ਫੈਕਲਟੀ ਇੰਸਟਰੱਕਟਰਾਂ ਦੀ ਭਰਤੀ ਕੀਤੀ ਜਾਣੀ ਹੈ।

ਡਿਪਟੀ ਡਾਇਰੈਕਟਰ ਸ਼੍ਰੀਮਤੀ ਰੁਪਿੰਦਰ ਕੌਰ ਨੇ ਦੱਸਿਆ ਕਿ ਚਾਹਵਾਨ ਉਮੀਦਵਾਰ ਆਪਣੀਆਂ ਅਰਜੀਆਂ ਅਤੇ ਅਸਲ ਦਸਤਾਵੇਜ ਦੇ ਨਾਲ 04 ਫਰਵਰੀ, 2025 ਦਿਨ ਮੰਗਲਵਾਰ ਨੂੰ ਸਥਾਨਕ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਆਈ.ਟੀ.ਆਈ.), ਗਿੱਲ ਰੋਡ ਵਿਖੇ ਇੰਟਰਵਿਊ ਲਈ ਸੰਪਰਕ ਕਰ ਸਕਦੇ ਹਨ।ਉਨ੍ਹਾਂ ਅੱਗੇ ਦੱਸਿਆ ਕਿ ਸਰਕਾਰੀ ਆਈ.ਟੀ.ਆਈ., ਲਾਡੋਵਾਲ ਐਟ ਹੁਸੈਨਪੁਰਾ, ਜ਼ਿਲ੍ਹਾ ਲੁਧਿਆਣਾ ਵਿੱਚ ਅਕਾਦਮਿਕ ਸ਼ੈਸ਼ਨ 2024-2025 ਲਈ ਗੈਸਟ ਫੈਕਲਟੀ ਆਧਾਰ 'ਤੇ ਬਿਲਕੁਲ ਆਰਜੀ ਤੌਰ 'ਤੇ ਟਰੇਡ ਵਾਇਜ਼ ਇੰਸਟਰੱਕਟਰਜ ਦੀ ਜਰੂਰਤ ਹੈ ਜਿਨ੍ਹਾਂ ਵਿੱਚ ਟਰੇਡ ਰੈਫਰੀਜਰੇਸ਼ਨ ਐਂਡ ਏਅਰ ਕੰਡੀਸ਼ਨਰ-1, ਵੈਲਡਰ (ਪਾਇਪ)-1, ਟੈਕਸਟਾਈਲ ਵੈੱਟ ਪ੍ਰੋਸੈਸਿੰਗ ਟੈਕਨੀਸ਼ੀਅਨ-1 ਅਤੇ ਇੰਡਸਟਰੀਅਲ ਪੇਂਟਰ-1 ਸ਼ਾਮਲ ਹਨ। ਇਨ੍ਹਾਂ ਆਸਾਮੀਆਂ ਲਈ ਮਾਨਭੇਟਾ ਫਿਕਸ ਸੀ.ਟੀ.ਐਸ ਸਕੀਮ ਅਧੀਨ 15000/- ਰੁਪਏ ਪ੍ਰਤੀ ਮਹੀਨਾ ਦਿੱਤੀ ਜਾਵੇਗੀ। ਯੋਗਤਾ, ਤਜਰਬੇ ਅਤੇ ਹੋਰ ਵੇਰਵਿਆਂ ਲਈ ਬਿਨੈਕਾਰ ਵੈਬਸਾਈਟ http://dgt.gov.in/cts details Óਤੇ ਦੇਖ ਸਕਦੇ ਹਨ। ਸੰਸਥਾ ਵਿੱਚ ਇੰਟਰਵਿਊ 'ਤੇ ਹਾਜ਼ਰ ਹੋਣ ਲਈ ਕੋਈ ਵੀ ਟੀ.ਏ/ਡੀ.ਏ. ਨਹੀ ਦਿੱਤਾ ਜਾਵੇਗਾ। ਵਧੇਰੇ ਜਾਣਕਾਰੀ ਲਈ ਇਸ ਦਫ਼ਤਰ ਦੇ ਹੈਲਪਲਾਈਨ ਨੰ: 77400-01682 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਹਲਕੇ ਦਾ ਸਰਬਪੱਖੀ ਵਿਕਾਸ ਕਰਵਾਉਣ ਲਈ ਦ੍ਰਿੜ ਸੰਕਲਪ ਹਾਂ: ਬਲਬੀਰ ਸਿੰਘ ਪਨੂੰ

ਬਟਾਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਹਲਕਾ ਇੰਚਾਰਜ ਅਤੇ ਪਨਸਪ ਪੰਜਾਬ ਦੇ ਚੇਅਰਮੈਨ ਸ੍ਰੀ ਬਲਬੀਰ ਸਿੰਘ ਪੰਨੂ ਵੱਲੋਂ ਪਿੰਡ ਧੀਰ ਦੀ ਫਿਰਨੀ ਦੀ ਸੜਕ ਦਾ ਨੀਹ ਪੱਥਰ ਰੱਖਿਆ ਜਿਸ ਉੱਪਰ 90 ਲੱਖ ਰੁਪਏ ਦੀ ਲਾਗਤ ਆਵੇਗੀ।ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਪਨੂੰ ਨੇ ਕਿਹਾ ਕਿ ਉਹ ਹਲਕੇ ਦਾ ਸਰਬਪੱਖੀ ਵਿਕਾਸ ਕਰਵਾਉਣ ਲਈ ਦ੍ਰਿੜ ਸੰਕਲਪ ਹਨ ਅਤੇ ਬਿਨਾਂ ਪੱਖਪਾਤ ਦੇ ਹਲਕੇ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

ਚੇਅਰਮੈਨ ਪਨੂੰ ਨੇ ਅੱਗੇ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਹਰੇਕ ਵਰਗ ਦੇ ਹਿੱਤ ਲਈ ਇਤਿਹਾਸਕ ਫੈਸਲੇ ਲਏ ਗਏ ਹਨ ਅਤੇ ਲੋਕਾਂ ਨਾਲ ਕੀਤੀਆਂ ਗਰੰਟੀਆਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਉਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨਾਲੋਂ ਹੱਟ ਕੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਮਹਿਜ ਪੌਣੇ ਤਿੰਨ ਸਾਲ ਦੇ ਕਾਰਜਕਾਲ ਵਿੱਚ ਰਿਕਾਰਡ ਵਿਕਾਸ ਕਾਰਜ ਕੀਤੇ ਹਨ, ਜੋ ਪਿਛਲੀਆਂ ਸਰਕਾਰਾਂ ਕਰਨ ਵਿੱਚ ਨਾਕਾਮ ਰਹੀਆਂ ਹਨ।

ਇਸ ਮੌਕੇ ਸਰਪੰਚ ਹਰਵਿੰਦਰ ਸਿੰਘ ਸੋਨੂ, ਮੈਂਬਰ ਜਸਪਾਲ ਸਿੰਘ, ਪਰਵੀਨ ਕੌਰ, ਰਣਜੀਤ ਸਿੰਘ ਰਾਜਾ ਸਿੰਘ ਪਾਲ ਸਿੰਘ, ਡਿੰਪਲ, ਹਰਵਿੰਦਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਕਰਮਜੀਤ ਸਿੰਘ ਪੀਏ,,ਮਲਜਿੰਦਰ ਸਿੰਘ ਪੁਰੀਆਂ ਯੂਥ ਪ੍ਰਧਾਨ ਗੁਰਬਿੰਦਰ ਸਿੰਘ ਕਾਦੀਆਂ, ਸਰਪੰਚ ਹਰਦੀਪ ਸਿੰਘ ਦਮੋਦਰ, ਰਘਬੀਰ ਸਿੰਘ ਅਠਵਾਲ, ਗਗਨਦੀਪ ਸਿੰਘ ਕੋਟਲਾ ਬਾਮਾ, ਸਰਪੰਚ ਕਰਨ ਬਾਠ, ਹਰਪ੍ਰੀਤ ਸਿੰਘ, ਗੁਰਪ੍ਰਤਾਪ ਸਿੰਘ ਅਤੇ ਜਗਜੀਤ ਸਿੰਘ ਆਦਿ ਹਾਜ਼ਰ ਸਨ।

ਜੀਐਸਟੀ ਐਕਟ 2017 ਤਹਿਤ ਸਰਵਿਸਜ਼ ਸੈਕਟਰ ਦੇ ਅਨ-ਰਜਿਸਟਰਡ ਡੀਲਰਾਂ ਲਈ ਵਿਸ਼ੇਸ਼ ਸਰਵੇਖਣ ਜਾਰੀ: ਪਰਮਜੀਤ ਸਿੰਘ

ਹੁਸ਼ਿਆਰਪੁਰ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੇ ਕਰ ਵਿਭਾਗ ਦੇ ਵਿੱਤ ਕਮਿਸ਼ਨਰ (ਕਰ) ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਹਾਇਕ ਕਮਿਸ਼ਨਰ ਸਟੇਟ ਟੈਕਸ ਪਰਮਜੀਤ ਸਿੰਘ ਦੀ ਅਗਵਾਈ ਵਿਚ ਜ਼ਿਲ੍ਹੇ ਭਰ ਵਿਚ 10 ਜਨਵਰੀ ਤੋਂ 10 ਫਰਵਰੀ ਤੱਕ ਸਰਵਿਸ ਸੈਕਟਰ ਦੇ ਅਨ-ਰਜਿਸਟਰਡ ਡੀਲਰਾਂ ਨੂੰ ਜੀਐਸਟੀ ਐਕਟ-2017 ਤਹਿਤ ਰਜਿਸਟਰ ਕਰਨ ਲਈ ਵਿਸ਼ੇਸ਼ ਸਰਵੇਖਣ ਚਲਾਇਆ ਜਾ ਰਿਹਾ ਹੈ।

ਇਸੇ ਲੜੀ ਵਿਚ ਬੁੱਧਵਾਰ ਸਹਾਇਕ ਕਮਿਸ਼ਨਰ ਪਰਮਜੀਤ ਸਿੰਘ ਨੇ ਜ਼ਿਲ੍ਹਾ ਹੁਸ਼ਿਆਰਪੁਰ ਦੀ ਬਾਰ ਐਸੋਸੀਏਸ਼ਨ ਨਾਲ ਇਕ ਮੀਟਿੰਗ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਬਾਰ ਐਸੋਸੀਏਸ਼ਨ ਨੂੰ ਇਸ ਵਿਸ਼ੇਸ਼ ਸਰਵੇਖਣ ਦੇ ਬਾਰੇ ਵਿਚ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਸਰਵੇਖਣ ਪੰਜਾਬ ਰਾਜ ਵਿਚ ਵਪਾਰ ਕਰਨ ਵਾਲੇ ਸਾਰੇ ਅਨ-ਰਜਿਸਟਰਡ ਡੀਲਰਾਂ ਨੂੰ ਜੀਐਸਟੀ ਐਕਟ 2017 ਤਹਿਤ ਰਜਿਸਟਰ ਕਰਨ ਦੇ ਉਦੇਸ਼ ਨਾਲ ਚਲਾਇਆ ਜਾ ਰਿਹਾ ਹੈ।

ਮੀਟਿੰਗ ਵਿਚ ਅਧਿਕਾਰੀਆਂ ਨੇ ਬਾਰ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਸਰਵਿਸ ਸੈਕਟਰ ਵਿਚ ਜੁੜੇ ਵੱਧ ਤੋਂ ਵੱਧ ਅਨ-ਰਜਿਸਟਰਡ ਡੀਲਰਾਂ ਨੂੰ ਰਜਿਸਟਰ ਕਰਨ ਲਈ ਪ੍ਰੇਰਿਤ ਕਰਨ। ਇਹ ਕਦਮ ਨਾ ਸਿਰਫ਼ ਜੀਐਸਟੀ ਦੀ ਪਾਲਣਾ ਨੂੰ ਯਕੀਨੀ ਬਣਾਏਗਾ ਬਲਕਿ ਪਾਰਦਰਸ਼ਤਾ ਅਤੇ ਕਾਰੋਬਾਰ ਕਰਨ ਦੀ ਸੌਖ ਨੂੰ ਵੀ ਉਤਸ਼ਾਹਿਤ ਕਰੇਗਾ। ਇਸ ਸਰਵੇਖਣ ਰਾਹੀਂ ਟੈਕਸ ਵਿਭਾਗ ਗੈਰ-ਰਜਿਸਟਰਡ ਵਪਾਰੀਆਂ ਨੂੰ ਰਜਿਸਟਰਡ ਕਰਕੇ ਅਤੇ ਵਪਾਰਕ ਗਤੀਵਿਧੀਆਂ ਨੂੰ ਕਾਨੂੰਨੀ ਦਾਇਰੇ ਵਿੱਚ ਲਿਆ ਕੇ ਸੂਬੇ ਦੇ ਮਾਲੀਏ ਨੂੰ ਮਜ਼ਬੂਤ ਕਰਨ ਲਈ ਕੰਮ ਕਰ ਰਿਹਾ ਹੈ।ਇਸ ਮੀਟਿੰਗ ਵਿਚ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਸੰਦੀਪ ਕੈਹੜ, ਐਡਵੋਕੇਟ ਪ੍ਰਦੀਪ ਡਡਵਾਲ, ਐਡਵੋਕੇਟ ਜਸਵਿੰਦਰ ਸਿੰਘ, ਚਾਰਟਡ ਕਆਊਂਟੈਂਟ ਪੀ.ਕੇ ਖੰਨਾ, ਐਡਵੋਕੇਟ ਰਾਜੇਸ਼ ਕੁਮਾਰ, ਚਾਰਟਡ ਕਆਊਂਟੈਂਟ ਪੰਕਜ ਮਨਜੋਤ, ਐਡਵੋਕੇਟ ਜਸਪਾਲ ਸਿੰਘ, ਹੋਰ ਪ੍ਰਮੁੱਖ ਪਤਵੰਤੇ ਵਿਅਕਤੀ ਵੀ ਮੌਜੂਦ ਸਨ।

ਸਕੂਲ ਗਾਈਡੈਂਸ ਕਾਊਂਸਲਰਾਂ ਦਾ ਜਗਤ ਗੁਰੂ ਨਾਨਕ ਦੇਵ ਪੰਜਾਬ ਰਾਜ ਓਪਨ ਯੂਨੀਵਰਸਿਟੀ ਵੱਲੋਂ ਇੱਕ ਰੋਜ਼ਾ ਸੈਮੀਨਾਰ ਦਾ ਆਯੋਜਨ

ਪਟਿਆਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸਕੱਤਰ ਸਕੂਲ ਸਿੱਖਿਆ ਪੰਜਾਬ ਅਤੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਕਮਲ ਕਿਸ਼ੋਰ ਯਾਦਵ ਆਈ. ਏ. ਐਸ ਦੀ ਯੋਗ ਅਗਵਾਈ ਅਤੇ ਡਾ: ਬਲਜੀਤ ਸਿੰਘ ਖਹਿਰਾ ਦੀ ਦੇਖ-ਰੇਖ ਹੇਠ ਜ਼ਿਲ੍ਹਾ ਪਟਿਆਲਾ ਦੇ ਸਕੂਲਾਂ ਵਿੱਚ ਸਕੂਲ ਗਾਈਡੈਂਸ ਕਾਊਂਸਲਰ ਦੀਆਂ ਡਿਊਟੀਆਂ ਨਿਭਾ ਰਹੇ ਅਧਿਆਪਕਾਂ ਦਾ ਇੱਕ ਰੋਜ਼ਾ ਸੈਮੀਨਾਰ ਮਹਿੰਦਰਾ ਕਾਲਜ ਵਿਖੇ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ ਆਯੋਜਨ ਕੀਤਾ ਗਿਆ।

ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਯੂਨੀਵਰਸਿਟੀ ਰਜਿਸਟਰਾਰ ਡਾ: ਬਲਜੀਤ ਸਿੰਘ ਖਹਿਰਾ ਅਤੇ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਇੰਦਰਪ੍ਰੀਤ ਸਿੰਘ ਨੇ ਦੱਸਿਆ ਕਿ ਇਹ ਸੈਮੀਨਾਰ ਸੰਜੀਵ ਸ਼ਰਮਾ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਟਿਆਲਾ ਅਤੇ ਡਾ. ਰਵਿੰਦਰਪਾਲ ਸ਼ਰਮਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਪਟਿਆਲਾ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਸੈਮੀਨਾਰ ਦਾ ਉਦੇਸ਼ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਅਤੇ ਪੜ੍ਹਾ ਰਹੇ ਅਧਿਆਪਕਾਂ ਨੂੰ ਪੰਜਾਬ ਰਾਜ ਓਪਨ ਯੂਨੀਵਰਸਿਟੀ ਵੱਲੋਂ ਚਲਾਏ ਜਾ ਰਹੇ ਪ੍ਰੋਗਰਾਮਾਂ ਅਤੇ ਕੋਰਸਾਂ ਬਾਰੇ ਜਾਗਰੂਕ ਕਰਨਾ ਸੀ ।

ਇਸ ਸੈਮੀਨਾਰ ਦੀ ਸ਼ੁਰੂਆਤ ਵਿੱਚ ਯੂਨੀਵਰਸਿਟੀ ਦੇ ਰਜਿਸਟਰਾਰ ਡਾ: ਬਲਜੀਤ ਸਿੰਘ ਖਹਿਰਾ ਨੇ ਅਧਿਆਪਕਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਰਾਜ ਓਪਨ ਯੂਨੀਵਰਸਿਟੀ ਨੇ ਸਿੱਖਿਆ ਦਾ ਮਨੋਰਥ ਵਿਦਿਆਰਥੀਆਂ ਅੰਦਰ ਗਿਆਨ ਵਧਾਉਣਾ, ਉਹਨਾਂ ਦੇ ਹੁਨਰ ਨੂੰ ਪ੍ਰਫੁੱਲਿਤ ਕਰਨਾ, ਆਸ਼ਾਵਾਦੀ ਅਤੇ ਸਾਕਾਰਾਤਮਕ ਦ੍ਰਿਸ਼ਟੀਕੋਣ ਬਣਾਉਣ ਦੇ ਨਾਲ ਨਾਲ ਨੈਤਿਕ ਕਦਰਾਂ ਕੀਮਤਾਂ ਦਾ ਵਿਕਾਸ ਕਰਨਾ ਹੈ।

ਇਸ ਲਈ ਸਕੂਲਾਂ ਵਿੱਚ ਕੰਮ ਕਰ ਰਹੇ ਅਧਿਆਪਕ ਗਾਈਡੈਂਸ ਕਾਊਂਸਲਰ ਆਪਣਾ ਵਡਮੁੱਲਾ ਯੋਗਦਾਨ ਦੇ ਰਹੇ ਹਨ। ਉਹਨਾਂ ਨੇ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਇੰਦਰਪ੍ਰੀਤ ਸਿੰਘ ਦੇ ਨਾਲ ਸੈਮੀਨਾਰ ਵਿੱਚ ਪਹੁੰਚੇ ਸਮੂਹ ਅਧਿਆਪਕਾਂ ਨੂੰ ਜੀ ਆਇਆਂ ਕਿਹਾ। ਉਹਨਾਂ ਨੇ ਗੁਰੂ ਨਾਨਕ ਦੇਵ ਜੀ ਦੀ ਸਿੱਖਿਆ, ਸੇਵਾ ਅਤੇ ਕਿਰਤੀ ਦੇ ਫ਼ਲਸਫ਼ੇ ਨੂੰ ਹਰ ਘਰ ਤੱਕ ਪਹੁੰਚਾਉਣ ਦਾ ਸੰਦੇਸ਼ ਦਿੱਤਾ। ਪ੍ਰੋ. ਖਹਿਰਾ ਨੇ ਕਿਹਾ ਕਿ ਹੁਨਰ ਅਧਾਰਿਤ ਸਿੱਖਿਆ ਸਮਾਜਿਕ ਅਤੇ ਆਰਥਿਕ ਵਿਕਾਸ ਲਈ ਮਹੱਤਵਪੂਰਨ ਹੈ।

ਆਪ ਨੇ ਅਨੁਸੂਚਿਤ ਜਾਤੀਆਂ, ਪਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕੀਤੇ ਵੱਡੇ ਉਪਰਾਲੇ : ਸ਼ੈਰੀ ਕਲਸੀ

ਗੁਰਦਾਸਪੁਰ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ, ਪਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬਟਾਲਾ ਦੇ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਸ੍ਰੀ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ, ਪਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਦਾ ਵਿੱਦਿਅਕ, ਸਮਾਜਿਕ ਅਤੇ ਆਰਥਿਕ ਪੱਧਰ ਉੱਚਾ ਚੁੱਕਣ ਲਈ ਵੱਖ-ਵੱਖ ਸਕੀਮਾਂ ਲਾਗੂ ਕੀਤੀਆਂ। ਉਨ੍ਹਾਂ ਦੱਸਿਆ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਫ਼ਾਰ ਐਸ.ਸੀ ਸਟੂਡੈਂਟਸ ਸਕੀਮ ਤਹਿਤ ਸਾਲ 2024-25 ਲਈ ਵਿਦਿਆਰਥੀਆਂ ਦੇ ਵਜ਼ੀਫ਼ੇ ਲਈ 245.00 ਕਰੋੜ ਰੁਪਏ ਦੀ ਰਾਸ਼ੀ ਰਾਖਵੀਂ ਰੱਖੀ ਗਈ ਸੀ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਸਾਲ 2017-18 ਤੋਂ 2019-20 ਦੀ ਬਕਾਇਆ ਫ਼ੀਸ ਲਈ 40 ਫ਼ੀਸਦੀ ਦੀ ਅਦਾਇਗੀ ਸਾਲ 2024-25 ਦੇ ਬਜਟ ਉਪਬੰਧ ਵਿੱਚੋਂ 92.00 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਹ ਰਾਸ਼ੀ ਸਰਕਾਰੀ ਸੰਸਥਾਵਾਂ ਅਤੇ ਪੰਜਾਬ ਰਾਜ ਦੇ ਵਿਦਿਆਰਥੀ ਜੋ ਕਿ ਹੋਰ ਰਾਜਾਂ ਦੀਆਂ ਸੰਸਥਾਵਾਂ ਵਿੱਚ ਪੜ੍ਹਾਈ ਕਰ ਰਹੇ ਹਨ, ਨੂੰ ਅਦਾਇਗੀ ਲਈ ਜਾਰੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਸਾਲ 2024-25 ਅਧੀਨ ਸਕਾਲਰਸ਼ਿਪ ਸਕੀਮ ਅਧੀਨ 2 ਲੱਖ 60 ਹਜ਼ਾਰ ਵਿਦਿਆਰਥੀਆਂ ਦਾ ਟੀਚਾ ਰੱਖਿਆ ਗਿਆ ਹੈ, ਜਦਕਿ ਪੋਰਟਲ ਤੇ 2 ਲੱਖ 38 ਹਜ਼ਾਰ ਦੇ ਕਰੀਬ ਵਿਦਿਆਰਥੀ ਇਸ ਸਕੀਮ ਅਧੀਨ ਨਵੇਂ ਰਜਿਸਟਰਡ ਹੋਏ ਹਨ।

ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਅਨੁਸੂਚਿਤ ਜਾਤੀਆਂ ਦੇ 29411 ਲਾਭਪਾਤਰੀਆਂ, ਪਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੇ 15672 ਲਾਭਪਾਤਰੀਆਂ ਕੁੱਲ 45083 ਲਾਭਪਾਤਰੀਆਂ ਨੂੰ 229.93 ਕਰੋੜ ਰੁਪਏ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ।

ਮੇਅਰ ਵੱਲੋਂ ਕੋਈ ਵੀ ਕੰਮ ਪੈਂਡਿੰਗ ਨਾ ਛੱਡਣ ਦੀ ਹਦਾਇਤ

ਲੁਧਿਆਣਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਚਾਰਜ ਸੰਭਾਲਣ ਦੇ ਦੂਜੇ ਦਿਨ ਵੀ ਸ਼ਹਿਰ ਦੀ ਨਵ-ਨਿਯੁਕਤ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਐਕਸ਼ਨ ਮੋਡ ਵਿੱਚ ਨਜ਼ਰ ਆਏ। ਉਹ ਮਾਤਾ ਰਾਣੀ ਚੌਂਕ ਨਗਰ ਨਿਗਮ ਦੇ ਜ਼ੋਨ-ਏ ਦਫ਼ਤਰ ਪੁੱਜੀ ਜਿਥੇ ਉਨ੍ਹਾਂ ਪਹਿਲਾਂ ਪੂਰੀ ਨਿਗਮ ਬਿਲਡਿੰਗ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸਾਰੇ ਅਫਸਰਾਂ ਬਾਰੇ ਜਾਣਿਆ ਅਤੇ ਫਿਰ ਕੁਝ ਲੋਕਾਂ ਨੂੰ ਮਿਲੇ। ਇਸ ਤੋਂ ਬਾਅਦ ਪ੍ਰਿੰਸੀਪਲ ਇੰਦਰਜੀਤ ਕੌਰ ਮੇਅਰ ਨੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਵਿਕਾਸ ਕਾਰਜਾਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਇਸ ਤੋਂ ਬਾਅਦ ਉਹ ਨਗਰ ਨਿਗਮ ਦੇ ਜ਼ੋਨ-ਡੀ ਦਫ਼ਤਰ ਪੁੱਜੇ, ਜਿਥੇ ਉਨ੍ਹਾਂ ਨੇ ਅਧਿਕਾਰੀਆਂ ਨਾਲ ਮੁਲਾਕਾਤ ਤੇ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਦੇ ਨਾਲ ਵਿਧਾਨ ਸਭਾ ਕਮੇਟੀ ਦੇ ਚੇਅਰਮੈਨ ਅਤੇ ਹਲਕਾ ਉੱਤਰੀ ਦੇ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੀ ਮੌਜੂਦ ਸਨ।

ਨਵ-ਨਿਯੁਕਤ ਮੇਅਰ ਸਵੇਰੇ ਹੀ ਨਗਰ ਨਿਗਮ ਜ਼ੋਨ-ਏ ਪਹੁੰਚੇ। ਉਨ੍ਹਾਂ ਅਧਿਕਾਰੀਆਂ ਨੂੰ ਸਮੇਂ ਸਿਰ ਦਫ਼ਤਰ ਪੁੱਜ ਕੇ ਕੰਮ ਨਬੇੜਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਨਗਰ ਨਿਗਮ ਦਾ ਦਫ਼ਤਰ ਲੋਕਾਂ ਦੇ ਸਹੂਲਤ ਲਈ ਹੈ, ਉਸ ਵਿੱਚ ਬੈਠੇ ਅਧਿਕਾਰੀ ਲੋਕਾਂ ਦੀ ਸਹੂਲਤ ਲਈ ਕੰਮ ਕਰਨ। ਉਨ੍ਹਾਂ ਕਿਹਾ ਕਿ ਅਗਰ ਕਿਸੇ ਦੇ ਕੰਮ ਵਿੱਚ ਕੋਈ ਖ਼ਰਾਬੀ ਨਹੀਂ ਹੈ ਤਾਂ ਉਸ ਨੂੰ ਉਸ ਵੇਲੇ ਕੀਤਾ ਜਾਏ। ਕੋਈ ਕੰਮ ਪੈਂਡਿੰਗ ਨਾ ਪਾਇਆ ਜਾਵੇ।

ਕੌਮੀ ਸੜਕ ਸੁਰੱਖਿਆ ਮਹੀਨਾ ਦੀ ਗਤੀਵਿਧੀਆਂ ਦੀ ਲੜੀ ਤਹਿਤ ਟਰਾਂਸਪੋਰਟ ਵਿਭਾਗ ਤੇ ਸਿਹਤ ਵਿਭਾਗ ਵੱਲੋਂ ਮਿਲ ਕੇ ਲਗਾਇਆ ਅੱਖਾਂ ਦਾ ਚੈਕਅਪ ਕੈਂਪ

ਫਾਜ਼ਿਲਕਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸੜਕੀ ਦੁਰਘਟਨਾਂਵਾਂ ਦੀ ਰੋਕਥਾਮ ਦੇ ਮੱਦੇਨਜਰ ਮਨਾਏ ਜਾ ਰਹੇ ਕੌਮੀ ਸੜਕ ਸੁਰੱਖਿਆ ਮਹੀਨਾ ਤਹਿਤ ਰੀਜਨਲ ਟਰਾਂਸਪੋਰਟ ਅਫਸਰ ਸ. ਗੁਰਪਾਲ ਸਿੰਘ ਬਰਾੜ ਦੀ ਅਗਵਾਈ ਹੇਠ ਟਰਾਂਸਪੋਰਟ ਵਿਭਾਗ ਵੱਲੋਂ ਸਿਹਤ ਵਿਭਾਗ ਨਾਲ ਮਿਲਕੇ ਅੱਖਾਂ ਦਾ ਮੁਫਤ ਚੈਕਅਪ ਕੈਂਪ ਲਗਾਇਆ ਗਿਆ।ਟਰਾਂਸਪੋਰਟ ਵਿਭਾਗ ਦੇ ਨੁਮਾਇੰਦਿਆ ਨੇ ਕਿਹਾ ਕਿ ਵਹੀਕਲ ਚਲਾਉਣ ਸਮੇਂ ਸਾਨੂੰ ਸਰੀਰਕ ਤੌਰ *ਤੇ ਵੀ ਫਿਟ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖਾਸ ਕਰਕੇ ਅੱਖਾਂ ਦਾ ਚੈਕਅਪ ਕਰਵਾਉਂਦੇ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਡੀ ਅੱਖਾਂ ਦੀ ਨਜਰ ਠੀਕ ਹੋਵੇਗੀ ਤਾਂ ਹੀ ਅਸੀਂ ਠੀਕ ਢੰਗ ਨਾਲ ਵਹੀਕਲ ਚਲਾ ਪਾਵਾਂਗੇ। ਉਨ੍ਹਾਂ ਕਿਹਾ ਕਿ ਜੇਕਰ ਠੀਕ ਢੰਗ ਨਾਲ ਦੇਖ ਨਹੀਂ ਪਾਵਾਂਗੇ ਤਾਂ ਖੁਦ ਦੇ ਨਾਲ-ਨਾਲ ਕਿਸੇ ਹੋਰ ਦੀ ਜਾਨ ਨੂੰ ਵੀ ਖਤਰੇ ਵਿਚ ਪਾਵਾਂਗੇ।ਇਸ ਮੌਕੇ ਓਥੈਲਮਿਕ ਅਫਸਰ ਅਰਸ਼ਿਤਾ ਨੇ ਅੱਖਾਂ ਦੇ ਜਾਂਚ ਕੈਂਪ ਦੌਰਾਨ ਬਸਾਂ ਤੇ ਵਹੀਕਲ ਚਲਾਉਣ ਵਾਲਿਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਅਤੇ ਲੋੜੀਂਦੀਆਂ ਸਲਾਹ ਦਿੱਤੀਆਂ। ਉਨ੍ਹਾਂ ਕਿਹਾ ਕਿ ਰੋਜਾਨਾ ਵਹੀਕਲ ਚਲਾਉਣ ਵਾਲਿਆਂ ਨੂੰ ਵਿਸ਼ੇਸ਼ ਤੌਰ *ਤੇ ਆਪਣੀਆਂ ਅੱਖਾਂ ਦਾ ਚੈਕਅਪ ਕਰਵਾਉਂਦੇ ਰਹਿਣਾ ਚਾਹੀਦਾ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਐਨਸੀਸੀ ਕੈਡੇਟ ਤੇ ਏਐਨਓ ਦੇ ਮੇਸ ਭੱਤੇ ਨੂੰ ਵਧਾਉਣ ਦੇ ਲਈ ਦਿੱਤੀ ਮੰਜੂਰੀ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੂਬੇ ਦੇ ਐਨਸੀਸੀ ਕੈਡੇਟਾਂ ਤੇ ਏਐਨਓ ਨੂੰ ਐਨਸੀਸੀ ਕੈਂਪਾਂ ਤੇ ਹੋਰ ਗਤੀਵਿਧੀਆਂ ਲਈ ਮੇਸ ਭੱਤੇ ਦੀ ਦਰਾਂ ਨੂੰ 150 ਰੁਪਏ ਤੋਂ ਵਧਾ ਕੇ 220 ਰੁਪਏ ਪ੍ਰਤੀ ਵਿਅਕਤੀ ਰੋਜਾਨਾ ਕਰਨ ਦੇ ਪ੍ਰਸਤਾਵ ਨੂੰ ਮੰਜੂਰੀ ਪ੍ਰਦਾਨ ਕੀਤੀ ਹੈ। ਇਹ ਭੱਤਾ 22 ਮਈ, 2024 ਤੋਂ ਪ੍ਰਭਾਵੀ ਹੋਵੇਗਾ।

ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਐਨਸੀਸੀ ਕੈਡੇਟਾਂ ਅਤੇ ਏਸੋਸਇਏਟੇਡ ਐਨਸੀਸੀ ਅਧਿਕਾਰੀਆਂ (ਏਐਨਜੀ) ਦੇ ਸਬੰਧ ਵਿਚ ਮੇਸ ਭੱਤੇ ਨੂੰ ਵਧਾਇਆ ਗਿਆ ਹੈ।

ਮੇਸ ਸੇਲਿੰਗ/ਸਾਈਕਲਿੰਗ ਮੁਹਿੰਮਾਂ ਸਮੇਤ ਵੱਖ-ਵੱਖ ਐਨਸੀਸੀ ਕੈਂਪਾਂ ਵਿਚ ਹਿੱਸਾ ਲੈਂਦੇ ਹਨ। ਮੇਸ ਭੱਤੇ ਦੀ ਦਰਾਂ ਨੂੰ 150 ਰੁਪਏ ਤੋਂ ਵਧਾ ਕੇ 220 ਰੁਪਏ ਪ੍ਰਤੀ ਵਿਅਕਤੀ ਰੋਜਾਨਾ ਕਰਨ ਨਾਲ ਰਾਜ ਦੇ 25 ਫੀਸਦੀ ਹਿੱਸੇ ਲਈ ਪ੍ਰਤੀ ਸਾਲ 26.50 ਲੱਖ ਰੁਪਏ ਦੀ ਮਾਲੀ ਭਾਰ ਪਵੇਗਾ।

ਉਨ੍ਹਾਂ ਨੇ ਦਸਿਆ ਕਿ ਸੂਬੇ ਵਿਚ ਐਨਸੀਸੀ ਗਰੁੱਪ ਹੈਡਕੁਆਟਰ ਰੋਹਤਕ ਵਿਚ ਏਐਨਓ 132 ਅਤੇ ਐਨਸੀਸੀ ਕੈਡੇਟ 9794 ਹਨ। ਇਸੀ ਤਰ੍ਹਾਂ, ਐਨਸੀਸੀ ਗਰੁੱਪ ਹੈਡਕੁਆਟਰ ਅੰਬਾਲਾ ਵਿਚ ਏਐਨਓ 120 ਅਤੇ ਐਨਸੀਸੀ ਕੈਡੇਟ 10732 ਹੈ।

ਹਰਿਆਣਾ ਦੇ ਟਰਾਂਸਪੋਰਟ ਮੰਤਰੀ ਸ਼੍ਰੀ ਅਨਿਲ ਵਿਜ ਜੈਪੁਰ ਵਿੱਚ ਵੱਖ-ਵੱਖ ਰਾਜਾਂ ਦੇ ਊਰਜਾ ਮੰਤਰੀਆਂ ਦੀ ਮੀਟਿੰਗ ਵਿੱਚ ਸ਼ਾਮਲ ਹੋਣ ਤੋਂ ਬਾਅਦ ਵਾਪਸ ਆਉਂਦੇ ਹੋਏ ਨੰਗਲ ਚੌਧਰੀ ਵਿੱਚ ਪਿੰਡ ਵਾਸੀਆਂ ਨਾਲ ਗੱਲਬਾਤ ਕਰਦੇ ਹੋਏ।

ਇਸ ਤੋਂ ਇਲਾਵਾ, ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮੰਗਲ ਨਗਰ ਵਿਕਾਸ ਯੋਜਨਾ ਤਹਿਤ ਬੂਸਟਿੰਗ ਸਟੇਸ਼ਨ, ਸੈਕਟਰ-29 ਤੋਂ ਸੈਕਟਰ-28, ਬਹਾਦੁਰਗੜ੍ਹ ਤੱਕ ਨਵਾਂ ਸੈਕਟਰ ਡਿਵਾਈਡਿੰਗ ਰੋਡ 7/4ਏ ਤੋਂ ਸੈਕਟਰ 35/36, ਬਹਾਦੁਰਗੜ੍ਹ ਤੱਤ ਰਾਈਜਿੰਗ ਵਿਛਾਉਣ ਲਈ 479.27 ਲੱਖ ਰੁਪਏ (ਅੰਦਾਜਾ ਲਾਗਤ) ਦੀ ਰਕਮ ਨੂੰ ਪ੍ਰਸ਼ਾਸ਼ਨਿਕ ਮੰਜੂਰੀ ਪ੍ਰਦਾਨ ਕੀਤੀ ਹੈ।

ਹਰਿਆਣਾ ਦੇ ਟਰਾਂਸਪੋਰਟ ਮੰਤਰੀ ਸ਼੍ਰੀ ਅਨਿਲ ਵਿਜ ਜੈਪੁਰ ਵਿੱਚ ਵੱਖ-ਵੱਖ ਰਾਜਾਂ ਦੇ ਊਰਜਾ ਮੰਤਰੀਆਂ ਦੀ ਮੀਟਿੰਗ ਵਿੱਚ ਸ਼ਾਮਲ ਹੋਣ ਤੋਂ ਬਾਅਦ ਵਾਪਸ ਆਉਂਦੇ ਹੋਏ ਨੰਗਲ ਚੌਧਰੀ ਵਿੱਚ ਪਿੰਡ ਵਾਸੀਆਂ ਨਾਲ ਗੱਲਬਾਤ ਕਰਦੇ ਹੋਏ।

ਸਿਵ ਭੋਲਾ ਸੇਵਾ ਸੰਮਤੀ ਵੱਲੋਂ ਜ਼ਰੂਰਤਮੰਦ ਲੜਕੀਆਂ ਦੇ ਵਿਆਹ 2 ਮਾਰਚ ਨੂੰ

ਧੂਰੀ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਧੂਰੀ ਦੀ ਮੋਹਰੀ ਸਮਾਜ ਸੇਵੀ ਸੰਸਥਾ ਸਿਵ ਭੋਲਾ ਸੇਵਾ ਸੰਮਤੀ ਰਣੀਕੇ ਰਜਿ ਧੂਰੀ ਵੱਲੋ 2 ਮਾਰਚ ਦਿਨ ਐਤਵਾਰ ਨੂੰ ਮੰਗਲਾ ਆਸ਼ਰਮ ਗਊ ਸ਼ਾਲਾ ਵਿਖੇ ਜਰੂਰਤਮੰਦ ਲੜਕੀਆ ਦੇ ਵਿਆਹ ਕਰਵਾਏ ਜਾ ਰਹੇ ਹਨ। ਉਸ ਦੇ ਸੰਬੰਧ ਵਿੱਚ ਸੰਮਤੀ ਵੱਲੋ ਰਾਮਗੜ੍ਹੀਆ ਗੁਰਦੁਆਰਾ ਸਾਹਿਬ ਦੇ ਨੇੜੇ ਦਫ਼ਤਰ ਖੋਲਿਆ ਗਿਆ ਹੈ। ਜਿਸਦਾ ਉਦਘਾਟਨ ਆਪ ਆਗੂ ਸਤਿੰਦਰ ਸਿੰਘ ਚੱਠਾ ਨੇ ਪੂਜਾ ਕਰਵਾਕੇ ਕੀਤਾ ਗਿਆ।ਇਸ ਮੋਕੇ ਉਹਨਾ ਕਿਹਾ ਕਿ ਸੰਮਤੀ ਵੱਲੋ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮ ਸ਼ਲਾਘਾਯੋਗ ਹਨ। ਜਰੂਰਤਮੰਦ ਲੜਕੀਆ ਦੇ ਕੰਨਿਆ ਦਾਨ ਕਰਨਾ ਸਭ ਤੋ ਉਤਮ ਦਾਨ ਹੈ। ਜਿਸ ਵਿੱਚ ਸਾਡਾ ਸਾਰਿਆ ਦਾ ਫਰਜ ਬਨਦਾ ਹੈ ਕਿ ਵੱਧ ਚੜ੍ਹ ਕੇ ਸੰਸਥਾ ਦਾ ਸਹਿਯੋਗ ਕਰੀਏ। । ਇਸ ਮੋਕੇ ਸੰਸਥਾ ਦੇ ਚੇਅਰਮੈਨ ਜਨਕ ਰਾਜ ਮੀਮਸਾ ਅਤੇ ਪ੍ਰਧਾਨ ਰਾਜਿੰਦਰ ਸ਼ਰਮਾ ਨੇ ਲੋਕਾ ਨੂੰ ਅਪੀਲ ਕੀਤੀ ਕਿ 2 ਮਾਰਚ ਨੂੰ ਕੀਤੇ ਜਾਣ ਵਾਲੇ ਲੜਕੀਆ ਦੇ ਵਿਆਹ ਵਿੱਚ ਵੱਧ ਤੋ ਵੱਧ ਯੋਗਦਾਨ ਦੇਕੇ ਪੁੰਨ ਦੇ ਭਾਗੀਦਾਰ ਬਣੋ। ਇਸ ਮੋਕੇ ਸ਼ੁਰੇਸ ਬਾਂਸਲ, ਸਾਬਕਾ ਕੌਂਸਲਰ ਅਸ਼ਵਨੀ ਧੀਰ, ਕੌਂਸਲਰ ਰਿੰਕੂ ਚੋਧਰੀ,ਸੁਖਵਿੰਦਰ ਸਿੰਘ, ਮੇਘ ਰਾਜ, ਜੈਦੇਵ ਸ਼ਰਮਾ, ਸੁਰਜੀਤ ਪੇਂਟਰ,ਰਵਿੰਦਰ ਭੋਲਾ, ਮੁਖਤਿਆਰ ਸਿੰਘ, ਸੱਜਨ ਕੁਮਾਰ, ਸੁਰਿੰਦਰ ਕੁਮਾਰ ਅਤੇ ਮਨਜੀਤ ਬਖਸ਼ੀ ਆਦਿ ਹਾਜ਼ਰ ਸਨ।

ਅਹਦ ਤੇ ਅਹਿਦੀਅਤ

ਅੱਲਾਹ ਪਾਕ ਦਾ ਇਕ ਨਾਂ ਅਹਦ ਵੀ ਹੈ। ਇਹ ਨਾਂ ਕੁਰਆਨ ਮਜੀਦ ਦੀ ਸੂਰਹਾ ਇਖਲਾਸ ਦੀ ਪਹਿਲੀ ਆਇਤ ਵਿਚ ਆਇਆ ਹੈ। ਹਦੀਸ ਸ਼ਰੀਫ਼ ਵਿਚ ਅੱਲਾਹ ਤਆਲਾ ਦੇ ਜਿਹੜੇ 99 ਨਾਵਾਂ ਦਾ ਜ਼ਿਕਰ ਹੈ, ਉਨ੍ਹਾਂ ਵਿੱਚੋਂ ਵੀ ਇਕ ਨਾਂ ਅਲ-ਅਹਿਦ ਹੈ, ਜਿਸ ਦਾ ਭਾਵ ਹੈ- ਅਕੇਲਾ, ਇੱਕੋ ਇਕ, ਜਿਸ ਦਾ ਕੋਈ ਸ਼ਰੀਕ ਨਹੀ, ਜੋ ਅਦੁੱਤੀ ਹੈ।

ਸੂਫ਼ੀ ਦਰਵੇਸ਼ਾਂ ਮੁਤਾਬਿਕ ਅਹਦੀਅਤ ਅੱਲਾਹ ਤਆਲਾ ਦਾ ਇਕ ਮਰਤਬਾ ਹੈ, ਜਦੋਂ ਉਹ ਇਕੱਲਾ ਸੀ, ਉਸ ਨੇ ਅਜੇ ਸ੍ਰਿਸ਼ਟੀ-ਰਚਨਾ ਦਾ ਸੰਕਲਪ ਨਹੀ ਸੀ ਕੀਤਾ। ਹਦੀਸ ਸ਼ਰੀਫ਼ ਦੀ ਰਵਾਇਤ ਮੁਤਾਬਿਕ ਜ਼ਿਕਰ ਹੈ ਕਿ ਅੱਲਾਹ ਇਕ ਛੁਪਿਆ ਖਜ਼ਾਨਾ ਸੀ, ਜਿਸ ਨੇ ਚਾਹਿਆ ਕਿ ਉਹ ਪਹਿਚਾਣਿਆ ਜਾਵੇ, ਇਸ ਲਈ ਉਸ ਨੇ ਖ਼ਲਕਤ ਨੂੰ ਪੈਦਾ ਕੀਤਾ। ਇਸ ਲਈ ਰੱਬ ਜਦੋਂ ਛੁਪਿਆ ਖਜ਼ਾਨਾ ਸੀ, ਉਸ ਦਾ ਇਹ ਮਰਤਬਾ ਅਹਦੀਅਤ ਕਹਿਲਾਉਂਦਾ ਹੈ। ਇਸ ਸਮੇਂ ਕੁਝ ਵੀ ਨਹੀ ਸੀ, ਸਿਰਫ਼ ਤੇ ਸਿਰਫ਼ ਅੱਲਾਹ ਹੀ ਸੀ। ਸੂਫ਼ੀ ਦਰਵੇਸ਼ਾਂ ਦੀ ਮਾਨਤਾ ਹੈ ਕਿ ਮਰਤਬਾ-ਏ-ਅਹਦੀਅਤ ਨੂੰ ਸਮਝਣਾ ਅਤੇ ਬਿਆਨ ਕਰਨਾ ਮਨ, ਬੁੱਧੀ ਅਤੇ ਅਕਲ ਦਾ ਵਿਸ਼ਾ ਨਹੀ ਹੈ।

• ਪ੍ਰੋ. ਗੁਰਚਰਨ ਸਿੰਘ ਤਲਵਾੜਾ
94634-63193

ਆਚਰਣ-ਸ਼ਾਲਾ

ਜਦੋਂ ਰਾਵਣ ਨੇ ਆਪਣੇ ਰਾਜ ਵਿਚ ਵਿਗਿਆਨਕ ਤਰੱਕੀ ਦੀ ਸਿਖ਼ਰ ਛੋਹ ਲਈ ਤਾਂ ਉਸ ਨੇ ਕੁਕੁਤ ਮਨੀ ਅੱਗੇ ਅਰਜ਼ ਕੀਤੀ ਕਿ ਉਹ ਇਕ ਵਾਰ ਲੰਕਾ ਆ ਕੇ ਉਸ ਦੇ ਰਾਜ ਦੀਆਂ ਪ੍ਰਾਪਤੀਆਂ ਵੇਖਣ। ਕੁਕੁਤ ਮੁਨੀ ਨੇ ਇਨਕਾਰ ਕਰ ਦਿੱਤਾ ਪਰ ਅਖ਼ੀਰ ਰਾਵਣ ਨੇ ਉਨ੍ਹਾਂ ਨੂੰ ਮਨਾ ਲਿਆ ਤੇ ਬੜੇ ਉਤਸ਼ਾਹ ਨਾਲ ਉਨ੍ਹਾਂ ਨੂੰ ਲੰਕਾ ਲੈ ਗਿਆ।

ਰਾਵਣ ਨੇ ਉਨ੍ਹਾਂ ਨੂੰ ਰਾਜ ਮਹਿਲ ਵਿਖਾਏ ਪਰ ਰਾਵਣ ਦਾ ਅਸਲ ਮਾਣ ਉਹਦੀ ਵਿਗਿਆਨ-ਸ਼ਾਲਾ ਸੀ, ਜਿੱਥੇ ਧਰਤੀ, ਪੌਣ, ਪਾਣੀ, ਅਗਨੀ ਆਦਿ ਤੱਤਾਂ ਦਾ ਸਿਲਸਿਲੇਵਾਰ ਮੁਤਾਲਿਆ ਕੀਤਾ ਜਾ ਰਿਹਾ ਸੀ।

ਕੁਕੁਤ ਮੁਨੀ ਨੇ ਰਾਵਣ ਦੀ ਪ੍ਰਸ਼ੰਸਾ ਕੀਤੀ ਕਿ ਉਹਦੇ ਰਾਜ ਵਿਚ ਏਨਾ ਵਿਗਿਆਨਕ ਕਾਰਜ ਹੋ ਰਿਹਾ ਹੈ। ਉਸ ਤੋਂ ਬਾਅਦ ਰਾਵਣ ਨੇ ਕੁਕੁਤ ਮੁਨੀ ਨੂੰ ਆਪਣੀ ਅਸਤਰ-ਸ਼ਾਲਾ ਵਿਖਾਈ, ਜਿੱਥੇ ਬ੍ਰਹਮ-ਅਸਤਰ ਤਿਆਰ ਕੀਤੇ ਜਾ ਰਹੇ ਸਨ, ਅਗਨੀ ਅਸਤਰ ਵੀ ਤੇ ਜਲ ਅਸਤਰ ਵੀ। ਨਾਲ ਹੀ ਰਾਵਣ ਨੇ ਮੁਨੀ ਜੀ ਨੂੰ ਆਪਣੀ ਚਕਿਤਸਾ-ਸ਼ਾਲਾ ਵੀ ਵਿਖਾਈ, ਜਿੱਥੇ ਕਈ ਤਰ੍ਹਾਂ ਦੀਆਂ ਜੜ੍ਹੀਆਂ-ਬੂਟੀਆਂ ਦੀ ਵਿਗਿਆਨਕ ਖੋਜ ਹੋ ਰਹੀ ਸੀ।

ਇਹ ਉਸ ਵੇਲੇ ਦੀਆਂ ਵੱਡੀਆਂ ਪ੍ਰਾਪਤੀਆਂ ਸਨ। ਇਨ੍ਹਾਂ ਨੂੰ ਵੇਖ ਕੇ ਕੁਕੁਤ ਮੁਨੀ ਨੇ ਰਾਵਣ ਦੀ ਬਹੁਤ ਪ੍ਰਸ਼ੰਸਾ ਕੀਤੀ ਪਰ ਨਾਲ ਹੀ ਆਖਿਆ, 'ਰਾਵਣ, ਇਹ ਸਭ ਕੁਝ ਬਹੁਤ ਜਲਦੀ ਹੀ ਸਮਾਪਤ ਹੋ ਜਾਵੇਗਾ।'

ਰਾਵਣ ਨੇ ਹੈਰਾਨ ਹੋ ਕੇ ਪੁੱਛਿਆ, 'ਕਿਹੜੇ ਅਸਤਰਾਂ ਨਾਲ? ਮੇਰੀ ਅਸਤਰ—ਸਾਲਾ ਵਿਚ ਜੋ ਅਸਤਰ ਤਿਆਰ ਕੀਤੇ ਗਏ ਹਨ, ਉਨ੍ਹਾਂ ਦੇ ਮੁਕਾਬਲੇ ਕਿਹਦੇ ਕੋਲ ਅਜਿਹੇ ਅਸਤਰ ਹਨ?'

ਕੁਕੁਤ ਮੁਨੀ ਮੁਸਕਰਾਏ ਤੇ ਆਖਣ ਲੱਗੇ, 'ਤੇਰੇ ਰਾਜ ਵਿਚ ਕੋਈ ਆਚਰਣ-ਸ਼ਾਲਾ ਨਹੀ ਹੈ, ਇਸ ਲਈ ਤੇਰੇ ਇਨ੍ਹਾਂ ਅਸਤਰਾਂ-ਸ਼ਸਤਰਾਂ ਦੀ ਚਮਕ ਫਿੱਕੀ ਪੈ ਜਾਵੇਗੀ ਤੇ ਕਿਰਦਾਰ ਦੀ ਗਿਰਾਵਟ ਹੀ ਤੇਰੇ ਰਾਜ ਦੇ ਪਤਨ ਦਾ ਕਾਰਨ ਬਣੇਗੀ।' •



ਰਾਗ ਗੂਜਰੀ

ਇਕਵਾਕ ਸਿੰਘ ਪੱਟੀ

ਸਮੁੱਚੀ ਮਾਨਵਤਾ ਦੇ ਸਰਬ ਸਾਂਝੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਪੰਜਵੇਂ ਨਾਨਕ ਗੁਰੂ ਅਰਜਨ ਦੇਵ ਜੀ ਵੱਲੋਂ ਭਾਈ ਗੁਰਦਾਸ ਜੀ ਕੋਲੋਂ ਦਰਜ ਕਰਵਾਈ ਗਈ ਬਾਣੀ ਰਾਗਾਂ ਦੇ ਅਧੀਨ ਹੈ। ਗੁਰੂ ਗ੍ਰੰਥ ਸਾਹਿਬ ਵਿਚ ਕੁਝ ਬਾਣੀ ਰਾਗ ਮੁਕਤ ਵੀ ਹੈ ਪਰ ਜ਼ਿਆਦਾਤਰ ਬਾਣੀ ਰਾਗਾਂ ਦੇ ਅਧੀਨ ਹੈ। ਸਭ ਤੋਂ ਸ੍ਰੇਸ਼ਟ ਰਾਗ ਬਾਰੇ ਗੁਰੂ ਰਾਮਦਾਸ ਜੀ ਫ਼ੁਰਮਾਉਂਦੇ ਹਨ, 'ਸਭਨਾ ਰਾਗਾਂ ਵਿਚਿ ਸੋ ਭਲਾ ਭਾਈ ਜਿਤੁ ਵਸਿਆ ਮਨਿ ਆਇ॥' ਭਾਵ ਉਹੀ ਰਾਗ ਸਫ਼ਲ ਹੈ ਜਿਸ ਨੂੰ ਸੁਣਦਿਆਂ-ਪੜ੍ਹਦਿਆਂ, ਗਾਉਂਦਿਆਂ ਹੋਇਆਂ ਸ੍ਰਿਸ਼ਟੀ ਦਾ ਕਰਤਾ ਪਰਮਾਤਮਾ ਚੇਤੇ ਆ ਜਾਵੇ। ਅੱਜ ਜਾਣਦੇ ਹਾਂ ਗੁਰੂ ਸਾਹਿਬ ਵੱਲੋਂ ਉਚਾਰੇ 31 ਰਾਗਾਂ ਵਿੱਚੋਂ ਪੰਜਵੇਂ ਸਥਾਨ 'ਤੇ ਆਉਣ ਵਾਲੇ ਰਾਗ 'ਗੂਜਰੀ' ਬਾਰੇ..

ਗੁਰੂ ਗ੍ਰੰਥ ਸਾਹਿਬ ਦੀ ਬਾਣੀ ਨੂੰ ਦਿੱਤੀ ਗਈ ਰਾਗ ਤਰਤੀਬ 'ਚ ਰਾਗ ਗੂਜਰੀ ਪੰਜਵੇਂ ਸਥਾਨ 'ਤੇ ਆਉਂਦਾ ਹੈ। ਗੂਜਰੀ ਰਾਗ ਗੁਰੂ ਗ੍ਰਾਂਥ ਸਾਹਿਬ ਦੇ ਪੰਨਾ ਨੰਬਰ 489 ਤੋਂ ਪੰਨਾ ਨੰਬਰ 526 ਤਕ ਸੁਸ਼ੋਭਿਤ ਹੈ।



ਰਾਗ ਨਾਦ
ਸਬਦਿ ਸੋਹਣੇ

ਇਸ ਰਾਗ ਵਿਚ ਗੁਰੂ ਨਾਨਕ ਦੇਵ ਜੀ, ਗੁਰੂ ਅਮਰਦਾਸ ਜੀ, ਗੁਰੂ ਰਾਮਦਾਸ ਜੀ, ਗੁਰੂ ਅਰਜਨ ਦੇਵ ਜੀ ਦੀ ਉਚਾਰਣ ਕੀਤੀ ਗਈ ਬਾਣੀ ਸ਼ਾਮਲ ਹੈ। ਇਸ ਰਾਗ ਵਿਚ ਤੀਸਰੇ ਪਾਤਸ਼ਾਹ ਅਤੇ ਪੰਜਵੇਂ ਪਾਤਸ਼ਾਹ ਵੱਲੋਂ ਬਾਣੀ ਵਾਰਾਂ ਵਿਚ ਉਚਾਰਣ ਕੀਤੀ ਹੋਈ ਵੀ ਸ਼ਾਮਲ ਹੈ। ਗੂਜਰੀ ਕੀ ਵਾਰ ਮਹਲਾ 3 ਦੀਆਂ ਪਉੜੀਆਂ ਵਿੱਚੋਂ ਚੌਥੀ ਪਉੜੀ ਨਾਲ ਪਹਿਲਾ ਸਲੋਕ ਭਗਤ ਕਬੀਰ ਜੀ ਦਾ ਹੈ ਅਤੇ ਬਾਕੀ ਗੁਰੂ ਅਮਰਦਾਸ ਜੀ ਦੇ ਹੀ ਹਨ। ਭਗਤ ਸਾਹਿਬਾਨਾਂ ਵੱਲੋਂ ਇਸ ਰਾਗ ਵਿਚ ਉਚਾਰਣ ਕੀਤੀ ਗਈ ਬਾਣੀ ਵਿੱਚੋਂ ਭਗਤ ਕਬੀਰ ਜੀ, ਭਗਤ ਨਾਮਦੇਵ ਜੀ, ਭਗਤ ਰਵਿਦਾਸ ਜੀ, ਭਗਤ ਤ੍ਰਿਲੋਚਨ ਜੀ ਤੇ ਭਗਤ ਜੈ ਦੇਵ ਜੀ ਦੀ ਬਾਣੀ ਸੁਸ਼ੋਭਿਤ ਹੈ।

ਸੰਗੀਤਕ ਤੇ ਇਤਿਹਾਸ ਪੱਖ ਤੋਂ ਇਸ ਰਾਗ ਬਾਰੇ ਕੁਝ ਸੰਗੀਤਕ ਗ੍ਰੰਥਾਂ ਤੋਂ ਵੀ ਕੁਝ ਜਾਣਕਾਰੀ ਮਿਲ ਜਾਂਦੀ ਹੈ। ਇਸ ਰਾਗ ਦੀ ਉਤਪਤੀ ਗੁਜਰਾਤ ਵਿਚ ਹੋਈ ਮੰਨੀ ਜਾਂਦੀ ਹੈ, ਜਿਸ ਕਰਕੇ ਇਸ ਰਾਗ ਦਾ ਨਾਂ ਗੂਜਰੀ ਪੈ ਗਿਆ ਆਖਿਆ ਜਾਂਦਾ ਹੈ ਅਤੇ ਦੂਜੇ ਪਾਸੇ ਗਵਾਲੀਅਰ ਦੇ ਮਹਾਰਾਜਾ ਮਾਨ ਸਿੰਘ ਤੋਮਰ ਦੀ ਗੂਜਰੀ ਰਾਣੀ ਮ੍ਰਿਗ ਨੈਣੀ ਨੂੰ ਵੀ ਇਸ ਰਾਗ ਦੀ ਜਨਮਦਾਤੀ ਮੰਨਿਆ ਜਾਂਦਾ ਹੈ।

ਭਾਰਤੀ ਸ਼ਾਸਤਰੀ ਸੰਗੀਤ ਵਿਚ ਇਸ ਨੂੰ ਗੂਜਰੀ ਤੋੜੀ ਰਾਗ ਵਜੋਂ ਜਾਣਿਆ ਜਾਂਦਾ ਹੈ। ਮਹਾਨ ਕੋਸ਼ ਦੇ ਪੰਨਾ ਨੰਬਰ 424 'ਤੇ ਭਾਈ ਕਾਨ੍ਹ ਸਿੰਘ ਲਿਖਦੇ ਹਨ, 'ਇਹ ਟੋਡੀ ਰਾਗ ਦੀ ਇਕ ਰਾਗਣੀ ਹੈ ਅਤੇ ਇਸ ਵਿਚ ਪੰਚਮ ਵਰਜਿਤ ਹੈ। ਧੈਵਤ ਵਾਦੀ ਅਤੇ ਰਿਸ਼ਭ ਸੰਵਾਦੀ ਹੈ। ਰਿਸ਼ਭ, ਗਾਂਧਾਰ, ਧੈਵਤ ਕੋਮਲ, ਮੱਧਮ ਤੀਵਰ, ਨਿਸ਼ਾਦ ਸ਼ੁੱਧ ਹੈ ਅਤੇ ਗਾਉਣ ਦਾ ਵੇਲਾ ਚਾਰ ਘੜੀ ਦਿਨ ਚੜ੍ਹੇ (ਪਹਿਲੇ ਪਹਿਰ) ਦਾ ਹੈ।' •

98150-24920



ਸ੍ਰੀ ਨਨਕਾਣਾ ਸਾਹਿਬ ਦਾ ਸ਼ਹੀਦੀ ਸਾਕਾ



ਗੁਰਦੁਆਰਾ ਸਾਹਿਬਾਨ ਨੂੰ ਬਦ-ਇਖ਼ਲਾਕ ਮਹੰਤਾਂ ਪਾਸੋਂ ਮੁਕਤ ਕਰਵਾ ਕੇ ਗੁਰਮਤਿ ਅਨੁਸਾਰ ਪ੍ਰਬੰਧ ਚਲਾਉਣ ਦੇ ਯਤਨ ਨੂੰ ਇਤਿਹਾਸ ਵਿਚ 'ਗੁਰਦੁਆਰਾ ਸੁਧਾਰ ਲਹਿਰ' ਦੇ ਨਾਂ ਨਾਲ ਜਾਣਿਆ ਜਾਂਦਾ ਹੈ...

ਭਾਈ ਗੋਬਿੰਦ ਸਿੰਘ ਲੌਂਗੋਵਾਲ

ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਉਹ ਮੁਕੱਦਸ ਅਸਥਾਨ ਹੈ, ਜਿਥੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਹੋਇਆ। ਗੁਰੂ ਸਾਹਿਬ ਦੇ ਆਗਮਨ ਸਮੇਂ ਇਹ ਨਗਰ ਰਾਏ ਭੋਇ ਦੀ ਤਲਵੰਡੀ ਕਰਕੇ ਜਾਣਿਆ ਜਾਂਦਾ ਸੀ। ਗੁਰੂ ਸਾਹਿਬ ਦੇ ਪ੍ਰਕਾਸ਼ ਤੋਂ ਬਾਅਦ ਇਸ ਦਾ ਨਾਂ ਸ੍ਰੀ ਨਨਕਾਣਾ ਸਾਹਿਬ ਮਸ਼ਹੂਰ ਹੋਇਆ। ਭਾਰਤ-ਪਾਕਿ ਵੰਡ ਸਮੇਂ ਬੇਸ਼ੱਕ ਇਹ ਅਸਥਾਨ ਪਾਕਿਸਤਾਨ ਵਿਚ ਚਲਾ ਗਿਆ ਪਰ ਸਮੁੱਚੇ ਵਿਸ਼ਵ ਦੀਆਂ ਸੰਗਤਾਂ ਇਸ ਇਤਿਹਾਸਕ ਅਸਥਾਨ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਨਤਮਸਤਕ ਹੁੰਦੀਆਂ ਹਨ।

ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ 20 ਫਰਵਰੀ 1921 ਨੂੰ ਵਾਪਰੇ ਸ਼ਹੀਦੀ ਸਾਕੇ ਨੂੰ 'ਸਾਕਾ ਨਨਕਾਣਾ ਸਾਹਿਬ' ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਇਸ ਸਾਕੇ ਸਮੇਂ ਵੱਡੀ ਗਿਣਤੀ 'ਚ ਸਿੱਖਾਂ ਦੀਆਂ ਸ਼ਹਾਦਤਾਂ ਹੋਈਆਂ। ਸਾਕੇ ਦੇ ਪਿਛੋਕੜ 'ਚ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੇ ਕਾਬਜ਼ ਮਹੰਤ ਨਰੈਣੂ ਦੀਆਂ ਮਨਮਾਨੀਆਂ ਤੇ ਅਯਾਸ਼ ਕਿਸਮ ਦੀਆਂ ਕਾਰਵਾਈਆਂ ਸਨ। ਗੁਰਦੁਆਰਾ ਸਾਹਿਬ ਨੂੰ ਅਯਾਸ਼ ਮਹੰਤ ਦੇ ਕਬਜ਼ੇ ਤੋਂ ਮੁਕਤ ਕਰਵਾਉਣ ਲਈ ਬੇਸ਼ੱਕ ਸਿੱਖਾਂ ਨੂੰ ਅਣਗਿਣਤ ਕੁਰਬਾਨੀਆਂ ਦੇਣੀਆਂ ਪਈਆਂ ਪਰੰਤੂ ਇਸ ਸਾਕੇ ਤੋਂ ਬਾਅਦ ਜਿਥੇ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਪੰਥਕ ਹੱਥਾਂ 'ਚ ਆਇਆ, ਉੱਥੇ ਸਮੁੱਚਾ ਪੰਥ ਕੌਮੀ ਸੰਗਠਨ ਨਾਲ ਗੁਰਦੁਆਰਾ ਸਾਹਿਬਾਨ ਦੀ ਆਜ਼ਾਦੀ ਲਈ ਉੱਠ ਖੜ੍ਹਾ ਹੋਇਆ।

ਗੁਰਦੁਆਰਾ ਸਾਹਿਬਾਨ ਨੂੰ ਅਜਿਹੇ ਬਦ-ਇਖ਼ਲਾਕ ਮਹੰਤਾਂ ਪਾਸੋਂ ਮੁਕਤ ਕਰਵਾ ਕੇ ਗੁਰਮਤਿ ਅਨੁਸਾਰ ਪ੍ਰਬੰਧ ਚਲਾਉਣ ਦੇ ਯਤਨ ਨੂੰ ਇਤਿਹਾਸ ਵਿਚ 'ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ' ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਉਸ ਸਮੇਂ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਉਦਾਸੀ, ਨਿਰਮਲੇ ਸਾਧੂ, ਸੰਪਰਦਾਵਾਂ ਕਰਦੀਆਂ ਸਨ। ਮਹਾਰਾਜਾ ਰਣਜੀਤ ਸਿੰਘ ਨੇ ਗੁਰਦੁਆਰਾ ਸਾਹਿਬਾਨ ਦੇ ਨਾਂ ਜ਼ਮੀਨਾਂ ਤੇ ਜਗੀਰਾਂ ਲਗਵਾਈਆਂ ਤੇ ਗੁਰਦੁਆਰਾ ਸਾਹਿਬਾਨ ਦੀਆਂ ਨਵੀਆਂ ਇਮਾਰਤਾਂ ਤਿਆਰ ਕਰਵਾਈਆਂ। ਪੰਜਾਬ ਉੱਤੇ ਅੰਗਰੇਜ਼ਾਂ ਦੇ ਕਾਬਜ਼ ਹੋਣ ਪਿੱਛੋਂ ਗੁਰਦੁਆਰਿਆਂ ਦੇ ਪ੍ਰਬੰਧ 'ਚ ਵਿਗਾੜ ਆਏ। ਅੰਗਰੇਜ਼ਾਂ ਦੁਆਰਾ ਗੁਰਦੁਆਰਿਆਂ ਦੇ ਪ੍ਰਬੰਧ 'ਚ ਦਖ਼ਲ-ਅੰਦਾਜ਼ੀ ਕੀਤੀ ਜਾਣ ਲੱਗੀ। ਪ੍ਰਬੰਧਕ ਮਨਮਾਨੀਆਂ ਤੇ ਗੁਰਮਤਿ ਵਿਰੋਧੀ ਕਾਰਵਾਈਆਂ ਕਰਨ ਲੱਗੇ। ਇਸ ਨਾਲ ਸਿੱਖਾਂ 'ਚ ਰੋਸ ਤੇ ਰੋਹ ਪੈਦਾ ਹੋ ਗਿਆ ਤੇ ਇਸੇ ਰੋਸ ਨੇ 'ਗੁਰਦੁਆਰਾ ਸੁਧਾਰ ਲਹਿਰ' ਨੂੰ ਜਨਮ ਦਿੱਤਾ। ਇਸ ਲਹਿਰ ਦੌਰਾਨ ਸਿੱਖਾਂ ਵਲੋਂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ 'ਚ ਸੁਧਾਰ ਹਿਤ ਗੁਰਦੁਆਰਾ ਸਾਹਿਬ 'ਤੇ ਮਹੰਤਾਂ ਦੇ ਕਬਜ਼ੇ ਨੂੰ ਹਟਾਉਣ ਲਈ ਸ਼ਾਂਤਮਈ ਰੋਸ ਪ੍ਰਗਟ ਕਰਨ ਲਈ ਇਕੱਠ ਹੋਏ।

ਸ੍ਰੀ ਨਨਕਾਣਾ ਸਾਹਿਬ 'ਤੇ ਕਾਬਜ਼ ਮਹੰਤ ਨਰਾਇਣ ਦਾਸ ਗੁਰਮਤਿ ਵਿਰੋਧੀ ਕਾਰਵਾਈਆਂ ਕਾਰਨ ਬਦਨਾਮ ਸੀ। ਉਸ ਨੇ ਗੁਰਮਤਿ ਦੇ ਉਲਟ ਨਾਚ ਕਰਵਾਏ, ਜਿਸ ਦਾ ਸੰਗਤਾਂ ਨੇ ਬੁਰਾ ਮਨਾਇਆ। ਅਖ਼ਬਾਰਾਂ ਵਿਚ ਵੀ ਖ਼ਬਰਾਂ ਛਪੀਆਂ ਤੇ ਸਿੰਘ ਸਭਾਵਾਂ ਨੇ ਰੋਸ ਮਤੇ ਪਾਸ ਕੀਤੇ ਤੇ ਸਰਕਾਰ ਪਾਸੋਂ ਮਹੰਤ ਨੂੰ ਹਟਾਉਣ ਦੀ ਮੰਗ ਕੀਤੀ। 1918 ਵਿਚ ਸਿੰਧ ਦਾ ਰਹਿਣ ਵਾਲਾ ਇਕ ਰਿਟਾਇਰ ਅਫਸਰ ਨਨਕਾਣਾ ਸਾਹਿਬ ਦੇ ਦਰਸ਼ਨਾਂ ਲਈ ਪਰਿਵਾਰ ਸਮੇਤ ਆਇਆ। ਮਹੰਤ ਨੇ ਉਸ ਦੇ ਪਰਿਵਾਰ ਨਾਲ ਦੁਰਵਿਹਾਰ ਕੀਤਾ। ਪੁਜਾਰੀਆਂ ਦੀਆਂ ਹਰਕਤਾਂ ਤੋਂ ਲੋਕ ਤੰਗ ਆ ਚੁੱਕੇ ਸਨ। ਅਕਤੂਬਰ 1920 'ਚ ਜ਼ਿਲ੍ਹਾ ਸ਼ੇਖੂਪੁਰਾ ਦੇ ਪਿੰਡ ਧਾਰੋਵਾਲੀ ਵਿਖੇ ਇਕ ਦੀਵਾਨ ਵਿਚ ਸੰਗਤਾਂ ਦੇ ਇਕੱਠ 'ਚ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ 'ਚ ਸੁਧਾਰ ਲਈ ਮਤਾ ਪਾਸ ਕੀਤਾ, ਜਿਸ ਦੀ ਜਾਣਕਾਰੀ ਮਹੰਤ ਨੂੰ ਵੀ ਪਹੁੰਚ ਗਈ। ਉਸ ਨੇ ਚਾਰ-ਪੰਜ ਸੌ ਭਾੜੇ ਦੇ ਆਦਮੀ ਆਪਣੀ ਰਾਖੀ ਲਈ ਸੱਦ ਲਏ।

1920 ਨੂੰ ਕੱਤਕ ਦੀ ਪੂਰਨਮਾਸ਼ੀ ਦੇ ਮੇਲੇ 'ਤੇ ਮਹੰਤ ਨਰਾਇਣ ਦਾਸ ਨੇ ਚਾਰ-ਪੰਜ ਸੌ ਆਦਮੀਆਂ ਦਾ ਮੁਜ਼ਾਹਰਾ ਕੀਤਾ। ਸੰਗਤਾਂ ਵਿੱਚੋਂ ਜਿਸ ਉੱਪਰ ਵੀ ਅਕਾਲੀ ਹੋਣ ਦਾ ਸ਼ੱਕ ਪਿਆ, ਉਸ ਨੂੰ ਅੰਦਰ ਜਾਣ ਤੋਂ ਰੋਕ ਦਿੱਤਾ ਗਿਆ। ਇਸ ਪਿੱਛੋਂ 23 ਜਨਵਰੀ ਤੇ 6 ਫਰਵਰੀ 1921 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਸ ਬਾਰੇ ਵਿਚਾਰਾਂ ਹੋਈਆਂ। ਉਸ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸੁੰਦਰ ਸਿੰਘ ਰਾਮਗੜ੍ਹੀਆ ਤੇ ਮੀਤ ਪ੍ਰਧਾਨ ਹਰਬੰਸ ਸਿੰਘ ਵੱਲੋਂ ਕਮੇਟੀ ਦੀ ਰਾਏ ਅਨੁਸਾਰ ਮਹੰਤ ਦੇ ਆਚਰਣ ਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧ 'ਚ ਸੁਧਾਰ ਲਈ ਮਹੰਤ ਨਰਾਇਣ ਦਾਸ ਦੇ ਨਾਂ ਖੁੱਲ੍ਹੀ ਚਿੱਠੀ ਲਿਖੀ ਗਈ। ਨਾਲ ਹੀ ਸ੍ਰੀ ਨਨਕਾਣਾ ਸਾਹਿਬ ਵਿਖੇ ਦੀਵਾਨ ਤੇ ਲੰਗਰ ਦੇ ਪ੍ਰਬੰਧ ਲਈ ਭਾਈ ਲਛਮਣ ਸਿੰਘ, ਸ. ਦਲੀਪ ਸਿੰਘ, ਸ. ਤੇਜਾ ਸਿੰਘ ਸਮੁੰਦਰੀ, ਸ. ਕਰਤਾਰ ਸਿੰਘ ਝੱਬਰ ਤੇ ਸ. ਬਖ਼ਸ਼ੀਸ਼ ਸਿੰਘ 'ਤੇ ਅਧਾਰਿਤ ਕਮੇਟੀ ਬਣਾ ਦਿੱਤੀ ਗਈ। ਹੋਰ ਪ੍ਰਮੁੱਖ ਸਿੱਖ ਵੀ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ ਸਬੰਧੀ ਸੰਗਤਾਂ ਨੂੰ ਜਾਗਰੂਕ ਕਰਦੇ ਰਹੇ। ਦੂਜੇ ਪਾਸੇ ਮਹੰਤ ਨਰਾਇਣ ਦਾਸ ਨੇ 7 ਫਰਵਰੀ ਨੂੰ ਆਪਣੇ ਹਮਾਇਤੀਆਂ ਦੀ ਇਕੱਤਰਤਾ ਬੁਲਾਈ।

ਸੰਗਤਾਂ ਨੇ ਮਹੰਤ ਦੀਆਂ ਘਟੀਆ ਕਾਰਵਾਈਆਂ ਰੋਕਣ ਲਈ 19 ਫਰਵਰੀ ਨੂੰ ਨਨਕਾਣਾ ਸਾਹਿਬ ਪਹੁੰਚਣ ਦਾ ਫ਼ੈਸਲਾ ਲਿਆ। ਸੰਗਤਾਂ ਦੇ ਮੁਖੀਆਂ ਨੇ ਅਕਾਲੀ ਅਖ਼ਬਾਰ ਦੇ ਦਫ਼ਤਰ 'ਚ ਫ਼ੈਸਲਾ ਕੀਤਾ ਕਿ ਕੋਈ ਪੱਕੀ ਤਰੀਕ ਨਿਸ਼ਚਿਤ ਕੀਤੇ ਬਿਨਾਂ ਕੋਈ ਜਥਾ ਨਨਕਾਣਾ ਸਾਹਿਬ ਨਾ ਜਾਵੇ ਪਰ ਭਾਈ ਲਛਮਣ ਸਿੰਘ ਧਾਰੋਵਾਲੀ ਤੇ ਭਾਈ ਕਰਤਾਰ ਸਿੰਘ ਝੱਬਰ ਆਪਣੇ ਜਥੇ ਲੈ ਕੇ ਨਨਕਾਣਾ ਸਾਹਿਬ ਪੁੱਜਣਾ ਚਾਹੁੰਦੇ ਸਨ। ਦੋਵਾਂ ਜਥਿਆਂ ਨੂੰ ਰੋਕਣ ਦਾ ਯਤਨ ਕੀਤਾ। ਭਾਈ ਕਰਤਾਰ ਸਿੰਘ ਝੱਬਰ ਦਾ ਜਥਾ ਰੋਕ ਲਿਆ ਗਿਆ ਪਰ ਭਾਈ ਲਛਮਣ ਸਿੰਘ ਦਾ ਜਥਾ ਨਾ ਰੁਕਿਆ। ਇਹ ਜਥਾ 20 ਫਰਵਰੀ ਨੂੰ ਨਨਕਾਣਾ ਸਾਹਿਬ ਪਹੁੰਚ ਗਿਆ। ਮਹੰਤ ਨਰਾਇਣ ਦਾਸ ਨੇ ਸਿੰਘਾਂ ਉੱਪਰ ਹਮਲੇ ਦੀ ਤਿਆਰੀ ਕੀਤੀ ਹੋਈ ਸੀ। ਜਦੋਂ ਇਹ ਜਥਾ ਗੁਰਦੁਆਰਾ ਸਾਹਿਬ ਵਿਚ ਦਾਖ਼ਲ ਹੋਇਆ ਤਾਂ ਮਹੰਤ ਨੇ ਬਾਹਰਲੇ ਦਰਵਾਜ਼ੇ ਬੰਦ ਕਰਵਾ ਦਿੱਤੇ ਤੇ ਭਾੜੇ ਦੇ ਗੁੰਡਿਆਂ ਨੇ ਸਿੰਘਾਂ 'ਤੇ ਹਮਲਾ ਕਰ ਦਿੱਤਾ, ਛੱਤ ਉੱਪਰੋਂ ਗੋਲੀਆਂ ਚਲਾਈਆਂ ਗਈਆਂ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਤਾਬਿਆ ਬੈਠੇ ਸਿੰਘ ਨੂੰ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੀੜ ਵਿਚ ਕਈ ਗੋਲੀਆਂ ਲੱਗੀਆਂ। ਜ਼ਖ਼ਮੀ ਸਿੰਘਾਂ ਨੂੰ ਤੇਲ ਪਾ ਕੇ ਸਾੜਿਆ ਗਿਆ। ਇਸ ਖ਼ੂਨੀ ਸਾਕੇ ਸਬੰਧੀ ਸਰਦਾਰ ਉਤਮ ਸਿੰਘ ਕਾਰਖ਼ਾਨੇ ਵਾਲਿਆਂ ਨੇ ਪੰਥਕ ਜਥੇਬੰਦੀ ਤੇ ਸਰਕਾਰੀ ਅਫ਼ਸਰਾਂ ਨੂੰ ਤਾਰਾਂ ਭੇਜੀਆਂ। 21 ਫਰਵਰੀ 1921 ਨੂੰ ਸਿੱਖ ਮੁਖੀ ਤੇ ਅਣਗਿਣਤ ਸੰਗਤਾਂ ਨਨਕਾਣਾ ਸਾਹਿਬ ਪੁੱਜੀਆਂ। ਉਸੇ ਦਿਨ ਸ਼ਾਮ ਨੂੰ ਸ੍ਰੀ ਨਨਕਾਣਾ ਸਾਹਿਬ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੱਥਾਂ ਵਿਚ ਆ ਗਿਆ। 22 ਫਰਵਰੀ ਦੀ ਸ਼ਾਮ ਨੂੰ ਸ਼ਹੀਦ ਸਿੰਘਾਂ ਦਾ ਅੰਤਮ ਸੰਸਕਾਰ ਕੀਤਾ ਗਿਆ।

ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਨੇ ਸਿੱਖ ਜਗਤ 'ਚ ਰੋਹ ਪੈਦਾ ਕਰ ਦਿੱਤਾ। ਸੰਗਤਾਂ ਨੇ ਸਮੂੰਹ ਗੁਰਦੁਆਰਾ ਸਾਹਿਬਾਨ ਨੂੰ ਪੰਥਕ ਪ੍ਰਬੰਧ ਹੇਠ ਲਿਆਉਣ ਲਈ ਕਮਰਕੱਸੇ ਕਰ ਲਏ। ਇਸ ਲਹਿਰ ਨੇ ਗੁਰਦੁਆਰਾ ਪ੍ਰਬੰਧਾਂ 'ਚ ਗੁਰਮਤਿ ਮਰਿਆਦਾ ਦੀ ਇਕਸੁਰਤਾ ਦਾ ਮੁੱਢ ਬੰਨ੍ਹਿਆ। ਇਹ ਵੀ ਦੱਸਣਾ ਚਾਹੁੰਦਾ ਹਾਂ ਕਿ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਤੋਂ ਬਾਅਦ ਸਿੱਖ ਕੌਮ ਨੇ ਪ੍ਰਚਾਰ ਲਹਿਰ ਵਿੱਢਣ ਦਾ ਫ਼ੈਸਲਾ ਲਿਆ, ਜਿਸ ਤਹਿਤ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਹੋਂਦ 'ਚ ਆਇਆ। 1927 'ਚ ਸਥਾਪਿਤ ਹੋਈ ਇਸ ਸੰਸਥਾ ਨੇ ਕੌਮ ਨੂੰ ਅਨੇਕਾਂ ਪ੍ਰਚਾਰਕ, ਰਾਗੀ ਤੇ ਤਬਲਾ ਵਾਦਕ ਦਿੱਤੇ। ਅੱਜ ਵੀ ਇਹ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਸ੍ਰੀ ਅੰਮ੍ਰਿਤਸਰ ਵਿਖੇ ਚੱਲ ਰਹੀ ਹੈ ਤੇ ਹਰ ਸਾਲ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਸਮਾਗਮ ਕੀਤਾ ਜਾਂਦਾ ਹੈ। ਇਸ ਵਾਰ 20 ਤੇ 21 ਫਰਵਰੀ ਨੂੰ ਇਥੇ ਦੋ ਰੋਜ਼ਾ ਸੈਮੀਨਾਰ ਕਰਵਾਇਆ ਜਾ ਰਿਹਾ ਹੈ, ਜਿਸ ਵਿਚ ਕੌਮ ਦੇ ਮਹਾਨ ਵਿਦਵਾਨ ਖੋਜ ਭਰਪੂਰ ਪਰਚੇ ਪੜ੍ਹਨਗੇ। •

ਸੰਤ ਗੁਰਬਖ਼ਸ਼ ਸਿੰਘ ਡੰਨਾ

ਡਾ. ਜਸਬੀਰ ਸਿੰਘ ਸਰਨਾ

ਬਹੁਪੱਖੀ ਸ਼ਖ਼ਸੀਅਤ ਦੇ ਮਾਲਕ ਸੰਤ ਗੁਰਬਖ਼ਸ਼ ਸਿੰਘ ਦੇ ਜੀਵਨ ਦੇ ਅਨੇਕਾਂ ਰੰਗ ਉਨ੍ਹਾਂ ਦੀ ਮੁਸਕਰਾਹਟ ਵਾਂਗ ਦ੍ਰਿਸ਼ਟੀਗੋਚਰ ਹੋਏ ਹਨ। ਉਨ੍ਹਾਂ ਦੇ ਨਿਮਰ ਬੋਲ, ਉੱਚ ਆਚਰਣ, ਦੂਰ ਦ੍ਰਿਸ਼ਟੀ, ਦ੍ਰਿੜ ਸੰਕਲਪ ਤੇ ਸੁਚੱਜੀ ਸੋਧ ਹਮੇਸ਼ਾ ਪੰਥਕ ਸਫ਼ਾਂ 'ਚ ਸੈਨਤਾਂ ਮਾਰਦੀ ਰਹੇਗੀ। 1920 ਵਿਚ ਜਨਮੇ ਸੰਤ ਗੁਰਬਖ਼ਸ਼ ਸਿੰਘ ਨੇ ਪੰਜਾਬੀ ਵਿੱਦਿਆ ਭਾਈ ਕਿਰਪਾਲ ਸਿੰਘ ਤੋਂ ਹਾਸਲ ਕੀਤੀ ਤੇ ਬਾਅਦ 'ਚ ਡੰਨਾ ਸਕੂਲ, ਗੁਰੂ ਨਾਨਕ ਆਸ਼ਰਮ ਚੱਕਾਰ ਵਿਚ ਵਿੱਦਿਆ ਪ੍ਰਾਪਤ ਕੀਤੀ। ਉਹ 8ਵੀ ਜਮਾਤ 'ਚ ਪੜ੍ਹਦੇ ਸਨ ਕਿ ਪਿਤਾ ਸ. ਗੁਰਦਿੱਤ ਸਿੰਘ ਗੁਰਪੁਰੀ ਸਿਧਾਰ ਗਏ। ਸੰਤ ਜੀ ਦਾ ਆਨੰਦ ਵਿਆਹ ਸ. ਰਵੇਲ ਸਿੰਘ ਦੀ ਸਪੁੱਤਰੀ ਰਤਨ ਕੌਰ ਨਾਲ ਹੋਇਆ।

ਜੰਮੂ ਕਸ਼ਮੀਰ ਵਿਚ ਪੁਰਾਤਨ ਸਮੇਂ ਤੋਂ ਸਿੱਖੀ ਦੇ ਪ੍ਰਚਾਰ ਲਈ ਕਈ ਡੇਰੇ/ਟਕਸਾਲਾਂ ਯਤਨਸ਼ੀਲ ਰਹੀਆਂ ਹਨ, ਜਿਨ੍ਹਾਂ ਵਿੱਚੋਂ ਸੰਤਪੁਰਾ ਡੰਨਾਂ ਦਾ ਵਿਸ਼ੇਸ਼ ਯੋਗਦਾਨ ਹੈ। ਖ਼ਾਲਸਾ ਪੰਥ ਦੀ ਵ੍ਰਿਧੀ ਲਈ ਗੁਰੂ ਗੋਬਿੰਦ ਸਿੰਘ ਜੀ ਨੇ ਕਸ਼ਮੀਰ ਲਈ ਭਾਈ ਅਮੋਲਕ ਸਿੰਘ, ਭਾਈ ਫੇਰੂ ਸਿੰਘ ਤੇ ਪੰਜਾਬ ਸਿੰਘ ਵਰਗੇ ਖ਼ਾਸ ਸੇਵਕਾਂ ਨੂੰ ਇਸ ਖਿੱਤੇ ਵੱਲ ਰਵਾਨਾ ਕੀਤਾ। ਜੰਮੂ ਤੇ ਬਸੋਲੀ ਨੂੰ ਪਹਿਲਾਂ ਹੀ ਕਲਗੀਧਰ ਪਿਤਾ ਨੇ ਫ਼ੈਜ਼ਯਾਬ ਕੀਤਾ ਸੀ।

ਸੰਤ ਗੁਰਬਖ਼ਸ਼ ਸਿੰਘ ਨੂੰ ਡੇਰੇ ਦੀ ਸੇਵਾ ਸੰਭਾਲਦਿਆਂ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ। ਇਲਾਕੇ ਦੇ ਕੇਂਦਰ 'ਚ ਹੋਣ ਕਾਰਨ ਇਹ ਡੇਰਾ ਸਿੱਖ ਸਰਗਰਮੀਆਂ ਦਾ ਕੇਂਦਰ ਰਿਹਾ। ਰਿਆਸਤ ਵਿਚ 'ਖ਼ਾਲਸਾ ਦਰਬਾਰ' ਜਥੇਬੰਦੀ ਕਾਇਮ ਹੋ ਚੁੱਕੀ ਸੀ, ਜੋ ਸਿੱਖਾਂ ਦੇ ਧਾਰਮਿਕ, ਸਿਆਸੀ, ਸਮਾਜਿਕ ਮਾਮਲਿਆਂ ਦੀ ਰਹਿਨੁਮਾਈ ਕਰਦੀ ਸੀ। ਸੰਤ ਜੀ 1942 'ਚ ਜਥੇਬੰਦੀ ਨਾਲ ਜੁੜੇ ਤੇ ਸਰਗਰਮ ਭੂਮਿਕਾ ਨਿਭਾਉਂਦੇ ਰਹੇ। ਅਕਾਲੀ ਕੌਰ ਸਿੰਘ ਵੱਲੋਂ ਗੁਰੂ ਨਾਨਕ ਆਸ਼ਰਮ ਚੱਕਾਰ ਸਕੂਲ ਦੀ ਕਮੇਟੀ ਦਾ ਪ੍ਰਧਾਨ ਵੀ ਸੰਤ ਗੁਰਬਖ਼ਸ਼ ਸਿੰਘ ਨੂੰ ਥਾਪਿਆ ਗਿਆ। 'ਤਾਰੀਖ਼ ਅਕਵਾਮ ਪੁਣਛ' (ਉਰਦੂ) ਦੇ ਕਰਤਾ ਨੇ ਲਿਖਿਆ ਹੈ, 'ਗੁਰੂ ਗੋਬਿੰਦ ਸਿੰਘ ਜੀ ਕੇ ਅਰਸ਼ਾਦ ਮੁਤਾਬਿਕ ਤੀਨ ਪ੍ਰਚਾਰਕ ਕਸ਼ਮੀਰ ਔਰ ਪੁਣਛ ਮੇਂ ਆਏ ਥੇ। ਉਨ ਮੇਂ ਸੇ ਭਾਈ ਫੇਰੂ ਸਿੰਘ ਨੇ ਜ਼ਿਲ੍ਹਾ ਹਜ਼ਾਰਾ ਔਰ ਮੁਜ਼ੱਫ਼ਰਾਬਾਦ ਮੇਂ ਪ੍ਰਚਾਰ ਜਾਰੀ ਕਰ ਕੇ ਭਾਈ ਪੰਜਾਬ ਸਿੰਘ ਕੋ ਅਪਨਾ ਜਾਨਸ਼ੀਨ ਮੁਕੱਰਰ ਕੀਆ। ਜਿਨ੍ਹੋਂ ਨੇ ਮੌਚਾ ਛੱਤਰ ਕਲਾਸ ਮੇਂ ਗੱਦੀ ਕਾਇਮ ਕੀ ਔਰ ਅਪਨਾ ਜਾਨਸ਼ੀਨ ਭਾਈ ਰੋਚਾ ਸਿੰਘ ਕੋ ਮੁਕੱਰਰ ਕੀਆ।'

ਡੇਰਾ ਸੰਤਪੁਰਾ ਡੰਨਾ ਨੇ ਵੀ ਹੋਰ ਡੇਰਿਆਂ ਵਾਂਗ ਅਤਿਅੰਤ ਫ਼ਸਵੀਆਂ ਚੁਣੌਤੀਆਂ ਨੂੰ ਖਿੜੇ ਮੱਥੇ ਪ੍ਰਵਾਨ ਕੀਤਾ। ਅਜਿਹੀਆਂ ਕਠਿਨਾਈਆਂ ਦੇ ਬਾਵਜੂਦ ਸਿੱਖੀ ਨੂੰ ਘਰ-ਘਰ ਪਹੁੰਚਾਉਣ ਲਈ ਸਰਗਰਮੀ ਨਾਲ ਭੂਮਿਕਾ ਨਿਭਾਉਂਦੇ ਰਹੇ। ਡੇਰਾ ਡੰਨਾ ਦੀ ਸਥਾਪਨਾ ਸੰਤ ਪੰਜਾਬ ਸਿੰਘ ਦੇ ਇਕ ਸੇਵਕ ਭਾਈ ਦਇਆ ਸਿੰਘ ਨੇ ਪਿੰਡ ਡੰਨਾ ਵਿਖੇ ਇਕ ਗੁਰਦੁਆਰੇ ਦੇ ਰੂਪ 'ਚ ਕੀਤੀ। ਭਾਈ ਦਇਆ ਸਿੰਘ ਤੋਂ ਬਾਅਦ ਕ੍ਰਮਵਾਰ ਭਾਈ ਗੁਰਮੁਖ ਸਿੰਘ, ਭਾਈ ਤਾਰਾ ਸਿੰਘ, ਭਾਈ ਖ਼ੁਸ਼ਹਾਲ ਸਿੰਘ, ਭਾਈ ਗੁਰਦਿੱਤ ਸਿੰਘ, ਸੰਤ ਗੁਰਬਖ਼ਸ਼ ਸਿੰਘ ਤੇ ਅਜੋਕੇ ਮੁਖੀ ਸੰਤ ਤੇਜਵੰਤ ਸਿੰਘ ਨੇ ਇਸ ਦੀ ਸੇਵਾ ਸੰਭਾਲੀ।

ਸੰਤ ਗੁਰਬਖ਼ਸ਼ ਸਿੰਘ ਨੇ 1947 ਦੇ ਘੱਲੂਘਾਰੇ ਵਿਚ ਚੱਕਾਰ, ਪੱਧਰ, ਸਾਇਆਂ ਆਦਿ 'ਚ ਵਸਦੇ ਸਿੱਖਾਂ ਦੀ ਅਗਵਾਈ ਕੀਤੀ। ਉੱਜੜੇ ਸਿੱਖਾਂ ਦੇ ਮੁੜ-ਵਸੇਬੇ ਲਈ ਸਰਗਰਮੀ ਨਾਲ ਅਗਵਾਈ ਕੀਤੀ। 1947 ਤੋਂ ਬਾਅਦ ਮੜ੍ਹ ਬਾਗ਼ (ਜੰਮੂ) ਵਿਖੇ ਨਵਾਂ ਡੇਰਾ ਸਥਾਪਿਤ ਕੀਤਾ। ਬਾਅਦ ਵਿਚ ਗੁਰੂ ਨਾਨਕ ਨਗਰ ਵਿਚ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ, ਲੰਗਰ ਆਦਿ ਦੀਆਂ ਇਮਾਰਤਾਂ ਦੀ ਉਸਾਰੀ ਕੀਤੀ।

'ਸੰਘਰਸ਼ੀ ਸੰਤ ਡੰਨਾ' ਦੇ ਲੇਖਕ ਨੇ ਲਿਖਿਆ ਹੈ, "ਸੰਤ ਗੁਰਬਖ਼ਸ਼ ਸਿੰਘ ਜੀ ਲੇਖਕ ਸਨ, ਕੀਰਤਨੀਏ ਸਨ, ਗਤਕਾਬਾਜ਼ ਸਨ, ਸ਼ਮਸ਼ੀਰ ਦੇ ਧਨੀ ਸਨ। ਪੱਕੇ ਨਿਸ਼ਾਨਚੀ ਸਨ, ਚੰਗੇ ਸਲਾਹਕਾਰ ਹਨ, ਧਰਮ ਪ੍ਰਚਾਰਕ ਹਨ, ਨਿਤਨੇਮੀ ਹਨ, ਅੰਮ੍ਰਿਤਧਾਰੀ ਹਨ ਤੇ ਸਮਾਜ ਦੇ ਹਰ ਖੇਤਰ ਅੰਦਰ ਸਤਿਕਾਰ ਦੇ ਪਾਤਰ ਹਨ।"

ਸੰਤ ਗੁਰਬਖ਼ਸ਼ ਸਿੰਘ ਜੀ ਖ਼ੁਦਗਰਜ਼ੀ, ਲਾਲਚ, ਈਰਖਾ ਤੇ ਸ਼ੌਕਪ੍ਰਸਤੀ ਤੋਂ ਕੋਹਾਂ ਦੂਰ ਸਨ। ਸੰਤ ਜੀ ਦੇ ਅਕਾਲ ਚਲਾਣੇ ਤੋਂ ਬਾਅਦ 20 ਫਰਵਰੀ 2012 ਨੂੰ ਡੇਰਾ ਸੰਤਪੁਰਾ ਡੰਨਾ, ਜੰਮੂ ਵਿਖੇ ਗੁਰਮਤਿ ਸਮਾਗਮ 'ਚ ਸੰਤ ਤੇਜਵੰਤ ਸਿੰਘ ਨੂੰ ਡੇਰੇ ਦੀ ਸੇਵਾ ਸੌਂਪੀ ਗਈ। ਸੰਤ ਤੇਜਵੰਤ ਸਿੰਘ ਗੁਰਮਤਿ ਵਿੱਦਿਆ 'ਚ ਪ੍ਰਬੀਨ ਹਨ। ਉਹ ਅਕਾਲ ਅਕੈਡਮੀ ਬੜੂ ਸਾਹਿਬ ਦੇ ਵਿਦਿਆਰਥੀ ਰਹੇ ਹਨ। ਅਕਾਲ ਪੁਰਖ ਦੀ ਬਖ਼ਸ਼ਿਸ਼ ਦੁਆਰਾ ਗੁਰਦੁਆਰਾ ਗੁਰੂ ਅਰਜਨ ਦੇਵ ਜੀ ਮੜ੍ਹ ਬਾਗ਼ ਅਤੇ ਸੰਤ ਗੁਰਬਖ਼ਸ਼ ਸਿੰਘ ਡੰਨਾ ਇੰਟਰਨੈਸ਼ਨਲ ਸਕੂਲ ਸਥਾਪਿਤ ਕੀਤਾ ਗਿਆ ਹੈ। ਚੇਤ ਦਾ ਗੁਰਮਤਿ ਸਮਾਗਮ, ਗੁਰੂ ਨਾਨਕ ਨਗਰ ਜੰਮੂ 'ਚ ਹਰ ਸਾਲ ਹੁੰਦਾ ਹੈ। 21ਵੀ ਸਦੀ ਵਿਚ ਅਜਿਹੇ ਡੇਰੇ ਦੀ ਜ਼ਿੰਮੇਵਾਰੀ ਹੋਰ ਵੀ ਵਧ ਜਾਂਦੀ ਹੈ। •

99065-66604

ਤਲਵਿੰਦਰ ਸ਼ਾਸਤਰੀ ਨਾਰੀਕੇ

ਕੱਚੇ ਧਾਗਿਆਂ ਦੇ ਸੁੱਚੇ ਬੋਲ

ਤੁਸੀ ਮੈਨੂੰ ਕਿਸੇ ਵੀ ਨਾਂ ਨਾਲ ਸੰਬੋਧਨ ਕਰ ਸਕਦੇ ਹੋ, ਬੇਸ਼ੱਕ ਮੈਨੂੰ ਚਰਖ਼ੇ 'ਤੇ ਕੱਤੀ ਹੋਈ ਪੂਣੀ ਦਾ ਧਾਗਾ ਕਹੋ ਜਾਂ ਗਲੋਟੇ ਦਾ ਧਾਗਾ,।ਮੈਨੂੰ ਇਹ ਦੱਸਦਿਆਂ ਡਾਢੀ ਖ਼ੁਸ਼ੀ ਹੈ ਕਿ ਮੇਰਾ ਤੇ ਮਨੁੱਖ ਦਾ ਸਦੀਆਂ ਤੋਂ ਗੂੜ੍ਹਾ ਰਿਸ਼ਤਾ ਰਿਹਾ ਹੈ। ਮੈਨੂੰ ਇਸ ਗੱਲ ਦਾ ਸੁਭਾਗ ਵੀ ਪ੍ਰਾਪਤ ਹੈ ਕਿ ਮੈਂ ਮਨੁੱਖ ਜਾਤੀ ਦਾ ਅੰਗ ਵੀ ਬਣਿਆ ਹੈ। ਇਹ ਕਹਿਣ ਵਿਚ ਵੀ ਮੈਨੂੰ ਕੋਈ ਝਿਜਕ ਨਹੀਂ ਹੈ ਕਿ ਆਪਣੇ ਜਨਮ ਤੋਂ ਹੀ ਮੈਨੂੰ ਪਰਮੇਸ਼ਵਰ 'ਤੇ ਇਕ ਗਿਲਾ ਵੀ ਰਿਹਾ ਹੈ ਕਿ ਉਸ ਨੇ ਮੈਨੂੰ ਏਨਾਂ ਨਾਜ਼ੁਕ ਕਿਉਂ ਬਣਾਇਆ ਹੈ? ਇਸ ਕਾਰਨ ਅਕਸਰ ਦੁਨੀਆ ਵਾਲੇ ਮੈਨੂੰ 'ਕੱਚਾ-ਕੱਚਾ' ਕਹਿ ਕੇ ਮੇਰੇ 'ਤੇ ਤਾਅਨੇ ਕੱਸਦੇ ਹਨ। ਜਦ-ਜਦ ਆਪਣੇ ਜੀਵਨ ਵੱਲ ਵੇਖਦਾ ਹਾਂ ਤਾਂ ਮੈਂ ਨਿਰਾਸ਼ ਹੋ ਜਾਂਦਾ ਹਾਂ।

ਅਜੋਕੀ ਦੁਨੀਆ ਦੇ ਤੌਰ-ਤਰੀਕਿਆਂ ਨੂੰ ਵੇਖ ਕੇ ਤਾਂ ਮੈਨੂੰ ਆਪਣੇ 'ਤੇ ਮਾਣ ਮਹਿਸੂਸ ਹੁੰਦਾ ਹੈ। ਮੈਂ ਇਹ ਦਾਅਵਾ ਕਰ ਸਕਦਾ ਹਾਂ ਕਿ ਦੁਨੀਆ ਵਿਚ ਮੈਂ ਹੀ ਏਨਾ ਕੱਚਾ ਨਹੀਂ। ਮੇਰੇ ਨਾਲੋਂ ਲੱਖਾਂ ਗੁਣਾਂ ਕੱਚੇ ਹਨ-ਮਨੁੱਖੀ ਜ਼ਿੰਦਗੀ ਦੇ ਰਿਸ਼ਤਿਆਂ ਦੇ ਧਾਗੇ। ਇਸ ਤੋਂ ਇਲਾਵਾ ਮੇਰੀ ਵਿਸ਼ੇਸ਼ਤਾ ਇਹ ਵੀ ਹੈ ਕਿ ਕਦੇ ਵੀ ਕਿਸੇ ਨੇ ਮੇਰੇ ਵਿਚ ਕੋਈ ਗੰਢ ਪਈ ਹੋਈ ਨਹੀਂ ਵੇਖੀ। ਦੂਜੇ ਪਾਸੇ ਦੁਨੀਆ ਵਿਚ ਉਹ ਕਿਹੜਾ ਮਨੁੱਖ ਹੈ, ਜਿਸ ਦੇ ਦਿਲ ਦੇ ਧਾਗਿਆਂ ਵਿਚ ਸਵਾਰਥ, ਨਫ਼ਰਤ, ਹਉਮੈ ਤੇ ਕਪਟ ਦੀਆਂ ਗੰਢਾਂ ਨਾ ਪਈਆਂ ਹੋਣ। ਇਹ ਇਕ ਸੱਚਾ ਵਰਤਾਰਾ ਹੈ, ਮਨੁੱਖੀ ਜ਼ਿੰਦਗੀ ਵਿਚ ਲਹੂ ਦੇ ਰਿਸ਼ਤਿਆਂ ਦੇ ਧਾਗਿਆਂ ਵਿਚ ਵੀ ਗੰਢਾਂ ਪੈਂਦਿਆਂ ਦੇਰ ਨਹੀ ਲੱਗਦੀ। ਪਲਾਂ ਵਿਚ ਉਲਝ ਜਾਂਦੇ ਹਨ ਦੁਨਿਆਵੀ ਰਿਸ਼ਤਿਆਂ ਦੇ ਧਾਗੇ। ਮੈਂ ਵੇਖਿਆ ਹੈ ਕਿ ਕਈ ਵਾਰ ਉਲਝੇ ਹੋਏ ਰਿਸ਼ਤਿਆਂ ਦੇ ਧਾਗੇ ਹੱਸਦੇ-ਵੱਸਦੇ ਸਾਂਝੇ ਘਰਾਂ 'ਚ ਕੰਧਾਂ ਕਰਵਾ ਦਿੰਦੇ ਹਨ। ਇਨ੍ਹਾਂ ਕਰਕੇ ਤਾਂ ਰੋਟੀ-ਬੇਟੀ ਦੀਆਂ ਸਾਂਝਾਂ ਵੀ ਮੁੱਕ ਜਾਂਦੀਆਂ ਹਨ, ਨਹੁੰਆਂ ਨਾਲੋਂ ਮਾਸ ਜੁਦਾ ਹੋ ਜਾਂਦਾ ਹੈ,।ਲਹੂ ਦਾ ਰੰਗ ਚਿੱਟਾ ਹੋ ਜਾਂਦਾ ਹੈ, ਬੁੱਢੇ ਮਾਪੇ ਜ਼ਿੰਦਗੀ ਦਾ ਆਖ਼ਰੀ ਸਫ਼ਰ ਬਿਰਧ ਆਸ਼ਰਮਾਂ 'ਚ ਲੰਘਾਉਣ ਲਈ ਬੇਵੱਸ ਹੋ ਜਾਂਦੇ ਹਨ। ਹੱਦ ਤਾਂ ਉਦੋਂ ਹੁੰਦੀ ਹੈ ਜਦੋਂ ਮਨੁੱਖੀ ਸਰੋਕਾਰਾਂ ਦੇ ਕੱਚਿਆਂ ਤੋਂ ਵੀ ਕੱਚੇ ਧਾਗੇ, ਇੱਕੋ ਕੁੱਖੋਂ ਜੰਮਿਆਂ ਨੂੰ ਆਪਣੇ ਹੱਥੀਂ ਕਤਲ ਕਰ-ਕਰਵਾ ਦਿੰਦੇ ਹਨ। ਕੱਚਾ ਧਾਗਾ ਹੋਣ ਦੇ ਨਾਤੇ ਮੇਰੀ ਇੱਕੋ ਦਿਲੀ ਤਮੰਨਾ ਤੇ ਦੁਨੀਆ ਨੂੰ ਖੁੱਲ੍ਹੀ ਚੁਣੌਤੀ ਹੈ ਕਿ ਅਜੋਕਾ ਮਨੁੱਖ ਮੈਨੂੰ 'ਕੱਚੇ-ਧਾਗੇ' ਕਹਿ ਕੇ ਖਿੱਲੀ ਉਡਾਉਣ ਦੀ ਥਾਂ ਆਪਣੇ ਪਿਆਰ ਦੇ ਰਿਸ਼ਤਿਆਂ ਦੀਆਂ ਤੰਦਾਂ ਨੂੰ ਮੈਥੋਂ ਜ਼ਿਆਦਾ ਪੱਕੇ-ਪੀਡੇ ਕਰ ਕੇ ਵਿਖਾਵੇ। ਕਿਸੇ ਵੀ ਹਾਲਤ ਵਿਚ ਦਿਲੀ ਰਿਸ਼ਤਿਆਂ ਦੇ ਧਾਗਿਆਂ 'ਚ ਸਵਾਰਥ ਦੀਆਂ ਗੰਢਾਂ ਨਾ ਪੈਣ ਦੇਵੇ। ਤਦ ਹੀ ਹੋਵੇਗੀ ਉਸ ਦੀ ਅਸਲੀ ਜਿੱਤ। ਬਤੌਰ ਕਵੀ, ਸੰਤਾਂ-ਭਗਤਾਂ ਨੇ ਮੇਰਾ ਜ਼ਿਕਰ ਕਿਸੇ ਨਾ ਕਿਸੇ ਰੂਪ 'ਚ ਕਰਦਿਆਂ ਜੋ ਉਪਕਾਰ ਮੇਰੇ ਉੱਪਰ ਕੀਤਾ ਹੈ, ਮੈਂ ਤਾ-ਉਮਰ ਉਨ੍ਹਾਂ ਦਾ ਅਹਿਸਾਨਮੰਦ ਰਹਾਂਗਾ। ਉਨ੍ਹਾਂ ਨੇ ਲਿਖਿਆ ਹੈ :

ਰਹਿਮਨ ਧਾਗਾ ਪ੍ਰੇਮ ਕਾ ਮਤ ਤੋੜੋ ਚਟਕਾਯ, ਟੂਟੇ ਤੋ ਫਿਰ ਨਾ ਜੁੜੇ, ਜੁੜੇ ਗਾਂਠ ਪੜ ਜਾਇ

ਅਰਥਾਤ-ਪ੍ਰੇਮ ਦੇ ਧਾਗੇ ਨੂੰ ਤੋੜਨਾ ਨਹੀਂ ਚਾਹੀਦਾ ਕਿਉਂਕਿ ਇਕ ਵਾਰ ਟੁੱਟਿਆ ਧਾਗਾ ਮੁੜ ਜੁੜਦਾ ਨਹੀਂ ਤੇ ਜੇ ਜੁੜ ਵੀ ਗਿਆ ਤਾਂ ਉਸ ਵਿਚ ਗੰਢ ਪੈ ਜਾਵੇਗੀ। ਕੱਚੇ ਧਾਗਿਆਂ ਦੇ ਦਾਨ ਦੇ ਮਹਾਤਮ ਬਾਰੇ ਸਨਾਤਨ ਧਰਮ ਦੇ ਵਿਦਵਾਨ ਸੁਕਦੇਵ ਨੇ ਕਿਹਾ ਹੈ, 'ਭਗਵਾਨ ਨਾਰਾਇਣ ਤਾਂ ਆਪਣੇ ਭਗਤਾਂ ਵੱਲੋਂ ਦਾਨ 'ਚ ਦਿੱਤੇ ਕੱਚੇ ਧਾਗਿਆਂ ਨੂੰ ਵੀ ਆਪਣੇ ਭਗਤਾਂ ਦੀ ਲੋੜ ਤੇ ਮੁਸੀਬਤ ਦੇ ਸਮੇਂ ਚੀਰ ਦੇ ਰੂਪ ਵਿਚ ਵਾਪਸ ਕਰ ਦਿੰਦੇ ਹਨ, ਜਿਵੇਂ ਭਰੀ ਸਭਾ ਵਿਚ ਚੀਰਹਰਣ ਸਮੇਂ ਭਗਵਾਨ ਸ੍ਰੀ ਕ੍ਰਿਸ਼ਨ ਜੀ ਨੇ ਚੀਰ ਦੇ ਕੇ ਦਰੋਪਦੀ ਦੀ ਲਾਜ ਬਚਾਈ ਸੀ। •

94643-48258

ਸਿੱਖ ਇਤਿਹਾਸ ਦਾ ਸਭ ਤੋਂ ਲੰਬਾ ਮੋਰਚਾ

ਜੈਤੋ ਦਾ ਮੋਰਚਾ

ਫ਼ਰੀਦਕੋਟ ਜ਼ਿਲ੍ਹੇ ਦੇ ਸ਼ਹਿਰ ਜੈਤੋ ਦੀ ਸਿੱਖ ਇਤਿਹਾਸ 'ਚ ਅਹਿਮ ਥਾਂ ਹੈ। ਇਸ ਨੂੰ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਹੈ। ਦੇਸ਼ ਦੇ ਆਜ਼ਾਦੀ ਸੰਗਰਾਮ 'ਚ ਵੀ ਇੱਥੋਂ ਦੇ ਦੇਸ਼ ਭਗਤਾਂ ਦਾ ਅਹਿਮ ਯੋਗਦਾਨ ਹੈ। ਸਿੱਖ ਇਤਿਹਾਸ ਦਾ ਸਭ ਤੋਂ ਲੰਬਾ ਸਮਾਂ ਜਾਰੀ ਰਹਿਣ ਵਾਲਾ ਮੋਰਚਾ ਵੀ ਇਥੇ ਹੀ ਲੱਗਾ, ਜਿਸ ਨੂੰ ਜੈਤੋ ਦਾ ਮੋਰਚਾ ਆਖਿਆ ਜਾਂਦਾ ਹੈ।

ਜੈਤੋ ਦਾ ਮੋਰਚਾ ਪਟਿਆਲਾ ਤੇ ਨਾਭਾ ਰਿਆਸਤ ਦੇ ਆਪਸੀ ਝਗੜੇ ਵਜੋਂ ਹੋਂਦ 'ਚ ਆਇਆ। ਅੰਗਰੇਜ਼ ਹਕੂਮਤ ਪਹਿਲਾਂ ਹੀ ਇਸ ਤਾਕ 'ਚ ਸੀ ਕਿ ਨਾਭਾ ਰਿਆਸਤ ਦੇ ਮਹਾਰਾਜ ਰਿਪੁਦਮਨ ਸਿੰਘ ਨੂੰ ਆਪਣਾ ਪ੍ਰਭਾਵ ਕਬੂਲ ਕਰਨ ਲਈ ਮਜਬੂਰ ਕੀਤਾ ਜਾ ਸਕੇ। ਅੰਗਰੇਜ਼ ਹਕੂਮਤ ਨੇ ਹੁਸ਼ਿਆਰੀ ਨਾਲ ਦੋਵਾਂ ਮਹਾਰਾਜਿਆਂ ਪਾਸੋਂ ਫ਼ੈਸਲਾ ਕਰਨ ਦੇ ਅਧਿਕਾਰ ਪ੍ਰਾਪਤ ਕਰ ਲਏ। ਹਕੂਮਤ ਨੂੰ ਅਜਿਹਾ ਹੱਕ ਦੇਣਾ ਮਹਾਰਾਜਾ ਰਿਪੁਦਮਨ ਸਿੰਘ ਨੂੰ ਮਹਿੰਗਾ ਪਿਆ। ਸਰਕਾਰ ਨੇ ਝਗੜੇ ਦੀ ਆੜ ਹੇਠ 8 ਜੂਨ 1923 ਨੂੰ ਮਹਾਰਾਜਾ ਰਿਪੁਦਮਨ ਸਿੰਘ ਨੂੰ ਨਾਭਾ ਰਿਆਸਤ ਦੀ ਗੱਦੀ ਤੋਂ ਲਾਹ ਦਿੱਤਾ। ਇਸ ਰਿਆਸਤ ਪ੍ਰਤੀ ਸਿੱਖ ਜਗਤ 'ਚ ਬੇਹੱਦ ਸਤਿਕਾਰ ਹੋਣ ਕਰਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਇਸ ਦਾ ਸਖ਼ਤ ਵਿਰੋਧ ਕੀਤਾ ਗਿਆ ਤੇ ਮਹਾਰਾਜਾ ਨਾਭਾ ਪ੍ਰਤੀ 9 ਸਤੰਬਰ 1923 ਨੂੰ ਹਮਦਰਦੀ ਦਾ ਮਤਾ ਪਾਸ ਕਰ ਕੇ 'ਨਾਭਾ ਡੇ' ਮਨਾਉਣ ਦਾ ਐਲਾਨ ਕਰ ਦਿੱਤਾ। ਇਸ ਦਿਨ ਪੰਜਾਬ 'ਚ ਥਾਂ-ਥਾਂ ਜਲੂਸ ਕੱਢੇ ਗਏ ਤੇ ਮਹਾਰਾਜੇ ਦੀ ਬਹਾਲੀ ਲਈ ਮਤੇ ਪਾਸ ਕੀਤੇ ਗਏ। ਜੈਤੋ ਵਿਖੇ ਵੀ ਅਜਿਹਾ ਜਲੂਸ ਕੱਢਿਆ ਗਿਆ। ਉਪਰੰਤ ਦੀਵਾਨ ਸਜਾਇਆ ਗਿਆ ਤੇ ਗੁਰਦੁਆਰਾ ਗੰਗਸਰ ਸਾਹਿਬ ਵਿਖੇ ਅਖੰਡ ਪਾਠਾਂ ਦੀ ਲੜੀ ਆਰੰਭ ਕੀਤੀ ਗਈ।

ਪ੍ਰਮੋਦ ਧੀਰ ਜੈਤੋ
98550-31081

ਦੂਜੇ ਪਾਸੇ ਅੰਗਰੇਜ਼ਾਂ ਵੱਲੋਂ ਮਹਾਰਾਜੇ ਦੇ ਹੱਕ 'ਚ ਕੋਈ ਵੀ ਮਤਾ ਪਾਸ ਕਰਨ ਦੀ ਮਨਾਹੀ ਸੀ ਤੇ ਜੈਤੋ ਵਿਖੇ ਮਹਾਰਾਜੇ ਦੇ ਹੱਕ 'ਚ ਅਖੰਡ ਪਾਠਾਂ ਦੀ ਲੜੀ ਹਕੂਮਤ ਦੀ ਸਿੱਧੀ ਵਿਰੋਧਤਾ ਸੀ। 14 ਸਤੰਬਰ 1923 ਨੂੰ ਜਦੋਂ ਗੁਰਦੁਆਰਾ ਗੰਗਸਰ ਸਾਹਿਬ ਵਿਖੇ ਦੀਵਾਨ ਸਜਿਆ ਹੋਇਆ ਸੀ ਤੇ ਗੁਰੂ ਗ੍ਰੰਥ ਸਾਹਿਬ ਦੇ ਅਖੰਡ ਪਾਠ ਚੱਲ ਰਹੇ ਸਨ ਤਾਂ ਹਥਿਆਰਬੰਦ ਅੰਗਰੇਜ਼ ਸਿਪਾਹੀਆਂ ਨੇ ਗੁਰਦੁਆਰਾ ਸਾਹਿਬ ਅੰਦਰ ਦਾਖ਼ਲ ਹੋ ਕੇ ਸਿੱਖ ਸ਼ਰਧਾਲੂਆਂ ਤੇ ਸੇਵਾਦਾਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਤਾਬਿਆ ਬੈਠੇ ਗ੍ਰੰਥੀ ਸਿੰਘਾਂ ਨੂੰ ਬਾਹਰ ਕੱਢ ਲਿਆਂਦਾ। ਅਖੰਡ ਪਾਠ ਦਾ ਖੰਡਿਤ ਕੀਤਾ ਜਾਣਾ ਸਿੱਖ ਧਰਮ ਲਈ ਅਸਹਿ ਸੀ, ਜਿਸ ਦਾ ਵੱਡੇ ਪੱਧਰ 'ਤੇ ਵਿਰੋਧ ਹੋਣ ਲੱਗਾ। ਇਸ ਘਟਨਾ ਨੇ ਮਹਾਰਾਜਾ ਨਾਭਾ ਦੇ ਰਾਜਸੀ ਸਵਾਲ ਨੂੰ ਧਰਮ ਦਾ ਸਵਾਲ ਬਣਾ ਦਿੱਤਾ ਤੇ ਜੈਤੋ ਵਿਖੇ ਸਿੱਖਾਂ ਨੇ ਇਹ ਮੋਰਚਾ ਆਰੰਭ ਕਰ ਦਿੱਤਾ। ਮੋਰਚੇ ਦਾ ਮੁੱਖ ਨਿਸ਼ਾਨਾ ਅਖੰਡ ਪਾਠਾਂ ਨੂੰ ਅਖੰਡ ਰੂਪ 'ਚ ਮੁੜ ਚਾਲੂ ਕਰਨਾ ਸੀ।



ਇਹ ਮੋਰਚਾ ਸਾਰੇ ਸਿੱਖ ਮੋਰਚਿਆਂ ਤੋਂ ਲੰਬਾ ਸਮਾਂ (ਪੌਣੇ ਦੋ ਸਾਲ ਤੋਂ ਵੱਧ) ਜਾਰੀ ਰਿਹਾ ਅਤੇ ਇਸ ਮੋਰਚੇ ਦੀ ਵੱਡੀ ਪ੍ਰਾਪਤੀ ਇਹ ਰਹੀ ਕਿ ਅੰਗਰੇਜ਼ ਹਕੂਮਤ ਨੂੰ 'ਗੁਰਦੁਆਰਾ ਐਕਟ' ਬਣਾਉਣ ਲਈ ਮਜਬੂਰ ਹੋਣਾ ਪਿਆ। ਇਸ ਐਕਟ ਦੇ ਅਧੀਨ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੌਜੂਦਾ ਸਰੂਪ ਹੋਂਦ ਵਿਚ ਆਇਆ। ਅੰਗਰੇਜ਼ ਹਕੂਮਤ ਵੱਲੋਂ ਮਹਾਰਾਜੇ ਸਬੰਧੀ ਕੋਈ ਵੀ ਮਤਾ ਪਾਸ ਕਰਨ ਦੀ ਆਗਿਆ ਨਾ ਹੋਣ ਦੇ ਬਾਵਜੂਦ ਸਿੱਖ ਸੰਗਤਾਂ ਵੱਲੋਂ ਪੰਜਾਬ ਭਰ ਵਿਚ ਥਾਂ-ਥਾਂ ਮੁਜ਼ਾਹਰੇ ਕੀਤੇ ਗਏ ਤੇ ਮਹਾਰਾਜੇ ਦੀ ਬਹਾਲੀ ਦੇ ਮਤੇ ਪਾਸ ਕੀਤੇ ਗਏ। ਜੈਤੋ ਮੰਡੀ ਵਿਚ ਵੀ ਅਜਿਹਾ ਮੁਜ਼ਾਹਰਾ ਕਰਨ ਉਪਰੰਤ ਗੁਰਦੁਆਰਾ ਪਾਤਸ਼ਾਹੀ ਦਸਵੀਂ ਸ੍ਰੀ ਗੰਗਸਰ ਸਾਹਿਬ ਵਿਖੇ ਦੀਵਾਨ ਸਜਾਇਆ ਗਿਆ ਤੇ ਅਖੰਡ ਪਾਠਾਂ ਦੀ ਲੜੀ ਆਰੰਭ ਕੀਤੀ ਗਈ।

ਜੈਤੋ ਦੇ ਮੋਰਚੇ ਦਾ ਮੁੱਖ ਨਿਸ਼ਾਨਾ ਖੰਡਿਤ ਹੋਏ ਅਖੰਡ ਪਾਠ ਨੂੰ ਮੁੜ ਅਖੰਡਿਤ ਰੂਪ 'ਚ ਚਾਲੂ ਕਰਨਾ ਸੀ। ਸਿੱਖਾਂ ਨੇ ਅੰਮ੍ਰਿਤਸਰ ਤੋਂ ਰੋਜ਼ਾਨਾ 25-25 ਸਿੰਘਾਂ ਦੇ ਜਥੇ ਜੈਤੋ ਵੱਲ ਭੇਜਣੇ ਸ਼ੁਰੂ ਕੀਤੇ। ਰੋਜ਼ਾਨਾ ਇਕ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲ ਕੇ ਜਦੋਂ ਜੈਤੋ ਪਹੁੰਚਦਾ ਤਾਂ ਹਕੂਮਤ ਵੱਲੋਂ ਸਿੰਘਾਂ ਨੂੰ ਗ੍ਰਿਫ਼ਤਾਰ ਕਰਕੇ ਜੰਗਲਾਂ 'ਚ ਲਿਜਾ ਕੇ ਛੱਡ ਦਿੱਤਾ ਜਾਂਦਾ। ਮੋਰਚੇ ਦੀ ਚਰਚਾ ਪੰਜਾਬ ਤੋਂ ਬਾਹਰ ਵੀ ਹੋਣ ਲੱਗੀ। ਕਾਂਗਰਸ ਵੱਲੋਂ ਪੰਡਿਤ ਜਵਾਹਰ ਲਾਲ ਨਹਿਰੂ, ਪ੍ਰਿੰਸੀਪਲ ਗਿਡਵਾਨੀ ਤੇ ਮਿਸਟਰ ਕੇ. ਸਨਾਤਮ ਸਥਿਤੀ ਦਾ ਜਾਇਜ਼ਾ ਲੈਣ ਲਈ ਜੈਤੋ ਮੰਡੀ ਭੇਜਿਆ ਗਿਆ। ਤਿੰਨਾਂ ਆਗੂਆਂ ਨੂੰ ਜੈਤੋ ਪੁੱਜਦੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ ਤੇ ਇਕ ਰਾਤ ਜੈਤੋ ਕਿਲ੍ਹੇ ਦੀ ਇਕ ਕੋਠੜੀ 'ਚ ਬੰਦ ਕਰਨ ਉਪਰੰਤ ਅਗਲੇ ਦਿਨ ਨਾਭਾ ਜੇਲ੍ਹ ਭੇਜ ਦਿੱਤਾ ਗਿਆ। 29 ਸਤੰਬਰ 1923 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖਾਂ ਦੇ ਧਾਰਮਿਕ ਮਾਮਲਿਆਂ 'ਚ ਹਕੂਮਤ ਦੀ ਦਖ਼ਲਅੰਦਾਜ਼ੀ ਨਾ ਸਹਿਣ ਕਰਨ ਦਾ ਮਤਾ ਪਾਸ ਕੀਤਾ ਗਿਆ ਤੇ 25 ਸਿੰਘਾਂ ਦੇ ਜਥੇ ਭੇਜਣ ਨਾਲ ਕੋਈ ਤਸੱਲੀਬਖ਼ਸ਼ ਸਿੱਟਾ ਨਾ ਨਿਕਲਦਾ ਵੇਖ ਕੇ ਮੋਰਚੇ ਨੂੰ ਹੋਰ ਤੇਜ਼ ਕਰਨ ਲਈ 500-500 ਸਿੰਘਾਂ ਦੇ ਜਥੇ ਭੇਜਣ ਦਾ ਫ਼ੈਸਲਾ ਕੀਤਾ ਗਿਆ। ਪਹਿਲੇ ਜਥੇ ਨੂੰ 21 ਫਰਵਰੀ, 1924 ਨੂੰ ਜੈਤੋ ਪੁੱਜ ਕੇ ਗੁਰਦੁਆਰਾ ਪਾਤਸ਼ਾਹੀ ਦਸਵੀਂ ਸ੍ਰੀ ਗੰਗਸਰ ਸਾਹਿਬ ਨੂੰ ਕਬਜ਼ੇ ਵਿਚ ਲੈਣ ਅਤੇ ਅਖੰਡ ਪਾਠ ਸ਼ੁਰੂ ਕਰਨ ਦਾ ਆਦੇਸ਼ ਦਿੱਤਾ ਗਿਆ।

ਇਹ ਵਿਸ਼ਾਲ ਜਥਾ 9 ਫਰਵਰੀ 1924 ਨੂੰ ਅਕਾਲ ਤਖ਼ਤ ਤੋਂ ਚੱਲ ਕੇ 20 ਫਰਵਰੀ ਨੂੰ ਫ਼ਰੀਦਕੋਟ ਜ਼ਿਲ੍ਹੇ ਦੇ ਪਿੰਡ ਬਰਗਾੜੀ ਵਿਖੇ ਪੁੱਜਿਆ। 21 ਫਰਵਰੀ ਨੂੰ ਸਵੇਰੇ ਕੀਰਤਨ ਕਰਨ ਉਪਰੰਤ ਇਹ ਜੱਥਾ ਜੈਤੋ ਵੱਲ ਕੂਚ ਕਰਨ ਲੱਗਾ। ਜਥੇ ਨਾਲ ਹਜ਼ਾਰਾਂ ਦੀ ਗਿਣਤੀ ਵਿਚ ਹੋਰ ਸੰਗਤ ਵੀ ਸ਼ਰਧਾਵੱਸ ਨਾਲ ਚੱਲ ਰਹੀ ਸੀ। ਕਾਂਗਰਸੀ ਨੇਤਾ ਡਾ. ਸੈਫ਼-ਉਦ-ਦੀਨ ਕਿਚਲੂ, ਪ੍ਰਿੰਸੀਪਲ ਗਿਡਵਾਨੀ ਤੇ ਨਿਊਯਾਰਕ ਟਾਈਮਜ਼ ਦੇ ਪ੍ਰਤੀਨਿਧ ਮਿਸਟਰ ਜ਼ਿਮਦ ਕਾਰ 'ਚ ਸਵਾਰ ਹੋ ਕੇ ਜਥੇ ਦੇ ਨਾਲ ਚੱਲ ਰਹੇ ਸਨ ਪਰ ਇਨ੍ਹਾਂ ਨੇਤਾਵਾਂ ਨੂੰ ਨਾਭਾ ਰਿਆਸਤ ਦੀ ਹੱਦ ਤੋਂ ਅੱਗੇ ਨਹੀਂ ਜਾਣ ਦਿੱਤਾ ਗਿਆ। ਜਥੇ ਦੇ ਅੱਗੇ ਪੰਜ ਸਿੰਘ ਨਿਸ਼ਾਨ ਸਾਹਿਬ ਲੈ ਕੇ ਚੱਲ ਰਹੇ ਸਨ ਤੇ ਵਿਚਾਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਾਲਕੀ ਸੀ। ਅੰਗਰੇਜ਼ ਹਕੂਮਤ ਵੱਲੋਂ ਸੰਗਤ ਨੂੰ ਗੁਰਦੁਆਰਾ ਟਿੱਬੀ ਸਾਹਿਬ ਤੋਂ 150 ਮੀਟਰ ਦੀ ਵਿੱਥ 'ਤੇ ਰੋਕ ਕੇ ਗੋਲੀ ਚਲਾ ਦੇਣ ਦੀ ਧਮਕੀ ਦਿੱਤੀ ਪਰ ਸ਼ਾਂਤਮਈ ਸੰਗਤ ਅੱਗੇ ਵਧਦੀ ਰਹੀ ਜਿਸ 'ਤੇ ਵਿਲਸਨ ਜਾਨਸਟਨ ਨੇ ਪੁਲਿਸ ਨੂੰ ਗੋਲੀ ਚਲਾਉਣ ਦਾ ਹੁਕਮ ਦੇ ਦਿੱਤਾ ਤੇ ਸੈਂਕੜੇ ਸਿੰਘਾਂ ਨੂੰ ਸ਼ਹੀਦ ਕਰ ਦਿੱਤਾ ਗਿਆ। ਇਸ ਘਟਨਾ ਵਿਚ 300 ਸਿੰਘ ਗੋਲੀ ਦਾ ਸ਼ਿਕਾਰ ਹੋਏ, ਜਿਨ੍ਹਾਂ ਵਿੱਚੋਂ 100 ਸਿੰਘ ਸ਼ਹਾਦਤ ਹਾਸਲ ਕਰ ਗਏ। ਇਸ ਘਟਨਾ ਨੇ ਸਿੱਖਾਂ ਅੰਦਰ ਨਵਾਂ ਰੋਹ ਤੇ ਜੋਸ਼ ਭਰ ਦਿੱਤਾ ਤੇ ਉਨ੍ਹਾਂ ਵਿਚ ਇਸ ਮੋਰਚੇ ਵਿਚ ਸ਼ਹਾਦਤ ਪਾਉਣ ਦਾ ਚਾਅ ਠਾਠਾਂ ਮਾਰਨ ਲੱਗਾ। ਲੋਕ ਸ਼ਹੀਦੀ ਜਥਿਆਂ 'ਚ ਵੱਧ ਚੜ੍ਹ ਕੇ ਸ਼ਾਮਲ ਹੋਣ ਲੱਗੇ।

28 ਫਰਵਰੀ 1924 ਨੂੰ ਸਿੰਘਾਂ ਦਾ ਅਗਲਾ ਜਥਾ ਅੰਮ੍ਰਿਤਸਰ ਤੋਂ ਜੈਤੋ ਲਈ ਰਵਾਨਾ ਹੋਇਆ ਜਿਸ ਨੂੰ 14 ਮਾਰਚ 1924 ਨੂੰ ਹਿਰਾਸਤ 'ਚ ਲੈ ਲਿਆ ਗਿਆ। ਇਨ੍ਹਾਂ ਜਥਿਆਂ 'ਚ ਕੈਨੇਡਾ, ਹਾਂਗਕਾਂਗ, ਸ਼ੰਘਾਈ ਆਦਿ ਦੇਸ਼ਾਂ ਤੋਂ ਵੀ ਸਿੰਘਾਂ ਨੇ ਹਿੱਸਾ ਲਿਆ। ਇਸ ਤਰ੍ਹਾਂ 500-500 ਦੇ ਜਥੇ ਭੇਜਣ ਦਾ ਸਿਲਸਿਲਾ ਲਗਾਤਾਰ ਚੱਲਦਾ ਰਿਹਾ ਤੇ ਉਦੋਂ ਤੱਕ ਜਾਰੀ ਰਿਹਾ ਜਦੋਂ ਤਕ ਅੰਗਰੇਜ਼ੀ ਹਕੂਮਤ ਨੇ ਹੱਥ ਖੜ੍ਹੇ ਨਾ ਕਰ ਦਿੱਤੇ। ਅੰਤ ਹਕੂਮਤ ਨੂੰ ਸਿੱਖ ਸੰਘਰਸ਼ ਅੱਗੇ ਝੁਕਣਾ ਪਿਆ ਤੇ ਇਸ ਇਤਿਹਾਸਕ ਮੋਰਚੇ ਨੂੰ ਸਫ਼ਲਤਾ ਮਿਲੀ। ਸਿੱਖ ਸੰਗਤ ਨੇ ਗੁਰਦੁਆਰਾ ਗੰਗਸਰ ਸਾਹਿਬ ਜੈਤੋ ਵਿਖੇ ਮੁੜ ਅਖੰਡ ਪਾਠ ਸ਼ੁਰੂ ਕਰ ਕੇ ਮੋਰਚੇ ਨੂੰ ਤੋੜ ਚੜ੍ਹਾਇਆ। ਜੈਤੋ ਦੇ ਇਤਿਹਾਸਕ ਗੁਰਦੁਆਰਾ ਸ਼ਹੀਦ ਗੰਜ ਟਿੱਬੀ ਸਾਹਿਬ ਵਿਖੇ ਹਰ ਸਾਲ 21 ਫਰਵਰੀ ਨੂੰ ਸ਼ਹੀਦੀ ਜੋੜ ਮੇਲਾ ਲਗਾਇਆ ਜਾਂਦਾ ਹੈ, ਜਿੱਥੇ ਵੱਡੀ ਗਿਣਤੀ 'ਚ ਸੰਗਤਾਂ ਪਹੁੰਚ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕਰਦੀਆਂ ਹਨ। •

ਨਾਭਾ ਰਿਆਸਤ ਦੇ ਮਹਾਰਾਜੇ ਰਿਪੁਦਮਨ ਸਿੰਘ ਨੂੰ ਗੱਦੀਓਂ ਲਾਹੇ ਜਾਣ ਨਾਲ ਸ਼ੁਰੂ ਹੋਏ ਇਸ ਮੋਰਚੇ ਦੀ ਵੱਡੀ ਪ੍ਰਾਪਤੀ ਇਹ ਰਹੀ ਕਿ ਅੰਗਰੇਜ਼ ਹਕੂਮਤ ਨੂੰ 'ਗੁਰਦੁਆਰਾ ਐਕਟ' ਬਣਾਉਣ ਲਈ ਮਜਬੂਰ ਹੋਣਾ ਪਿਆ। ਇਸ ਐਕਟ ਦੇ ਅਧੀਨ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੌਜੂਦਾ ਸਰੂਪ ਹੋਂਦ ਵਿਚ ਆਇਆ...

ਸੰਪਾਦਕੀ

ਅੰਦੋਲਨਕਾਰੀ ਕਿਸਾਨਾਂ ਅਤੇ ਕੇਂਦਰ ਸਰਕਾਰ ਵਿਚਕਾਰ ਬਣੀ ਖੜੋਤ

ਪਿਛਲੇ ਕਰੀਬ ਇੱਕ ਸਾਲ ਤੋਂ ਪੰਜਾਬ ਦੇ ਅੰਦੋਲਨਕਾਰੀ ਕਿਸਾਨਾਂ ਅਤੇ ਕੇਂਦਰ ਸਰਕਾਰ ਵਿਚਕਾਰ ਬਣੀ ਖੜੋਤ ਟੁੱਟਦੀ ਨਜ਼ਰ ਆ ਰਹੀ ਹੈ ਪਰ ਵਾਰਤਾ ਦੇ ਇੱਕ ਦੋ ਗੇੜਾਂ ਨਾਲ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਦਾ ਕਾਨੂੰਨ ਬਣਾਉਣ ਜਿਹੀਆਂ ਕਿਸਾਨਾਂ ਦੀਆਂ ਮੰਗਾਂ ਉੱਪਰ ਸਹਿਮਤੀ ਦੀ ਉਮੀਦ ਨਿਰੀ ਖੁਸ਼ਫਹਿਮੀ ਸਾਬਿਤ ਹੋ ਸਕਦੀ ਹੈ। ਕੇਂਦਰ ਸਰਕਾਰ ਵੱਲੋਂ ਕਿਸਾਨਾਂ ਦੀਆਂ ਮੰਗਾਂ 'ਤੇ 14 ਫਰਵਰੀ ਨੂੰ ਗੱਲਬਾਤ ਕਰਨ ਦੇ ਫ਼ੈਸਲੇ ਤੋਂ ਬਾਅਦ ਖਨੌਰੀ ਬਾਰਡਰ 'ਤੇ ਮਰਨ ਵਰਤ ਉੱਪਰ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਮੈਡੀਕਲ ਸਹਾਇਤਾ ਲੈਣੀ ਸ਼ੁਰੂ ਕਰ ਦਿੱਤੀ ਹੈ, ਇਸ ਨਾਲ ਉਨ੍ਹਾਂ ਦੀ ਸਿਹਤ ਵਿੱਚ ਸੁਧਾਰ ਆਇਆ ਹੈ। ਇਸ ਤੋਂ ਇਲਾਵਾ ਸ਼ੰਭੂ ਬਾਰਡਰ ਤੋਂ ਦਿੱਲੀ ਵੱਲ ਮੁੜ 101 ਕਿਸਾਨਾਂ ਦਾ ਜਥਾ ਭੇਜਣ ਦਾ ਪ੍ਰੋਗਰਾਮ ਵੀ ਮੁਲਤਵੀ ਕਰ ਦਿੱਤਾ ਗਿਆ ਹੈ ਜਿਸ ਤੋਂ ਸੰਕੇਤ ਮਿਲ ਰਹੇ ਹਨ ਕਿ ਕਿਸਾਨ ਅੰਦੋਲਨ ਦੀ ਅਗਵਾਈ ਕਰ ਰਹੀਆਂ ਧਿਰਾਂ ਕੇਂਦਰ ਨਾਲ ਵਾਰਤਾ ਤੋਂ ਪਹਿਲਾਂ ਢੁਕਵੇਂ ਸੰਦੇਸ਼ ਦੇਣ ਦੀਆਂ ਚਾਹਵਾਨ ਹਨ।

ਕੇਂਦਰ ਸਰਕਾਰ ਵੱਲੋਂ ਅੰਦੋਲਨਕਾਰੀ ਕਿਸਾਨ ਧਿਰਾਂ ਨਾਲ ਪ੍ਰਸਤਾਵਿਤ ਗੱਲਬਾਤ ਲਈ ਦਿੱਤੀ ਤਾਰੀਕ ਵਿੱਚ ਤਿੰਨ ਹਫ਼ਤਿਆਂ ਤੋਂ ਵੱਧ ਸਮਾਂ ਪਿਆ ਹੈ ਜਿਸ ਨੂੰ ਲੈ ਕੇ ਕੁਝ ਹਲਕਿਆਂ ਵੱਲੋਂ ਗੱਲਬਾਤ ਲਈ ਕੇਂਦਰ ਦੀ ਸੁਹਿਰਦਤਾ ਉੱਪਰ ਸ਼ੰਕੇ ਖੜ੍ਹੇ ਕੀਤੇ ਜਾ ਰਹੇ ਹਨ। ਅੰਦੋਲਨਕਾਰੀ ਧਿਰਾਂ ਅੰਦਰੋਂ ਵੀ ਇਹ ਗੱਲ ਕੀਤੀ ਗਈ ਹੈ ਕਿ ਗੱਲਬਾਤ ਜਲਦੀ ਸ਼ੁਰੂ ਕੀਤੀ ਜਾਣੀ ਚਾਹੀਦੀ ਸੀ। ਇਸ ਮਾਮਲੇ ਵਿੱਚ ਇਹ ਗੱਲ ਸਾਹਮਣੇ ਆ ਰਹੀ ਹੈ ਕਿ ਕੇਂਦਰ ਸਰਕਾਰ ਡੱਲੇਵਾਲ ਨੂੰ ਗੱਲਬਾਤ ਦੀ ਪ੍ਰਕਿਰਿਆ ਵਿੱਚ ਸ਼ਾਮਿਲ ਕਰਾਉਣਾ ਚਾਹੁੰਦੀ ਹੈ ਹਾਲਾਂਕਿ ਕਿਸਾਨ ਆਗੂ ਨੇ ਸਪੱਸ਼ਟ ਕੀਤਾ ਹੈ ਕਿ ਉਹ ਆਪਣਾ ਮਰਨ ਵਰਤ ਜਾਰੀ ਰੱਖਣਗੇ ਪਰ ਜੇ ਉਨ੍ਹਾਂ ਦੀ ਸਿਹਤ ਨੇ ਆਗਿਆ ਦਿੱਤੀ ਤਾਂ ਉਹ ਗੱਲਬਾਤ ਵਿੱਚ ਸ਼ਾਮਿਲ ਹੋ ਸਕਦੇ ਹਨ।

ਦਿੱਲੀ ਦੀਆਂ ਬਰੂਹਾਂ 'ਤੇ ਸਾਲ ਭਰ ਚੱਲੇ ਇਤਿਹਾਸਕ ਕਿਸਾਨ ਅੰਦੋਲਨ ਵੇਲੇ ਵੀ ਤਿੰਨ ਖੇਤੀ ਕਾਨੂੰਨਾਂ ਨੂੰ ਲੈ ਕੇ ਕੇਂਦਰ ਅਤੇ ਕਿਸਾਨਾਂ ਵਿਚਕਾਰ ਗੱਲਬਾਤ ਦੇ ਕਈ ਦੌਰ ਚੱਲੇ ਸਨ ਪਰ ਉਸ ਵੇਲੇ ਕਿਸਾਨ ਜਥੇਬੰਦੀਆਂ ਦੀਆਂ ਲਗਭਗ ਸਾਰੀਆਂ ਧਿਰਾਂ ਸੰਯੁਕਤ ਕਿਸਾਨ ਮੋਰਚੇ ਦੇ ਬੈਨਰ ਹੇਠ ਇਕਮੁੱਠ ਅਤੇ ਇਕਜੁੱਟ ਸਨ ਪਰ ਇਸ ਵੇਲੇ ਹਾਲਾਤ ਵੱਖਰੇ ਹਨ। 26 ਜਨਵਰੀ ਨੂੰ ਸਾਰੇ ਮੋਰਚਿਆਂ ਵੱਲੋਂ ਕਾਰਪੋਰੇਟ ਅਦਾਰਿਆਂ ਦੇ ਕਾਰੋਬਾਰੀ ਟਿਕਾਣਿਆਂ ਅਤੇ ਸੱਤਾਧਾਰੀ ਪਾਰਟੀ ਦੇ ਦਫ਼ਤਰਾਂ ਅੱਗੇ ਆਪੋ-ਆਪਣੇ ਤੌਰ 'ਤੇ ਟਰੈਕਟਰ ਖੜ੍ਹੇ ਕਰਨ ਦੇ ਐਲਾਨ ਭਾਵੇਂ ਕਰ ਦਿੱਤੇ ਗਏ ਹਨ ਪਰ ਇਸ ਸਮੇਂ ਸ਼ੰਭੂ ਅਤੇ ਖਨੌਰੀ ਉੱਪਰ ਚੱਲ ਰਹੇ ਕਿਸਾਨ ਅੰਦੋਲਨ ਦੀ ਅਗਵਾਈ ਕਰ ਰਹੇ ਕਿਸਾਨ ਮੋਰਚਿਆਂ ਦੀ ਵਡੇਰੇ ਸੰਯੁਕਤ ਕਿਸਾਨ ਮੋਰਚੇ ਨਾਲ ਏਕਤਾ ਜਾਂ ਤਾਲਮੇਲ ਦੇ ਯਤਨ ਵੀ ਅਧਵਾਟੇ ਲਟਕ ਗਏ ਹਨ। ਪ੍ਰਸਤਾਵਿਤ ਗੱਲਬਾਤ ਦੇ ਏਜੰਡੇ ਨੂੰ ਲੈ ਕੇ ਵੀ ਸਥਿਤੀ ਬਹੁਤੀ ਸਪਸ਼ਟ ਨਹੀਂ। ਕੇਂਦਰ ਵੱਲੋਂ ਐੱਮਐੱਸਪੀ ਦੀ ਗਾਰੰਟੀ ਦੇ ਕਾਨੂੰਨ ਦੇ ਸਵਾਲ ਤੋਂ ਕੰਨੀ ਵੱਟੀ ਜਾ ਰਹੀ ਹੈ, ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਕੇਂਦਰ ਗੱਲਬਾਤ ਵਿੱਚ ਫ਼ਸਲਾਂ ਦੀ ਸਰਕਾਰੀ ਖਰੀਦ ਦੀ ਮੌਜੂਦਾ ਪ੍ਰਣਾਲੀ ਨੂੰ ਹੋਰ ਵਿਸਤਾਰ ਦੇਣ ਦੇ ਪ੍ਰਸਤਾਵ ਉੱਪਰ ਵਿਚਾਰ ਕਰੇਗਾ। ਇਸ ਦਾ ਇੱਕ ਮਤਲਬ ਇਹ ਕੱਢਿਆ ਜਾ ਰਿਹਾ ਹੈ ਕਿ ਕਣਕ ਅਤੇ ਝੋਨੇ ਦੀ ਖਰੀਦ ਲਈ ਪੰਜਾਬ ਦਾ ਕੋਟਾ ਘਟਾ ਕੇ ਹੋਰਨਾਂ ਸੂਬਿਆਂ ਨੂੰ ਦਿੱਤਾ ਜਾ ਸਕਦਾ ਹੈ। ਕੀ ਕਿਸਾਨ ਧਿਰਾਂ ਕੇਂਦਰ ਦੇ ਅਜਿਹੇ ਹਥਕੰਡਿਆਂ ਨਾਲ ਨਜਿੱਠਣ ਲਈ ਤਿਆਰ ਅਤੇ ਸਮੱਰਥ ਹਨ ?

ਅਮਰੀਕਾ 'ਚ ਗ਼ੈਰ-ਨਿਯਮਿਤ ਪਰਵਾਸ ਨਾਲ ਸਬੰਧਿਤ ਮੁਸ਼ਕਿਲਾਂ

ਟਰੰਪ ਪ੍ਰਸ਼ਾਸਨ ਨੇ ਐਲਾਨ ਕੀਤਾ ਹੈ ਕਿ ਗ਼ੈਰ-ਨਿਯਮਿਤ ਪਰਵਾਸ ਨਾਲ ਸਬੰਧਿਤ ਮੁਸ਼ਕਿਲਾਂ ਇਹ ਭਾਰਤ ਨਾਲ ਮਿਲ-ਜੁਲ ਕੇ ਹੱਲ ਕਰਨ ਦੀ ਇੱਛਾ ਰੱਖਦਾ ਹੈ। ਇੱਥੇ 'ਗ਼ੈਰ-ਨਿਯਮਿਤ' ਬੇਸ਼ੱਕ 'ਗ਼ੈਰ-ਕਾਨੂੰਨੀ' ਪਰਵਾਸ ਨੂੰ ਕਿਹਾ ਗਿਆ ਹੈ ਜਿਸ ਲਈ ਨਰਮ ਕੂਟਨੀਤਕ ਭਾਸ਼ਾ ਵਰਤੀ ਗਈ ਹੈ। ਖ਼ਤਰਨਾਕ 'ਡੰਕੀ' ਰੂਟ ਜਾਂ ਹੋਰ ਤੌਰ-ਤਰੀਕਿਆਂ ਰਾਹੀਂ ਹਰ ਸਾਲ ਅਮਰੀਕਾ ਵਿੱਚ ਦਾਖਲ ਹੋਣ ਵਾਲੇ ਭਾਰਤੀਆਂ ਦੀ ਕੋਈ ਕਮੀ ਨਹੀਂ ਹੈ। ਕੁਝ ਉੱਥੇ ਦਾਖਲ ਹੋਣ ਵਿੱਚ ਕਾਮਯਾਬ ਹੋ ਜਾਂਦੇ ਹਨ, ਬਹੁਤੇ ਫੜੇ ਵੀ ਜਾਂਦੇ ਹਨ; ਫਿਰ ਕੁਝ ਅਜਿਹੇ ਬਦਕਿਸਮਤ ਵੀ ਹੁੰਦੇ ਹਨ ਜਿਹੜੇ ਇਨ੍ਹਾਂ ਮੁਸ਼ਕਿਲ ਰਾਹਾਂ 'ਤੇ ਜਾਨ ਗੁਆ ਬੈਠਦੇ ਹਨ ਜਿਵੇਂ 2022 ਵਿੱਚ ਅਮਰੀਕਾ-ਕੈਨੇਡਾ ਦੀ ਸਰਹੱਦ ਉੱਤੇ ਗੁਜਰਾਤੀ ਪਰਿਵਾਰ ਦੇ ਚਾਰ ਜੀਆਂ ਨੇ ਅਤਿ ਦੀ ਠੰਢ 'ਚ ਜੰਮ ਕੇ ਗੁਆਈ ਸੀ। ਟਰੰਪ ਪ੍ਰਸ਼ਾਸਨ ਵੱਲੋਂ ਵੱਡੇ ਪੱਧਰ 'ਤੇ ਲੋਕਾਂ ਨੂੰ ਵਾਪਸ ਭੇਜਣ (ਡਿਪੋਰਟ) ਦੇ ਖ਼ਦਸਿ ?ਆਂ ਦੇ ਮੱਦੇਨਜ਼ਰ ਭਾਰਤ ਸਰਕਾਰ ਆਪਣੇ ਉਨ੍ਹਾਂ 18000 ਨਾਗਰਿਕਾਂ ਨੂੰ ਵਾਪਸ ਲੈਣ ਦੀ ਯੋਜਨਾ 'ਤੇ ਕੰਮ ਕਰਨ ਲੱਗ ਪਈ ਹੈ ਜਿਹੜੇ ਇਸ ਵੇਲੇ ਅਮਰੀਕਾ ਵਿੱਚ ਗ਼ੈਰ-ਕਾਨੂੰਨੀ ਢੰਗ ਨਾਲ ਰਹਿ ਰਹੇ ਹਨ ਹਾਲਾਂਕਿ ਅਜਿਹੇ ਆਵਾਸੀਆਂ ਦੀ ਅਸਲ ਗਿਣਤੀ ਅੰਦਾਜ਼ੇ ਤੋਂ ਕਿਤੇ ਵੱਧ ਹੋ ਸਕਦੀ ਹੈ। ਅਮਰੀਕੀ ਥਿੰਕ ਟੈਂਕ 'ਪਿਊ ਰਿਸਰਚ ਸੈਂਟਰ' ਮੁਤਾਬਿਕ ਅਮਰੀਕਾ ਵਿੱਚ ਕਰੀਬ 7,25,000 ਅਜਿਹੇ ਭਾਰਤੀ ਪਰਵਾਸੀ ਹਨ ਜਿਹੜੇ ਬਿਨਾਂ ਦਸਤਾਵੇਜ਼ਾਂ ਤੋਂ ਉੱਥੇ ਟਿਕੇ ਹੋਏ ਹਨ- ਮੈਕਸਿਕੋ ਤੇ ਅਲ ਸਲਵਾਡੋਰ ਤੋਂ ਬਾਅਦ ਇਹ ਤੀਜਾ ਸਭ ਤੋਂ ਵੱਡਾ ਗਰੁੱਪ ਹੈ। ਕਿਹਾ ਜਾ ਰਿਹਾ ਹੈ ਕਿ ਡੋਨਲਡ ਟਰੰਪ ਦੇ ਰਾਸ਼ਟਰਪਤੀ ਬਣਨ ਤੋਂ ਬਾਅਦ ਅਮਰੀਕਾ ਦੇ ਵੱਖ-ਵੱਖ ਮੁਲਕਾਂ ਨਾਲ ਸਬੰਧਾਂ ਉਤੇ ਸਿੱਧਾ ਅਸਰ ਪੈਣ ਦੇ ਆਸਾਰ ਹਨ। ਕੁਝ ਮਸਲਿਆਂ 'ਤੇ ਭਾਰਤ ਅਤੇ ਅਮਰੀਕਾ ਦੇ ਸਬੰਧ ਪਹਿਲਾਂ ਹੀ ਨਵੇਂ ਸਿਰਿਓਂ ਪਰਿਭਾਸਿ ?ਤ ਹੋ ਰਹੇ ਹਨ। ਆਉਣ ਵਾਲੇ ਸਮੇਂ ਦੌਰਾਨ ਇਹ ਕਵਾਇਦ ਵੱਖਰੇ ਰੂਪ ਵਿੱਚ ਸਾਹਮਣੇ ਆ ਸਕਦੀ ਹੈ।

ਸਰਕਾਰ ਵੱਲੋਂ ਇਨ੍ਹਾਂ ਭਾਰਤੀਆਂ ਦੀ 'ਘਰ ਵਾਪਸੀ' ਕਰਵਾਉਣ ਲਈ ਕੀਤੀ ਜਾ ਰਹੀ ਤਿਆਰੀ ਯਕੀਨਨ ਤੌਰ 'ਤੇ ਕੋਈ ਖ਼ੈਰਾਤੀ ਇਰਾਦੇ ਨਾਲ ਕੀਤਾ ਜਾ ਰਿਹਾ ਉੱਦਮ ਨਹੀਂ ਹੈ। ਹਿੰਮਤੀ ਉਪਰਾਲਾ ਕਰ ਕੇ ਦਰਅਸਲ ਭਾਰਤ ਆਪਣੇ ਗ਼ੈਰ-ਨਿਯਮਿਤ ਨਾਗਰਿਕਾਂ ਕਾਰਨ ਹੋਣ ਵਾਲੀ ਸ਼ਰਮਿੰਦਗੀ ਤੋਂ ਬਚਣ ਦਾ ਰਾਹ ਤਲਾਸ਼ ਰਿਹਾ ਹੈ। ਇਹ ਇੱਕ ਤਰ੍ਹਾਂ ਦਾ ਅਪਮਾਨ ਹੀ ਹੈ ਜੋ ਭਾਰਤ ਨੂੰ ਸਹਿਣਾ ਪਏਗਾ। ਆਖ਼ਿਰਕਾਰ, ਟਰੰਪ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਪਿਆਰੇ ਮਿੱਤਰ' ਜੋ ਹਨ, ਤੇ ਕਿਸੇ ਵੀ ਤਰ੍ਹਾਂ ਦੀ ਤਕਰਾਰ ਦੁਵੱਲੇ ਸਬੰਧਾਂ ਲਈ ਚੰਗੀ ਨਹੀਂ ਹੈ। ਇਸ ਨੂੰ ਸਵੀਕਾਰ ਕੇ ਹੀ ਅੱਗੇ ਵਧਿਆ ਜਾ ਸਕਦਾ ਹੈ ਭਾਵੇਂ ਇਸ ਗੱਲ ਦੀ ਕੋਈ ਗਰੰਟੀ ਨਹੀਂ ਕਿ ਉਹ ਸਾਰੇ ਧੀਆਂ ਤੇ ਪੁੱਤਰ 'ਅਮੈਰਿਕਨ ਡਰੀਮ' ਦੇ ਸਦੀਵੀ ਸੁਫਨੇ ਨੂੰ ਸਾਕਾਰ ਕਰਨ ਲਈ ਮੁੜ ਪੈਸੇ ਨਹੀਂ ਉਜਾੜਨਗੇ। ਹਾਲ ਦੀ ਘੜੀ ਜ਼ਲੀਲ ਹੋਣ ਤੋਂ ਬਚਣ ਦੀ ਕੋਸ਼ਿਸ਼ ਕਰ ਰਹੇ ਭਾਰਤ ਨੂੰ ਭਵਿੱਖ ਬਾਰੇ ਵੀ ਸੋਚਣਾ ਚਾਹੀਦਾ ਹੈ। ਗ਼ੈਰ-ਕਾਨੂੰਨੀ ਪਰਵਾਸ 'ਤੇ ਲਗਾਮ ਕੱਸਣ ਤੇ ਕਾਨੂੰਨੀ ਦਾਇਰੇ 'ਚ ਅਮਰੀਕਾ ਜਾਣ ਦੀ ਇੱਛਾ ਰੱਖਣ ਵਾਲਿਆਂ ਲਈ ਹੋਰ ਰਾਸਤੇ ਖੋਲ੍ਹਣ ਲਈ ਭਾਰਤ ਨੂੰ ਅਮਰੀਕਾ ਨਾਲ ਨੇੜਿਓਂ ਤਾਲਮੇਲ ਕਰਨਾ ਚਾਹੀਦਾ ਹੈ ਹਾਲਾਂਕਿ ਇਹ ਵੀ ਵਿਅੰਗ ਹੀ ਹੈ ਕਿ ਕਾਨੂੰਨੀ ਰਸਤਾ ਵੀ ਹੁਣ ਭਾਰਤੀਆਂ ਨੂੰ ਓਨਾ ਨਹੀਂ ਖਿੱਚ ਸਕੇਗਾ ਕਿਉਂਕਿ ਜਮਾਂਦਰੂ ਨਾਗਰਿਕਤਾ ਦਾ ਹੱਕ ਵੀ ਟਰੰਪ ਦੇ ਆਦੇਸ਼ ਨਾਲ ਖ਼ਤਮ ਕਰ ਦਿੱਤਾ ਗਿਆ ਹੈ। ਉਂਝ, ਅਜੇ ਵੀ ਸਭ ਕੁਝ ਖ਼ਤਮ ਨਹੀਂ ਹੋਇਆ ਕਿਉਂਕਿ ਇਨ੍ਹਾਂ ਵਿਵਾਦਤ ਕਦਮਾਂ ਦਾ ਪੂਰੇ ਅਮਰੀਕਾ ਵਿੱਚ ਜ਼ੋਰਦਾਰ ਵਿਰੋਧ ਹੋਣਾ ਸ਼ੁਰੂ ਹੋ ਗਿਆ ਹੈ।

ਸਰਕਾਰੀ ਬਿਕਰਮ ਕਾਲਜ ਆਫ ਕਾਮਰਸ ਦੇ ਵਿਦਿਆਰਥੀ ਰੁਦਰਪ੍ਰਤਾਪ ਸਿੰਘ ਨੂੰ ਐਸ ਐਸ ਪੀ ਨੇ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਲਈ ਕੀਤਾ ਸਨਮਾਨਿਤ

ਪਟਿਆਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਜੋ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮਾਂ ਚਲਾ ਰਹੇ ਹਨ ਇਸ ਤੋਂ ਇਲਾਵਾ ਔਰਤਾਂ ਅਤੇ ਲੜਕੀਆਂ ਨੂੰ ਫਰੀ ਸੈਨਟਰੀ ਪੈਡ ਦੇਣੇ, ਲੋੜਵੰਦ ਮਰੀਜ਼ਾਂ ਨੂੰ ਟਰਾਈਸਾਈਕਲ ਅਤੇ ਵੀਲਚੇਅਰ ਦੇਣੀਆਂ, ਵਾਤਾਵਰਨ ਸ਼ੁੱਧਤਾ ਲਈ ਬੂਟੇ ਲਗਾਕੇ ਉਹਨਾਂ ਦੀ ਸਾਭ ਸੰਭਾਲ ਕਰਨੀ, ਲੋੜਵੰਦ ਲੜਕੀਆਂ ਦੇ ਵਿਆਹ ਵਿੱਚ ਮਦਦ, ਖੂਨਦਾਨ ਕੈਂਪ, ਮੈਡੀਕਲ ਕੈਂਪ ਅਤੇ ਅਨੇਕਾਂ ਹੋਰ ਸਮਾਜ ਸੇਵੀ ਕਾਰਜਾਂ ਨੂੰ ਕੀਤਾ ਜਾ ਰਿਹਾ ਹੈ, ਇਸ ਟੀਮ ਦੇ ਸਰਕਾਰੀ ਬਿਕਰਮ ਕਾਲਜ ਆਫ ਕਾਮਰਸ ਦੇ ਵਿਦਿਆਰਥੀ ਨੌਜਵਾਨ ਆਗੂ ਰੁਦਰਪ੍ਰਤਾਪ ਸਿੰਘ ਨੂੰ ਮਾਨਯੋਗ ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ ਆਈ ਪੀ ਐਸ ਨੇ ਸਮਾਜ ਸੇਵੀ ਕਾਰਜਾਂ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਵਿਚ ਯੋਗਦਾਨ ਪਾਉਣ ਲਈ ਸਰਟੀਫ਼ਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇਂ ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ ਨੇ ਕਿਹਾ ਕਿ ਯੂਥ ਆਗੂ ਰੁਦਰਪ੍ਰਤਾਪ ਸਿੰਘ ਵਲੋਂ ਜਿਥੇ ਪੜ੍ਹਾਈ ਵਿਚ ਹਮੇਸ਼ਾ ਫਸਟ ਡਵੀਜ਼ਨ ਹਾਸਲ ਕੀਤੀ ਹੈ ਉਥੇ ਸਮਾਜ ਸੇਵੀ ਕਾਰਜਾਂ ਵਿਚ ਵੀ ਆਪਣਾ ਅਹਿਮ ਯੋਗਦਾਨ ਪਾਉਣਾ ਪ੍ਰਸੰਸਾਯੋਗ ਹੈ ਉਹਨਾਂ ਕਿਹਾ ਕਿ ਕਿਸ਼ੋਰ ਅਵਸਥਾ ਵਿੱਚ ਹੀ ਨੋਜਵਾਨਾ ਵਿਚ ਸਮਾਜ ਸੇਵੀ ਕੰਮਾਂ ਦੀ ਭਾਵਨਾ ਪੈਦਾ ਕਰਨੀ ਚਾਹੀਦੀ ਹੈ ਇਸ ਨਾਲ ਨੋਜਵਾਨ ਸਮਾਜਿਕ ਕੁਰੀਤੀਆਂ ਵੱਲ ਨਾ ਜਾ ਕੇ ਪਬਲਿਕ ਭਲਾਈ ਲਈ ਅੱਗੇ ਆ ਕੇ ਸਮਾਜ ਸੇਵਾ ਦੇ ਕੰਮ ਕਰ ਸਕਦੇ ਹਨ, ਉਹਨਾਂ ਕਿਹਾ ਕਿ ਇਸ ਵਲੋਂ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਦੀ ਅਗਵਾਈ ਹੇਠ ਸਮਾਜ ਸੇਵੀ ਕਾਰਜਾਂ ਵਿਚ ਵੀ ਯੋਗਦਾਨ ਪਾਇਆ ਜਾ ਰਿਹਾ ਹੈ ਇਹ ਬਹੁਤ ਹੀ ਪ੍ਰਸੰਸਾਯੋਗ ਹੈ, ਉਹਨਾਂ ਕਿਹਾ ਕਿ ਉਹੋ ਸਮਾਜ ਸੇਵੀ ਕਾਰਜਾਂ ਲਈ ਹਮੇਸ਼ਾ ਹਰ ਸੰਭਵ ਮਦਦ ਕਰਨ ਲਈ ਤਿਆਰ ਹਨ। ਫੋਟੋ ਕੈਪਸਨ, ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ ਨੋਜਵਾਨ ਆਗੂ ਰੁਦਰਪ੍ਰਤਾਪ ਸਿੰਘ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕਰਦੇ ਹੋਏ।

ਸ਼ਿਵ ਮੰਦਿਰ ਧਰਮਸ਼ਾਲਾ ਵੱਲੋਂ ਕਰਵਾਈ ਜਾਵੇਗੀ ਸ੍ਰੀ ਮਦ ਭਾਗਵਤ ਗੀਤਾ ਕਥਾ

ਸੁਨਾਮ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੀ ਸ਼ਿਵ ਮੰਦਿਰ ਧਰਮਸ਼ਾਲਾ ਕਮੇਟੀ ਮੁਹੱਲਾ ਬਾਜ਼ਡਾ ਵਾਲਾ,ਨਜਦੀਕ ਪੀਰਾਂ ਵਾਲਾ ਗੇਟ ਸੁਨਾਮ ਵਲੋਂ ਸ਼੍ਰੀ ਮਧ ਭਾਗਵਤ ਕਥਾ ਕਾਰਵਾਈ ਜਾ ਰਹੀ ਹੈਂ।ਜਿਸ ਤਹਿਤ ਕਥਾ ਵਾਚਕ ਮਨੋਜ ਭਾਰਦਵਾਜ ਸਹਾਰਨਪੁਰ ਵਾਲੇ ਜੀ ਦੀ ਅਗਵਾਈ ਵਿੱਚ ਕਲਸ਼ ਯਾਤਰਾ ਕੱਢੀ ਗਈ।

ਪ੍ਰਬੰਧਕਾਂ ਨੇ ਦੱਸਿਆ ਕਿ 28 ਜਨਵਰੀ ਤੋਂ ੨੯ ਜਨਵਰੀ ਤੱਕ ਰੋਜ਼ਾਨਾ ਸ਼ਾਮ 3:00 ਵਜੇ ਤੋਂ ਛੇ ਵਜੇ ਤਕ ਕਥਾ ਹੋਵੇਗੀ ਅਤੇ 29 ਜਨਵਰੀ ਨੂੰ ਪੂਰਨ ਆਹੂਤੀ ਹੋਵਗੀ।

ਅੱਜ ਦੀ ਕਲਸ਼ ਯਾਤਰਾ ਵਿਚ ਭਗਤਾਂ ਵਿਚ ਪੂਰਾ ਉਤਸਾਹ ਦੇਖਣ ਨੂੰ ਮਿਲਿਆ।

ਨੌਜਵਾਨ ਵੱਲੋਂ ਫਾਹਾ ਲੈ ਕੇ ਕੀਤੀ ਖੁਦਕੁਸ਼ੀ

ਮਾਛੀਵਾੜਾ ਸਾਹਿਬ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਚਰਨ ਕੰਵਲ ਚੌਂਕ ਨੇੜ ? ਸਥਿਤ ਇੱਕ ਕਿਰਾਏ ਦੇ ਮਕਾਨ ਵਿਚ ਰਹਿੰਦੇ ਗੁਰੂਦੇਵ (32) ਨੇ ਗਲ ਫਾਹਾ ਲੈ ਕੇ ਆਤਮ ਹੱਤਿਆ ਕਰ ਲਈ। ਮ੍ਰਿਤਕ ਦੀ ਪਤਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਸਦਾ ਪਤੀ ਗੁਰੂਦੇਵ ਕਿੱਤੇ ਵਜੋਂ ਕੱਪੜੇ ਪ੍ਰੈੱਸ ਕਰਨ ਦਾ ਕੰਮ ਕਰਦਾ ਸੀ ਜਿਸ ਨੇ ਕਰਜ਼ਾ ਲਿਆ ਹੋਇਆ ਸੀ। ਮ੍ਰਿਤਕ ਦੀ ਪਤਨੀ ਨੇ ਦੱਸਿਆ ਕਿ ਉਸ ਨੇ ਕਿਸੇ ਵਿਅਕਤੀ ਤੋ ਪੈਸੇ ਵਿਆਜ਼ ਤੇ ਲਏ ਸਨ। ਜਿਸ ਦੀਆਂ ਕਿਸ਼ਤਾਂ ਮੋੜਨ ਤੋਂ ਅਸਮਰੱਥ ਹੋਣ ਕਰਕੇ ਉਕਤ ਕਿਸਤਾਂ ਲੈਣ ਵਾਲਾ ਵਿਅਕਤੀ ਅੱਜ ਸ਼ਾਮ ਸਮੇਂ ਮ੍ਰਿਤਕ ਦਾ ਮੋਬਾਈਲ ਵੀ ਲੈ ਗਿਆ।

ਪਤਨੀ ਅਨੁਸਾਰ ਉਹ ਆਪਣੇ ਕਮਰੇ ਵਿਚ ਆਇਆ।ਜਿਸ ਨੇ ਉਸਨੂੰ ਤੇ ਬੱਚੇ ਨੂੰ ਬਾਹਰ ਕੱਢ ਕੇ ਕੁੰਡੀ ਲਗਾ ਲਈ। ਕੁਝ ਸਮਾਂ ਜਦੋਂ ਉਸਨੇ ਦਰਵਾਜ਼ਾ ਨਾ ਖੋਲ੍ਹਿਆ ਤਾਂ ਭਰਾ ਨੇ ਦਰਵਾਜ਼ਾ ਤੋੜਿਆ ਅਤੇ ਜਦੋਂ ਅੰਦਰਲਾ ਦ੍ਰਿਸ਼ ਦੇਖਿਆ ਤਾਂ ਉਸਦੇ ਪੈਰਾਂ ਹੇਠੋਂ ਜਮੀਨ ਖਿਸਕ ਗਈ।

ਗੁਰੂਦੇਵ ਨੇ ਛੱਤ ਵਿਚ ਲੱਗੀ ਕੁੰਡੀ ਨਾਲ ਕੱਪੜੇ ਦਾ ਗਲ ਫਾਹਾ ਬਣਾ ਕੇ ਆਤਮ ਹੱਤਿਆ ਕਰ ਲਈ ਜਿਸ ਦੀ ਲਾਸ਼ ਲਟਕ ਰਹੀ ਸੀ। ਪਰਿਵਾਰਕ ਮੈਂਬਰਾਂ ਨੇ ਜਲਦ ਹੀ ਉਸ ਨੂੰ ਹੇਠਾਂ ਉਤਾਰਿਆ ਪਰ ਉਦੋਂ ਤੱਕ ਉਸਦੀ ਮੌਤ ਹੋ ਚੁੱਕੀ ਸੀ।

ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਮੁਖੀ ਪਵਿੱਤਰ ਸਿੰਘ ਵੀ ਮੌਕੇ 'ਤੇ ਪਹੁੰਚ ਗਏ ਜਿਨ੍ਹਾਂ ਪੱਤਰਕਾਰਾਂ ਨੂੰ ਦੱਸਿਆ ਕਿ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕੀਤੇ ਜਾਣਗੇ ਜਿਸ ਤੋਂ ਬਾਅਦ ਹੀ ਆਤਮ ਹੱਤਿਆ ਦੇ ਕਾਰਨਾਂ ਦਾ ਸਪੱਸ਼ਟ ਪਤਾ ਲੱਗੇਗਾ। ਉਨ੍ਹਾਂ ਕਿਹਾ ਕਿ ਮ੍ਰਿਤਕ ਦੇ ਆਸਪਾਸ ਕੋਈ ਵੀ ਸੁਸਾਇਡ ਨੋਟ ਨਹੀਂ ਮਿਲਿਆ ਜਿਸ ਤੋਂ ਆਤਮ ਹੱਤਿਆ ਦੇ ਕਾਰਨਾਂ ਦਾ ਪਤਾ ਲੱਗ ਸਕੇ। ਪੁਲਸ ਵਲੋਂ ਲਾਸ਼ ਨੂੰ ਕਬਜ਼ੇ 'ਚ ਕਰ ਪੋਸਟ ਮਾਰਟਮ ਲਈ ਭਿਜਵਾ ਦਿੱਤਾ ਹੈ। ਮ੍ਰਿਤਕ ਆਪਣੇ ਪਿੱਛੇ ਪਤਨੀ ਤੋਂ ਇਲਾਵਾ ਇੱਕ ਛੋਟਾ ਬੱਚਾ ਛੱਡ ਗਿਆ।

ਪਾਬੰਦੀ ਦੇ ਬਾਵਜੂਦ ਵੀ ਧੜੱਲੇ ਨਾਲ ਵਿੱਕ ਰਹੀ ਹੈ ਚਾਈਨਾ ਡੋਰ

ਮਲੋਟ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਪਾਬੰਦੀ ਦੇ ਸਖਤ ਆਦੇਸ਼ ਜਾਰੀ ਹਨ ਪਰ ਚਾਈਨਾ ਡੋਰ ਦੀ ਵਿਕਰੀ ਕਰਨ ਵਾਲੇ ਦੁਕਾਨਦਾਰ ਇਸ ਨੂੰ ਬਲੈਕ ਚ ਵੇਚ ਕੇ ਸਰਕਾਰੀ ਆਦੇਸ਼ਾਂ ਨੂੰ ਪੂਰੀ ਤਰ੍ਹਾਂ ਅਣਡਿੱਠ ਕਰ ਰਹੇ ਹਨ । ਵੱਖ ਵੱਖ ਸ਼ਹਿਰਾਂ ਚ ਵਪਾਰਕ ਤੇ ਸਮਾਜਿਕ ਜਥੇਬੰਦੀਆਂ ਇਸ ਮਾਮਲੇ ਨੂੰ ਗੰਭੀਰਤਾ ਨਾਲ ਚੁੱਕ ਰਹੀਆਂ ਹਨ। ਪਰ ਮਲੋਟ ਸ਼ਹਿਰ ਚ ਸਭ ਮੋਨ ਹਨ, ਇਸ ਲਈ ਜਿੱਥੇ ਪਤੰਗਬਾਜ਼ੀ ਦੇ ਸੋਕੀਨ ਇਹ ਡੋਰ ਮਹਿੰਗੇ ਭਾਅ ਖਰੀਦ ਕੇ ਮਨ ਆਈਆਂ ਕਰ ਰਹੇ ਹਨ ਉੱਥੇ ਇਸ ਮਾਮਲੇ ਚ ਜਿਲੇ ਅੰਦਰ ਕੋਈ ਠੋਸ ਕਾਰਵਾਈ ਨਾ ਹੋਣ ਤੋਂ ਸਾਫ ਹੈ ਕੀ ਸਰਕਾਰ ਤੇ ਪ੍ਰਸ਼ਾਸਨ ਦੇ ਦਾਅਵੇ ਖੋਖਲੇ ਹਨ। ਪੰਜਾਬ ਅੰਦਰ ਚਾਈਨਾ ਡੋਰ ਨਾਲ ਜਿੱਥੇ ਹਜ਼ਾਰਾਂ ਪੰਛੀ ਆਪਣੀ ਜਾਨ ਗੁਆ ਚੁੱਕੇ ਹਨ ਉੱਥੇ ਇਸ ਨਾਲ ਪੰਜਾਬ ਅੰਦਰ ਸੈਂਕੜੇ ਹਾਦਸਿਆਂ ਨਾਲ ਮਨੁੱਖ ਜਖਮੀ ਹੋਏ ਹਨ ਤੇ ਮੋਤਾ ਵੀ ਹੋਈਆਂ ਹਨ। ਜਾਣਕਾਰੀ ਅਨੁਸਾਰ ਪੰਜਾਬ ਚ ਜਿੱਥੇ ਅੰਮ੍ਰਿਤਸਰ, ਲੁਧਿਆਣਾ ਤੇ ਫਿਰੋਜ਼ਪੁਰ ਸਮੇਤ ਵੱਡੇ ਸ਼ਹਿਰਾਂ ਚ ਇਸ ਡੋਰ ਦਾ ਵੱਡਾ ਕਾਰੋਬਾਰ ਹੈ ਉੱਥੇ ਹਰਿਆਣਾ ਦੀ ਹੱਦ ਤੇ ਲੱਗਦੇ ਮਲੋਟ ਤੇ ਆਸ ਪਾਸ ਸ਼ਹਿਰਾਂ ਚ ਦਿੱਲੀ ਤੋਂ ਇਸ ਡੋਰ ਦੀ ਸਪਲਾਈ ਹੁੰਦੀ ਹੈ। ਮਲੋਟ ਤੇ ਕੈਂਪ ਇਲਾਕੇ ਕੱਚੀ ਮੰਡੀ ਨਗਰ ਪਾਲਿਕਾ ਦੇ ਆਸ ਪਾਸ ਦੇ ਪਟੇਲ ਨਗਰ ਸਮੇਤ ਅਨੇਕਾਂ ਦੁਕਾਨਾਂ ਤੇ ਇਸ ਡੋਰ ਦੀ ਸ਼ਰੇਆਮ ਵਿਕਰੀ ਹੋ ਰਹੀ ਹੈ। ਪੁਲਿਸ ਜਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਦੁਕਾਨਾਂ ਤੇ ਮਾਰੇਂ ਗੇੜੇ ਖ਼ਾਨਾਪੂਰਤੀ ਜਾਪਦੇ ਹਨ। ਕਿਉਂਕਿ ਇਨ੍ਹਾਂ ਦੁਕਾਨਦਾਰਾਂ ਦੇ ਨਾਲ ਲੱਗਦੇ ਘਰਾਂ ਸਮੇਤ ਗੋਦਾਮਾਂ ਚ ਸੈਂਕੜੇ ਨਹੀ ਬਲਕਿ ਹਜ਼ਾਰਾਂ ਗੱਟੂ ਚਾਇਨਾ ਡੋਰ ਦੇ ਸਟਾਕ ਹਨ।

ਜਾਣਕਾਰੀ ਅਨੁਸਾਰ ਇੱਕ ਬਕਸੇ ਚ 40 ਤੋਂ ਲੈ ਕੇ 60 ਗੱਟੂ ਤੱਕ ਹੁੰਦੇ ਹਨ ਜਿੰਨਾ ਚ ਹਰੇਕ ਗੱਟੂ ਤੇ 2000 ਮੀਟਰ ਡੋਰ ਹੁੰਦੀ ਹੈ। 160 ਤੋਂ 240 ਰੁਪਏ ਤੱਕ ਚਰਖੜੀ ਮਿਲ਼ਣ ਵਾਲ਼ੀ ਇਹ ਡੋਰ ਦਾ ਸਬੰਧਤ ਦੁਕਾਨਦਾਰਾਂ ਗਾਹਕ ਤੋਂ 500/ ਤੋਂ 550/ ਰੁਪਏ ਵਸੂਲਦੇ ਹਨ ਕੈਂਪ ਇਲਾਕੇ ਦੇ ਕਈ ਵਿਅਕਤੀ ਇਹ ਡੋਰ ਹੋਲਸੇਲ ਚ ਲਿਆ ਕੇ ਦੁਕਾਨਾਂ ਤੇ ਸਪਲਾਈ ਵੀ ਕਰਦੇ ਹਨ। ਚਾਈਨਾ ਡੋਰ ਦੀ ਬਜਾਏ ਮੋਨੋ ਕਾਈਟ ਫਾਈਟਰ,ਗੋਲਡ ਮੋਨੋ,ਮੋਨੋ ਕੇ,ਟੀ,ਸੀ, ਸਮੇਤ ਵੱਖ ਵੱਖ ਨਾਵਾਂ ਤੇ ਵਿਕਣ ਵਾਲੀ ਚਾਈਨਾ ਡੋਰ ਦੇ ਬਲੈਕੀਆਂ ਨੂੰ ਨਸ਼ੇ ਵਾਂਗ ਹਜ਼ਾਰਾਂ ਰੁਪਏ ਰੋਜ਼ ਦੀ ਕਮਾਈ ਹੈ ਪਿਛਲੇ ਦਿਨੀਂ ਕੁਝ ਵਿਅਕਤੀਆਂ ਨੇ ਅਜਿਹੀ ਵੀਡੀਓ ਵੀ ਜਨਤਕ ਕੀਤੀ ਸੀ, ਜਿਸ ਚ ਬੱਚੇ ਇਹ ਡੋਰ ਵਰਤ ਰਹੇ ਹਨ। ਰਣਧੀਰ ਸਿੰਘ ਧੀਰਾ, ਗਿਆਨ ਚੰਦ ਸਾਹਨੀ,ਸੋਮ ਨਾਥ ਕਾਲੜਾ ਨੇ ਕਿਹਾ ਕਿ ਪੰਜਾਬ ਚ ਜਿੰਨੇਂ ਹਾਦਸੇ ਸੜਕਾਂ ਤੇ ਹੋ ਰਹੇ ਹਨ ਉਸ ਹਿਸਾਬ ਨਾਲ ਇਨ੍ਹਾਂ ਡੋਰਾਂ ਨਾਲ ਵਾਪਰੇ ਹਾਦਸਿਆਂ ਦੀ ਗਿਣਤੀ ਵੀ ਘੱਟ ਨਹੀਂ। ਇਸ ਲਈ ਰਿਫਲੈਕਟਰ ਲਾ ਕੇ ਫੋਟੋ ਖਿਚਵਾਉਣ ਵਾਲੇ ਆਗੂ ਇਸ ਮਾਮਲੇ ਤੇ ਹਮੇਸ਼ਾ ਮੋਨ ਰਹਿੰਦੇ ਹਨ। ਇਥੋਂ ਤੱਕ ਕੇ ਕਈ ਵਿਅਕਤੀਆਂ ਵੱਲੋਂ ਤਾ ਅਜਿਹੇ ਕੇਸਾਂ ਚ ਸਿਫਾਰਿਸ਼ਾਂ ਵੀ ਕੀਤੀਆਂ ਜਾਂਦੀਆਂ ਹਨ। ਆਗੂਆਂ ਨੇ ਕਿਹਾ ਕਿ ਜਿੱਥੇ ਇਸ ਮਾਮਲੇ ਚ ਪ੍ਰਸ਼ਾਸਨ ਨੂੰ ਇਹ ਡੋਰ ਵੇਚਣ ਵਾਲਿਆਂ ਤੇ ਸਖ਼ਤੀ ਕਰਨੀ ਚਾਹੀਦੀ ਹੈ ਉਥੇ ਪੰਜਾਬ ਅੰਦਰ ਚਾਈਨਾ ਡੋਰ ਬਣਾਉਣ ਵਾਲੀਆਂ ਫੈਕਟਰੀਆਂ ਤੇ ਹੋਲ ਸੇਲਰਾ ਵਿਰੁੱਧ ਵੀ ਕਾਨੂੰਨ ਮਾਹਿਰਾਂ ਦੀ ਸਲਾਹ ਨਾਲ ਇਰਾਦਾ ਕਤਲ ਵਰਗੇ ਮਾਮਲਿਆਂ ਤਹਿਤ ਕਾਰਵਾਈ ਹੋਣੀ ਚਾਹੀਦੀ ਹੈ

ਸਹਾਇਕ ਥਾਣੇਦਾਰ ਰੁਪਿੰਦਰ ਸਿੰਘ ਦਾ ਸਰਕਾਰੀ ਸਨਮਾਨਾਂ ਨਾਲ ਕੀਤਾ ਸਸਕਾਰ

ਸਮਾਣਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਤਾਇਨਾਤ ਸਹਾਇਕ ਥਾਣੇਦਾਰ ਰੁਪਿੰਦਰ ਸਿੰਘ ਜੋ ਬੀਤੇ ਸੋਮਵਾਰ ਨੂੰ ਦਿਲ ਦਾ ਦੌਰਾ ਪੈਣ ਕਾਰਨ ਅਕਾਲ ਚਾਲਾਣਾ ਕਰ ਗਏ ਸੀ, ਦਾ ਉਨ੍ਹਾਂ ਦੇ ਜੱਦੀ ਪਿੰਡ ਕਕਰਾਲਾ ਭਾਈਕਾ ਦੇ ਸ਼ਮਸ਼ਾਨ ਘਾਟ ਵਿਖੇ ਸਰਕਾਰੀ ਸਨਮਾਨਾਂ ਨਾਲ ਸਸਕਾਰ ਕਰ ਦਿੱਤਾ ਗਿਆ।

ਉਹ ਆਪਣੇ ਪਿੱਛੇ ਆਪਣੇ ਬਜ਼ੁਰਗ ਮਾਤਾ-ਪਿਤਾ, ਵਿਧਵਾ ਪਤਨੀ, ਇਕ ਲੜਕਾ 'ਤੇ ਇਕ ਲੜਕੀ ਛੱਡ ਗਏ ਹਨ। ਸਸਕਾਰ ਮੌਕੇ ਪੁਲਿਸ ਦੀ ਟੁਕੜੀ ਨੇ ਹਵਾਈ ਫ਼ਾਇਰ ਕਰਕੇ ਸਲਾਮੀ ਦਿੱਤੀ। ਇਸ ਤੋਂ ਪਹਿਲਾਂ ਥਾਣਾ ਸਦਰ ਸਮਾਣਾ ਦੇ ਮੁਖੀ ਇੰਸਪੈਕਟਰ ਅਵਤਾਰ ਸਿੰਘ, ਪੁਲਿਸ ਚੌਕੀ ਮਵੀ ਕਲਾਂ ਦੇ ਮੁਖੀ ਬਲਕਾਰ ਸਿੰਘ, ਸਹਾਇਕ ਥਾਣੇਦਾਰ ਨਿਰਮਲਸਿੰਘ ਨੇ ਉਨ੍ਹਾਂ ਦੀ ਮ੍ਰਿਤਕ ਦੇਹ 'ਤੇ ਰੀਥਾਂ ਭੇਟ ਕਰਕੇ ਆਪਣੇ ਸਾਥੀ ਨੂੰ ਸ਼ਰਧਾਂਜਲੀਆਂ ਦਿੱਤੀਆਂ। ਥਾਣਾ ਮੁਖੀ ਨੇ ਆਖਿਆ ਕਿ ਰੁਪਿੰਦਰ ਸਿੰਘ ਇਕਨੇਕ ਇਨਸਾਨ ਅਤੇ ਅਫ਼ਸਰ ਸਨ ਜਿੰਨ੍ਹਾਂ ਨੇ ਮਹਿਕਮੇ ਵਿਚ ਲਗਨ ਨਾਲ । ਕੰਮ ਕੀਤਾ ਹੈ।

ਇਸ ਦੌਰਾਨ ਸਾਬਕਾ ਕੈਬਨਿਟ ਮੰਤਰੀ 'ਤੇ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਆਪ ਆਗੂ ਹਰਜਿੰਦਰ ਸਿੰਘ ਮਿੱਟੂ, ਸਾਬਕਾ ਵਿਧਾਇਕ ਰਜਿੰਦਰ ਸਿੰਘ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਪਰਦਮਨ ਸਿੰਘ ਵਿਰਕ, ਠੇਕੇਦਾਰ ਪ੍ਰਮੋਦ ਸਿੰਗਲਾ, ਸੰਵਿਧਾਨ ਬਚਾਓ ਕਮੇਟੀ ਦੇ ਚੇਅਰਮੈਨ ਨੰਬਰਦਾਰ ਗੁਰਦੀਪ ਸਿੰਘ, ਗਊ ਬਚਾਓ ਵਿੰਗ ਦੇ ਚੇਅਰਮੈਨ ਜੀਵਨ ਗਰਗਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

7 ਕਿਲੋ ਭੁੱਕੀ ਬਰਾਮਦ, ਮੁਲਜ਼ਮ ਹੋਇਆ ਫ਼ਰਾਰ

ਸਮਾਣਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਗਾਜੇਵਾਸ ਪੁਲਿਸ ਨੇ ਪਿੰਡ ਬੰਮਣਾ ਦੇ ਇਕ ਘਰ 'ਚੋਂ 7 ਕਿਲੋ ਭੁੱਕੀ ਡੋਡੇ ਬਰਾਮਦ ਹੋਣ ਤੇ ਘਰ ਦੇ ਮਾਲਕ ਖਿਲਾਫ ਨਸ਼ਾ ਵਿਰੋਧੀ ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਹਿਚਾਣ ਇੰਦਰਜੀਤ ਸਿੰਘ ਨਿਵਾਸੀ ਪਿੰਡ ਬੰਮਣਾ ਵਜੋਂ ਹੋਈ, ਜੋ ਫਰਾਰ ਹੋਣ ਵਿਚ ਸਫਲ ਰਿਹਾ।

ਸਦਰ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਗਾਜੇਵਾਸ ਪੁਲਸ ਮੁੱਖੀ ਸਬ-ਇੰਸਪੈਕਟਰ ਬਲਦੇਵ ਸਿੰਘ ਨੇ ਪੁਲਸ ਪਾਰਟੀ ਸਣੇ ਗਸ਼ਤ ਦੌਰਾਨ ਮਿਲੀ ਸੂਚਨਾ ਦੇ ਅਧਾਰ 'ਤੇ ਮੁਲਜ਼ਮ ਦੇ ਘਰ ਰੇਡ ਕੀਤੀ ਅਤੇ ਪਸ਼ੂ ਵਾੜੇ ਦੇ ਨਾਲ ਬਣੇ ਕਮਰੇ 'ਚੋਂ ਤੂੜੀ ਦੇ ਥੱਲੇ ਛੁਪਾ ਕੇ ਰੱਖੀ ਹੋਈ 7 ਕਿੱਲੋ ਤੋਂ ਵੱਧ ਭੁੱਕੀ ਡੋਡੇ ਬਰਾਮਦ ਕੀਤੇ। ਅਧਿਕਾਰੀ ਅਨੁਸਾਰ ਮੁਲਜ਼ਮ ਦੇ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ।

ਜਬਰ-ਜਨਾਹ ਦੇ ਮਾਮਲੇ 'ਚ ਤਿੰਨ ਕਾਬੂ, ਜੇਲ੍ਹ ਭੇਜਿਆ

ਸਮਾਣਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸਮਾਣਾ ਸਬ-ਡਵੀਜ਼ਨ ਦੇ ਇਕ ਪਿੰਡ ਦੀ ਨਾਬਾਲਿਗ ਲੜਕੀ ਨੂੰ ਅਗਵਾ ਕਰਕੇ ਉਸ ਨਾਲ ਕੀਤੇ ਗਏ ਜਬਰ-ਜਨਾਹ ਦੇ ਮਾਮਲੇ 'ਚ ਸਦਰ ਪੁਲਸ ਨੇ ਤਿੰਨ ਨਾਬਾਲਿਗ ਮੁਲਜ਼ਮਾਂ ਨੂੰ ਕਾਬੂ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਮੁਲਜ਼ਮਾਂ ਦੀ ਪਹਿਚਾਣ ਅਰਸ਼ਦੀਪ ਸਿੰਘ, ਅਮਨ ਸਿੰਘ ਅਤੇ ਦਿਲਪ੍ਰੀਤ ਸਿੰਘ ਸਾਰੇ ਨੌਜਵਾਨ ਨਬਾਲਿਗ ਹਨ। ਜਾਣਕਾਰੀ ਦਿੰਦਿਆਂ ਸਦਰ ਪੁਲਿਸ ਮੁਖੀ

ਇੰਸਪੈਕਟਰ ਅਵਤਾਰ ਸਿੰਘ ਨੇ ਦੱਸਿਆ ਕਿ ਮੁਖਬਰੀ ਦੇ ਅਧਾਰ 'ਤੇ ਪੁਲਿਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਮੋਟਰਸਾਇਕਲ ਤੇ ਸਵਾਰ ਹੋ ਕੇ ਜਾ ਰਹੇ ਤਿੰਨਾਂ ਮੁਲਜ਼ਮਾਂ ਨੂੰ ਕਾਬੂ ਕਰ ਲਿਆ, ਜਿਨ੍ਹਾਂ ਦਾ ਸਿਵਲ ਹਸਪਤਾਲ 'ਚ ਮੈਡੀਕਲ ਜਾਂਚ ਕਰਵਾਉਣ ਉਪਰੰਤ ਨੌਜਵਾਨਾਂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕੀਤਾ ਗਿਆ ਅਤੇ ਮਿਲੇ ਹੁਕਮਾਂ ਅਨੁਸਾਰ ਉਨ੍ਹਾਂ ਨੂੰ ਜੂਵੈਲੀਅਨ ਜੇਲ ਲੁਧਿਆਣਾ ਭੇਜ ਦਿੱਤਾ ਗਿਆ।

ਜੇ.ਐਨ.ਜੇ. ਡੀ ਏ ਵੀ ਸਕੂਲ ਦੇ ਇਕੋਂ ਕਲੱਬ ਵੱਲੋਂ ਫਰੈਂਡਲੀ ਪੈਂਨ ਪੇਪਰ ਐਕਟੀਵਿਟੀ ਦਾ ਕੀਤਾ ਗਿਆ ਆਯੋਜਨ

ਗਿੱਦੜਬਾਹਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਜੇ.ਐਨ.ਜੇ. ਡੀ ਏ ਵੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਗਿੱਦੜਬਾਹਾ ਵਿਖੇ ਭਾਰਤ ਸਰਕਾਰ ਦੀ ਜੰਗਲਾਤ ਅਤੇ ਜਲਵਾਯੂ ਮੰਤਰਾਲਾ ਐਮ.ਓ.ਈ.ਐਫ.ਸੀ.ਸੀ.ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਾਤਾਵਰਨ ਸਿੱਖਿਆ ਪ੍ਰੋਗਰਾਮ ਤਹਿਤ ਸਕੂਲ ਦੇ ਪ੍ਰਿੰਸੀਪਲ ਗੁਰਦਾਸ ਸਿੰਘ ਮਾਨ ਦੀ ਰਹਿਨੁਮਾਈ ਹੇਠ ਸਕੂਲ ਦੇ ਇਕੋਂ ਕਲੱਬ ਵੱਲੋਂ ਫਰੈਂਡਲੀ ਪੈੱਨ ਪੇਪਰ ਐਕਟੀਵਿਟੀ ਦਾ ਆਯੋਜਨ ਕੀਤਾ ਗਿਆ। ਇਸ ਐਕਟੀਵਿਟੀ ਵਿੱਚ ਬੱਚਿਆਂ ਨੂੰ ਕੂੜਾ ਪ੍ਰਬੰਧਨ, ਰੀਸਾਈਕਲਿੰਗ ਅਤੇ ਪਲਾਸਟਿਕ ਦੀ ਘੱਟ ਵਰਤੋਂ ਬਾਰੇ ਜਾਗਰੂਕ ਕੀਤਾ ਗਿਆ। ਸਕੂਲ ਦੇ ਛੇਵੀਂ ਜਮਾਤ ਦੇ ਵਿਦਿਆਰਥੀਆਂ ਨੇ ਇਸ ਐਕਟੀਵਿਟੀ ਵਿੱਚ ਹਿੱਸਾ ਲਿਆ ਅਤੇ ਘਰ ਵਿੱਚ ਪਏ ਫਾਲਤੂ ਸਮਾਨ ਅਤੇ ਪੇਪਰਾਂ ਤੋਂ ਆਪਣੀ ਕਲਾਂ ਦਾ ਬਿਹਤਰੀਨ ਪ੍ਰਦਰਸ਼ਨ ਕਰਦੇ ਹੋਏ ਆਪਣੇ ਮਨਭਾਵਾਂ ਤਰ੍ਹਾਂ ਤਰ੍ਹਾਂ ਦੇ ਸਾਜ਼ੋ ਸਮਾਨ ਬਣਾਏ। ਪ੍ਰਿੰਸੀਪਲ ਗੁਰਦਾਸ ਸਿੰਘ ਮਾਨ ਨੇ ਆਪਣੇ ਸੰਬੋਧਨ ਵਿੱਚ ਬੱਚਿਆਂ ਦੀ ਇਸ ਕਲਾ ਦੀ ਭਰਪੂਰ ਸ਼ਲਾਘਾ ਕੀਤੀ।

ਕਿਹਾ ਕਿ ਜੇਕਰ ਇਸ ਤਰ੍ਹਾਂ ਸਾਰੇ ਵਿਦਿਆਰਥੀ ਪਲਾਸਟਿਕ ਦੇ ਦੁਸ਼ਪ੍ਰਭਾਵਾਂ ਨੂੰ ਸਮਝ ਕੇ ਇਸ ਦੀ ਵਰਤੋਂ ਘੱਟ ਕਰਨ ਦੇਣ ਅਤੇ ਫਾਲਤੂ ਪਏ ਸਮਾਨ ਤੋਂ ਕੁਝ ਨਵਾਂ ਬਣਾਉਣ ਦੀ ਕੋਸ਼ਿਸ਼ ਕਰਨ ਤਾਂ ਉਹ ਦਿਨ ਦੂਰ ਨਹੀਂ ਜਦੋਂ ਸਾਡੀ ਧਰਤੀ ਪਲਾਸਟਿਕ ਮੁਕਤ ਹੋ ਜਾਵੇਗੀ ਅਤੇ ਕੂੜੇ ਕਰਕਟ ਦਾ ਵੀ ਸਹੀ ਪ੍ਰਬੰਧਨ ਹੋ ਜਾਵੇਗਾ

ਵਿਧਾਇਕ ਫਾਜ਼ਿਲਕਾ ਨੇ ਦਿਲੀ ਵਿਧਾਨ ਸਭਾ ਚੋਣਾ ਦੇ ਮੱਦੇਨਜਰ ਕੀਤਾ ਚੋਣ ਪ੍ਰਚਾਰ

ਫਾਜ਼ਿਲਕਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਵਿਧਾਇਕ ਫਾਜ਼ਿਲਕਾ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਦਿਲੀ ਵਿਧਾਨ ਸਭਾ ਚੋਣਾ ਦੇ ਮੱਦੇਨਜਰ ਆਮ ਆਦਮੀ ਪਾਰਟੀ ਦੇ ਹਲਕਾ ਸਦਰ ਬਜਾਰ ਦੇ ਉਮੀਦਵਾਰ ਸੋਮਦੱਤ ਦੇ ਹੱਕ ਵਿਚ ਚੋਣ ਪ੍ਰਚਾਰ ਕੀਤਾ।

ਉਨ੍ਹਾਂ ਕਿਹਾ ਕਿ ਆਪ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਪਹਿਲਾਂ ਵੀ ਦਿਲੀ ਵਿਖੇ ਆਮ ਆਦਮੀ ਦੀ ਸਰਕਾਰ ਸੀ ਤੇ ਹੁਣ ਵੀ ਆਪ ਪਾਰਟੀ ਹੀ ਦਿਲੀ ਵਿਖੇ ਜਿਤ ਪ੍ਰਾਪਤ ਕਰੇਗੀ।

ਵਿਧਾਇਕ ਨੇ ਚੋਣ ਪ੍ਰਚਾਰ ਦੌਰਾਨ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਭਲੇ ਲਈ ਲਗਾਤਾਰ ਕਾਰਜਸ਼ੀਲ ਹੈ।

ਉਨ੍ਹਾਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਵੱਲੋਂ ਲਗਾਤਾਰ ਲੋਕ ਭਲਾਈ ਹਿਤ ਕੰਮ ਕੀਤੇ ਜਾ ਰਹੇ ਹਨ। ਲੋਕਾਂ ਨੂੰ ਮੁਢਲੀਆਂ ਸਹੁਲਤਾਂ ਮੁਹੱਈਆ ਕਰਵਾਉਣ ਵਿਚ ਪੰਜਾਬ ਸਰਕਾਰ ਲਗਾਤਾਰ ਵਚਨਬਧ ਰਹੀ ਹੈ।

ਉਨ੍ਹਾਂ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਨੂੰ ਨਾਲ ਲੈ ਕੇ ਹਲਕਾ ਸਦਰ ਬਜਾਰ ਵਿਖੇ ਦੌਰਾ ਕੀਤਾ ਅਤੇ ਲੋਕਾਂ ਨੂੰ ਮਿਲੇ ਅਤੇ ਆਪ ਪਾਰਟੀ ਦੇ ਉਮੀਦਵਾਰ ਨੂੰ ਵੋਟਾਂ ਪਾਉਣ ਲਈ ਲੋਕਾਂ ਨੂੰ ਅਪੀਲ ਕੀਤੀ ਤਾਂ ਜੋ ਹਲਕੇ ਅੰਦਰ ਵੱਧ ਤੋਂ ਵੱਧ ਵਿਕਾਸ ਕੀਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਸੋਮਦਤ 3 ਵਾਰ ਦੇ ਵਿਧਾਇਕ ਰਹਿ ਚੁੱਕੇ ਹਨ ਤੇ ਇਸ ਵਾਰ ਵੀ ਉਨ੍ਹਾਂ ਨੂੰ ਚੋਣਾਂ ਵਿਚ ਜਿਤਵਾ ਕੇ ਲੋਕ ਉਨ੍ਹਾਂ ਨੂੰ ਵਿਧਾਇਕ ਬਣਵਾਉਣ।

ਇਸ ਮੌਕੇ ਉਨ੍ਹਾਂ ਨਾਲ ਬਲਵਿੰਦਰ ਸਿੰਘ ਆਲਮਸ਼ਾਹ, ਚੇਅਰਮੈਨ ਪਰਮਜੀਤ ਸਿੰਘ ਨੂਰਸ਼ਾਹ, ਗਗਨਦੀਪ ਸਿੰਘ ਰਾਮਪੁਰਾ, ਯੂਥ ਆਗੂ ਗੌਰਵ ਕੰਬੋਜ ਆਦਿ ਹਾਜਰ ਸਨ।

ਦਾਨ ਸਿੰਘ ਵਾਲਾ ਦੇ ਪੀੜਤ ਪਰਿਵਾਰਾਂ ਨੂੰ ਸਹਾਇਤਾ ਰਾਸ਼ੀ ਦੇ 1-1 ਲੱਖ ਰੁਪਏ ਦੇ ਚੈੱਕ ਭੇਂਟ

ਬਠਿੰਡਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ ਤੇ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਦੇ ਯਤਨਾਂ ਸਦਕਾ ਪੰਜਾਬ ਸਰਕਾਰ ਦੀ ਤਰਫੋਂ ਪਿੰਡ ਦਾਨ ਸਿੰਘ ਵਾਲਾ ਦੇ 8 ਘਰਾਂ ਲਈ ਹੋਰ ਸਹਾਇਤਾ ਰਾਸ਼ੀ 1-1 ਲੱਖ ਰੁਪਏ ਦੇ ਚੈੱਕ ਸਬੰਧਤ ਪਰਿਵਾਰਾਂ ਨੂੰ ਭੇਂਟ ਕੀਤੇ ਗਏ ਜਦਕਿ ਇਸ ਤੋਂ ਪਹਿਲਾਂ ਪੀੜਤ ਪਰਿਵਾਰਾਂ ਨੂੰ ਪੰਜਾਬ ਸਰਕਾਰ ਵਲੋਂ 50-50 ਹਜਾਰ ਰੁਪਏ ਦੇ ਸਹਾਇਤਾ ਰਾਸ਼ੀ ਚੈੱਕ ਸਰਕਾਰ ਦੁਆਰਾ ਮੁਹੱਈਆ ਕਰਵਾਏ ਜਾ ਚੁੱਕੇ ਹਨ।

ਜ਼ਿਕਰਯੋਗ ਹੈ ਕਿ ਜ਼ਿਲ੍ਹੇ ਦੇ ਪਿੰਡ ਦਾਨ ਸਿੰਘ ਵਾਲਾ ਵਿਖੇ ਬੀਤੇ ਦਿਨੀਂ ਕੁਝ ਸ਼ਰਾਰਤੀ ਅਨਸਰਾਂ ਦੁਆਰਾ ਪੁਰਾਣੀ ਰੰਜਿਸ਼ ਦੇ ਚਲਦਿਆਂ ਘਰਾਂ ਨੂੰ ਅੱਗ ਲਗਾਉਣ ਅਤੇ ਭੰਨ-ਤੋੜ ਦੀਆਂ ਘਟਨਾਵਾਂ ਸਾਹਮਣੇ ਆਈਆਂ ਸਨ, ਦੇ ਮੱਦੇਨਜ਼ਰ ਇਹ ਚੈੱਕ ਦਿੱਤੇ ਗਏ ਹਨ।

ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਇਸ ਤੋਂ ਪਹਿਲਾਂ ਵੀ ਪੀੜ੍ਹਤ ਪਰਿਵਾਰਾਂ ਦੀ ਮੱਦਦ ਲਈ ਉਨ੍ਹਾਂ ਨੂੰ ਰਾਸ਼ਨ, ਬਿਸਤਰੇ, ਕੰਬਲ, ਭਾਂਡੇ ਅਤੇ ਬਿਜਲੀ ਵਾਲੇ ਚੁੱਲ੍ਹੇ ਆਦਿ ਮੁਹੱਈਆ ਕਰਵਾਏ ਗਏ ਹਨ।

ਇਸ ਤੋਂ ਇਲਾਵਾ ਉਨ੍ਹਾਂ ਇਹ ਵੀ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਹਮੇਸ਼ਾ ਪੀੜਤਾਂ ਦੇ ਨਾਲ ਖੜ੍ਹਾ ਹੈ।

ਇਸ ਮੌਕੇ ਸਿਖਲਾਈ ਅਧੀਨ ਆਈਏਐਸ ਸ੍ਰੀ ਰਾਕੇਸ਼ ਕੁਮਾਰ ਮੀਨਾ, ਉਪ ਮੰਡਲ ਮੈਜਿਸਟਰੇਟ ਬਠਿੰਡਾ ਸ. ਬਲਕਰਨ ਸਿੰਘ ਮਾਹਲ, ਪ੍ਰਸਿੱਧ ਗਾਇਕ ਤੇ ਅਦਾਕਾਰ ਹਰਸਿਮਰਨ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਸਮਰਾਲਾ ਵਿਖੇ ਦੁੱਧ ਉਤਪਾਦਕ ਖਪਤਕਾਰ ਕੈਂਪ ਲਗਾਇਆ

ਸਮਰਾਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸਮਰਾਲਾ ਵਿਖੇ ਧੁੱਧ ਪਾਲਣ ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਮੰਤਰੀ ਗੁਰਮੀਤ ਸਿੰਘ ਖੁਡੀਆਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕੁਲਦੀਪ ਸਿੰਘ ਜੱਸੋਵਾਲ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਦੀ ਯੋਗ ਅਗਵਾਈ ਹੇਠ ਡੇਅਰੀ ਵਿਕਾਸ ਵਿਭਾਗ ਵੱਲੋਂ ਦੁੱਧ ਖਪਤਕਾਰ ਕੈਂਪ ਲਗਾਇਆ ਗਿਆ। ਡੇਅਰੀ ਵਿਕਾਸ ਵਿਭਾਗ ਲੁਧਿਆਣਾ ਦੇ ਡਿਪਟੀ ਡਾਇਰੈਕਟਰ ਦਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਲਗਾਏ ਗਏ ਇਸ ਕੈਂਪ ਵਿੱਚ ਸ਼ਾਮਿਲ ਵਿਦਿਆਰਥਣਾਂ ਨੂੰ ਡੇਅਰੀ ਇੰਸਪੈਕਟਰ ਅੰਕਿਤ ਕਪੂਰ ਵੱਲੋਂ ਅਹਿਮ ਜਾਣਕਾਰੀ ਦਿੱਤੀ ਗਈ। ਇਸ ਕੈਂਪ ਵਿੱਚ ਡੇਅਰੀ ਇੰਸਪੈਕਟਰ ਅੰਕਿਤ ਕਪੂਰ ਅਤੇ ਡੇਅਰੀ ਟੈਕਨੋਲੋਜਿਸਟ ਪਰਮਿੰਦਰ ਸਿੰਘ ਵੱਲੋਂ ਦੁੱਧ ਦੀ ਮਹੱਤਤਾ ਬਾਰੇ ਦੱਸਿਆ ਦੁੱਧ ਵਿੱਚ ਮਿਲਾਵਟ ਬਾਰੇ ਜਾਣਕਾਰੀ ਕਰਦੇ ਹੋਏ ਕੁਇਜ਼ ਮੁਕਾਬਲੇ ਵਿੱਚ ਵਿਦਿਆਰਥਣਾਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਸੀ ? ਰਾਜਿੰਦਰ ਸਿੰਘ ,ਲੈਕਚਰਾਰ ਜਸਵੰਤ ਸਿੰਘ,ਅਸ਼ੀਕ ਸਿੰਘ ਮੈਥ ਮਾਸਟਰ ਅਤੇ ਸਕੂਲ ਸਟਾਫ਼ ਵੀ ਮੌਜੂਦ ਸਨ।



ਪਿਆਜ਼ ਦੀ ਬੀਜ ਵਾਲੀ ਫ਼ਸਲ ਦਾ ਬਿਮਾਰੀਆਂ ਤੋਂ ਬਚਾਅ

• ਅਮਰਜੀਤ ਸਿੰਘ, ਅੰਜੂ ਬਾਲਾ

94637-47280

ਪਿਆਜ਼ ਪੰਜਾਬ ਦੀ ਮਹੱਤਵਪੂਰਨ ਫ਼ਸਲ ਹੈ। ਇਸ 'ਚ ਪਾਏ ਜਾਣ ਵਾਲੇ ਐਲੀਸਿਨ, ਐਲੀਨਥਾਇਓ ਸਲਫੇਟ, ਸਲਫਾਈਟ ਤੱਤ ਕੈਂਸਰ, ਸ਼ੂਗਰ, ਕੋਲੈਸਟਰਾਲ ਤੇ ਜਿਗਰ ਦੀਆਂ ਬਿਮਾਰੀਆਂ ਨਾਲ ਲੜਨ ਦੀ ਸਮਰਥਾ ਰੱਖਦੇ ਹਨ। ਪੰਜਾਬ 'ਚ ਪਿਆਜ਼ ਦੀ 450 ਤੋਂ 500 ਕਰੋੜ ਰੁਪਏ ਦੀ ਮੰਗ ਹੈ ਪਰ ਪੰਜਾਬ 'ਚ 100 ਤੋਂ 125 ਕਰੋੜ ਰੁਪਏ ਦਾ ਪਿਆਜ਼ ਪੈਦਾ ਹੁੰਦਾ ਹੈ। ਬਾਕੀ ਪੂਰਤੀ ਮਹਾਰਾਸ਼ਟਰ, ਆਂਧਰਾ ਪ੍ਰਦੇਸ਼ ਤੇ ਹੋਰਨਾਂ ਸੂਬਿਆਂ ਤੋਂ ਕੀਤੀ ਜਾਂਦੀ ਹੈ। ਕਿਸਾਨਾਂ ਨੂੰ ਪਿਆਜ਼ ਦੇ ਉੱਤਮ ਬੀਜ ਦੀ ਉਪਲਬਧਤਾ, ਪੌਦ ਸੁਰੱਖਿਆ, ਤਕਨੀਕਾਂ ਦੀ ਜਾਣਕਾਰੀ ਦੀ ਘਾਟ ਪੰਜਾਬ 'ਚ ਪਿਆਜ਼ ਦੀ ਘੱਟ ਪੈਦਾਵਾਰ ਦੇ ਮੁੱਖ ਕਾਰਨ ਹਨ। ਸੰਗਠਿਤ ਖੇਤਰ ਪਿਆਜ਼ ਦੇ ਬੀਜ ਦੀ ਕੇਵਲ 54 ਫ਼ੀਸਦੀ ਲੋੜ ਪੂਰੀ ਕਰਦਾ ਹੈ। ਰਹਿੰਦੀ ਲੋੜ ਕਿਸਾਨ ਆਪ ਪੂਰੀ ਕਰਦੇ ਹਨ।

ਜਾਮਣੀ ਧੱਬਿਆਂ ਦਾ ਰੋਗ

ਇਹ ਉੱਲੀ ਰੋਗ ਹੈ, ਜੋ ਲਸਣ ਤੇ ਪਿਆਜ਼ ਦੀਆਂ ਫ਼ਸਲਾਂ 'ਤੇ ਹਮਲਾ ਕਰਦਾ ਹੈ। ਬੀਜ ਵਾਲੀ ਫ਼ਸਲ 'ਤੇ ਇਸ ਦਾ ਹਮਲਾ ਜ਼ਿਆਦਾ ਹੁੰਦਾ ਹੈ। ਇਹ ਬਿਮਾਰੀ ਫ਼ਸਲ ਦੇ ਕਿਸੇ ਵੀ ਹਿੱਸੇ 'ਤੇ ਹਮਲਾ ਕਰ ਸਕਦੀ ਹੈ ਪਰ ਫੁੱਲਾਂ ਵਾਲੀਆਂ ਟਹਿਣੀਆਂ 'ਤੇ ਇਸ ਦਾ ਹਮਲਾ ਬਹੁਤ ਨੁਕਸਾਨ ਕਰਦਾ ਹੈ। ਇਸ ਬਿਮਾਰੀ ਦੇ ਸ਼ੁਰੂਆਤੀ ਹਮਲੇ ਨਾਲ ਪੱਤਿਆਂ 'ਤੇ ਪਾਣੀ ਭਿੱਜੇ ਧੱਬੇ ਪੈ ਜਾਂਦੇ ਹਨ। ਬਿਮਾਰੀ ਵੱਧਣ ਨਾਲ ਇਹ ਧੱਬੇ ਅੰਡਾਕਾਰ ਤੇ ਫਿਰ ਅੱਖ ਦੀ ਸ਼ਕਲ ਵਰਗੇ ਹੋ ਕੇ ਜਾਮਣੀ ਹੋ ਜਾਂਦੇ ਹਨ। ਸਿੱਲ੍ਹੇ ਮੌਸਮ 'ਚ ਇਨ੍ਹਾਂ ਧੱਬਿਆਂ ਉੱਪਰ ਕਾਲੀ ਉੱਲੀ ਪੈਦਾ ਹੋ ਜਾਂਦੀ ਹੈ। ਉੱਲੀ ਦੇ ਇਹ ਕਾਲੇ ਕਣ ਬਿਮਾਰੀ ਨੂੰ ਫੁੱਲਾਂ ਵਾਲੀਆਂ ਡੰਡੀਆਂ ਤਕ ਫ਼ੈਲਾਅ ਦਿੰਦੇ ਹਨ। ਫੁੱਲਾਂ ਵਾਲੀਆਂ ਟਹਿਣੀਆਂ ਬੀਜ ਬਣਨ ਤੋਂ ਪਹਿਲਾਂ ਹੀ ਮੁਰਝਾ ਜਾਂਦੀਆਂ ਹਨ।

ਜੇ ਟਹਿਣੀਆਂ 'ਤੇ ਬਿਮਾਰੀ ਦਾ ਹਮਲਾ ਬੀਜ ਬਣਨ ਤੋਂ ਬਾਅਦ ਹੋਵੇ ਤਾਂ ਟਾਹਣੀਆਂ ਟੁੱਟ ਜਾਂਦੀਆਂ ਹਨ। ਬੀਜਾਂ ਵਾਲਾ ਫੁੱਲਾਂ ਦਾ ਗੁੱਛਾ ਬੂਟੇ ਨਾਲੋਂ ਵੱਖ ਹੋ ਜਾਂਦਾ ਹੈ ਤੇ ਬੀਜ ਬੇਜਾਨ ਤੇ ਸੁੰਗੜਿਆ ਹੋਇਆ ਪੈਦਾ ਹੁੰਦਾ ਹੈ। ਥਰਿੱਪ ਦਾ ਹਮਲਾ ਬਿਮਾਰੀ ਨੂੰ ਤੇਜ਼ੀ ਨਾਲ ਵਧਾਉਂਦਾ ਹੈ, ਜਿਸ ਨਾਲ ਬੀਜ ਵਾਲੀ ਫ਼ਸਲ ਦਾ 80-85 ਫ਼ੀਸਦੀ ਨੁਕਸਾਨ ਹੋ ਸਕਦਾ ਹੈ। ਇਸ ਬਿਮਾਰੀ ਦੇ ਵੱਧਣ-ਫੁੱਲਣ ਲਈ 25-28 ਡਿਗਰੀ ਤਾਪਮਾਨ ਤੇ ਸਿੱਲ੍ਹਾ ਮੌਸਮ ਢੁੱਕਵਾਂ ਹੁੰਦਾ ਹੈ। ਬਿਮਾਰੀ ਦੇ ਕੀਟਾਣੂ ਬੀਜ ਵਿਚ ਚਲੇ ਜਾਂਦੇ ਹਨ ਤੇ ਬੀਜ ਬਹੁਤ ਜਲਦੀ ਮਰ ਜਾਂਦੇ ਹਨ।

ਰੋਕਥਾਮ

ਇਨ੍ਹਾਂ ਬਿਮਾਰੀਆਂ ਤੋਂ ਬਚਣ ਲਈ ਰੋਗ ਰਹਿਤ ਬੀਜ ਤੇ ਗੰਢਿਆਂ ਦੀ ਵਰਤੋਂ ਕਰੋ। ਬਿਜਾਈ ਤੋਂ ਪਹਿਲਾਂ ਬੀਜ ਨੂੰ ਕੈਪਟਾਨ ਜਾਂ ਥੀਰਮ ਦਵਾਈ ਨਾਲ 3 ਗ੍ਰਾਮ ਪ੍ਰਤੀ ਕਿੱਲੋ ਬੀਜ ਦੇ ਹਿਸਾਬ ਨਾਲ ਸੋਧ ਲਵੋ। ਬਿਮਾਰੀ ਨਜ਼ਰ ਆਉਣ 'ਤੇ ਫ਼ਸਲ ਉੱਪਰ 600 ਗ੍ਰਾਮ ਇੰਡੋਫਿਲ ਐੱਮ-45 ਤੇ 200 ਮਿਲੀਲਿਟਰ ਟਰਾਈਟੋਨ ਜਾਂ ਅਲਸੀ ਦਾ ਤੇਲ 200 ਲਿਟਰ ਪਾਣੀ 'ਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ। ਇਸ ਤੋਂ ਬਾਅਦ 10 ਦਿਨਾਂ ਦੇ ਵਕਫੇ 'ਤੇ 3 ਛਿੜਕਾਅ ਹੋਰ ਕਰੋ। ਪਿਆਜ਼ ਦੇ ਪੱਤੇ ਮੋਮੀ ਹੁੰਦੇ ਹਨ, ਜਿਸ 'ਤੇ ਉੱਲੀਨਾਸ਼ਕ ਚੰਗੀ ਤਰ੍ਹਾਂ ਚਿਪਕਦੇ ਨਹੀਂ, ਇਸ ਲਈ ਉੱਲੀਨਾਸ਼ਕਾਂ 'ਚ ਟਰਾਈਟੋਨ ਜਾਂ ਅਲਸੀ ਦਾ ਤੇਲ ਮਿਲਾ ਕੇ ਛਿੜਕਾਅ ਕਰਨਾ ਚਾਹੀਦਾ ਹੈ ਤਾਂ ਜੋ ਇਨ੍ਹਾਂ ਬਿਮਾਰੀਆਂ 'ਤੇ ਚੰਗੀ ਤਰ੍ਹਾਂ ਕਾਬੂ ਪਾਇਆ ਜਾ ਸਕੇ। ਥਰਿੱਪ ਦੇ ਹਮਲੇ ਤੋਂ ਬਚਣ ਲਈ 250 ਮਿਲੀਲਿਟਰ ਮੈਲਾਥਿਓਨ 50 ਈਸੀ ਨੂੰ 80 ਲਿਟਰ ਪਾਣੀ 'ਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ। •

ਸਟੈਮਫਿਲੀਅਮ ਬਲਾਈਟ

ਇਸ ਬਿਮਾਰੀ ਨਾਲ ਪੱਤਿਆਂ ਉੱਪਰ ਪੀਲੇ ਭੂਰੇ ਪਾਣੀ ਭਿੱਜੇ ਲੰਬੂਤਰੇ ਧੱਬੇ ਪੈ ਜਾਂਦੇ ਹਨ, ਜੋ ਬਾਅਦ ਵਿਚ ਗੂੜ੍ਹੇ ਭੂਰੇ ਤੇ ਫਿਰ ਕਾਲੇ ਰੰਗ ਦੇ ਹੋ ਜਾਂਦੇ ਹਨ। ਇਹ ਧੱਬੇ ਆਪਸ 'ਚ ਮਿਲ ਕੇ ਪੱਤੇ ਨੂੰ ਸਾੜ ਦਿੰਦੇ ਹਨ। ਇਹ ਧੱਬੇ ਦੂਰੋਂ ਵੇਖਣ ਨੂੰ ਜਾਮਣੀ ਧੱਬਿਆਂ ਦੇ ਰੋਗ ਵਾਂਗ ਹੀ ਲਗਦੇ ਹਨ। ਇਹ ਬਿਮਾਰੀ ਜ਼ਿਆਦਾਤਰ ਪੱਤਿਆਂ ਤਕ ਹੀ ਸੀਮਿਤ ਰਹਿੰਦੀ ਹੈ। ਲੰਬੇ ਸਮੇਂ ਤਕ ਗਰਮ ਤੇ ਸਲ੍ਹਾਬ ਵਾਲਾ ਮੌਸਮ ਇਸ ਬਿਮਾਰੀ ਦੇ ਹਮਲੇ ਨੂੰ ਹੋਰ ਵਧਾ ਦਿੰਦਾ ਹੈ। ਥਰਿੱਪ ਦਾ ਹਮਲਾ ਅਤੇ 18-32 ਡਿਗਰੀ ਸੈਂਟੀਗ੍ਰੇਡ ਤਾਪਮਾਨ ਵੀ ਇਸ ਬਿਮਾਰੀ 'ਚ ਵਾਧਾ ਕਰਦਾ ਹੈ।



ਪੀਲੇ ਧੱਬਿਆਂ ਦਾ ਰੋਗ

ਇਹ ਇਕ ਉੱਲੀ ਰੋਗ ਹੈ। ਇਹ ਬਿਮਾਰੀ ਪੌੜੀਆਂ 'ਚ ਸ਼ੁਰੂ ਹੁੰਦੀ ਹੈ ਅਤੇ ਠੰਡੇ ਤੇ ਸਲ੍ਹਾਬ ਵਾਲੇ ਮੌਸਮ 'ਚ ਇਸ ਦਾ ਵਾਧਾ ਜ਼ਿਆਦਾ ਹੁੰਦਾ ਹੈ। ਬਿਮਾਰੀ ਦੇ ਹਮਲੇ ਨਾਲ 30-45 ਦਿਨਾਂ 'ਚ ਫ਼ਸਲ ਨਸ਼ਟ ਹੋ ਜਾਂਦੀ ਹੈ। ਪੱਤਿਆਂ ਉੱਪਰ ਜਾਮਣੀ ਸਲੇਟੀ, ਮਖਮਲੀ ਉੱਲੀ ਦਿਖਾਈ ਦਿੰਦੀ ਹੈ। ਬਿਮਾਰੀ ਵਾਲੇ ਪੱਤੇ ਪੀਲੇ ਪੈ ਜਾਂਦੇ ਹਨ। ਇਹ ਧੱਬੇ ਅੰਡਾਕਾਰ ਸ਼ਕਲ ਦੇ ਹੁੰਦੇ ਹਨ ਤੇ ਇਨ੍ਹਾਂ ਧੱਬਿਆਂ ਉੱਪਰ ਜਾਮਣੀ ਧੱਬਿਆਂ ਦਾ ਰੋਗ ਤੇ ਸਟੈਮਫਿਲੀਅਮ ਬਲਾਈਟ ਦਾ ਵੀ ਹਮਲਾ ਹੋ ਜਾਂਦਾ ਹੈ। ਅੰਡਾਕਾਰ ਪੀਲੇ ਧੱਬੇ ਫੁੱਲਾਂ ਦੀਆਂ ਡੰਡੀਆਂ 'ਤੇ ਵੀ ਦਿਖਾਈ ਦਿੰਦੇ ਹਨ। ਡੰਡੀਆਂ 'ਤੇ ਇਹ ਧੱਬੇ ਬਾਅਦ 'ਚ ਭੂਰੇ ਦੇ ਹੋ ਜਾਂਦੇ ਹਨ। ਬਿਮਾਰੀ ਵਾਲੀ ਫੁੱਲਾਂ ਦੀ ਡੰਡੀ ਕਮਜ਼ੋਰ ਪੈ ਕੇ ਟੁੱਟ ਜਾਂਦੀ ਹੈ ਤੇ ਫਸਲ ਸੜੀ ਜਾਪਦੀ ਹੈ।

> ਬੀਤੇ ਦਿਨੀਂ ਕੇਂਦਰੀ ਵਿੱਤ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਬਜਟ ਖੇਤੀ ਔਕੜਾਂ ਦਾ ਸਾਹਮਣਾ ਕਰਨ ਤੋਂ ਅਸਮਰੱਥ ਨਜ਼ਰ ਆਉਂਦਾ ਹੈ। ਸੰਕਟ ਨਾਲ ਜੂਝ ਰਹੀ ਪੰਜਾਬ ਦੀ ਕਿਸਾਨੀ ਨੂੰ ਕਰਜ਼ੇ ਤੋਂ ਮੁਕਤੀ ਦਿਵਾਉਣ ਲਈ ਨਾ ਤਾਂ ਕੋਈ ਪੈਕੇਜ ਦਿੱਤਾ ਗਿਆ ਅਤੇ ਨਾ ਹੀ ਕਰਜ਼ ਉੱਪਰ ਵਿਆਜ ਦਰਾਂ ਘਟਾਈਆਂ ਗਈਆਂ। ਖੇਤੀ ਖੋਜਾਂ ਲਈ ਵੀ ਫੰਡਾਂ 'ਚ ਵੀ ਨਿਗੂਣਾ ਵਾਧਾ ਕੀਤਾ ਗਿਆ ਹੈ...

ਖੇਤੀ ਨੂੰ ਨਿਗੂਣੀ ਤਵੱਜੋਂ

• ਬਲਦੇਵ ਸਿੰਘ ਢਿੱਲੋਂ, ਸੁਖਪਾਲ ਸਿੰਘ

ਭਾਰਤੀ ਖੇਤੀ ਖੇਤਰ 130 ਕਰੋੜ ਲੋਕਾਂ ਨੂੰ ਅੰਨ ਸੁਰੱਖਿਆ ਮੁਹੱਈਆ ਕਰਦਾ ਹੈ, ਜਿਸ 'ਚ 54 ਫ਼ੀਸਦੀ ਕਿਰਤ ਸ਼ਕਤੀ ਲੱਗੀ ਹੋਈ ਤੇ ਦੋ-ਤਿਹਾਈ ਪੇਂਡੂ ਲੋਕ ਇਸ 'ਤੇ ਨਿਰਭਰ ਹਨ। ਖੇਤੀਬਾੜੀ ਦੇਸ਼ ਦੇ ਅਰਥਚਾਰੇ ਦੇ ਹੋਰ ਖੇਤਰਾਂ ਦੇ ਵਿਕਾਸ 'ਚ ਵੀ ਵੱਡਾ ਯੋਗਦਾਨ ਪਾਉਂਦੀ ਹੈ। ਖੇਤੀ ਖੇਤਰ ਦੀ ਵਿਕਾਸ ਦਰ 2008-12 ਦੌਰਾਨ 1.40 ਫ਼ੀਸਦੀ ਸੀ, ਜੋ ਖਿਸਕ ਕੇ 2.20 ਫ਼ੀਸਦੀ ਸਾਲਾਨਾ ਆ ਗਈ, ਜਦਕਿ ਭਾਰਤੀ ਆਰਥਚਾਰਾ 8 ਫ਼ੀਸਦੀ ਸਾਲਾਨਾ ਦੀ ਦਰ ਨਾਲ ਵਿਕਾਸ ਕਰ ਰਿਹਾ ਹੈ। ਇਸ ਤਰ੍ਹਾਂ ਖੇਤੀ ਖੇਤਰ ਦੂਸਰੇ ਖੇਤਰਾਂ ਨਾਲੋਂ ਕਾਫੀ ਪਿੱਛੇ ਹੈ। ਇਸ ਦੇ ਬਾਵਜੂਦ ਮੌਜੂਦਾ ਬਜਟ 'ਚ ਖੇਤੀ ਖੇਤਰ ਨੂੰ ਬਣਦੀ ਤਰਜੀਹ ਨਹੀਂ ਦਿੱਤੀ ਗਈ।

ਏ-2 ਅਤੇ ਸੀ-2 ਲਾਗਤਾਂ

ਦੇਸ਼ 'ਚ ਅਨਾਜ ਦੀ ਘਾਟ ਪੂਰੀ ਕਰਨ ਲਈ ਕੇਂਦਰ ਸਰਕਾਰ ਨੇ 1965-66 'ਚ ਕਣਕ ਤੇ ਝੋਨੇ ਦੇ ਘੱਟੋ-ਘੱਟ ਸਮਰਥਨ ਮੁੱਲ 'ਤੇ ਸਰਕਾਰੀ ਖ਼ਰੀਦ ਸ਼ੁਰੂ ਕੀਤੀ। ਫ਼ਸਲਾਂ ਦੀਆਂ ਕੀਮਤਾਂ ਨਿਸ਼ਚਤ ਕਰਨ ਲਈ ਦੋ ਧਾਰਨਾਵਾਂ ਏ-2 ਤੇ ਸੀ-2 ਲਾਗਤ ਦੀ ਵਰਤੋਂ ਕੀਤੀ ਜਾਂਦੀ ਹੈ। ਲਾਗਤ ਏ-2 'ਚ ਕਿਸਾਨਾਂ ਦੁਆਰਾ ਨਕਦ ਭੁਗਤਾਨ ਕੀਤੇ ਗਏ ਖ਼ਰਚੇ ਜਾਂ ਉਤਪਾਦਨ ਲਾਗਤ ਜਿਵੇਂ ਬੀਜ, ਖਾਦ ਕੀਟਨਾਸ਼ਕ, ਲੇਬਰ, ਸਿੰਚਾਈ ਕੀਮਤ, ਰੱਖ-ਰਖਾਓ ਦੀ ਕੀਮਤ ਸ਼ਾਮਿਲ ਹੁੰਦੀ ਹੈ। ਇਸ ਤੋਂ ਇਲਾਵਾ ਇਸ 'ਚ ਜ਼ਮੀਨ ਦਾ ਠੇਕਾ, ਸੰਦਾਂ ਦੀ ਟੁੱਟ-ਭੱਜ, ਵਿਆਜ ਤੇ ਆਪਣੇ ਬੀਜ ਦੀ ਕੀਮਤ, ਆਪਣੀ ਰੂੜ੍ਹੀ ਤੇ ਆਪਣੀ ਮਸ਼ੀਨੀ ਲੇਬਰ ਵੀ ਸ਼ਾਮਿਲ ਹੈ। ਸੀ-2 ਲਾਗਤ 'ਚ ਏ-2 ਲਾਗਤ ਵਾਲੀਆਂ ਸਾਰੀਆਂ ਲਾਗਤਾਂ ਸ਼ਾਮਿਲ ਹੁੰਦੀਆਂ ਹੀ ਹਨ, ਸਗੋਂ ਇਸ 'ਚ ਪਰਿਵਾਰ ਦੀ ਲੇਬਰ, ਸਥਿਰ ਪੂੰਜੀ ਉੱਪਰ ਵਿਆਜ ਤੇ ਆਪਣੀ ਜ਼ਮੀਨ ਦਾ ਠੇਕਾ ਵੀ ਸ਼ਾਮਿਲ ਕੀਤਾ ਜਾਂਦਾ ਹੈ।

ਸਿਫ਼ਾਰਸ਼ਾਂ ਦਰਕਿਨਾਰ

ਡਾ. ਐੱਮਐੱਸ ਸਵਾਮੀਨਾਥਨ ਕਮੇਟੀ ਨੇ ਕੇਂਦਰ ਸਰਕਾਰ ਨੂੰ 2008 'ਚ ਸੌਂਪੀ ਰਿਪੋਰਟ 'ਚ ਸਿਫ਼ਾਰਸ਼ ਕੀਤੀ ਸੀ ਕਿ ਘੱਟੋ-ਘੱਟ ਸਮਰਥਨ ਮੁੱਲ ਨੂੰ ਸੀ-2 ਲਾਗਤ ਉੱਪਰ 50 ਫ਼ੀਸਦੀ ਮੁਨਾਫ਼ੇ ਦੇ ਆਧਾਰ 'ਤੇ ਤੈਅ ਕੀਤਾ ਜਾਵੇ। ਕੇਂਦਰ ਸਰਕਾਰ ਵੱਲੋਂ ਇਹ ਸਿਫ਼ਾਰਸ਼ ਮੰਨੀ ਨਹੀਂ ਗਈ ਬਲਕਿ ਕੇਂਦਰ ਨੇ ਘੱਟੋ-ਘੱਟ ਸਮਰਥਨ ਮੁੱਲ ਤੈਅ ਕਰਨ ਦੇ ਇਸ ਫਾਰਮੂਲੇ ਵਿਰੁੱਧ ਸੁਪਰੀਮ ਕੋਰਟ 'ਚ ਲਿਖਤੀ ਬਿਆਨ ਦੇ ਦਿੱਤਾ। ਭਾਵੇਂ ਵਿੱਤ ਮੰਤਰੀ ਵੱਲੋਂ ਬਜਟ ਭਾਸ਼ਣ 'ਚ ਘੱਟੋ-ਘੱਟ ਸਮਰਥਨ ਮੁੱਲ ਨੂੰ ਉਤਪਾਦਨ ਲਾਗਤ 'ਚ 50 ਫ਼ੀਸਦੀ ਮੁਨਾਫ਼ਾ ਜੋੜ ਕੇ ਤੈਅ ਕਰਨ ਬਾਰੇ ਕਿਹਾ ਹੈ ਪਰ ਇਹ ਕਿਸ ਧਾਰਨਾਂ 'ਤੇ ਨਿਸ਼ਚਤ ਕਰਨਾ ਹੈ, ਇਸ ਸਬੰਧੀ ਬਜਟ ਚੁੱਪ ਹੈ। ਬਜਟ 'ਚ ਕਿਹਾ ਗਿਆ ਕਿ ਹਾੜ੍ਹੀ 2017-18 ਦੀਆਂ ਫ਼ਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਉਤਪਾਦਨ ਲਾਗਤ ਉੱਪਰ 50 ਫ਼ੀਸਦੀ ਮੁਨਾਫ਼ਾ ਜੋੜ ਕੇ ਤੈਅ ਕੀਤਾ ਗਿਆ ਹੈ। ਇਸ ਤੋਂ ਇੰਜ ਜਾਪਦਾ ਹੈ ਕਿ ਕੇਂਦਰ ਸਰਕਾਰ ਸੀ-2 ਲਾਗਤ ਤੇ ਘੱਟੋ-ਘੱਟ ਸਮਰਥਨ ਮੁੱਲ ਤੈਅ ਕਰਨ ਦੀ ਥਾਂ ਕਿਸੇ ਹੋਰ ਪਰਿਭਾਸ਼ਾ 'ਤੇ ਕੰਮ ਕਰ ਰਹੀ ਹੈ। ਹਾਲਾਂਕਿ ਕਿਸਾਨੀ ਸੰਕਟ ਨਾਲ ਨਜਿੱਠਣ ਤੇ ਉਨ੍ਹਾਂ ਦੇ ਗੁਜ਼ਾਰੇਯੋਗ ਜੀਵਨ ਪੱਧਰ ਲਈ ਮੁਨਾਫ਼ੇ ਵਾਲੀ ਕੀਮਤ ਹੋਣੀ ਚਾਹੀਦੀ ਹੈ।

ਖੋਜ ਕਾਰਜਾਂ ਲਈ ਫੰਡਾਂ ਦੀ ਘਾਟ

ਖੇਤੀਬਾੜੀ ਗੰਭੀਰ ਸਮੱਸਿਆਵਾਂ ਨਾਲ ਜੂਝ ਰਹੀ ਹੈ ਪਰ ਬਜਟ ਵਿਚ ਖੋਜ ਤੇ ਵਿਕਾਸ ਨੂੰ ਬਹੁਤ ਘੱਟ ਤਵੱਜੋ ਦਿੱਤੀ ਗਈ। 2017-18 ਵਿਚ ਭਾਰਤੀ ਖੇਤੀ ਖੋਜ ਕੌਂਸਲ ਨੂੰ ਬਜਟ ਵਿੱਚੋਂ 6,992 ਕਰੋੜ ਰੁਪਏ ਮਿਲੇ ਸਨ, ਜਿਹੜੇ ਇਸ ਬਜਟ 'ਚ ਵਧ ਕੇ 7,800 ਕਰੋੜ ਰੁਪਏ ਹੋਏ ਹਨ। ਇਹ ਨਿਗੂਣਾ ਵਾਧਾ ਖੇਤੀ ਖੋਜ ਨੂੰ ਵਧਾਉਣ ਲਈ ਕਾਫੀ ਨਹੀਂ। ਭਾਰਤੀ ਖੇਤੀ ਖੋਜ ਕੌਂਸਲ ਕਈ ਸਾਲਾਂ ਤੋਂ ਵਿੱਤੀ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਆਲ ਇੰਡੀਆ ਕੋਆਰਡੀਨੇਟਿਡ ਰਿਸਰਚ ਪ੍ਰਾਜੈਕਟ, ਜਿਸ ਨੇ ਦੇਸ਼ 'ਚ ਖੇਤੀ ਖੋਜ ਪ੍ਰਣਾਲੀ ਨੂੰ ਪੱਕੇ ਪੈਰੀਂ ਕੀਤਾ ਹੈ, ਅਧੀਨ ਆਉਂਦੀਆਂ ਸੂਬਾਈ ਖੇਤੀ ਯੂਨੀਵਰਸਿਟੀਆਂ ਦੀਆਂ ਪੋਸਟਾਂ ਨੂੰ ਵੱਡੀ ਗਿਣਤੀ 'ਚ ਖ਼ਤਮ ਕੀਤਾ ਜਾ ਰਿਹਾ ਹੈ। ਇਸ ਦੇ ਅਧੀਨ ਹੀ ਭਾਰਤੀ ਖੇਤੀ ਖੋਜ ਕੌਂਸਲ ਨੇ ਖੋਜ ਫੰਡਾਂ 'ਚ ਕਟੌਤੀ ਕਰ ਕੇ ਪੀਏਯੂ ਲੁਧਿਆਣਾ ਦੀਆਂ 2014-15 ਤੋਂ ਬਾਅਦ 100 ਤੋਂ ਵੱਧ ਅਸਾਮੀਆਂ ਖ਼ਤਮ ਕਰ ਦਿੱਤੀਆਂ। ਜੇ ਇਹ ਹਾਲਾਤ ਖੇਤੀਬਾੜੀ ਯੂਨੀਵਰਸਟੀਆਂ 'ਚੋਂ ਅੱਵਲ ਦਰਜਾ ਪ੍ਰਾਪਤ ਯੂਨੀਵਰਸਿਟੀ ਪੀਏਯੂ ਦੀ ਹੈ ਤਾਂ ਭਾਰਤ ਵਿਚ ਖੇਤੀ ਖੋਜ ਪ੍ਰਣਾਲੀ ਦੀ ਹਾਲਤ ਬਾਰੇ ਸਹਿਜੇ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ।

ਕੇਂਦਰ ਸਰਕਾਰ ਨੂੰ ਭਾਰਤੀ ਖੇਤੀ ਖੋਜ ਕੌਂਸਲ ਨੂੰ ਵਧੇਰੇ ਫੰਡ ਮਹੱਈਆ ਕਰਵਾਉਣੇ ਚਾਹੀਦੇ ਸਨ, ਤਾਂ ਕਿ ਖੇਤੀ ਯੂਨੀਵਰਸਿਟੀਆਂ 'ਚ ਖ਼ਤਮ ਕੀਤੀਆਂ ਪੋਸਟਾਂ ਬਹਾਲ ਹੋ ਸਕਣ ਤੇ ਖੇਤੀ ਖੋਜ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਜਲਵਾਯੂ ਤਬਦੀਲੀਆਂ ਕਾਰਨ ਸਮੁੱਚੀ ਖੋਜ ਦਾ ਮੁਹਾਣ ਬਦਲਣ ਤੇ ਖੋਜ ਨੂੰ ਬਹੁ-ਦਿਸ਼ਾਵੀ ਬਣਾਉਣ ਦੀ ਲੋੜ ਹੈ। ਬਜਟ 'ਚ ਇਸ ਲਈ ਕਾਫੀ ਫੰਡ ਰੱਖੇ ਜਾਣੇ ਚਾਹੀਦੇ ਸਨ ਤਾਂ ਕਿ ਖੇਤੀ ਖੋਜ ਜਲਵਾਯੂ ਤਬਦੀਲੀਆਂ ਕਾਰਨ ਪੈਦਾ ਹੋ ਰਹੀਆਂ ਚੁਣੌਤੀਆਂ ਨਾਲ ਨਜਿੱਠਣ ਦੇ ਕਾਬਲ ਹੋ ਸਕੇ।

ਖੇਤੀ ਕਰਜ਼ਾਂ ਵੀ ਅਣਗੌਲਿਆ

ਅੱਜ ਪੰਜਾਬ ਬੇਹੱਦ ਨਾਜ਼ੁਕ ਮੋੜ 'ਤੇ ਖੜ੍ਹਾ ਹੈ। 2.08 ਲੱਖ ਕਰੋੜ ਰੁਪਏ ਦੇ ਭਾਰੀ ਕਰਜ਼ ਨੇ ਪੰਜਾਬ ਨੂੰ ਵਿੱਤੀ ਸੰਕਟ ਵੱਲ ਧੱਕ ਦਿੱਤਾ ਹੈ। ਖੇਤੀ 'ਤੇ ਨਿਰਭਰ ਪਰਿਵਾਰ ਕਠਿਨਾਈ 'ਚ ਹਨ। ਡੇਢ ਦਹਾਕੇ ਦੌਰਾਨ ਪੰਜਾਬ 'ਚ 16,606 (ਦੇਸ 'ਚ 3 ਲੱਖ ਤੋਂ ਉੱਪਰ) ਕਿਸਾਨ ਤੇ ਖੇਤ ਮਜ਼ਦੂਰ ਆਤਮ ਹੱਤਿਆ ਕਰ ਚੁੱਕੇ ਹਨ। ਬਜਟ 'ਚ ਕਰਜ਼ਾ ਮਾਫ਼ੀ ਤੇ ਆਤਮ ਹੱਤਿਆ ਕਰਨ ਵਾਲੇ ਕਿਸਾਨਾਂ ਦੀ ਕੋਈ ਮਦਦ ਨਹੀਂ ਕੀਤੀ ਗਈ। ਖੇਤ ਮਜ਼ਦੂਰਾਂ ਨੂੰ ਵੀ ਅੱਖੋਂ ਪਰੋਖੇ ਕੀਤਾ ਗਿਆ ਹੈ। ਸੰਸਥਾਗਤ ਕਰਜ਼ੇ ਦੀ ਹੱਦ 10 ਲੱਖ ਕਰੋੜ ਤੋਂ ਵਧਾ ਕੇ 11 ਲੱਖ ਕਰੋੜ ਰੁਪਏ ਕਰ ਦਿੱਤੀ ਗਈ ਪਰ ਵਿਆਜ ਦਰ ਨਹੀਂ ਘਟਾਈ ਗਈ, ਜੋ ਕਿਸਾਨਾਂ ਵੱਲੋਂ ਗ਼ੈਰ-ਸੰਸਥਾਗਤ ਵਸੀਲਿਆਂ ਤੋਂ ਕਰਜ਼ ਲੈਣ ਨੂੰ ਠੱਲ੍ਹ ਪਾਉਣ ਵਾਸਤੇ ਜ਼ਰੂਰੀ ਸੀ। ਪੰਜਾਬ ਦੀ ਖੇਤੀ ਉਤਪਾਦਕਤਾ ਸਾਰੇ ਸੂਬਿਆਂ ਨਾਲੋਂ ਵੱਧ ਹੈ। ਮੌਜੂਦਾ ਹਾਲਾਤ 'ਚ ਇਥੇ ਖੇਤੀ ਆਮਦਨ 'ਚ ਵਾਧਾ ਕਰਨਾ ਮੁਸ਼ਕਲ ਹੈ। ਇਥੇ ਖੇਤੀ ਪਰਿਵਾਰਾਂ ਦੀ ਗ਼ੈਰ-ਖੇਤੀ ਖੇਤਰ ਤੋਂ ਆਮਦਨ ਕੁੱਲ ਆਮਦਨ ਦਾ 9.48 ਫ਼ੀਸਦੀ ਹੈ ਜਦਕਿ ਦੇਸ਼ 'ਚ ਇਹ ਦਰ 47.9 ਫ਼ੀਸਦੀ ਹੈ। ਕਿਸਾਨਾਂ ਦੀ ਆਮਦਨ ਵਧਾਉਣ ਵਾਸਤੇ ਗ਼ੈਰ-ਖੇਤੀ ਰੁਜ਼ਗਾਰ ਪੈਦਾ ਕੀਤਾ ਜਾਣਾ ਚਾਹੀਦਾ ਸੀ ਪ੍ਰੰਤੂ ਇਸ ਵੱਲ ਵੀ ਧਿਆਨ ਨਹੀਂ ਦਿੱਤਾ ਗਿਆ।

ਬਜਟ ਚੁਣੌਤੀਆਂ ਨਾਲ ਲੜਨ ਤੋਂ ਅਸਮਰੱਥ

ਪੰਜਾਬ ਨੂੰ ਵਿਸ਼ੇਸ਼ ਪੈਕੇਜ ਦਿੱਤਾ ਜਾਣਾ ਚਾਹੀਦਾ ਸੀ। ਗੁਆਂਢੀ ਸੂਬਿਆਂ ਨੂੰ ਰਿਆਇਤਾਂ ਦਿੱਤੇ ਜਾਣ ਨਾਲ ਪੰਜਾਬ ਦੀ ਸਨਅਤ ਨੂੰ ਧੱਕਾ ਲੱਗਾ ਹੈ। ਦੂਜੇ ਸੂਬਿਆਂ ਦੇ ਮੁਕਾਬਲੇ ਪੰਜਾਬ 'ਚ ਖੇਤੀ ਆਧਾਰਿਤ ਸਨਅਤਾਂ ਲਗਾਉਣਾ ਜ਼ਿਆਦਾ ਫ਼ਾਇਦੇਮੰਦ ਹੈ। ਪੰਜਾਬ 'ਚ ਖੇਤੀ-ਆਧਾਰਿਤ ਸਨਅਤਾਂ ਲਗਾਉਣ ਲਈ ਖ਼ਾਸ ਕਰਕੇ ਸਰਹੱਦੀ ਜ਼ਿਲ੍ਹਿਆਂ ਵਿਚ ਜ਼ਰੂਰ ਰਿਆਇਤਾਂ ਮਿਲਣੀਆਂ ਚਾਹੀਦੀਆਂ ਸਨ। ਖੇਤੀ ਉਦਯੋਗ ਵਸਤਾਂ ਦੀ ਬਰਾਮਦ ਲਈ ਜ਼ਮੀਨੀ ਰਸਤੇ ਰਾਹੀਂ ਵਪਾਰ ਵਧਾਉਣ ਲਈ ਵੀ ਬਜਟ 'ਚ ਕੁਝ ਨਹੀਂ ਕੀਤਾ ਗਿਆ। ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਕੇਂਦਰੀ ਬਜਟ ਖੇਤੀ ਤੇ ਕਿਸਾਨਾਂ ਨੂੰ ਦਰਪੇਸ਼ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਸਮਰੱਥ ਨਹੀਂ ਹੈ। •

24 ਦੀ ਥਾਂ ਛੇ ਫ਼ਸਲਾਂ ਦੀ ਖ਼ਰੀਦ

ਡਾ. ਰਮੇਸ਼ ਚੰਦ ਕਮੇਟੀ ਨੇ ਘੱਟੋ-ਘੱਟ ਸਮਰਥਨ ਮੁੱਲ ਨਿਰਧਾਰਤ ਕਰਨ ਲਈ ਕਿਸਾਨ ਪਰਿਵਾਰ ਦੇ ਮੁਖੀ ਨੂੰ ਸਿੱਖਿਅਤ ਕਾਮਾ ਮੰਨਣ, ਵਿਆਜ ਅੱਧੇ ਦੀ ਥਾਂ ਸਾਰੇ ਸੀਜ਼ਨ ਲਈ ਨਿਸ਼ਚਤ ਕਰਨ ਤੇ ਜ਼ਮੀਨ ਦਾ ਠੇਕਾ ਇਕ-ਤਿਹਾਈ ਦੀ ਥਾਂ ਪੂਰਾ ਪਾਉਣ ਦੀ ਸਿਫ਼ਾਰਸ਼ ਕੀਤੀ ਹੈ। ਉਨ੍ਹਾਂ ਅਨੁਸਾਰ ਫ਼ਸਲਾਂ ਦੇ ਮੰਡੀਕਰਨ, ਢੋ-ਢੁਆਈ, ਸਫ਼ਾਈ, ਗਰੇਡਿੰਗ ਤੇ ਪੈਕੇਜਿੰਗ ਦੇ ਖ਼ਰਚੇ ਵੀ ਸਮਰਥਨ ਮੁੱਲ 'ਚ ਜੁੜਨੇ ਚਾਹੀਦੇ ਹਨ। ਖੇਤੀ ਸੰਕਟ ਨਾਲ ਨਜਿੱਠਣ ਲਈ ਘੱਟੋ-ਘੱਟ ਸਮਰਥਨ ਮੁੱਲ ਸੀ-2 ਲਾਗਤਾਂ 'ਤੇ ਡਾ. ਰਮੇਸ਼ ਚੰਦ ਕਮੇਟੀ ਦੀ ਰਿਪੋਰਟ ਦੇ ਆਧਾਰ 'ਤੇ ਤੈਅ ਕਰਨਾ ਚਾਹੀਦਾ ਹੈ। ਗੰਨੇ ਸਮੇਤ 24 ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਐਲਾਨ ਕੀਤਾ ਜਾਂਦਾ ਹੈ ਪਰ ਕਣਕ, ਝੋਨੇ ਸਮੇਤ ਸਿਰਫ਼ ਛੇ ਫ਼ਸਲਾਂ ਦੀ ਹੀ ਖ਼ਰੀਦ ਕੀਤੀ ਜਾਂਦੀ ਹੈ। ਇਸ ਬਜਟ ਵਿਚ ਘੱਟੋ-ਘੱਟ ਸਮਰਥਨ ਮੁੱਲ ਵਧਾਉਣ ਦੀ ਗੱਲ ਤਾਂ ਕਹੀ ਗਈ ਪਰ ਇਸ ਦੀ ਖ਼ਰੀਦ ਬਾਰੇ ਬਜਟ ਚੁੱਪ ਹੈ। ਜੇ ਕੁਝ ਫ਼ਸਲਾਂ ਖ਼ਰੀਦਣ ਦਾ ਮੌਜੂਦਾ ਸਿਸਟਮ ਇਸੇ ਤਰ੍ਹਾਂ ਚੱਲਦਾ ਰਿਹਾ ਤਾਂ ਉੱਤਰ-ਪੱਛਮੀ ਖੇਤਰਾਂ 'ਚ ਫ਼ਸਲੀ ਵਿਭਿੰਨਤਾ ਨੂੰ ਵੱਡੀ ਠੇਸ ਲਗੇਗੀ।

ਛੋਟੇ ਕਿਸਾਨਾਂ ਲਈ ਸਹੂਲਤਾਂ ਦੀ ਘਾਟ

ਘੱਟੋ-ਘੱਟ ਸਮਰਥਨ ਮੁੱਲ ਕਿਸਾਨਾਂ ਲਈ ਕੋਈ ਸੰਜੀਵਨੀ ਬੂਟੀ ਨਹੀਂ ਹੈ ਕਿਉਂਕਿ ਪੰਜਾਬ 'ਚ 34 ਤੇ ਦੇਸ਼ 'ਚ 85 ਫ਼ੀਸਦੀ ਛੋਟੇ ਕਿਸਾਨ ਹਨ, ਜਿਨ੍ਹਾਂ ਕੋਲ ਪੰਜ ਏਕੜ ਤੋਂ ਘੱਟ ਜ਼ਮੀਨ ਹੈ। ਇਸ ਲਈ ਉਨ੍ਹਾਂ ਨੂੰ ਬੀਜ, ਖਾਦਾਂ, ਸਪਰੇਅ ਤੇ ਮਸ਼ੀਨਰੀ ਉੱਪਰ ਸਬਸਿਡੀ ਦੇਣੀ ਚਾਹੀਦੀ ਹੈ। ਇਸ ਤੋਂ ਇਲਾਵਾ ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ 'ਚ ਸਮਾਂਬੱਧ ਵਾਧਾ ਕਰਦੇ ਹੋਏ ਸਾਰਾ ਸਾਲ ਖ਼ਰੀਦ ਹੋਣੀ ਚਾਹੀਦੀ ਹੈ ਤਾਂ ਕਿ ਕਟਾਈ ਸਮੇਂ ਫ਼ਸਲ ਉਤਪਾਦਨ ਦੀ ਭਰਮਾਰ ਨੂੰ ਰੋਕਿਆ ਜਾ ਸਕੇ। ਖ਼ਰੀਦ ਏਜੰਸੀਆਂ ਦੀ ਭੂਮਿਕਾ ਸੁਖਾਲੀ ਹੋ ਸਕੇ ਤੇ ਭੰਡਾਰਨ ਦੌਰਾਨ ਹੋਣ ਵਾਲੇ ਨੁਕਸਾਨ ਨੂੰ ਘਟਾਇਆ ਜਾ ਸਕੇ। ਬਜਟ 'ਚ ਇਨ੍ਹਾਂ ਪੱਖਾਂ ਨੂੰ ਅਣਗੌਲਿਆ ਗਿਆ ਹੈ।

ਸ਼ਹਿਦ ਸਿਹਤ ਵਾਸਤੇ ਗੁਣਕਾਰੀ ਹੈ, ਜਿਸ ਕਾਰਨ ਰੋਜ਼ਾਨਾ ਖ਼ੁਰਾਕ 'ਚ ਮਿੱਠੇ ਦੀ ਪੂਰਤੀ ਲਈ ਇਸ ਦੀ ਵਰਤੋਂ ਵਧੇਰੇ ਹੋਣ ਲੱਗੀ ਹੈ। ਸ਼ਹਿਦ ਨੂੰ ਮਿਆਰੀ ਤੇ ਸਾਫ਼-ਸੁਥਰਾ ਬਣਾਉਣ ਲਈ ਇਸ ਨੂੰ ਪ੍ਰੋਸੈੱਸ ਕੀਤਾ ਜਾਣਾ ਲਾਜ਼ਮੀ ਹੈ...

ਸ਼ਹਿਦ ਦੀ ਪ੍ਰੋਸੈਸਿੰਗ ਸਮੇਂ ਦੀ ਮੁੱਖ ਲੋੜ

• ਗਗਨਜੋਤ ਕੌਰ, ਏ.ਕੇ ਸਿੰਘ

98781-14400

ਭਾਰਤ ਦਾਣਿਆਂ, ਫਲਾਂ, ਸਬਜ਼ੀਆਂ, ਦੁੱਧ ਤੇ ਮੱਛੀ ਦੀ ਪੈਦਾਵਾਰ 'ਚ ਵਿਸ਼ਵ ਦੇ ਪਹਿਲੇ ਪੰਜ ਦੇਸ਼ਾਂ ਵਿਚ ਆਉਂਦਾ ਹੈ। ਬੀਤੇ ਕੁਝ ਸਾਲਾਂ ਤੋਂ ਕਿਸਾਨਾਂ ਨੇ ਸਹਾਇਕ ਧੰਦਿਆਂ ਨੂੰ ਤੇਜ਼ੀ ਨਾਲ ਅਪਣਾਇਆ ਹੈ।

ਸ਼ਹਿਦ ਮੱਖੀ ਪਾਲਣ 'ਚ ਛੋਟੇ ਕਿਸਾਨਾਂ ਦਾ ਰੁਝਾਨ ਵਧੇਰੇ ਹੈ। 70 ਫ਼ੀਸਦੀ ਤੋਂ ਵੱਧ ਸ਼ਹਿਦ ਦੀ ਪ੍ਰਾਪਤੀ ਛੋਟੇ ਤੇ ਵੱਡੇ ਮੱਖੀ ਪਾਲਕਾਂ ਤੋਂ ਹੋ ਰਹੀ ਹੈ। ਐਪਿਸਮੈਲੀਫੇਰਾ ਕਿਸਮ ਦੀ ਮੱਖੀ ਪੰਜਾਬ ਦੇ ਵਾਤਾਵਰਨ ਵਾਸਤੇ ਅਨੁਕੂਲ ਹੈ। ਸ਼ਹਿਦ ਸਿਹਤ ਵਾਸਤੇ ਗੁਣਕਾਰੀ ਹੈ, ਜਿਸ ਕਾਰਨ ਲੋਕ ਅਪਣੀ ਖ਼ੁਰਾਕ 'ਚ ਮਿੱਠੇ ਦੀ ਲੋੜ ਪੂਰੀ ਕਰਨ ਲਈ ਸ਼ੱਕਰ, ਗੁੜ੍ਹ ਤੇ ਸ਼ਹਿਦ ਦੀ ਵਰਤੋਂ ਵਧੇਰੇ ਕਰਨ ਲਗੇ ਹਨ। ਸ਼ਹਿਦ ਨੂੰ ਵਧੀਆ, ਸਾਫ਼-ਸੁਥਰੇ ਤੇ ਸੁਚੱਜੇ ਤਰੀਕੇ ਨਾਲ ਪ੍ਰੋਸੈੱਸ ਕਰਨਾ ਜ਼ਰੂਰੀ ਹੈ।

ਮੋਮ ਉਤਾਰਨਾ (ਅਨਕੈਪਿੰਗ)

ਲੱਕੜ ਦੇ ਬਕਸੇ 'ਚ ਫਰੇਮਾਂ 'ਤੇ ਮੋਮੀ ਸ਼ੀਟਾਂ ਉੱਪਰ ਸੈੱਲ ਬਣਾ ਕੇ ਮੱਖੀ ਸ਼ਹਿਦ ਇੱਕਠਾ ਕਰਦੀ ਹੈ। ਜਦੋਂ ਸੈੱਲ ਸ਼ਹਿਦ ਨਾਲ ਭਰ ਜਾਂਦਾ ਹੈ ਤਾਂ ਮੱਖੀ ਸੈੱਲ ਨੂੰ ਮੋਮ ਨਾਲ ਸੀਲ ਕਰ ਦਿੰਦੀ ਹੈ। ਚਾਕੂ ਨਾਲ ਮੋਮ ਨੂੰ ਉਤਾਰ ਦਿੱਤਾ ਜਾਂਦਾ ਹੈ। ਸ਼ਹਿਦ ਦੀ ਤਰਲਤਾ ਘੱਟ ਹੋਣ ਕਰਕੇ ਸ਼ਹਿਦ ਚਾਕੂ ਨਾਲ ਚਿਪਕਦਾ ਹੈ ਜਿਸ ਕਰਕੇ ਕੰਮ ਦੀ ਗਤੀ 'ਚ ਵਿਘਨ ਪੈਂਦਾ ਹੈ। ਇਸ ਨੂੰ ਸੁਖਾਵਾਂ ਕਰਨ ਲਈ ਪੀਏਯੂ ਦੇ ਵਿਗਿਆਨੀਆਂ ਨੇ ਚਾਕੂ ਦੀ ਧਾਰ ਨੂੰ ਗਰਮ ਕਰਨ ਲਈ ਬਿਜਲੀ ਜਾਂ ਬੈਟਰੀ ਦੀ ਸਹਾਇਤਾ ਨਾਲ ਗਰਮ ਹੋਣ ਵਾਲਾ ਚਾਕੂ ਤਿਆਰ ਕੀਤਾ ਹੈ।

ਗਰਮ ਕਰਨਾ ਤੇ ਨਿਤਾਰਨਾ

ਸ਼ਹਿਦ ਨੂੰ ਸਿੱਧੀ ਅੱਗ 'ਤੇ ਗਰਮ ਨਹੀਂ ਕਰਨਾ ਚਾਹੀਦਾ। ਇਸ ਨਾਲ ਗੁਣਵੱਤਾ ਘਟਦੀ ਹੈ। ਪੀਏਯੂ ਦੇ ਫੂਡ ਪ੍ਰੋਸੈਸਿੰਗ ਤੇ ਇੰਜੀਨਿਅਰਿੰਗ ਵਿਭਾਗ ਵੱਲੋਂ ਸ਼ਹਿਦ ਨੂੰ ਗਰਮ ਕਰਨ ਤੇ ਨਿਤਾਰਨ ਵਾਲੀ ਮਸ਼ੀਨ ਤਿਆਰ ਕੀਤੀ ਗਈ ਹੈ। ਇਸ ਵਿਚ ਸ਼ਹਿਦ ਨੂੰ 40 ਮਿੰਟ ਗਰਮ ਕਰਨ ਨਾਲ ਸ਼ਹਿਦ ਦੀ ਗੁਣਵੱਤਾ ਤੇ ਤਰਲਤਾ 'ਚ ਵਾਧਾ ਹੁੰਦਾ ਹੈ। ਤਰਲਤਾ ਵਧਣ ਨਾਲ ਸ਼ਹਿਦ ਨੂੰ ਨਿਤਾਰਨਾ ਸੌਖਾ ਹੋ ਜਾਂਦਾ ਹੈ।

ਐਕਸਟ੍ਰੈਕਸ਼ਨ

ਸ਼ੀਟਾਂ ਤੋਂ ਮੋਮ ਉਤਾਰਨ ਤੋਂ ਬਾਅਦ ਇਹ ਫਰੇਮ ਐਕਸਟ੍ਰੈਕਟਰ 'ਚ ਘੁਮਾਏ ਜਾਂਦੇ ਹਨ। ਇਸ ਰਾਹੀ ਸੈੱਲਾਂ 'ਚ ਪਿਆ ਸ਼ਹਿਦ ਬਾਹਰ ਆ ਜਾਂਦਾ ਹੈ। ਮਾਰਕੀਟ 'ਚ ਹੱਥ ਨਾਲ ਚਲਾਉਣ ਵਾਲਾ ਤੇ ਮੋਟਰ ਨਾਲ ਚੱਲਣ ਵਾਲੇ ਐਕਸਟ੍ਰੈਕਟਰ ਉਪਲਬਧ ਹਨ। ਇਸ 'ਚ ਫਰੇਮਾਂ ਦੀ ਗਿਣਤੀ 2 ਤੋਂ 120 ਤਕ ਹੋ ਸਕਦੀ ਹੈ। ਛੋਟੇ ਕਿਸਾਨਾਂ ਦੀ ਲੋੜ 4-10 ਫਰੇਮਾਂ ਵਾਲੇ ਐਕਸਟ੍ਰੈਕਟਰ ਰਾਹੀਂ ਪੂਰੀ ਹੋ ਸਕਦੀ ਹੈ।

ਪੈਕਿੰਗ

ਆਕਰਸ਼ਕ ਪੈਕਿੰਗ ਮੰਡੀਕਰਨ ਦਾ ਅਨਿੱਖੜਵਾਂ ਅੰਗ ਹੈ। ਪੈਕਿੰਗ ਮੈਟੀਰਿਅਲ ਟਿਕਾਊ, ਕਿਫ਼ਾਇਤੀ, ਭੋਜਨ ਭੰਡਾਰਨ ਵਾਸਤੇ ਸੁਰੱਖਿਅਤ ਤੇ ਮਿਲਾਵਟ ਨੂੰ ਰੋਕਣ ਵਾਲਾ ਹੋਣਾ ਚਾਹੀਦਾ ਹੈ। ਵੱਖ-ਵੱਖ ਆਕਾਰ ਤੇ ਮਾਪ ਦੀਆਂ ਬੋਤਲਾਂ 'ਚ ਸ਼ਹਿਦ ਪਾ ਕੇ ਇਸ 'ਤੇ ਲੇਬਲ ਲਗਾਉਣਾ ਵੀ ਜ਼ਰੂਰੀ ਹੈ। ਲੇਬਲ ਦੀ ਮਹੱਤਤਾ ਦਿਨੋਂ ਦਿਨ ਵੱਧ ਰਹੀ ਹੈ। ਇਸ ਰਾਹੀ ਗਾਹਕ ਨੂੰ ਖਾਣ ਵਾਲੇ ਪਦਾਰਥ ਦੀ ਪੂਰੀ ਜਾਣਕਾਰੀ ਦਿੱਤੀ ਜਾਂਦੀ ਹੈ। ਲੇਬਲ ਉੱਪਰ ਕੰਪਨੀ ਦਾ ਨਾਂ, ਪਤਾ, ਡੱਬਾ ਬੰਦ ਕਰਨ ਦੀ ਤਰੀਕ, ਇਸ 'ਚ ਪਾਏ ਜਾਣ ਵਾਲੇ ਪਦਾਰਥ, ਉਨ੍ਹਾਂ ਦੀ ਮਾਤਰਾ, ਰਜਿਸਟ੍ਰੇਸ਼ਨ, ਕੁਆਲਿਟੀ ਪ੍ਰਮਾਣ, ਭਾਰ, ਰੇਟ ਆਦਿ ਦਰਜ ਹੁੰਦਾ ਹੈ। ਲੇਬਲ ਤੇ ਦਿੱਤੀ ਜਾਣਕਾਰੀ ਦੁਆਰਾ ਕੋਈ ਵੀ ਖਪਤਕਾਰ ਉਤਪਾਦਕ ਨਾਲ ਸੰਪਰਕ ਕਰ ਸਕਦਾ ਹੈ।

ਸ਼ਹਿਦ ਦੀ ਪ੍ਰੋਸੈਸਿੰਗ ਇਕ ਲਾਹੇਵੰਦ ਧੰਦਾ ਹੈ। ਕਿਸਾਨ ਸ਼ਹਿਦ ਮੱਖੀਆਂ ਦੀ ਸਾਂਭ ਸੰਭਾਲ ਤੇ ਪ੍ਰੋਸੈਸਿੰਗ ਨੂੰ ਅਪਣਾ ਕੇ ਮੁਨਾਫ਼ੇ 'ਚ ਵਾਧਾ ਕਰ ਸਕਦੇ ਹਨ। •

ਬਸੰਤ ਰੁੱਤ ਦੇ ਕਮਾਦ ਦੀ ਕਾਸ਼ਤ

• ਰਾਜਿੰਦਰਪਾਲ, ਓਂਕਾਰ ਸਿੰਘ

ਕਮਾਦ ਇਕ ਮਹੱਤਵਪੂਰਨ ਵਪਾਰਕ ਫ਼ਸਲ ਹੈ, ਜਿਸ ਦੀ ਕਾਸ਼ਤ ਵੱਖ-ਵੱਖ ਮੌਸਮਾਂ 'ਚ ਕੀਤੀ ਜਾ ਸਕਦੀ ਹੈ। ਪੰਜਾਬ 'ਚ 2016-17 ਵਿਚ 92 ਹਜ਼ਾਰ ਹੈਕਟੇਅਰ ਰਕਬੇ 'ਚ ਕਮਾਦ ਦੀ ਕਾਸ਼ਤ ਕੀਤੀ ਗਈ। ਪੰਜਾਬ 'ਚ ਇਸ ਦੀ ਕਾਸ਼ਤ ਪੱਤਝੜ ਤੇ ਬਹਾਰ ਰੁੱਤ ਦੌਰਾਨ ਕੀਤੀ ਜਾਂਦੀ ਹੈ। ਪੱਤਝੜ ਦੀ ਫ਼ਸਲ ਦਾ ਸਮਾਂ ਵੱਧ ਹੋਣ ਕਾਰਨ ਇਸ ਦਾ ਝਾੜ ਬਹਾਰ ਰੁੱਤ ਦੀ ਫ਼ਸਲ ਨਾਲੋਂ 15-20 ਫ਼ੀਸਦੀ ਵੱਧ ਮਿਲਦਾ ਹੈ ਤੇ ਇਸ 'ਚ ਖੰਡ ਦੀ ਮਾਤਰਾ ਵੀ ਵੱਧ ਹੁੰਦੀ ਹੈ। ਪੱਤਝੜ ਦੀ ਫ਼ਸਲ ਦਾ ਵਾਧਾ ਨਵੰਬਰ ਤੋਂ ਫਰਵਰੀ ਤਕ ਹੌਲੀ ਹੋਣ ਕਾਰਨ ਇਸ ਵਿਚ ਅੰਤਰ-ਫਸਲਾਂ ਦੀ ਕਾਸ਼ਤ ਵੀ ਕੀਤੀ ਜਾ ਸਕਦੀ ਹੈ। ਬਹਾਰ ਰੁੱਤ ਦੀ ਫ਼ਸਲ ਦੀ ਬਿਜਾਈ ਅੱਧ ਫਰਵਰੀ ਤੋਂ ਸ਼ੁਰੂ ਕੀਤੀ ਜਾਂਦੀ ਹੈ।

ਕਮਾਦ ਦੀ ਵੱਧ ਪੈਦਾਵਾਰ ਲਈ ਉੱਤਮ ਖੇਤੀ ਤਕਨੀਕਾਂ ਤੇ ਉੱਤਮ ਕਿਸਮਾਂ ਨੂੰ ਅਪਨਾਉਣਾ ਬੇਹੱਦ ਜ਼ਰੂਰੀ ਹੈ। ਕਿਸਮਾਂ ਦੇ ਪੱਕਣ ਦੇ ਸਮੇਂ ਅਨੁਸਾਰ ਕਿਸਮਾਂ ਦੀ ਵੰਡ ਅਗੇਤੀਆਂ ਤੇ ਦਰਮਿਆਨੀਆਂ-ਪਛੇਤੀਆਂ ਵਜੋਂ ਕੀਤੀ ਜਾਂਦੀ ਹੈ। ਅਗੇਤੀਆਂ ਕਿਸਮਾਂ ਨਵੰਬਰ ਤੋਂ ਦਸੰਬਰ ਦਰਮਿਆਨ ਪੱਕਦੀਆਂ ਹਨ ਜੋ 8-10 ਮਹੀਨੇ ਦਾ ਸਮਾਂ ਲੈਂਦੀਆਂ ਹਨ, ਪ੍ਰੰਤੂ ਦਰਮਿਆਨੀਆਂ-ਪਛੇਤੀਆਂ ਕਿਸਮਾਂ ਜਨਵਰੀ ਤੋਂ ਮਾਰਚ ਦਰਮਿਆਨ ਪੱਕਦੀਆਂ ਹਨ, ਜੋ ਕਿ ਪੱਕਣ ਲਈ 10-12 ਮਹੀਨੇ ਦਾ ਸਮਾਂ ਲੈਂਦੀਆਂ ਹਨ।

ਅਗੇਤੀਆਂ ਕਿਸਮਾਂ

ਸੀਓਪੀਬੀ-92 : ਇਸ ਕਿਸਮ ਦੇ ਗੰਨੇ ਲੰਬੇ, ਦਰਮਿਆਨੇ ਮੋਟੇ ਤੇ ਜਾਮਣੀ ਰੰਗ ਦੀ ਭਾਅ ਮਾਰਦੇ ਹਨ। ਇਸ ਦਾ ਮੋਢਾ ਵਧੀਆ ਹੁੰਦਾ ਹੈ। ਇਹ ਕਿਸਮ ਰੱਤਾ ਰੋਗ ਅਤੇ ਕੋਹਰੇ ਪ੍ਰਤੀ ਸਹਿਣਸ਼ੀਲ ਹੈ। ਇਸ ਦਾ ਔਸਤ ਝਾੜ 335 ਕੁਇੰਟਲ ਪ੍ਰਤੀ ਏਕੜ ਹੈ।

ਸੀਓ-118 : ਇਸ ਕਿਸਮ ਦੇ ਗੰਨੇ ਮੋਟੇ ਤੇ ਗੂੜ੍ਹੇ ਜਾਮਣੀ ਹਰੇ ਰੰਗ ਦੇ ਹੁੰਦੇ ਹਨ। ਇਹ ਕਿਸਮ ਰੱਤਾ ਰੋਗ ਪ੍ਰਤੀ ਸਹਿਣਸ਼ੀਲ ਹੈ ਤੇ ਔਸਤ ਝਾੜ 320 ਕੁਇੰਟਲ ਪ੍ਰਤੀ ਏਕੜ ਹੈ।

ਸੀਓਜੇ-85 : ਇਸ ਕਿਸਮ ਦੇ ਗੰਨੇ ਮੋਟੇ, ਹਰੇ ਰੰਗ ਦੇ ਹੁੰਦੇ ਹਨ। ਇਹ ਕਿਸਮ ਘੱਟ ਤਾਪਮਾਨ ਤੇ ਰੱਤਾ ਰੋਗ ਦਾ ਟਾਕਰਾ ਕਰਨ ਦੇ ਸਮਰੱਥ ਹੈ। ਇਸ ਕਿਸਮ ਦੇ ਗੰਨੇ ਮੋਟੇ ਤੇ ਭਾਰੇ ਹੋਣ ਕਾਰਨ ਡਿੱਗ ਜਾਂਦੇ ਹਨ, ਜਿਸ ਕਰਕੇ ਇਸ ਦੀ ਸਮੇਂ ਸਿਰ ਬੰਨ੍ਹਾਈ ਦਾ ਖ਼ਾਸ ਖ਼ਿਆਲ ਰੱਖਣਾ ਜ਼ਰੂਰੀ ਹੈ। ਔਸਤਨ ਝਾੜ 305 ਕੁਇੰਟਲ ਪ੍ਰਤੀ ਏਕੜ ਹੈ।

ਸੀਓਜੇ-64 : ਇਹ ਕਿਸਮ ਜ਼ਿਆਦਾ ਬੂਝਾ ਮਾਰਦੀ ਹੈ। ਇਸ ਕਿਸਮ ਦੇ ਗੰਨੇ ਦਰਮਿਆਨੇ ਮੋਟੇ, ਹਰੇ ਪੀਲੇ ਰੰਗ ਦਾ ਭਾਅ ਮਾਰਦੇ ਹਨ। ਇਸ ਕਿਸਮ 'ਤੇ ਰੱਤਾ ਰੋਗ ਤੇ ਗੜੂੰਏਂ ਦਾ ਜ਼ਿਆਦਾ ਹਮਲਾ ਹੁੰਦਾ ਹੈ ਪ੍ਰੰਤੂ ਇਸ ਦਾ ਗੁੜ ਮਿਆਰੀ ਹੁੰਦਾ ਹੈ। ਔਸਤ ਝਾੜ 300 ਕੁਇੰਟਲ ਪ੍ਰਤੀ ਏਕੜ ਹੈ।

ਦਰਮਿਆਨੀਆਂ-ਪਛੇਤੀਆਂ ਕਿਸਮਾਂ

ਸੀਓਪੀਬੀ-93 : ਇਸ ਕਿਸਮ ਦੇ ਗੰਨੇ ਮੋਟੇ, ਲੰਬੇ ਤੇ ਪੀਲੀ ਭਾਅ ਮਾਰਦੇ ਹਨ। ਇਹ ਕਿਸਮ ਮੁਢੇ ਲਈ ਵਧੀਆ ਤੇ ਰੱਤਾ ਰੋਗ ਦਾ ਟਾਕਰਾ ਕਰਨ ਦੇ ਸਮਰੱਥ ਹੈ। ਇਸ ਦਾ ਔਸਤ ਝਾੜ 390 ਕੁਇੰਟਲ ਪ੍ਰਤੀ ਏਕੜ ਹੈ।

ਸੀਓਪੀਬੀ-94 : ਇਹ ਕਿਸਮ ਕੱਦ ਵਿਚ ਲੰਬੀ ਅਤੇ ਇਸ ਦੇ ਗੰਨੇ ਮੋਟੇ, ਗੋਲ ਤੇ ਪੀਲੇ ਹਰੇ ਰੰਗ ਦੀ ਭਾਅ ਮਾਰਦੇ ਹਨ। ਇਹ ਕਿਸਮ ਰੱਤਾ ਰੋਗ ਤੇ ਕਾਂਗਿਆਰੀ ਰੋਗ ਪ੍ਰਤੀ ਸਹਿਣਸ਼ੀਲ ਹੈ। ਇਸ ਦਾ ਝਾੜ 400 ਕੁਇੰਟਲ ਪ੍ਰਤੀ ਏਕੜ ਹੈ।

ਸੀਓ-238 : ਇਹ ਲੰਬੇ ਕੱਦ, ਦਰਮਿਆਨੇ ਮੋਟੇ ਤੇ ਪੀਲੇ ਰੰਗ ਦੇ ਗੰਨਿਆਂ ਵਾਲੀ ਕਿਸਮ ਹੈ। ਇਸ ਕਿਸਮ 'ਤੇ ਆਗ ਦੇ ਗੜੂੰਏਂ ਦਾ ਹਮਲਾ ਜ਼ਿਆਦਾ ਹੁੰਦਾ ਹੈ ਪ੍ਰੰਤੂ ਇਹ ਰੱਤਾ ਰੋਗ ਦਾ ਟਾਕਰਾ ਕਰਨ ਦੇ ਸਮਰੱਥ ਹੈ। ਔਸਤ ਝਾੜ 365 ਕੁਇੰਟਲ ਪ੍ਰਤੀ ਏਕੜ ਹੈ ਤੇ ਮੋਢਾ ਰੱਖਣ ਲਈ ਵੀ ਢੁੱਕਵੀਂ ਹੈ।

ਸੀਓਪੀਬੀ-91 : ਇਹ ਕਿਸਮ ਕੱਦ 'ਚ ਲੰਬੀ, ਗੰਨੇ ਮੋਟੇ ਤੇ ਹਰੇ ਰੰਗ ਦੇ ਹੁੰਦੇ ਹਨ। ਇਸ ਕਿਸਮ ਕੋਹ੍ਰੇ ਤੇ ਰੱਤਾ ਰੋਗ ਪ੍ਰਤੀ ਸਹਿਣਸ਼ੀਲ ਹੈ। ਔਸਤ ਝਾੜ 410 ਕੁਇੰਟਲ ਪ੍ਰਤੀ ਏਕੜ ਹੈ।

ਸੀਓਜੇ-88 : ਇਹ ਕਿਸਮ ਆਮ ਹਾਲਾਤ ਤੇ ਲੂਣੇ ਪਾਣੀ ਵਾਲੀਆਂ ਜ਼ਮੀਨਾਂ ਲਈ ਵੀ ਢੁੱਕਵੀਂ ਹੈ। ਇਸ ਦਾ ਮੂਢਾ ਵਧੀਆ ਹੁੰਦਾ ਹੈ। ਇਹ ਰੱਤਾ ਰੋਗ ਪ੍ਰਤੀ ਸਹਿਣਸ਼ੀਲ ਤੇ ਗੁੜ ਬਣਾਉਣ ਲਈ ਸਭ ਤੋਂ ਢੁੱਕਵੀਂ ਹੈ। ਔਸਤ ਝਾੜ 335 ਕੁਇੰਟਲ ਪ੍ਰਤੀ ਏਕੜ ਹੈ।

ਡੂੰਘੀ ਵਹਾਈ

ਕਮਾਦ ਵਾਲੇ ਖੇਤ ਨੂੰ ਤਿੰਨ ਤੋਂ ਚਾਰ ਸਾਲ ਬਾਅਦ ਇਕ ਮੀਟਰ ਦੀ ਦੂਰੀ 'ਤੇ ਦੋ ਤਰਫ਼ਾ 40-45 ਸੈਂਟੀਮੀਟਰ ਡੂੰਘੀ ਵਹਾਈ ਕਰਨ ਨਾਲ ਜ਼ਮੀਨ ਦੇ ਹੇਠ ਬਣੀ ਸਖ਼ਤ ਤਹਿ ਟੁੱਟ ਜਾਂਦੀ ਹੈ, ਜੋ ਜ਼ਮੀਨ ਦੀ ਪਾਣੀ ਨੂੰ ਜ਼ੀਰਨ ਦੀ ਸ਼ਕਤੀ ਤੇ ਗੰਨੇ ਦੀ ਜੜ੍ਹ ਦੇ ਵਾਧੇ ਲਈ ਲਾਹੇਵੰਦ ਸਿੱਧ ਹੁੰਦੀ ਹੈ।

ਬਿਜਾਈ ਦਾ ਢੰਗ

ਕਮਾਦ ਦੀ ਬਿਜਾਈ ਹੇਠ ਲਿਖੇ ਢੰਗਾਂ ਅਨੁਸਾਰ ਕੀਤੀ ਜਾ ਸਕਦੀ ਹੈ :

ਪੱਧਰੀ ਬਿਜਾਈ : ਕਮਾਦ ਦੀ ਬਿਜਾਈ 75 ਸੈਂਟੀਮੀਟਰ ਦੀ ਵਿੱਥ 'ਤੇ ਕਤਾਰਾਂ ਵਿਚ 20-25 ਸੈਂਟੀਮੀਟਰ ਡੂੰਘੀਆਂ ਖਾਲ਼ੀਆਂ 'ਚ ਕੀਤੀ ਜਾ ਸਕਦੀ ਹੈ। ਬਰੋਟਿਆਂ ਨੂੰ ਜ਼ਮੀਨ 'ਤੇ ਰੱਖਣ ਉਪਰੰਤ 5 ਸੈਂਟੀਮੀਟਰ ਮਿੱਟੀ ਦੀ ਤਹਿ ਨਾਲ ਢਕ ਦਿਓ।

ਦੋ ਕਤਾਰੀ ਖਾਲ਼ੀ ਵਿਧੀ : ਇਸ ਢੰਗ ਨਾਲ ਬਿਜਾਈ ਕਰਨ ਲਈ ਬਰੋਟਿਆਂ ਨੂੰ ਦੋ ਕਤਾਰਾਂ, ਜੋ ਇਕ ਫੁੱਟ ਚੌੜੀਆਂ ਤੇ 20-25 ਸੈਂਟੀਮੀਟਰ ਡੂੰਘੀਆਂ ਹੋਣ, ਵਿਚ ਰੱਖਣ ਉਪਰੰਤ ਕਤਾਰਾਂ ਵਿਚਲੀ ਮਿੱਟੀ ਨਾਲ ਢਕ ਦਿਓ। ਖਾਲ਼ੀ ਤੋਂ ਖਾਲ਼ੀ ਦਰਮਿਆਨ ਫ਼ਾਸਲਾ ਤਿੰਨ ਫੁੱਟ ਤਕ ਰੱਖੋ। ਜੇ ਕਮਾਦ ਦੀ ਕਟਾਈ ਮਸ਼ੀਨ ਨਾਲ ਕਰਨੀ ਹੋਵੇ ਤਾਂ ਖਾਲ਼ੀਆਂ ਵਿਚਕਾਰ ਫ਼ਾਸਲਾ 4 ਫੁੱਟ ਤਕ ਵਧਾਇਆ ਜਾ ਸਕਦਾ ਹੈ।

ਖੜ੍ਹੀ ਕਣਕ 'ਚ ਗੰਨੇ ਦੀ ਬਿਜਾਈ : ਇਸ ਤਕਨੀਕ ਰਾਹੀਂ ਕਮਾਦ ਦੀ ਬਿਜਾਈ ਬੈੱਡ ਪਲਾਂਟਰ ਦੁਆਰਾ ਬੀਜੀ ਗਈ ਕਣਕ ਦੀ ਫ਼ਸਲ 'ਚ ਵੀ ਕੀਤੀ ਜਾ ਸਕਦੀ ਹੈ। ਬਿਜਾਈ ਦਾ ਢੁੱਕਵਾਂ ਸਮਾਂ ਅੱਧ ਫ਼ਰਵਰੀ ਤੋਂ ਅਖ਼ੀਰ ਮਾਰਚ ਤਕ ਦਾ ਹੈ। ਇਸ ਤਕਨੀਕ ਨਾਲ ਬਿਜਾਈ ਲਈ ਕਣਕ ਦੀ ਖੜ੍ਹੀ ਫ਼ਸਲ ਵਿਚ ਜਨਵਰੀ ਮਹੀਨੇ ਪਲਾਂਟਰ ਫੇਰ ਕੇ ਖਾਲ਼ਾਂ ਦੀ ਬਣਤਰ ਸੋਧ ਲੈਣੀ ਚਾਹੀਦੀ ਹੈ। ਬਿਜਾਈ ਤੋਂ ਇਕ ਦਿਨ ਪਹਿਲਾਂ ਸ਼ਾਮ ਵੇਲੇ ਪਾਣੀ ਲਗਾਉਣ ਤੋਂ ਬਾਅਦ ਅਗਲੇ ਦਿਨ ਦਵਾਈ ਨਾਲ ਸੋਧੇ ਹੋਏ ਬਰੋਟੇ ਖਾਲ਼ਾਂ 'ਚ ਰੱਖਣ ਉਪਰੰਤ ਪੈਰਾਂ ਨਾਲ ਦਬਾ ਦਿਓ।

ਸ਼ੂਗਰਕੇਨ ਕਟਰ ਪਲਾਂਟਰ ਨਾਲ ਬਿਜਾਈ : ਇਸ ਤਕਨੀਕ ਨਾਲ ਬਿਜਾਈ ਕਰਨ ਨਾਲ ਬਿਜਾਈ ਦਾ ਖ਼ਰਚ 25 ਫ਼ੀਸਦੀ ਘੱਟ ਕੀਤਾ ਜਾ ਸਕਦਾ ਹੈ। ਇਸ ਵਿਧੀ ਰਾਹੀਂ ਮਸ਼ੀਨ ਦੀ ਸੀਟ 'ਤੇ ਬੈਠੇ ਆਦਮੀ ਸਾਬਤ ਗੰਨਾ ਮਸ਼ੀਨ ਵਿਚ ਪਾਉਂਦੇ ਹਨ ਤੇ ਮਸ਼ੀਨ ਆਪਣੇ ਆਪ ਬਰੋਟੇ ਕੱਟ ਕੇ ਸਿਆੜਾਂ ਵਿਚ ਪਾਉਂਦੀ ਹੈ। ਇਸ ਤਕਨੀਕ ਨਾਲ ਖਾਦਾਂ ਤੇ ਦਵਾਈਆਂ ਵੀ ਬਿਜਾਈ ਦੇ ਨਾਲ ਹੀ ਪਾਈਆਂ ਜਾ ਸਕਦੀਆਂ ਹਨ।

ਖਾਦਾਂ ਦੀ ਮਾਤਰਾ

ਬੀਜੜ ਕਮਾਦ ਲਈ 60 ਕਿੱਲੋ ਅਤੇ ਮੋਢੇ ਦੀ ਫ਼ਸਲ ਲਈ 90 ਕਿੱਲੋ ਨਾਈਟਰੋਜਨ ਖਾਦ ਪ੍ਰਤੀ ਏਕੜ ਵਰਤੋ। ਇਸ ਵਾਸਤੇ ਬੀਜੜ ਕਮਾਦ ਲਈ 130 ਕਿੱਲੋ ਯੂਰੀਆ ਪ੍ਰਤੀ ਏਕੜ ਦੋ ਬਰਾਬਰ ਕਿਸ਼ਤਾਂ ਵਿਚ ਛੱਟੇ/ਸਿਆੜਾਂ ਦੇ ਨਾਲ ਪਹਿਲੇ ਪਾਣੀ ਸਮੇਂ ਅਤੇ ਫਿਰ ਮਈ/ਜੂਨ ਵਿਚ ਪਾਵੋ। ਮੋਢੇ ਕਮਾਦ ਲਈ 195 ਕਿੱਲੋ ਯੂਰੀਆ ਤਿੰਨ ਬਰਾਬਰ ਕਿਸ਼ਤਾਂ 'ਚ ਪਾਓ। ਪਹਿਲੀ ਕਿਸ਼ਤ ਫਰਵਰੀ ਦੌਰਾਨ ਗੁਡਾਈ ਸਮੇਂ, ਦੂਸਰੀ ਕਿਸ਼ਤ ਅਪ੍ਰੈਲ ਤੇ ਤੀਸਰੀ ਕਿਸ਼ਤ ਮਈ ਮਹੀਨੇ ਦੌਰਾਨ ਪਾਓ। ਕਮਾਦ 'ਚ ਫਾਸਫੋਰਸ ਖਾਦ ਦੀ ਵਰਤੋਂ ਮਿੱਟੀ ਦੀ ਪਰਖ ਅਨੁਸਾਰ ਹੀ ਕਰੋ। •

ਬਿਜਾਈ ਦਾ ਸਮਾਂ

ਅੱਧ ਫਰਵਰੀ ਤੋਂ ਮਾਰਚ ਦੇ ਅਖ਼ੀਰ ਤਕ ਦਾ ਸਮਾਂ ਬਿਜਾਈ ਲਈ ਢੁੱਕਵਾਂ ਹੈ। ਜੇ ਕਿਸੇ ਕਾਰਨ ਬਿਜਾਈ ਲੇਟ ਹੋ ਜਾਵੇ ਤਾਂ ਧਿਆਨ ਰੱਖੋ ਕਿ ਕੇਵਲ ਪਛੇਤੀ ਕਿਸਮ ਦੀ ਹੀ ਬਿਜਾਈ ਕਰੋ। ਬੀਜ ਦੀ ਮਾਤਰਾ 20 ਹਜ਼ਾਰ ਬਰੋਟਿਆਂ ਤੋਂ 30 ਹਜ਼ਾਰ ਬਰੋਟੇ ਤਕ ਵਧਾ ਦਿਓ। ਅਗੇਤੀ ਫੋਟ ਦੇ ਗੜੂੰਏ ਦੇ ਹਮਲੇ ਦਾ ਪ੍ਰਬੰਧਨ ਸੁਚੱਜੇ ਢੰਗ ਨਾਲ ਕਰੋ।

ਸਿੰਚਾਈ ਤੇ ਜਲ ਨਿਕਾਸੀ

ਅਪ੍ਰੈਲ ਤੋਂ ਜੂਨ ਮਹੀਨਿਆਂ ਦੌਰਾਨ ਮੌਸਮ ਖੁਸ਼ਕ ਹੋਣ ਕਰਕੇ ਕਮਾਦ ਦੀ ਫ਼ਸਲ ਦੀ ਸਿੰਚਾਈ 7-12 ਦਿਨਾਂ ਦੇ ਵਕਫ਼ੇ 'ਤੇ ਕਰੋ। ਸਰਦੀਆਂ ਦੌਰਾਨ ਸਿੰਚਾਈ ਦਾ ਵਕਫ਼ਾ ਇਕ ਮਹੀਨੇ ਤਕ ਵਧਾਇਆ ਜਾ ਸਕਦਾ ਹੈ। ਜੇ ਬਰਸਾਤਾਂ ਦੌਰਾਨ ਫ਼ਸਲ 'ਚ ਪਾਣੀ ਖੜ੍ਹਾ ਹੋ ਜਾਵੇ ਉਸ ਦਾ ਨਿਕਾਸ ਕਰ ਦਿਓ।

ਬੀਜ ਦੀ ਚੋਣ ਤੇ ਮਾਤਰਾ

ਬੀਜ ਲਈ ਵਰਤਿਆ ਜਾਣ ਵਾਲਾ ਗੰਨਾ ਹਮੇਸ਼ਾ ਰੱਤਾ ਰੋਗ, ਛੋਟੀਆਂ ਪੋਰੀਆਂ ਤੇ ਕਾਂਗਿਆਰੀ ਆਦਿ ਰੋਗਾਂ ਤੋਂ ਰਹਿਤ ਹੋਣਾ ਚਾਹੀਦਾ ਹੈ। ਬਿਜਾਈ ਲਈ ਗੰਨੇ ਦਾ ਉਪਰਲਾ ਦੋ ਤਿਹਾਈ ਭਾਗ ਹੀ ਬੀਜ ਦੇ ਤੌਰ 'ਤੇ ਵਰਤੋ। ਇਕ ਏਕੜ ਦੀ ਬਿਜਾਈ ਲਈ 20 ਹਜ਼ਾਰ ਗੁੱਲੀਆਂ ਜਾਂ ਚਾਰ ਅੱਖਾਂ ਵਾਲੀਆਂ 15 ਹਜ਼ਾਰ ਗੁੱਲੀਆਂ ਜਾਂ 5 ਅੱਖਾਂ ਵਾਲੀਆਂ 12 ਹਜ਼ਾਰ ਗੁੱਲੀਆਂ ਕਾਫੀ ਹਨ। ਸੀਓ-118 ਤੇ ਸੀਓਜੇ-85 ਕਿਸਮ ਲਈ 10 ਫ਼ੀਸਦੀ ਵਧੇਰੇ ਗੁੱਲੀਆਂ ਵਰਤੋ।

ਕਮਾਦ ਦੀ ਵਧੇਰੇ ਪੈਦਾਵਾਰ ਲਈ ਉੱਤਮ ਖੇਤੀ ਤਕਨੀਕਾਂ ਤੇ ਉੱਤਮ ਕਿਸਮਾਂ ਨੂੰ ਅਪਨਾਉਣਾ ਬੇਹੱਦ ਜ਼ਰੂਰੀ ਹੈ। ਬਹਾਰ ਰੁੱਤ ਦੀ ਫ਼ਸਲ ਦੀ ਬਿਜਾਈ ਅੱਧ ਫਰਵਰੀ ਤੋਂ ਸ਼ੁਰੂ ਕੀਤੀ ਜਾਂਦੀ ਹੈ। ਬਿਜਾਈ ਲਈ ਅੱਖਾਂ ਵਾਰੀਆਂ ਪੋਰੀਆਂ ਰੋਗਾਂ ਤੋਂ ਰਹਿਤ ਹੋਣੀਆਂ ਚਾਹੀਦੀਆਂ ਹਨ...

ਬੀਜ ਦੀ ਸੋਧ

ਬੀਜ ਦੀ ਸੋਧ ਲਈ ਬਰੋਟਿਆਂ ਨੂੰ 0.25 ਫ਼ੀਸਦੀ ਐਮੀਸਾਨ ਜਾਂ ਟਿਲਟ 25 ਈਸੀ ਦੇ ਘੋਲ 'ਚ ਡੋਬਣ ਉਪਰੰਤ ਉਸੇ ਵੇਲੇ ਬਾਹਰ ਕੱਢ ਲਵੋ। ਘੋਲ ਤਿਆਰ ਕਰਨ ਵਾਸਤੇ 250 ਮਿਲੀਲਿਟਰ ਟਿਲਟ 25 ਈਸੀ ਨੂੰ 100 ਲਿਟਰ ਪਾਣੀ 'ਚ ਪਾਓ। ਇਹ ਘੋਲ ਇਕ ਏਕੜ ਦੇ ਬੀਜ ਲਈ ਕਾਫੀ ਹੈ। ਫ਼ਸਲ ਦੇ ਚੰਗੇ ਜੰਮ ਲਈ ਬਰੋਟਿਆਂ ਨੂੰ 24 ਘੰਟੇ ਪਾਣੀ 'ਚ ਡੁਬੋ ਕੇ ਰੱਖੋ।

ਉਤਪਾਦਨ 'ਚ ਵਾਧੇ ਲਈ ਖ਼ਾਸ ਪ੍ਰਬੰਧ

ਉਤਪਾਦਨ ਵਧਾਉਣ ਲਈ ਕਮਾਦ ਦੀ ਫ਼ਸਲ ਨੂੰ ਡਿੱਗਣ ਤੋਂ ਬਚਾਓ। ਕਮਾਦ ਨੂੰ ਸਮੇਂ ਸਿਰ ਮਿੱਟੀ ਚੜ੍ਹਾ ਦੇਵੋ। ਅਗਸਤ ਤੇ ਸਤੰਬਰ ਮਹੀਨੇ ਵਿਚ ਸਿੰਚਾਈ ਘੱਟ ਕਰ ਦੇਵੋ। ਡਿੱਗੇ ਹੋਏ ਕਮਾਦ 'ਤੇ ਚੂਹਿਆਂ ਦਾ ਵਧੇਰੇ ਹਮਲਾ ਹੁੰਦਾ ਹੈ। ਕਮਾਦ ਡਿੱਗਣ ਨਾਲ ਅੱਖਾਂ ਤੇ ਜੜ੍ਹਾਂ ਫੁੱਟ ਜਾਂਦੀਆਂ ਹਨ। ਫ਼ਸਲ ਨੂੰ ਕੋਹ੍ਰੇ ਤੋਂ ਬਚਾਉਣਾ ਵੀ ਲਾਜ਼ਮੀ ਹੈ। ਕੋਹ੍ਰੇ ਦੇ ਦਿਨਾਂ ਵਿਚ ਹਲਕੀ ਸਿੰਚਾਈ ਕਰੋ। ਗੰਨੇ ਦੀ ਕਟਾਈ ਜ਼ਮੀਨ ਦੇ ਬਿਲਕੁਲ ਨਾਲੋਂ ਕਰਨੀ ਚਾਹੀਦੀ ਹੈ। ਜਿਹੜਾ ਗੰਨਾ ਮਿਲ ਨੂੰ ਭੇਜਣਾ ਹੋਵੇ, ਉਹ ਜੜ੍ਹਾਂ, ਮਿੱਟੀ, ਖੋਰੀ, ਆਗ ਅਤੇ ਘੋਗਿਆਂ ਤੋਂ ਰਹਿਤ ਹੋਵੇ। ਅਗੇਤੀਆਂ ਪੱਕਣ ਵਾਲੀਆਂ ਕਿਸਮਾਂ ਦਾ ਜਾਇਜ਼ਾ ਹੈਂਡ ਰਿਫਰੈਕਟੋਮੀਟਰ ਨਾਲ ਲਿਆ ਜਾ ਸਕਦਾ ਹੈ। ਇਹ ਯੰਤਰ ਮਿਲ ਦੇ ਸਰਵੇਅਰਾਂ ਕੋਲ ਹੁੰਦਾ ਹੈ। ਇਸ ਦੀ ਵਰਤੋਂ ਨਾਲ ਫ਼ਸਲ ਤੋਂ 0.5 ਤੋਂ 0.8 ਫ਼ੀਸਦੀ ਵਧੇਰੇ ਖੰਡ ਦੀ ਪ੍ਰਾਪਤੀ ਹੋ ਸਕਦੀ ਹੈ। ਜੇ ਗੰਨੇ ਦੀ ਕਟਾਈ ਤੇ ਪਿੜਾਈ ਵਿਚ ਵਕਤ ਵਧ ਜਾਵੇ ਤਾਂ ਖੰਡ ਦੀ ਪ੍ਰਾਪਤੀ ਘੱਟ ਜਾਂਦੀ ਹੈ।

ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਬੁੱਢਾ ਦਰਿਆ ਦਾ ਦੌਰਾ

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਸ.ਫਾਈ ਉਪਰਾਲੇ ਸ਼ੁਰੂ ਕਰਨ ਦੀ ਸ਼ਲਾਘਾ

ਲੁਧਿਆਣਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ 'ਬੁੱਢਾ ਦਰਿਆ' ਦੇ ਗਊਸ਼ਾਲਾ ਪੁਆਇੰਟ ਦਾ ਦੌਰਾ ਕੀਤਾ ਅਤੇ ਐਲਾਨ ਕੀਤਾ ਕਿ ਉਹ ਬੁੱਢਾ ਦਰਿਆ ਪੁਨਰ ਸੁਰਜੀਤੀ ਪ੍ਰੋਜੈਕਟ ਦੀ ਨੇੜਿਓਂ ਨਿਗਰਾਨੀ ਕਰਨ ਲਈ ਸਾਈਟ 'ਤੇ ਮਹੀਨਾਵਾਰ ਮੀਟਿੰਗਾਂ ਕਰਨਗੇ।

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ, ਵਿਧਾਇਕ ਅਸ਼ੋਕ ਪਰਾਸ਼ਰ ਪੱਪੀ, ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਨਗਰ ਨਿਗਮ ਕਮਿਸ਼ਨਰ ਅਦਿੱਤਿਆ ਡਚਲਵਾਲ ਅਤੇ ਵੱਖ-ਵੱਖ ਵਿਭਾਗਾਂ ਦੇ ਕਈ ਅਧਿਕਾਰੀਆਂ ਦੇ ਨਾਲ ਰਾਜਪਾਲ ਨੇ ਖੁਲਾਸਾ ਕੀਤਾ ਕਿ ਉਹ ਇਸ ਪ੍ਰਾਜੈਕਟ ਦਾ ਮੁਲਾਂਕਣ ਕਰਨ ਲਈ ਰਾਜ ਭਵਨ ਵਿਖੇ ਪਹਿਲਾਂ ਹੀ ਦੋ ਮੀਟਿੰਗਾਂ ਬੁਲਾ ਚੁੱਕੇ ਹਨ।

ਫਰਵਰੀ ਤੋਂ ਸ਼ੁਰੂ ਹੋ ਕੇ, ਗਊਸ਼ਾਲਾ ਪੁਆਇੰਟ, ਲੁਧਿਆਣਾ ਵਿਖੇ ਮਹੀਨਾਵਾਰ ਮੀਟਿੰਗ ਹੋਵੇਗੀ। ਇਨ੍ਹਾਂ ਮੀਟਿੰਗਾਂ ਵਿੱਚ ਕਾਰ ਸੇਵਾ ਵਿੱਚ ਸਰਗਰਮੀ ਨਾਲ ਸ਼ਾਮਲ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਦੇਖ-ਰੇਖ ਹੇਠ ਇਸ ਸਾਲ ਮਾਨਸੂਨ ਸੀਜ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਬੁੱਢਾ ਦਰਿਆ ਨੂੰ ਮੁੜ ਸੁਰਜੀਤ ਕਰਨ ਦੇ ਉਦੇਸ਼ ਨਾਲ ਸੰਸਦ ਮੈਂਬਰ, ਵਿਧਾਇਕ, ਅਧਿਕਾਰੀ, ਗੈਰ ਸਰਕਾਰੀ ਸੰਸਥਾਵਾਂ ਅਤੇ ਹੋਰ ਹਿੱਸੇਦਾਰ ਸ਼ਾਮਲ ਹੋਣਗੇ।

ਰਾਜਪਾਲ ਕਟਾਰੀਆ ਨੇ ਬੁੱਢਾ ਦਰਿਆ ਦੇ ਪੁਨਰ-ਸੁਰਜੀਤੀ ਨੂੰ ਲੋਕ ਲਹਿਰ ਬਣਾਉਣ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਸਫਾਈ ਦੇ ਯਤਨਾਂ ਨੂੰ ਤੇਜ਼ ਕਰਨ ਲਈ 14 ਕਿਲੋਮੀਟਰ ਦੇ ਹਿੱਸੇ ਦੇ ਕੰਮ ਨੂੰ ਵੱਖ-ਵੱਖ ਹਿੱਸਿਆਂ ਵਿੱਚ ਵੰਡਣ ਦਾ ਪ੍ਰਸਤਾਵ ਕੀਤਾ। ਉਨ੍ਹਾਂ ਕਿਹਾ ਕਿ ਸਤਲੁਜ ਦਰਿਆ ਨੂੰ ਤੇਜ਼ੀ ਨਾਲ ਪੁਨਰ ਸੁਰਜੀਤ ਕਰਨ ਅਤੇ ਗੰਦੇ ਪਾਣੀ ਤੋਂ ਬਚਾਉਣ ਲਈ ਲੋਕਾਂ ਨੂੰ ਸ਼ਾਮਲ ਕਰਨਾ ਜ਼ਰੂਰੀ ਹੈ। ਬਾਅਦ ਵਿੱਚ ਰਾਜਪਾਲ ਨੇ ਜਮਾਲਪੁਰ ਵਿੱਚ 225 ਐਮ.ਐਲ.ਡੀ. ਸੀਵਰੇਜ ਟਰੀਟਮੈਂਟ ਪਲਾਂਟ ਦਾ ਵੀ ਦੌਰਾ ਕੀਤਾ ਅਤੇ ਇਸ ਦੇ ਕੰਮਕਾਜ ਦਾ ਜਾਇਜ਼ਾ ਲਿਆ।

ਪੰਜਾਬ ਦੀ ਅਮਨ-ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਦੀਆਂ ਦੁਸ਼ਮਣ ਤਾਕਤਾਂ ਨੂੰ ਮੂੰਹ ਤੋੜਵਾਂ ਜਵਾਬ ਦੇਵਾਂਗੇ: ਮੁੱਖ ਮੰਤਰੀ

ਪੰਜਾਬ ਦੀ ਸ਼ਾਂਤੀ, ਫਿਰਕੂ ਸਦਭਾਵਨਾ, ਏਕਤਾ ਤੇ ਭਾਈਚਾਰਕ ਸਾਂਝ ਦੀ ਰਾਖੀ ਲਈ ਲੋਕਾਂ ਦਾ ਸਹਿਯੋਗ ਮੰਗਿਆ

ਪਟਿਆਲਾ, 28 ਜਨਵਰੀ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੀਆਂ ਦੁਸ਼ਮਣ ਤਾਕਤਾਂ ਨੂੰ ਮੂੰਹ ਤੋੜਵਾਂ ਜਵਾਬ ਦੇਣ ਦਾ ਅਹਿਦ ਲੈਂਦਿਆਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਅਮਨ-ਸ਼ਾਂਤੀ, ਫਿਰਕੂ ਸਦਭਾਵਨਾ, ਏਕਤਾ ਅਤੇ ਭਾਈਚਾਰਕ ਸਾਂਝ ਵਿੱਚ ਵਿਘਨ ਪਾਉਣ ਦੇ ਮਨਸੂਬੇ ਕਿਸੇ ਵੀ ਕੀਮਤ 'ਤੇ ਸਫਲ ਨਹੀਂ ਹੋਣ ਦਿੱਤੇ ਜਾਣਗੇ।

ਅੱਜ ਇੱਥੋਂ ਦੇ ਪੋਲੋ ਗਰਾਊਂਡ ਵਿਖੇ 76ਵੇਂ ਗਣਤੰਤਰ ਦਿਵਸ ਮੌਕੇ ਸਮਾਗਮ ਦੌਰਾਨ ਕੌਮੀ ਤਿਰੰਗਾ ਲਹਿਰਾਉਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ-ਪੈਗੰਬਰਾਂ, ਸੰਤਾਂ-ਮਹਾਂਪੁਰਸ਼ਾਂ ਅਤੇ ਸ਼ਹੀਦਾਂ ਦੀ ਧਰਤੀ ਹੈ ਜੋ ਹਮੇਸ਼ਾ ਭਾਈਚਾਰਕ ਸਾਂਝ ਅਤੇ ਫਿਰਕੂ ਸਦਭਾਵਨਾ ਦੀਆਂ ਮਹਾਨ ਕਦਰਾਂ-ਕੀਮਤਾਂ ਲਈ ਮਾਨਵਤਾ ਦਾ ਮਾਰਗਦਰਸ਼ਨ ਕਰਦੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਬਹੁਤ ਘਾਲਣਾ ਘਾਲ ਕੇ ਅਮਨ-ਸ਼ਾਂਤੀ ਹਾਸਲ ਕੀਤੀ ਹੈ ਅਤੇ ਉਨ੍ਹਾਂ ਦੀ ਸਰਕਾਰ ਕਿਸੇ ਨੂੰ ਵੀ ਸ਼ਾਂਤੀ ਭੰਗ ਕਰਨ ਹਰਗਿਜ਼ ਇਜਾਜ਼ਤ ਨਹੀਂ ਦੇਵੇਗੀ।

ਪਟਿਆਲਾ ਹੈਰੀਟੇਜ ਫੈਸਟੀਵਲ2025
ਸਾਰਸ ਮੇਲਾ 2025
PATIALA HERITAGE FESTIVAL 2025
SARAS MELA 2025

ਭਗਵੰਤ ਸਿੰਘ ਮਾਨ ਨੇ ਇਸ ਨੇਕ ਕਾਰਜ ਲਈ ਲੋਕਾਂ ਦੇ ਸਹਿਯੋਗ ਦੀ ਮੰਗ ਕੀਤੀ ਤਾਂ ਕਿ ਸੂਬੇ ਦੀ ਸ਼ਾਂਤੀ, ਤਰੱਕੀ ਤੇ ਖੁਸ਼ਹਾਲੀ ਨੂੰ ਲੀਹੋਂ ਲਾਹੁਣ ਦੀ ਸਾਜ਼ਿਸ਼ ਘੜਨ ਵਾਲੇ ਦੁਸ਼ਮਣ ਨੂੰ ਠੋਕਵਾਂ ਜਵਾਬ ਦਿੱਤਾ ਜਾ ਸਕੇ। ਮੁੱਖ ਮੰਤਰੀ ਨੇ ਫੁੱਟ ਪਾਊ ਤਾਕਤਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਫਿਰਕੂ ਪਾੜਾ ਪਾਉਣ ਦੇ ਮਨਸੂਬੇ ਕਿਸੇ ਵੀ ਕੀਮਤ ਉਤੇ ਸਿਰੇ ਨਹੀਂ ਚੜ੍ਹਨ ਦਿਆਂਗੇ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸਮਾਜਿਕ ਸਾਂਝ ਦੀਆਂ ਜੜ੍ਹਾਂ ਏਨੀਆਂ ਡੂੰਘੀਆਂ ਤੇ ਮਜ਼ਬੂਤ ਹਨ ਕਿ ਸੂਬੇ ਦੀ ਜਰਖੇਜ਼ ਜ਼ਮੀਨ ਵਿੱਚ ਕੁਝ ਵੀ ਪੈਦਾ ਕੀਤਾ ਜਾ ਸਕਦਾ ਪਰ ਇੱਥੇ ਨਫ਼ਰਤ ਦੇ ਬੀਜ ਨਹੀਂ ਪੁੰਗਰ ਸਕਦੇ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਵੇਂ ਕਿ ਸੂਬੇ ਵਿੱਚ ਵੱਡੇ ਯਤਨਾਂ ਨਾਲ ਹਾਸਲ ਕੀਤੀ ਅਮਨ-ਸ਼ਾਂਤੀ ਵਿੱਚ ਕੁਝ ਲੋਕ ਵਿਘਨ ਪਾਉਣ ਦੀਆਂ ਕੋਝੀਆਂ ਚਾਲਾਂ ਚੱਲ ਰਹੇ ਹਨ ਪਰ ਇਸ ਦੇ ਜਵਾਬ ਵਿੱਚ ਸਗੋਂ ਪੰਜਾਬੀਆਂ ਨੇ ਆਪਸੀ ਮਿਲਵਰਤਣ, ਸਦਭਾਵਨਾ ਤੇ ਏਕਤਾ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਰਤਨ ਬਾਬਾ ਸਾਹਿਬ ਡਾ. ਬੀ.ਆਰ. ਅੰਬੇਦਕਰ ਦੀ ਅਗਵਾਈ ਵਿੱਚ ਸਾਡੇ ਪੁਰਖਿਆਂ ਵੱਲੋਂ ਤਿਆਰ ਕੀਤਾ ਸੰਵਿਧਾਨ ਸਾਲ 1950 ਵਿੱਚ ਅੱਜ ਦੇ ਦਿਨ ਲਾਗੂ ਹੋਣ ਨਾਲ ਭਾਰਤ ਪ੍ਰਭੁਸੱਤਾ ਸੰਪੰਨ, ਸਮਾਜਵਾਦੀ, ਜਮਹੂਰੀ ਅਤੇ ਧਰਮ ਨਿਰਪੱਖ ਗਣਰਾਜ ਬਣਿਆ। ਉਨ੍ਹਾਂ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਸੱਚਮੁੱਚ ਮਾਣ ਵਾਲੇ ਪਲ ਸਨ ਕਿਉਂਕਿ ਸਾਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੀ ਤਾਕਤ ਮਿਲੀ, ਜਿਸ ਨਾਲ ਸਾਡੇ ਵਡੇਰਿਆਂ ਵੱਲੋਂ 'ਲੋਕਾਂ ਦੀ, ਲੋਕਾਂ ਲਈ ਅਤੇ ਲੋਕਾਂ ਦੁਆਰਾ▾ ਸਰਕਾਰ ਦਾ ਦੇਖਿਆ ਸੁਪਨਾ ਪੂਰਾ ਕਰਨ ਦਾ ਮੌਕਾ ਮਿਲਿਆ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ 75 ਸਾਲਾਂ ਦੌਰਾਨ ਹਰ ਲੰਘਦੇ ਦਿਨ ਨਾਲ ਦੇਸ਼ ਵਿੱਚ ਜਮਹੂਰੀਅਤ ਮਜ਼ਬੂਤ ਹੋਈ ਹੈ ਕਿਉਂਕਿ ਦੇਸ਼ ਵਾਸੀਆਂ ਨੇ ਜਮਹੂਰੀ ਕਦਰਾਂ-ਕੀਮਤਾਂ ਵਿੱਚ ਅਟੁੱਟ ਵਿਸ਼ਵਾਸ ਦਾ ਪ੍ਰਗਟਾਵਾ ਕੀਤਾ ਅਤੇ ਬਿਨਾਂ ਕਿਸੇ ਭੈਅ ਦੇ ਮਤਦਾਨ ਕਰ ਕੇ ਸਪੱਸ਼ਟ ਫੈਸਲਾ ਦਿੱਤਾ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਭਾਰਤੀਆਂ ਖ਼ਾਸ ਕਰ ਕੇ ਪੰਜਾਬੀਆਂ ਨੇ ਦੇਸ਼ ਦੀ ਸਖ਼ਤ ਮਿਹਨਤ ਨਾਲ ਹਾਸਲ ਕੀਤੀ ਪ੍ਰਭੁਸੱਤਾ ਨੂੰ ਕਿਸੇ ਵੀ ਤਰ੍ਹਾਂ ਦੇ ਖ਼ਤਰੇ ਦਾ ਡਟ ਕੇ ਸਾਹਮਣਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸਾਡੇ ਬਹਾਦਰ ਦੇਸ਼ ਭਗਤਾਂ ਨੇ ਦੇਸ਼ ਦੀ ਸ਼ਾਨ ਅਤੇ ਪ੍ਰਭੁਸੱਤਾ ਦੀ ਰਾਖੀ ਲਈ 1947, 1962, 1965, 1971 ਦੀ ਜੰਗ ਅਤੇ ਫਿਰ ਕਾਰਗਿਲ ਜੰਗ ਦੌਰਾਨ ਦੇਸ਼ ਦੀ ਰਾਖੀ ਕਰਨ ਲਈ ਮਹਾਨ ਕੁਰਬਾਨੀਆਂ ਦਿੱਤੀਆਂ ਹਨ।

ਦਿੜ੍ਹਬਾ ਵਿਖੇ 7.20 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਸਾਲ ਅੰਦਰ ਬਣੇਗਾ ਬਹੁ ਮੰਤਵੀ ਇਨਡੋਰ ਖੇਡ ਸਟੇਡੀਅਮ : ਹਰਪਾਲ ਸਿੰਘ ਚੀਮਾ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਵਿੱਤ, ਯੋਜਨਾ, ਪ੍ਰੋਗਰਾਮ ਲਾਗੂਕਰਨ ਅਤੇ ਕਰ ਤੇ ਆਬਕਾਰੀ ਮੰਤਰੀ ਸ਼੍ਰੀ ਹਰਪਾਲ ਸਿੰਘ ਚੀਮਾ ਨੇ ਅੱਜ ਦਿੜ੍ਹਬਾ ਵਿਖੇ ਬਹੁ ਮੰਤਵੀ ਇੰਨਡੋਰ ਖੇਡ ਸਟੇਡੀਅਮ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਵਾਉਂਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਵੱਡੇ ਪੱਧਰ ਤੇ ਪ੍ਰਫੁੱਲਿਤ ਕੀਤਾ ਜਾ ਰਿਹਾ ਹੈ ਅਤੇ ਇਸ ਦਿਸ਼ਾ ਵਿੱਚ ਵਿਧਾਨ ਸਭਾ ਹਲਕਾ ਦਿੜ੍ਹਬਾ ਦੇ ਹੋਣਹਾਰ ਖਿਡਾਰੀਆਂ ਦਾ ਨਾਮ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਹੋਰ ਵੀ ਚਮਕਾਉਣ ਲਈ ਅੱਜ 7.20 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਬਹੁ ਮੰਤਵੀ ਇੰਨਡੋਰ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖ ਦਿੱਤਾ ਗਿਆ ਹੈ।

ਲੋਕ ਨਿਰਮਾਣ ਵਿਭਾਗ, ਪੰਜਾਬ
ਸ. ਭਗਵੰਤ ਸਿੰਘ ਮਾਨ
7.20 ਕਰੋੜ
ਸ. ਹਰਪਾਲ ਸਿੰਘ ਚੀਮਾ

ਸ਼ਹੀਦ ਬਚਨ ਸਿੰਘ ਯਾਦਗਾਰੀ ਖੇਡ ਸਟੇਡੀਅਮ ਵਿਖੇ ਹੀ ਬਣਾਏ ਜਾਣ ਵਾਲੇ ਇਸ ਬਹੁਮੰਤਵੀ ਇੰਡੋਰ ਖੇਡ ਸਟੇਡੀਅਮ ਦਾ ਨੀਹ ਪੱਥਰ ਉਹਨਾਂ ਨੇ ਮਹਾਨ ਮੁੱਕੇਬਾਜ ਪਦਮਸ਼੍ਰੀ ਕੌਰ ਸਿੰਘ ਦੀ ਧਰਮ ਪਤਨੀ ਸ੍ਰੀਮਤੀ ਰਣਜੀਤ ਕੌਰ ਅਤੇ ਕਬੱਡੀ ਖਿਡਾਰੀ ਸਵਰਗਵਾਸੀ ਗੁਰਮੇਲ ਸਿੰਘ ਦੀ ਧਰਮ ਪਤਨੀ ਸ੍ਰੀਮਤੀ ਪਰਮਜੀਤ ਕੌਰ ਦੀ ਮੌਜੂਦਗੀ ਵਿੱਚ ਰੱਖਿਆ। ਉਹਨਾਂ ਕਿਹਾ ਕਿ ਖੇਡ ਪ੍ਰੇਮੀਆਂ ਦੀ ਚਿਰਾਂ ਤੋਂ ਲਟਕ ਰਹੀ ਮੰਗ ਛੇਤੀ ਹੀ ਪੂਰੀ ਹੋਣ ਜਾ ਰਹੀ ਹੈ ਅਤੇ ਸਾਡੇ ਹੋਣਹਾਰ ਖਿਡਾਰੀ ਕਬੱਡੀ ਅਤੇ ਮੁੱਕੇਬਾਜ਼ੀ ਦੇ ਨਾਲ ਨਾਲ ਵਾਲੀਬਾਲ, ਬਾਸਕਟਬਾਲ, ਬੈਡਮਿੰਟਨ, ਟੇਬਲ ਟੈਨਿਸ, ਜੂਡੋ, ਜਿਮਨਾਸਟਿਕ, ਰੈਸਲਿੰਗ ਸਮੇਤ 11 ਵੱਖ-ਵੱਖ ਖੇਡਾਂ ਵਿੱਚ ਆਪਣੇ ਖੇਡ ਹੁਨਰ ਨੂੰ ਤਰਾਸ਼ ਕੇ ਭਵਿੱਖ ਵਿੱਚ ਕੌਮੀ ਅਤੇ ਕੌਮਾਂਤਰੀ ਪੱਧਰ ਉੱਤੇ ਦਿੜ੍ਹਬਾ ਦਾ ਨਾਮ ਰੋਸ਼ਨ ਕਰਨਗੇ।

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਵ. ਕੌਰ ਸਿੰਘ ਅਤੇ ਸਵ. ਗੁਰਮੇਲ ਸਿੰਘ ਨੇ ਗਰੀਬ ਪਰਿਵਾਰਾਂ ਵਿੱਚ ਜਨਮ ਲੈਣ ਦੇ ਬਾਵਜੂਦ ਆਪਣੀ ਹਿੰਮਤ ਸਦਕਾ ਖੇਡਾਂ ਦੇ ਖੇਤਰ ਵਿੱਚ ਜਿਹੜੀਆਂ ਬੁਲੰਦੀਆਂ ਨੂੰ ਹਾਸਲ ਕੀਤਾ, ਉਹ ਬੇਮਿਸਾਲ ਹਨ ਅਤੇ ਇਹਨਾਂ ਦੋਵਾਂ ਹੀ ਖੇਡ ਜਗਤ ਦੇ ਹੀਰਿਆਂ ਦੀ ਯਾਦ ਨੂੰ ਸਦੀਵੀ ਬਣਾਉਣ ਲਈ ਦਿੜ੍ਹਬਾ ਵਿੱਚ ਇਹ ਇੰਨਡੋਰ ਖੇਡ ਸਟੇਡੀਅਮ ਬਣਵਾਇਆ ਜਾ ਰਿਹਾ ਹੈ।

ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀ ਸੰਦੀਪ ਰਿਸ਼ੀ ਨੇ ਕਿਹਾ ਕਿ ਇਹ ਇੰਨਡੋਰ ਖੇਡ ਸਟੇਡੀਅਮ ਖਿਡਾਰੀਆਂ ਲਈ ਇੱਕ ਵਰਦਾਨ ਸਾਬਿਤ ਹੋਵੇਗਾ। ਉਹਨਾਂ ਇਹ ਵੀ ਕਿਹਾ ਕਿ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਦਿੜ੍ਹਬਾ ਵਿਕਾਸ ਪੱਖੋਂ ਬੁਲੰਦੀਆਂ ਨੂੰ ਛੂਹ ਰਿਹਾ ਹੈ। ਉਹਨਾਂ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਸਥਾਪਿਤ ਕਰਨ ਵਾਲੀਆਂ ਸ਼ਖਸੀਅਤਾਂ ਦੀ ਯਾਦ ਨੂੰ ਅਮਰ ਕਰਨ ਲਈ ਕੀਤਾ ਗਿਆ ਇਹ ਉਪਰਾਲਾ ਸ਼ਲਾਘਾ ਯੋਗ ਹੈ।

ਡੀਏਵੀ ਪਬਲਿਕ ਸਕੂਲ ਪਟਿਆਲਾ ਵਿਖੇ 76ਵਾਂ ਗਣਤੰਤਰ ਦਿਵਸ ਦੇਸ਼ ਭਗਤੀ ਦੇ ਜੋਸ਼ ਅਤੇ ਜੋਸ਼ ਨਾਲ ਮਨਾਇਆ ਗਿਆ

ਪਟਿਆਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਡੀਏਵੀ ਪਬਲਿਕ ਸਕੂਲ ਪਟਿਆਲਾ ਵਿਖੇ 76ਵਾਂ ਗਣਤੰਤਰ ਦਿਵਸ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ। ਇਹ ਭਾਰਤ ਦੇ ਸਭ ਤੋਂ ਮਹੱਤਵਪੂਰਨ ਦਿਨਾ ਵਿੱਚੋਂ ਇੱਕ ਹੈ। ਇਹ ਹਰ ਸਾਲ 26 ਜਨਵਰੀ ਨੂੰ ਉਸ ਦਿਨ ਦੇ ਸਨਮਾਨ ਵਿੱਚ ਮਨਾਇਆ ਜਾਂਦਾ ਹੈ ਜਦੋਂ 1950 ਵਿੱਚ ਭਾਰਤੀ ਸੰਵਿਧਾਨ ਲਾਗੂ ਹੋਇਆ ਸੀ। ਇਹ ਦਿਨ ਇੱਕ ਲੋਕਤੰਤਰੀ ਰਾਸ਼ਟਰ ਹੋਣ ਅਤੇ ਸਾਡੇ ਆਜ਼ਾਦੀ ਘੁਲਾਟੀਆਂ ਦੁਆਰਾ ਕੀਤੀਆਂ ਕੁਰਬਾਨੀਆਂ ਦੀ ਯਾਦ ਦਿਵਾਉਂਦਾ ਹੈ।

ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਪ੍ਰਿੰਸੀਪਲ ਸ਼੍ਰੀ ਵਿਵੇਕ ਤਿਵਾਰੀ ਅਤੇ ਸ਼੍ਰੀਮਤੀ ਅਨੁ ਤਿਵਾਰੀ ਦੁਆਰਾ ਤਿਰੰਗਾ ਲਹਿਰਾਉਣ ਨਾਲ ਹੋਈ, ਜਿਸ ਤੋਂ ਬਾਅਦ ਰਾਸ਼ਟਰੀ ਗੀਤ ਗਾਇਆ ਗਿਆ। ਮੁੱਖ ਮਹਿਮਾਨ ਨੇ ਸ਼੍ਰੀਮਤੀ ਮੋਨਿਕਾ ਗੁਪਤਾ, ਸ਼੍ਰੀ ਰਾਹੁਲ ਅਤੇ ਸ਼੍ਰੀ ਲਾਲ ਸਿੰਘ ਦੀ ਅਗਵਾਈ ਹੇਠ ਐਨਸੀਸੀ ਦੇ ਫ਼ੌਜ, ਜਲ ਸੈਨਾ ਅਤੇ ਹਵਾਈ ਵਿੰਗ ਪਰੇਡ ਤੋਂ ਸਲਾਮੀ ਲਈ। ਮੁੱਖ ਮਹਿਮਾਨ ਦਾ ਸ਼੍ਰੀ ਅਰੁਣ ਸੇਠ, ਪ੍ਰੀਖਿਆ ਇੰਚਾਰਜ, ਸ਼੍ਰੀਮਤੀ ਇੰਦਰਬੀਰ ਮਾਰੀਆ ਅਤੇ ਹੋਰ ਅਧਿਆਪਕਾਂ ਦੇ ਨਾਲ ਐਕਟੀਵਿਟੀ ਇੰਚਾਰਜਾਂ ਦੁਆਰਾ ਫੁੱਲਾਂ ਦੁਆਰਾ ਸਵਾਗਤ ਕੀਤਾ ਗਿਆ। ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਇੱਕ ਵੱਡਾ ਇਕੱਠ ਸੀ। ਪ੍ਰਿੰਸੀਪਲ ਨੇ ਆਪਣੇ ਸੰਬੋਧਨ ਵਿੱਚ ਇਕੱਠ ਨੂੰ ਭਾਰਤੀ ਸੰਵਿਧਾਨ ਦੇ ਨਿਰਮਾਣ, ਇਸ ਦੀਆਂ ਵਿਲੱਖਣ ਵਿਸ਼ੇਸ਼ਤਾਵਾਂ ਅਤੇ ਇਸ ਤੱਥ ਬਾਰੇ ਸੰਖੇਪ ਵਿੱਚ ਜਾਣੂ ਕਰਵਾਇਆ ਕਿ ਸਾਰੇ ਵਿਦਿਆਰਥੀਆਂ ਅਤੇ ਨੌਜਵਾਨ ਪੀੜ੍ਹੀ ਨੂੰ ਸੰਵਿਧਾਨ ਬਾਰੇ ਜਾਣਨ ਦੀ ਜ਼ਰੂਰਤ ਹੈ, ਤਾਂ ਜੋ ਉਹ ਸਮਝ ਸਕਨ ਕਿ ਉਨ੍ਹਾਂ ਨੂੰ ਭਵਿੱਖ ਵਿੱਚ ਜ਼ਿੰਦਗੀ ਕਿਵੇਂ ਜੀਣੀ ਹੈ। ਸੰਗੀਤ ਅਧਿਆਪਕਾਂ ਸ਼੍ਰੀ ਰਜਤ ਕਨੋਜੀਆ ਅਤੇ ਸ਼੍ਰੀ ਰਾਹੁਲ ਦੀ ਅਗਵਾਈ ਹੇਠ ਰੂਹਾਨੀ ਅਤੇ ਤਾਲਬੱਧ ਢੰਗ ਨਾਲ ਪੇਸ਼ ਕੀਤੇ ਗਏ ਸੰਗੀਤਕ ਮੇਡਲੇ ਨੇ ਸਾਰਿਆਂ ਨੂੰ ਦੇਸ਼ ਭਗਤੀ ਦੀਆਂ ਭਾਵਨਾਵਾਂ ਨਾਲ ਮੋਹਿਤ ਕਰ ਦਿੱਤਾ। ਪ੍ਰੀ ਪ੍ਰਾਇਮਰੀ ਦੇ ਵਿਦਿਆਰਥੀਆਂ ਦੀ ਇੱਕ ਰੋਮਾਂਚਕ ਪਰੇਡ, ਜੋ ਕਿ ਸ਼੍ਰੀਮਤੀ ਮਿਨਾਕਸ਼ੀ ਸ਼ਰਮਾ (ਐਕਟੀਵਿਟੀ ਇੰਚਾਰਜ ਪ੍ਰੀ-ਪ੍ਰਾਇਮਰੀ) ਸ਼੍ਰੀਮਤੀ ਇੰਦਰਬੀਰ ਮਾਰੀਆ (ਕੋਆਰਡੀਨੇਟਰ, ਪ੍ਰੀ-ਪ੍ਰਾਇਮਰੀ) ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਦਾ ਇੱਕ ਵਿਸ਼ਾਲ ਪ੍ਰਦਰਸ਼ਨ ਸੀ, ਨੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ, ਜਿਸ ਵਿੱਚ ਭਾਰਤ ਨੂੰ ਸੱਭਿਆਚਾਰਕ ਵਿਭਿੰਨਤਾ ਦੀ ਧਰਤੀ ਵਜੋਂ ਦਰਸਾਇਆ ਗਿਆ, ਜਿਸ ਵਿੱਚ ਧਰਮਾਂ, ਭਾਸ਼ਾਵਾਂ ਅਤੇ ਪਰੰਪਰਾਵਾਂ ਦੀ ਅਮੀਰ ਟੈਪੇਸਟ੍ਰੀ ਸੀ। ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਸ਼੍ਰੀਮਤੀ ਆਸ਼ਾ, ਡਾਂਸ ਟੀਚਰ ਦੀ ਕੁਸ਼ਲ ਅਗਵਾਈ ਹੇਠ ਭਾਰਤ ਦੀ ਸੱਭਿਆਚਾਰਕ ਵਿਭਿੰਨਤਾ ਨੂੰ ਦਰਸਾਉਂਦੇ ਵੱਖ-ਵੱਖ ਨਾਚ ਰੂਪਾਂ ਦਾ ਮਿਸ਼ਰਣ ਪੇਸ਼ ਕੀਤਾ। ਪ੍ਰਿੰਸੀਪਲ ਸ਼੍ਰੀ ਵਿਵੇਕ ਤਿਵਾਰੀ ਨੇ ਸ਼੍ਰੀਮਤੀ ਉਰਮਿੰਦਰ (ਐਕਟੀਵਿਟੀ ਇੰਚਾਰਜ- ਪ੍ਰਾਇਮਰੀ), ਸ਼੍ਰੀਮਤੀ ਮਿਨਾਕਸ਼ੀ ਸ਼ਰਮਾ (ਐਕਟੀਵਿਟੀ ਇੰਚਾਰਜ ਪ੍ਰੀ-ਪ੍ਰਾਇਮਰੀ), ਸ਼੍ਰੀਮਤੀ ਅਰਸ਼ਦੀਪ (ਹਾਊਸ ਮਾਰਸ਼ਲ) ਅਤੇ ਪ੍ਰੋਗਰਾਮ ਦੀਆਂ ਐਂਕਰ ਸ਼੍ਰੀਮਤੀ ਪ੍ਰਿਆ ਕਪੂਰ ਅਤੇ ਸ਼੍ਰੀਮਤੀ ਗੁਰਪ੍ਰੀਤ ਕੌਰ ਪੰਨੂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਪ੍ਰੋਗਰਾਮ ਦਾ ਅੰਤ ਭਾਰਤ ਮਾਤਾ ਜ਼ਿੰਦਾਬਾਦ, ਭਾਰਤ ਮਾਤਾ ਨੂੰ ਸਲਾਮ ਵਰਗੇ ਨਾਅਰਿਆਂ ਦੀ ਗੂੰਜ ਨਾਲ ਹੋਇਆ।

ਹਰਦੀਪ ਸਿੰਘ ਮੁੰਡੀਆਂ ਨੇ ਗਣਤੰਤਰ ਦਿਵਸ ਮੌਕੇ ਬਠਿੰਡਾ 'ਚ ਲਹਿਰਾਇਆ ਕੌਮੀ ਤਿਰੰਗਾ

ਬਠਿੰਡਾ 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਮਾਲ, ਮੁੜ ਵਸੇਬਾ ਅਤੇ ਆਫਤ ਪ੍ਰਬੰਧਨ, ਜਲ ਸਪਲਾਈ ਤੇ ਸੈਨੀਟੇਸ਼ਨ ਅਤੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਕੈਬਨਿਟ ਮੰਤਰੀ, ਪੰਜਾਬ ਸ. ਹਰਦੀਪ ਸਿੰਘ ਮੁੰਡੀਆਂ ਨੇ ਸਥਾਨਕ ਸ਼ਹੀਦ ਭਗਤ ਸਿੰਘ ਬਹੁ ਮੰਤਵੀ ਖੇਡ ਸਟੇਡੀਅਮ ਵਿਖੇ 76ਵੇਂ ਗਣਤੰਤਰ ਦਿਵਸ ਮੌਕੇ ਕੌਮੀ ਝੰਡਾ ਲਹਿਰਾਇਆ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਰੰਗਲਾ, ਖੁਸ਼ਹਾਲ, ਹੱਸਦਾ ਤੇ ਖੇਡਦਾ ਪੰਜਾਬ ਬਣਾਉਣ ਲਈ ਨਿਰੰਤਰ ਉਪਰਾਲੇ ਜਾਰੀ ਰੱਖਣ ਦਾ ਅਹਿਦ ਲਿਆ ਅਤੇ ਸਰਕਾਰ ਵਲੋਂ ਸਿਹਤ, ਸਿੱਖਿਆ ਤੇ ਹੋਰ ਖੇਤਰਾਂ ਵਿੱਚ ਕੀਤੀਆਂ ਜਾ ਰਹੀਆਂ ਕ੍ਰਾਂਤੀਕਾਰੀ ਤਬਦੀਲੀਆਂ ਦੀ ਸ਼ਲਾਘਾ ਕੀਤੀ। ਸਮਾਗਮ ਮੌਕੇ ਵਿਧਾਇਕ ਬਠਿੰਡਾ (ਸ਼ਹਿਰੀ) ਸ. ਜਗਰੂਪ ਸਿੰਘ ਗਿੱਲ, ਵਿਧਾਇਕ ਬਠਿੰਡਾ (ਦਿਹਾਤੀ) ਸ਼੍ਰੀ ਅਮਿਤ ਰਤਨ ਕੋਟਫੱਤਾ ਅਤੇ ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ ਮੌਜੂਦ ਰਹੇ।

ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਪ੍ਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ। ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ, ਐਸਐਸਪੀ ਬਠਿੰਡਾ ਮੈਡਮ ਅਮਨੀਤ ਕੌਂਡਲ ਅਤੇ ਪ੍ਰੇਡ ਕਮਾਂਡਰ ਅਨੁਭਵ ਜੈਨ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

ਇਸ ਮੌਕੇ ਕੈਬਨਿਟ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਜ਼ਿਲ੍ਹਾ ਵਾਸੀਆਂ ਤੋਂ ਇਲਾਵਾ ਦੇਸ਼-ਵਿਦੇਸ਼ ਵਿੱਚ ਵਸਦੇ ਸਾਰੇ ਭਾਰਤੀਆਂ ਖ਼ਾਸ ਤੌਰ 'ਤੇ ਪੰਜਾਬੀਆਂ ਨੂੰ ਤਹਿ ਦਿਲੋਂ ਗਣਤੰਤਰ ਦਿਵਸ ਦੀ ਵਧਾਈ ਦਿੱਤੀ। ਉਨ੍ਹਾਂ ਦੇਸ਼ ਦੀਆਂ ਤਿੰਨੋਂ ਸੈਨਾਵਾਂ ਅਤੇ ਹਥਿਆਰਬੰਦ ਬਲਾਂ ਦੇ ਬਹਾਦਰ ਸੂਰਬੀਰਾਂ ਨੂੰ ਸਲਾਮ ਕੀਤਾ, ਜੋ ਸਾਡੇ ਦੇਸ਼ ਦੀ ਪ੍ਰਭੁਸੱਤਾ ਅਤੇ ਅਖੰਡਤਾ ਦੀ ਰਾਖੀ ਕਰ ਰਹੇ ਹਨ।

ਚੰਡੀਗੜ੍ਹ-ਅੰਬਾਲਾ ਹਾਈਵੇ 'ਤੇ ਬਣਾਏ ਨਜਾਇਜ਼ ਸ਼ਾਰਟ ਕੱਟ, ਦੇ ਰਹੇ ਹਨ ਹਾਦਸਿਆਂ ਨੂੰ ਸੱਦਾ

ਜ਼ੀਰਕਪੁਰ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਚੰਡੀਗੜ੍ਹ-ਅੰਬਾਲਾ ਨੈਸ਼ਨਲ ਹਾਈਵੇ 'ਤੇ ਸਫ਼ਰ ਕਰਨ ਵਾਲੇ ਵਾਹਨ ਚਾਲਕਾਂ ਲਈ ਥਾਂ-ਥਾਂ ਲਾਏ ਨਾਜਾਇਜ਼ ਕੱਟ ਪਰੇਸ਼ਾਨੀ ਦੀ ਵਜ੍ਹਾ ਬਣ ਚੁੱਕੇ ਹਨ। ਧੁੰਦ ਦੇ ਮੌਸਮ ਵਿਚ ਰਾਤ ਵੇਲੇ ਨਾਜਾਇਜ਼ ਕੱਟ ਹੋਰ ਵੀ ਖ਼ਤਰਨਾਕ ਸਾਬਤ ਹੋ ਜਾਂਦੇ ਹਨ। ਚੰਡੀਗੜ੍ਹ ਰੋਡ 'ਤੇ ਟੀ.ਐਮ ਪਟਰੋਲ ਪੰਪ ਦੇ ਸਾਹਮਣੇ ਦੇ ਫਲਾਈ ਓਵਰ ਦੇ ਨਜ਼ਦੀਕ ਵਾਹਨ ਚਾਲਕਾਂ ਤੇ ਦੋ ਪਹੀਆ ਵਾਹਨ ਚਾਲਕਾਂ ਨੇ ਆਪਣੀ ਸਹੂਲਤ ਲਈ ਨਾਜਾਇਜ਼ ਕੱਟ ਬਣਾ ਲਿਆ ਹੈ ਤਾਂ ਜੋ ਉਨ੍ਹਾਂ ਨੂੰ ਆਪਣੇ ਵਾਹਨਾਂ ਨੂੰ ਲੈ ਕੇ ਜਾਣ ਵਿਚ ਚੰਡੀਗੜ੍ਹ ਬੈਰੀਅਰ ਤੇ ਬਣੇ ਅੰਡਰ ਪਾਸ ਤਕ ਲੰਮੀ ਦੂਰੀ ਤੈਅ ਨਾ ਕਰਨੀ ਪਵੇ। ਜੋ ਸੜਕ ਵਚਾਲੇ ਹੀ ਗੱਡੀ ਅਤੇ ਦੋ ਪਹਿਆ ਵਾਹਨ ਟਪਾ ਦਿੰਦੇ ਹਨ ਜਦਕੀ ਡੇਰਾਬੱਸੀ ਤੋਂ ਚੰਡੀਗੜ੍ਹ ਅਤੇ ਚੰਡੀਗੜ੍ਹ ਤੋਂ ਡੇਰਾਬੱਸੀ ਵੱਲ ਜਾਣ ਵਾਲੇ ਵਾਹਨਾਂ ਦੀ ਰਫ਼ਤਾਰ ਬਹੁਤ ਤੇਜ਼ ਹੁੰਦੀ ਹੈ ਜਿਸ ਕਾਰਨ ਇਸ ਥਾਂ ਤੇ ਜਾਮ ਦੀ ਸਥਿਤੀ ਵੀ ਬਣ ਜਾਂਦੀ ਹੈ ਅਤੇ ਹਾਦਸਾ ਵਾਪਰਨ ਦਾ ਖਤਰਾ ਵੀ ਬਣੀਆਂ ਰਹਿੰਦਾ ਹੈ। ਜ਼ਿਕਰਯੋਗ ਹੈ ਕਿ ਚੰਡੀਗੜ੍ਹ-ਜ਼ੀਰਕਪੁਰ ਬੈਰੀਅਰ ਤੋਂ ਲੈ ਕੇ ਡੇਰਾਬੱਸੀ ਦੀ ਦੂਰੀ ਕਰੀਬ 15 ਕਿੱਲੋਮੀਟਰ ਹੈ। ਇਸ ਦੂਰੀ ਦਰਮਿਆਨ ਦੋ ਦਰਜਨ ਦੇ ਕਰੀਬ ਨਾਜਾਇਜ਼ ਕੱਟ ਬਣੇ ਹੋਏ ਹਨ। ਜਿਨ੍ਹਾਂ ਨੂੰ ਕੌਮੀ ਸ਼ਾਹਰਾਹ ਅਥਾਰਟੀ ਵੱਲੋਂ ਇਨ੍ਹਾਂ ਨੂੰ ਕਈ ਬਾਰ ਬੰਦ ਕਰਵਾਇਆ ਗਿਆ ਹੈ ਪਰ ਹਕੀਕਤ ਇਹ ਹੈ ਕਿ ਚਾਲਕਾਂ ਨੇ ਆਪਣੀ ਸਹੂਲਤ ਨਾਲ ਇਹ ਜਿਹੜੇ ਕੱਟ ਬਣਾਏ ਹਨ, ਮੁੜ ਤੋਂ ਬਣਾ ਲਏ ਜਾਂਦੇ ਹਨ। ਨੇੜੇ ਸਥਿੱਤ ਸੁਸਾਇਟੀਆਂ ਦੇ ਲੋਕਾਂ ਦੇ ਨਾਲ ਨਾਲ ਅਨੇਕਾਂ ਨਿੱਜੀ ਵਾਹਨ ਚਾਲਕ ਸੜਕ 'ਤੇ ਲੰਮੀ ਦੂਰੀ ਤੈਅ ਕਰਨ ਦੀ ਬਜਾਏ ਸ਼ਾਰਟ-ਕੱਟ ਲਾ ਕੇ ਆਪਣੀ ਤੇ ਹੋਰਨਾਂ ਦੀ ਜ਼ਿੰਦਗੀ ਖ਼ਤਰੇ ਵਿਚ ਪਾ ਰਹੇ ਹਨ।

ਇਸ ਸੰਬਧੀ ਨਵਨਿਯੁਕਤ ਟ੍ਰੈਫਿਕ ਇੰਚਾਰਜ ਇੰਸਃ ਪਲਵਿੰਦਰ ਸਿੰਘ ਨੇ ਕਿਹਾ ਗਣਤੰਤਰ ਦਿਵਸ ਉਪਰੰਤ ਕੌਮੀ ਸ਼ਾਹਰਾਹ ਅਥਾਰਟੀ ਨਾਲ ਰਾਬਤਾ ਬਣਾ ਨਜਾਇਜ਼ ਕੱਟਾਂ ਨੂੰ ਬੰਦ ਕਰਨ ਦੀ ਕਾਰਵਾਈ ਆਰੰਭੀ ਜਾਵੇਗੀ।

ਐਕਸੀਡੈਂਟ ਬਲੈਕ ਸਪਾਟ ਦੇ ਸੁਧਾਰ ਅਤੇ ਸੜਕ ਦੁਰਘਟਨਾਵਾਂ ਅਤੇ ਮੌਤਾਂ ਤੇ ਪ੍ਰਭਾਵ ਬਾਰੇ ਵਰਕਸ਼ਾਪ ਆਯੋਜਿਤ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸੜਕ ਸੁਰੱਖਿਆ ਏਜੰਸੀ, ਪੰਜਾਬ ਰਾਜ ਸੜਕ ਸੁਰੱਖਿਆ ਪ੍ਰੀਸ਼ਦ ਅਤੇ ਰਾਸ਼ਟਰੀ ਰਾਜਮਾਰਗ ਅਥਾਰਟੀ ਆਫ਼ ਇੰਡੀਆ ਵੱਲੋ ਸੜਕ ਦੁਰਘਟਨਾਵਾਂ ਅਤੇ ਮੌਤ ਦੀ ਦਰ ਘਟਾਉਣ ਲਈ ਬਲੈਕ ਸਪਾਟ ਦੇ ਸੁਧਾਰ ਅਤੇ ਸੜਕ ਦੁਰਘਟਨਾਵਾਂ ਅਤੇ ਮੌਤਾਂ ਤੇ ਪ੍ਰਭਾਵ ਵਿਸ਼ੇ ਤੇ ਅੱਜ ਇੱਕ ਰੋਜ਼ਾ ਵਰਕਸ਼ਾਪ ਆਯੋਜਿਤ ਕੀਤੀ।

ਮਹਾਤਮਾ ਗਾਂਧੀ ਸਟੇਟ ਇੰਸੀਚਿਊਟ ਪਬਲਿਕ ਐਡਮਨਿਸਟਰੇਸ਼ਨ, ਸੈਕਟਰ 26 ਚੰਡੀਗੜ੍ਹ ਵਿਖੇ ਚੱਲ ਰਹੇ ਰਾਸ਼ਟਰੀ ਸੜਕ ਸੁਰੱਖਿਆ ਮਹੀਨਾ 2025 ਦੇ ਸਬੰਧ ਵਿੱਚ, ਅੱਜ ਹਾਦਸਿਆਂ ਦੇ ਖ਼ਤਰੇ ਵਾਲੇ ਬਲੈਕ ਸਪਾਟਸ ਨੂੰ ਸੁਧਾਰਨ ਅਤੇ ਸੜਕ ਹਾਦਸਿਆਂ ਅਤੇ ਮੌਤਾਂ 'ਤੇ ਉਨ੍ਹਾਂ ਦੇ ਪ੍ਰਭਾਵ 'ਤੇ ਕੇਂਦਰਿਤ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਹ ਵਰਕਸ਼ਾਪ ਲੀਡ ਏਜੰਸੀ ਪੰਜਾਬ ਰਾਜ ਸੜਕ ਸੁਰੱਖਿਆ ਕੌਂਸਲ ਵੱਲੋਂ ਟਰਾਂਸਪੋਰਟ ਵਿਭਾਗ, ਪੰਜਾਬ ਦੀ ਅਗਵਾਈ ਹੇਠ ਅਤੇ ਨੈਸ਼ਨਲ ਹਾਈਵੇਅ ਅਥਾਰਟੀ ਆਫ ਇੰਡੀਆ, ਪੀ.ਡਬਲਿਊ.ਡੀ(ਬੀ ਐਂਡ ਆਰ) ਵਿਭਾਗ, ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਮੰਡੀ ਬੋਰਡ ਅਤੇ ਪੰਜਾਬ ਟ੍ਰੈਫਿਕ ਪੁਲਿਸ ਦੇ ਸਹਿਯੋਗ ਨਾਲ ਲਗਾਈ ਗਈ।

ਵਧੀਕ ਮੁੱਖ ਸਕੱਤਰ ਟਰਾਂਸਪੋਰਟ ਸ਼੍ਰੀ ਡੀ.ਕੇ.ਤਿਵਾੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਅਤੇ ਟਰਾਂਸਪੋਰਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਸੜਕ ਸੁਰੱਖਿਆ ਸਬੰਧੀ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਸੜਕ ਸੁਰੱਖਿਆ ਨਾਲ ਸਬੰਧਤ ਨਾਜ਼ੁਕ ਮੁੱਦਿਆਂ 'ਤੇ ਚਰਚਾ ਕਰਨਾ ਅਤੇ ਹੱਲ ਕਰਨਾ ਹੈ। ਉਨ੍ਹਾਂ ਕਿਹਾ ਕਿ ਇਹ ਵਿਚਾਰ-ਵਟਾਂਦਰੇ ਸੜਕ ਸੁਰੱਖਿਆ ਦੇ ਮਿਆਰਾਂ ਨੂੰ ਬਿਹਤਰ ਬਣਾਉਣ ਅਤੇ ਸੜਕ ਦੇ ਖਤਰਿਆਂ ਨੂੰ ਘਟਾਉਣ ਲਈ ਭਵਿੱਖ ਦੀਆਂ ਰਣਨੀਤੀਆਂ ਨੂੰ ਆਕਾਰ ਦੇਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਣਗੇ।

ਇਸ ਤੋਂ ਇਲਾਵਾ ਉਨ੍ਹਾਂ ਸੜਕ ਸੁਰੱਖਿਆ ਸਬੰਧੀ ਸੜਕ ਸੁਰੱਖਿਆ ਫੋਰਸ ਵੱਲੋਂ ਨਿਭਾਏ ਜਾ ਰਹੇ ਰੋਲ ਦੀ ਸ਼ਲਾਘਾ ਕੀਤੀ ਅਤੇ ਸੜਕ ਦੁਰਘਟਨਾਵਾਂ ਘਟਾਉਣ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨੂੰ ਹੋਰ ਵਧਾ ਕੇ ਸੁਚੱਜੇ ਤਰੀਕੇ ਅਪਨਾਉਣ ਲਈ ਪ੍ਰੇਰਿਆ। ਖਾਸ ਕਰ ਧੁੰਦ ਦੇ ਮੌਸਮ ਵਿੱਚ ਡਰਾਇਵਿੰਗ ਦੌਰਾਨ ਆਉਣ ਵਾਲੀਆਂ ਪ੍ਰੇਸ਼ਾਨੀਆਂ ਨੂੰ ਦੂਰ ਕਰਨ ਅਤੇ ਛੋਟੀ ਉਮਰ ਦੇ ਬੱਚਿਆਂ ਨੂੰ ਵਹੀਕਲ ਨਾ ਚਲਾਉਣ ਦੇਣ ਲਈ ਪ੍ਰੇਰਿਆ।

ਡਾਇਰੈਕਟਰ ਜਨਰਲ ਲੀਡ ਏਜੰਸੀ ਰੋਡ ਸੇਫਟੀ ਸ੍ਰੀ ਆਰ.ਵੈਂਕਟ ਰਤਨਮ ਨੇ ਵੱਖ-ਵੱਖ ਅਧਿਕਾਰੀਆਂ ਨੂੰ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਰਾਜ ਵਿੱਚ ਐਕਸੀਡੈਂਟ ਵਿੱਚ ਮਰਨ ਵਾਲਿਆਂ ਦੀ ਗਿਣਤੀ ਕਾਫੀ ਜ਼ਿਆਦਾ ਹੈ ਜੋ ਕਿ ਰੋਜ਼ਾਨਾ 14 ਮੌਤਾਂ ਹੋ ਰਹੀਆਂ ਹਨ।

ਮੁੱਖ ਮੰਤਰੀ ਨੇ ਪੁਲਿਸ ਮੁਲਾਜ਼ਮਾਂ ਨੂੰ ਡਿਊਟੀ ਪ੍ਰਤੀ ਸ਼ਾਨਦਾਰ ਸਮਰਪਣ ਲਈ ਮੁੱਖ ਮੰਤਰੀ ਰਕਸ਼ਕ ਪਦਕ ਅਤੇ ਮੁੱਖ ਮੰਤਰੀ ਮੈਡਲ ਨਾਲ ਕੀਤਾ ਸਨਮਾਨਿਤ

ਗਣਤੰਤਰ ਦਿਵਸ ਸਮਾਰੋਹ ਦੌਰਾਨ ਭਾਗੀਦਾਰਾਂ ਅਤੇ ਵਿਭਿੰਨ ਖੇਤਰਾਂ ਨਾਲ ਸਬੰਧਤ ਸ਼ਖ਼ਸੀਅਤਾਂ ਨੂੰ ਕੀਤਾ ਸਨਮਾਨਿਤ

ਪਟਿਆਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਗਣਤੰਤਰ ਦਿਵਸ ਸਮਾਰੋਹ ਦੌਰਾਨ ਸਮਾਜ ਅਤੇ ਸੂਬੇ ਪ੍ਰਤੀ ਆਪਣਾ ਸ਼ਾਨਦਾਰ ਯੋਗਦਾਨ ਦੇਣ ਲਈ ਵੱਖ-ਵੱਖ ਅਧਿਕਾਰੀਆਂ/ਕਰਮਚਾਰੀਆਂ, ਭਾਗੀਦਾਰਾਂ ਅਤੇ ਵਿਭਿੰਨ ਖੇਤਰਾਂ ਨਾਲ ਸਬੰਧਤ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ।

ਇਸ ਸਮਾਗਮ ਦੌਰਾਨ ਭਗਵੰਤ ਸਿੰਘ ਮਾਨ ਨੇ ਸਹਾਇਕ ਸਬ ਇੰਸਪੈਕਟਰ ਮੰਨਾ ਸਿੰਘ ਅਤੇ ਰਜਿੰਦਰ ਸਿੰਘ, ਲੇਡੀ ਸੀਨੀਅਰ ਕਾਂਸਟੇਬਲ ਕੁਲਵਿੰਦਰ ਕੌਰ, ਹੋਮ ਗਾਰਡ ਜਵਾਨ ਗੁਰਦੀਪ ਸਿੰਘ ਅਤੇ ਸੀਨੀਅਰ ਕਾਂਸਟੇਬਲ ਗੁਰਪ੍ਰੀਤ ਸਿੰਘ ਨੂੰ ਮੁੱਖ ਮੰਤਰੀ ਰਕਸ਼ਕ ਪਦਕ ਨਾਲ ਸਨਮਾਨਿਤ ਕੀਤਾ। ਉਨ੍ਹਾਂ ਨੇ ਸੁਪਰਡੈਂਟ ਆਫ਼ ਪੁਲਿਸ ਨਵਰੀਤ ਸਿੰਘ ਵਿਰਕ, ਜਸਮੀਤ ਸਿੰਘ, ਜੁਗਰਾਜ ਸਿੰਘ, ਦਿਗਵਿਜੇ ਕਪਿਲ ਅਤੇ ਹਰਿੰਦਰ ਸਿੰਘ, ਕਮਾਂਡੈਂਟ ਪਰਮਪਾਲ ਸਿੰਘ, ਏਆਈਜੀ ਅਵਨੀਤ ਕੌਰ ਸਿੱਧੂ, ਡਿਪਟੀ ਸੁਪਰਡੈਂਟ ਆਫ਼ ਪੁਲਿਸ ਸਮਰਪਾਲ ਸਿੰਘ, ਇੰਸਪੈਕਟਰ ਪਰਾਨ, ਪ੍ਰਿਤਪਾਲ ਸਿੰਘ, ਸੁਖਮਿੰਦਰ ਸਿੰਘ ਅਤੇ ਮਨਫੂਲ ਸਿੰਘ, ਸਬ ਇੰਸਪੈਕਟਰ ਰਾਜੇਸ਼ ਕੁਮਾਰ, ਪਰਮਿੰਦਰ ਸਿੰਘ, ਜੁਗਲ ਕਿਸ਼ੋਰ ਸ਼ਰਮਾ ਅਤੇ ਸੁਮਿਤ ਐਰੀ, ਸਹਾਇਕ ਸਬ ਇੰਸਪੈਕਟਰ ਹਰਪਾਲ ਸਿੰਘ, ਹੈੱਡ ਕਾਂਸਟੇਬਲ ਮੁਖਜੀਤ ਸਿੰਘ ਅਤੇ ਸੀ 99 ਸਿਮਰਨਜੀਤ ਸਿੰਘ ਸਮੇਤ ਪੁਲਿਸ ਮੁਲਾਜ਼ਮਾਂ ਨੂੰ ਡਿਊਟੀ ਪ੍ਰਤੀ ਸ਼ਾਨਦਾਰ ਸਮਰਪਣ ਲਈ ਮੁੱਖ ਮੰਤਰੀ ਮੈਡਲ ਨਾਲ ਸਨਮਾਨਿਤ ਕੀਤਾ।

ਮੁੱਖ ਮੰਤਰੀ ਨੇ ਪਰੇਡ ਕਮਾਂਡਰ ਵਨੀਤ ਅਹਿਲਾਵਤ ਆਈ.ਪੀ.ਐਸ., ਸੈਕਿੰਡ ਕਮਾਂਡਰ ਰਮਨਪ੍ਰੀਤ ਸਿੰਘ ਗਿੱਲ ਪੀ.ਪੀ.ਐਸ. ਅਤੇ ਡਾ. ਜਤਿੰਦਰ ਕਾਂਸਲ (ਸੇਵਾਮੁਕਤ ਸਿਵਲ ਸਰਜਨ), ਡਾ. ਜਗਪਾਲ ਇੰਦਰ, ਰਾਜਿੰਦਰਾ ਹਸਪਤਾਲ ਦੇ ਐਮ.ਐਸ. ਡਾ. ਗਿਰੀਸ਼ ਸਾਹਨੀ, ਡਾ. ਸਤੀਸ਼ ਕੁਮਾਰ, ਡਾ. ਸੰਜੀਵ ਅਰੋੜਾ, ਡਾ. ਕ੍ਰਿਸ਼ਵ ਗਰਗ, ਏ. ਐਮ. ਜੋਗੀ, ਧਨਜੀਤ ਕੌਰ, ਅੰਕਿਤ ਸਿੰਗਲਾ, ਬਾਲ ਕ੍ਰਿਸ਼ਨ ਸਿੰਗਲਾ, ਡਾ. ਰਾਜਦੀਪ ਸਿੰਘ, ਡਾ. ਇੰਦਰਪ੍ਰੀਤ ਸੰਧੂ, ਆਮਿਰ ਸਿੰਘ, ਪ੍ਰਤਾਪ ਸਿੰਘ, ਹਰਜਿੰਦਰ ਸਿੰਘ, ਦਾਮਿਨੀ, ਵੈਭਵ ਰਾਜੌਰੀਆ, ਬਲਜੀਤ ਸਿੰਘ, ਲਤੀਫ਼ ਮੁਹੰਮਦ, ਟੀਨਾ ਖੰਨਾ, ਸੁਰੇਸ਼ ਕੁਮਾਰ, ਜਸਪ੍ਰੀਤ ਕੌਰ, ਜਸਵਿੰਦਰ ਸਿੰਘ, ਐਕਸੀਅਨ ਪੀ.ਪੀ.ਸੀ.ਬੀ. ਗੁਰਕਿਰਨ ਸਿੰਘ, ਐਸ.ਡੀ.ਓ ਪੀ.ਪੀ.ਸੀ.ਬੀ. ਮੋਹਿਤ ਸਿੰਗਲਾ, ਗਗਨਦੀਪ ਸਿੰਘ, ਅਨਮੋਲਜੀਤ ਸਿੰਘ, ਜੈ ਸਿੰਘ, ਸੁਖਦੇਵ ਸਿੰਘ, ਹੌਲਦਾਰ ਵਿਜੈ ਸ਼ਾਰਦਾ, ਯਾਦਵਿੰਦਰ ਸਿੰਘ, ਦਿਲਬਰ ਸਿੰਘ, ਅਸਵੰਤ ਸਿੰਘ ਪੀ.ਪੀ.ਐਸ., ਅਮਨਦੀਪ ਸਿੰਘ ਹੌਲਦਾਰ, ਸਤਨਾਮ ਸਿੰਘ ਹੌਲਦਾਰ, ਐਸ.ਆਈ. ਜਸਵਿੰਦਰ ਸਿੰਘ, ਏ.ਐਸ.ਆਈ ਬਲਵਿੰਦਰ ਸਿੰਘ, ਐਸ.ਆਈ. ਰੂਪ ਸਿੰਘ, ਵਰਿੰਦਰ ਸਿੰਘ ਕਾਂਸਟੇਬਲ, ਐਸ.ਆਈ. ਭਗਵਾਨ ਸਿੰਘ, ਹੌਲਦਾਰ ਤਾਰਾ ਚੰਦ, ਕਾਂਸਟੇਬਲ ਮਾਨ ਸਿੰਘ, ਐਸ.ਆਈ. ਪਵਿੱਤਰ ਸਿੰਘ, ਹੈੱਡ ਕਾਂਸਟੇਬਲ ਕਮਲਜੀਤ ਸਿੰਘ, ਹੈੱਡ ਮਾਸਟਰ ਨਵਨੀਤ ਸਿੰਘ, ਈ.ਟੀ.ਟੀ. ਅਧਿਆਪਕ ਸੁਖਵਿੰਦਰ ਕੌਰ ਤੇ ਮੋਹਨ ਸਿੰਘ, ਵਿਜੈ ਕਪੂਰ, ਅਮਿਤ ਕੁਮਾਰ, ਸਰਨਪ੍ਰੀਤ ਕੌਰ, ਰਾਜ ਕੁਮਾਰ, ਸੁਖਵਿੰਦਰ ਸਿੰਘ, ਬਲਦੇਵ ਸਿੰਘ, ਜਸਪ੍ਰੀਤ ਸਿੰਘ, ਪਬਲੀਨ ਸਿੰਘ ਧੰਜੂ, ਯੋਗੇਸ਼ਵਰ ਕਸ਼ਯਪ, ਸਤੀਸ਼ ਕੁਮਾਰ, ਵਿਜੈ ਕੁਮਾਰ ਗੋਇਲ, ਪਰਮਜੋਤ ਸਿੰਘ, ਗੁਰਦਰਸ਼ਨ ਸਿੰਘ ਚਮੋਲੀ, ਮੁਨੀਸ਼ ਕੁਮਾਰ, ਟਿੰਕੂ, ਧਰਮਪਾਲ ਸਿੰਘ, ਰਾਕੇਸ਼ ਅਰੋੜਾ, ਗੀਨਾ ਰਾਣੀ, ਪੂਜਾ ਵਰਮਾ, ਕੁਲਦੀਪ ਕੌਰ, ਰਾਜੇਸ਼ ਵਾਲੀਆ, ਸੁਪ੍ਰੀਤ ਬਾਜਵਾ, ਪੀਯੂਸ਼ ਅਗਰਵਾਲ, ਸੰਗਰਾਮ ਸਿੰਘ, ਅਮਰੀਕ ਸਿੰਘ, ਜੋਬਨਪ੍ਰੀਤ ਕੌਰ, ਸੁਖਦੇਵ ਸਿੰਘ, ਹੁਕਮ ਚੰਦ, ਤਰਸੇਮ ਲਾਲ, ਸੋਹਨ ਸਿੰਘ, ਮੁਕੇਸ਼ ਕੁਮਾਰ, ਅਜੀਤ ਸਿੰਘ, ਸੁਖਦੇਵ ਸਿੰਘ, ਨਛੱਤਰ ਸਿੰਘ, ਦਰਸ਼ਨ ਸਿੰਘ, ਅਮਰਜੀਤ ਸਿੰਘ, ਬਲਜੀਤ ਸਿੰਘ, ਬਲਵਿੰਦਰ ਸਿੰਘ ਅਤੇ ਸੀਮਾ ਪਾਰਸੀ ਸਮੇਤ ਹੋਰਨਾਂ ਸ਼ਖ਼ਸੀਅਤਾਂ ਨੂੰ ਵੀ ਸਨਮਾਨਿਤ ਕੀਤਾ।

ਮੁੱਖ ਮੰਤਰੀ ਨੇ ਸ਼ਹੀਦ ਸਿਪਾਹੀ ਭੁਪਿੰਦਰ ਸਿੰਘ, ਸ਼ਹੀਦ ਗੱਨਰ ਅਮਰੀਕ ਸਿੰਘ, ਸ਼ਹੀਦ ਨਾਇਕ ਰਾਜਵਿੰਦਰ ਸਿੰਘ, ਸ਼ਹੀਦ ਹੌਲਦਾਰ ਮੁਖਤਿਆਰ ਸਿੰਘ ਅਤੇ ਸ਼ਹੀਦ ਨਾਇਕ ਹਰਜਿੰਦਰ ਸਿੰਘ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਸਨਮਾਨਿਤ ਕੀਤਾ, ਜਿਨ੍ਹਾਂ ਨੇ ਭਾਰਤੀ ਫੌਜ ਦੇ ਆਪਰੇਸ਼ਨ ਰਕਸ਼ਕ ਦੌਰਾਨ ਸ਼ਹੀਦੀ ਪ੍ਰਾਪਤ ਕੀਤੀ ਸੀ। ਉਨ੍ਹਾਂ ਮੰਗਲ ਸਿੰਘ, ਵਿਰਜੇਸ਼ ਕੁਮਾਰ ਅਤੇ ਅਮਨਦੀਪ ਸਿੰਘ ਨੂੰ ਫਰਿਸ਼ਤੇ ਸਕੀਮ ਤਹਿਤ ਸਰਟੀਫ਼ਿਕੇਟ ਵੀ ਦਿੱਤੇ।

ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ: ਹਰਜੋਤ ਸਿੰਘ ਬੈਂਸ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਸਿੱਖਿਆ, ਉਚੇਰੀ ਸਿੱਖਿਆ, ਤਕਨੀਕੀ ਸਿੱਖਿਆ ਅਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਸ਼੍ਰੀ ਅਵਿਨਾਸ਼ ਸੂਦ ਮੈਮੋਰੀਅਲ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ, ਗੋਕੁਲ ਨਗਰ ਦੀ ਨਵੀਂ ਇਮਾਰਤ ਦਾ ਉਦਘਾਟਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਵਿੱਚ ਸੁਰੱਖਿਆ ਅਤੇ ਸਾਫ਼-ਸਫ਼ਾਈ ਲਈ ਲਗਭਗ 82 ਕਰੋੜ, ਵਾਈਫਾਈ ਕੁਨੈਕਸ਼ਨਾਂ ਲਈ 29.3 ਕਰੋੜ, ਸਕੂਲਾਂ ਵਿੱਚ ਪਖਾਨੇ, ਵਾਧੂ ਕਲਾਸ ਰੂਮ, ਲੈਬਾਰਟਰੀਆਂ, ਲਾਇਬ੍ਰੇਰੀਆਂ ਅਤੇ ਹੋਰ ਕੰਮਾਂ ਦੇ ਨਿਰਮਾਣ ਲਈ 120.43 ਕਰੋੜ ਮੁਹੱਈਆ ਕਰਵਾਏ ਹਨ ਤਾਂ ਜੋ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਸਹੂਲਤਾਂ ਮਿਲ ਸਕਣ।

ਸਕੂਲ ਦੀ ਨਵੀਂ ਇਮਾਰਤ ਦੇ ਉਦਘਾਟਨ ਦੌਰਾਨ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਨਾਬਾਰਡ ਅਧੀਨ ਕਲਾਸਰੂਮ, ਪ੍ਰਯੋਗਸ਼ਾਲਾਵਾਂ ਅਤੇ ਹੋਲਿਸਟਿਕ ਪਲਾਨ ਲਈ 93.48 ਕਰੋੜ ਰੁਪਏ ਮੁਹੱਈਆ ਕਰਵਾਏ ਗਏ ਹਨ ਜਿਸ ਨਾਲ ਵਿਦਿਆਰਥੀਆਂ ਨੂੰ ਬੇਹੱਦ ਲਾਭ ਮਿਲੇਗਾ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਵਿਦਿਆਰਥੀਆਂ ਨੂੰ ਕੌਮਾਂਤਰੀ ਪੱਧਰ ਦੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਸਮੇਂ-ਸਮੇਂ ਸਿਰ ਬੁਨਿਆਦੀ ਢਾਂਚੇ ਵਿਚ ਲੋੜੀਂਦਾ ਸੁਧਾਰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੈਸ਼ਨ 2024-25 ਵਿੱਚ ਵਿਦਿਆਰਥੀਆਂ ਨੂੰ ਸਮੇਂ ਸਿਰ ਮੁਫ਼ਤ ਪਾਠ ਪੁਸਤਕਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ 30 ਵਿਦਿਆਰਥੀਆਂ ਨੂੰ ਚੰਦਰਯਾਨ-3, 18 ਵਿਦਿਆਰਥੀਆਂ ਨੂੰ ਪੀ.ਐਸ.ਐਲ.ਵੀ. ਰਾਹੀਂ ਡੀ.ਐਸ.-ਐਸ.ਏ.ਆਰ. ਸੈਟੇਲਾਈਟ ਅਤੇ 21 ਵਿਦਿਆਰਥੀਆਂ ਨੂੰ ਆਦਿਤਿਆ ਐਲ-1 ਦੇ ਲਾਂਚ ਨੂੰ ਦਿਖਾਇਆ ਗਿਆ।

ਸਿੱਖਿਆ ਮੰਤਰੀ ਨੇ ਕਿਹਾ ਕਿ ਸਰਕਾਰੀ ਕਾਲਜਾਂ ਦੇ ਵਿਦਿਆਰਥੀਆਂ ਨੂੰ ਨੌਕਰੀ ਦੇ ਸਮਰੱਥ ਬਣਾਉਣ ਦੇ ਮੰਤਵ ਨਾਲ ਵੋਕੇਸ਼ਨਲ ਅਤੇ ਸਕਿੱਲ ਪ੍ਰੋਗਰਾਮਾਂ ਦੀ ਯੋਜਨਾ ਅਧੀਨ ਵਿੱਤੀ ਸਾਲ 2024-25 ਦੌਰਾਨ 3.25ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ। ਉਨ੍ਹਾਂ ਕਿਹਾ ਕਿ ਚੰਗੀ ਸਿੱਖਿਆ ਹਾਸਲ ਕਰਕੇ ਵਿਦਿਆਰਥੀ ਸਮਾਜ ਵਿਚ ਵਧੀਆ ਤਬਦੀਲੀਆਂ ਅਤੇ ਉਸਾਰੂ ਕਾਰਗੁਜ਼ਾਰੀ ਨੂੰ ਅੰਜਾਮ ਦੇ ਸਕਦੇ ਹਨ ਜਿਸ ਤਹਿਤ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਦੇ ਓਵਰਆਲ ਵਿਕਾਸ 'ਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਸ਼੍ਰੀ ਅਵਿਨਾਸ਼ ਸੂਦ ਮੈਮੋਰੀਅਲ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ, ਗੋਕਲ ਨਗਰ ਲਈ ਜ਼ਮੀਨ ਦਾਨ ਕਰਨ ਵਾਲੇ ਸੂਦ ਪਰਿਵਾਰ ਅਤੇ ਸ਼੍ਰੀ ਕਲਗੀਧਰ ਸਾਹਿਬ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਿੱਖਿਆ ਦੇ ਖੇਤਰ ਵਿਚ ਪਾਇਆ ਯੋਗਦਾਨ ਬਹੁਤ ਵੱਡਾ ਪੁੰਨ ਦਾ ਕੰਮ ਹੈ। ਉਨ੍ਹਾਂ ਨੇ ਸਕੂਲ ਦੇ ਅਧਿਆਪਕਾਂ ਨੂੰ ਤਨਦੇਹੀ ਨਾਲ ਬੱਚਿਆਂ ਨੂੰ ਪੜ੍ਹਾਉਣ ਲਈ ਪ੍ਰੇਰਿਤ ਕੀਤਾ।

30 ਜਨਵਰੀ ਨੂੰ ਲੱਗੇਗਾ ਔਰਤਾਂ ਦੀ ਸਿਹਤ, ਸਫਾਈ, ਰੁਜਗਾਰ ਸਬੰਧੀ ਜ਼ਿਲ੍ਹਾ ਪੱਧਰੀ ਜਾਗਰੂਕਤਾ ਕੈਂਪ

ਜਾਗਰੂਕਤਾ ਕੈਂਪ ਦੌਰਾਨ ਔਰਤਾਂ ਦਾ ਕੀਤਾ ਜਾਵੇਗਾ ਫ੍ਰੀ ਹੈਲਥ ਚੈਕ ਅੱਪ ਅਤੇ ਵੱਖ ਵੱਖ ਸਰਕਾਰੀ ਵਿਭਾਗਾਂ ਵੱਲੋਂ ਚੱਲ ਰਹੀਆਂ ਸਕੀਮਾਂ ਬਾਰੇ ਕੀਤਾ ਜਾਵੇਗਾ ਜਾਗਰੂਕ

ਮਲੇਰਕੋਟਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਸਰਕਾਰ ਵਲੋਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਨਾਲ ਪੰਜਾਬ ਰਾਜ ਦੀਆਂ ਔਰਤਾਂ ਨੂੰ ਸਿਹਤ ਪੱਖੋਂ ਤੰਦਰੁਸਤ ਰੱਖਣ ਲਈ ਵਿਭਾਗ ਵੱਲੋਂ ਜ਼ਿਲ੍ਹਾ ਪੱਧਰ ਤੇ ਔਰਤਾਂ ਲਈ ਸਿਹਤ ਸਫਾਈ ਅਤੇ ਜਾਗਰੂਕਤਾ ਦਾ ਕੈਂਪ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਕੈਂਪ ਦੀਆ ਤਿਆਰੀਆਂ ਸਬੰਧੀ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਔਰਤਾਂ/ ਲੜਕੀਆਂ ਲਈ ਇਹ ਕੈਂਪ 30 ਜਨਵਰੀ ਨੂੰ ਪੰਜਾਬ ਉਰਦੂ ਅਕਾਦਮੀ ਵਿਖੇ ਆਯੋਜਤ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਅਨੂ ਰਤਨ, ਸਹਾਇਕ ਸਿਵਲ ਸਰਜਨ ਡਾ ਸਜੀਲਾ ਖ਼ਾਨ, ਰੋਜ਼ਗਾਰ ਅਫ਼ਸਰ ਜਤਿੰਦਰ ਨਾਥ ਸ਼ਰਮਾਂ, ਇੰਨਚਾਰਜ ਵਨ ਸਟਾਪ ਸੈਂਟਰ ਨਜ਼ੀਰ ਮੁਹੰਮਦ, ਤਰਿੰਦਰ ਕੁਮਾਰ, ਦਲਜੀਤ ਸਿੰਘ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਤੇ ਨੁਮਾਇੰਦੇ ਮੌਜੂਦ ਸਨ ।

ਇਸ ਮੌਕੇ ਉਨ੍ਹਾਂ ਦੱਸਿਆ ਕਿ ਇਸ ਕੈਂਪ ਮੌਕੇ ਸਿਹਤ ਵਿਭਾਗ ਵੱਲੋਂ ਇਸਤਰੀਆਂ ਦੇ ਮਾਹਿਰ ਡਾਕਟਰਾਂ ਵਲੋਂ ਔਰਤਾਂ ਦਾ ਮੁਫ਼ਤ ਹੈਲਥ ਚੈੱਕਅਪ ਕਰਨ ਦੇ ਨਾਲ ਮੁਢਲੇ ਟੈਸਟ ਵੀ ਮੁਫ਼ਤ ਕੀਤੇ ਜਾਣਗੇ।

ਉਨ੍ਹਾਂ ਜ਼ਿਲ੍ਹਾ ਰੋਜਗਾਰ ਅਫ਼ਸਰ ਨੂੰ ਹਦਾਇਤ ਕੀਤੀ ਕਿ ਔਰਤਾਂ ਲੜਕੀਆਂ ਨੂੰ ਰੋਜਗਾਰ ਦੇ ਮੌਕੇ ਮੁਹੱਈਆਂ ਕਰਵਾਉਣ ਲਈ ਜਾਗਰੂਕ ਕੀਤਾ ਜਾਵੇ ਅਤੇ ਚਾਹਵਾਨ ਔਰਤਾਂ ਲਈ ਵੱਖ ਵੱਖ ਕੰਪਨੀਆਂ ਨੂੰ ਸੱਦਿਆ ਜਾਵੇ ਤਾਂ ਜੋ ਇੰਟਰਵੀਊ ਲੈਂਦੇ ਹੋਏ ਮੌਕੇ ਤੇ ਹੀ ਯੋਗ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਦਿੱਤੇ ਜਾ ਸਕਣ ।

ਇਸ ਮੌਕੇ ਵੱਖ ਵੱਖ ਵਿਭਾਗਾਂ ਵਲੋਂ ਔਰਤਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਦੱਸਿਆ ਜਾਵੇਗਾ । ਇਸ ਮੌਕੇ ਉਨ੍ਹਾਂ ਹਦਾਇਤ ਕੀਤੀ ਕਿ ਸਬੰਧਤ ਵਿਭਾਗ ਸਮਾਂ ਰਹਿੰਦੇ ਸਾਰੇ ਪ੍ਰਬੰਧ ਮੁਕੰਮਲ ਕਰਨ ਨੂੰ ਯਕੀਨੀ ਬਣਾਉਣ ਤਾਂ ਜੋ ਕਿਸੇ ਨੂੰ ਕੋਈ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਜ਼ਿਲ੍ਹੇ ਦੀਆਂ ਹਰ ਵਰਗ ਦੀਆਂ ਔਰਤਾਂ / ਲੜਕੀਆਂ ਨੂੰ ਇਸ ਕੈਂਪ ਵਿੱਚ ਆਉਣ ਦਾ ਖੁਲ੍ਹਾ ਸੱਦਾ ਦਿੱਤਾ।

ਸੰਗਲ ਵਰਤੋਂ ਵਾਲੇ ਪਲਾਸਟਿਕ ਦੇ ਲਿਫਾਫੇ ਦੀ ਵਰਤੋਂ ਬੰਦ ਕਰਨ ਇਸ ਨਾਲ ਬਿਮਾਰੀਆਂ ਨੂੰ ਦਰ ਕਰਨ ਵਿੱਚ ਮਦਦ ਮਿਲੇਗੀ : ਰਜਤ ਓਬਰਾਏ

ਪਟਿਆਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸਿੰਗਲ ਵਰਤੋਂ ਵਾਲਾ ਪਲਾਸਟਿਕ ਦੇ ਲਿਫਾਫੇ ਦੀ ਵਰਤੋਂ ਨਾ ਕਰੋ ਸਗੋਂ ਕੱਪੜੇ ਦੇ ਥੈਲੇ ਜਾਂ ਜੂਟ ਦੇ ਥੈਲੇ ਦੀ ਵਰਤੋਂ ਕਰੋ। ਸਾਡੀ ਸਿਹਤ ਤੰਦਰੁਸਤ ਹੋਵੇ ਅਤੇ ਅਸੀਂ ਬਿਮਾਰੀਆਂ ਰਹਿਤ ਜਿੰਦਗੀ ਦਾ ਆਨੰਦ ਲੈ ਸਕੀਏ। ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਪਾਬੰਦੀ ਲਗੀ ਹੋਈ ਹੈ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਵੀ ਲੋਕਾਂ ਨੂੰ ਇਸ ਲਈ ਜਾਗਰੂਕ ਕਰ ਰਹੀ ਹੈ।

ਅੱਜ ਸ੍ਰੀ ਰਜਤ ਉਬਰਾਏ ਪੀ.ਸੀ.ਐਸ ਕਮਿਸ਼ਨਰ ਨੇ ਨਗਰ ਨਿਗਮ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਿੰਗਲ ਵਰਤੋਂ ਵਾਲੇ ਪਲਾਸਟਿਕ ਦੇ ਲਿਫਾਫੇ ਦੀ ਵਰਤੋਂ ਬੰਦ ਕਰਨ ਇਸ ਨਾਲ ਬਿਮਾਰੀਆਂ ਨੂੰ ਦਰ ਕਰਨ ਵਿੱਚ ਮਦਦ ਮਿਲੇਗੀ ਅਤੇ ਹੜ੍ਹਾਂ ਨੂੰ ਵੀ ਨਾ ਲਿਆਉਣ ਵਿੱਚ ਮਦਦ ਮਿਲੇਗੀ। ਇਹ ਵਿਚਾਰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਬਣਾਏ ਕੱਪੜੇ ਦੇ ਥੈਲੇ ਜਾਰੀ ਕਰਦੇ ਹੋਏ ਪ੍ਰਗਟ ਕੀਤੇ। ਉਹਨਾਂ ਦੇ ਨਾਲ ਸ੍ਰੀਮਤੀ ਦੀਪਜੋਤ ਕੌਰ ਪੀ.ਸੀ.ਐਸ ਜਾਇੰਟ ਕਮਿਸ਼ਨਰ ਨਗਰ ਨਿਗਮ ਹਾਜਰ ਸਨ। ਵਿਜੈ ਕੁਮਾਰ ਗੋਇਲ ਪ੍ਰਧਾਨ ਪਟਿਆਲ਼ਾ ਸੋਸ਼ਲ ਵੈਲਫੇਅਰ ਸੋਸਾਇਟੀ ਨੇ ਕਿਹਾ ਕਿ ਉਹਨਾਂ ਦੀ ਸੋਸਾਇਟੀ ਲਗਭਗ 18 ਸਾਲਾਂ ਤੋਂ ਲੋਕਾਂ ਨੂੰ ਜਾਗਰੂਕ ਕਰ ਰਹੀ ਹੈ। ਅਸੀਂ ਸਾਰੇ ਇਸ ਸਈ ਹੰਭਲਾ ਮਾਰਿਏ ਤਾਂ ਅਸੀਂ ਆਪਣੇ ਮਿਸ਼ਨ ਵਿੱਚ ਕਾਮਯਾਬ ਹੋ ਸਕੀਏ। ਉਹਨਾਂ ਨੇ ਨਗਰ ਨਿਗਮ ਦੇ ਕਮਿਸ਼ਨਰ ਸ੍ਰੀ ਰਜਤ ਉਬਰਾਏ ਪੀ.ਸੀ.ਐਸ ਅਤੇ ਸ੍ਰੀਮਤੀ ਦੀਪਜੋਤ ਦਾ ਹਰਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ।

ਇਸ ਅਵਸਰ ਤੇ ਵਿਜੈ ਕੁਮਾਰ ਗੋਇਲ ਪ੍ਰਧਾਨ ਸੋਸਾਇਟੀ, ਸ੍ਰੀਮਤੀ ਅਨੂ ਸ਼ਰਮਾ, ਕ੍ਰਿਸ਼ਨ ਕੁਮਾਰ ਅਤੇ ਨੀਤੂ ਰਾਣੀ ਹਾਜਰ ਸਨ।

ਅਕਾਲੀ ਦਲ ਨੇ ਸ਼੍ਰੋਮਣੀ ਕਮੇਟੀ ਚੋਣਾਂ ਲਈ 'ਬੋਗਸ ਵੋਟਾਂ' ਬਣਾਏ ਜਾਣ ਦੇ ਲਾਏ ਦੋਸ਼

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੋਮਣੀ ਅਕਾਲੀ ਦਲ ਦੇ ਇਕ ਵਫ਼ਦ ਨੇ ਵੀਰਵਾਰ ਨੂੰ ਗੁਰਦੁਆਰਾ ਚੋਣ ਕਮਿਸ਼ਨ ਦੇ ਚੀਫ਼ ਕਮਿਸ਼ਨਰ ਨੂੰ ਮਿਲ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਮ ਚੋਣਾਂ ਲਈ ਆਮ ਲੋਕਾਂ ਦੀਆਂ 'ਬੋਗਸ ਵੋਟਾਂ' ਦਰਜ ਕਰਨ ਦੇ ਦੋਸ਼ ਲਾਏ ਹਨ।

ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ, ਸਾਬਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਪਾਰਟੀ ਦੇ ਸੀਨੀਅਰ ਆਗੂ ਦਲਜੀਤ ਸਿੰਘ ਚੀਮਾ ਸਮੇਤ ਵਫ਼ਦ ਨੇ ਗੁਰਦੁਆਰਾ ਚੋਣ ਕਮਿਸ਼ਨ ਦੇ ਚੀਫ਼ ਕਮਿਸ਼ਨਰ ਜਸਟਿਸ (ਸੇਵਾਮੁਕਤ) ਸੁਰਿੰਦਰ ਸਿੰਘ ਸਾਰੋਂ ਨਾਲ ਮੁਲਾਕਾਤ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੀਮਾ ਨੇ ਦੋਸ਼ ਲਾਇਆ ਕਿ ਸ਼੍ਰੋਮਣੀ ਕਮੇਟੀ ਚੋਣਾਂ ਲਈ ਵੱਡੇ ਪੱਧਰ 'ਤੇ ਜਾਅਲੀ ਵੋਟਾਂ ਦੀ ਰਜਿਸਟ੍ਰੇਸ਼ਨ ਹੋਈ ਹੈ। ਉਨ੍ਹਾਂ ਦਾਅਵਾ ਕੀਤਾ ਕਿ ਹਜ਼ਾਰਾਂ ਜਾਅਲੀ ਵੋਟਾਂ ਦਰਜ ਕੀਤੀਆਂ ਗਈਆਂ ਹਨ। ਚੀਮਾ ਨੇ ਕਿਹਾ ਕਿ ਵੋਟਰ ਸੂਚੀਆਂ ਵਿੱਚ 'ਸਿੰਘ' ਅਤੇ 'ਕੌਰ' ਪਿਛੇਤਰ ਤੋਂ ਬਿਨਾਂ ਵੱਡੀ ਗਿਣਤੀ ਵਿੱਚ ਵੋਟਾਂ ਸ਼ਾਮਲ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ, ਅਸੀਂ ਵੋਟਰ ਸੂਚੀਆਂ ਮੁਹੱਈਆ ਕਰਵਾਈਆਂ ਹਨ, ਜਿੱਥੇ ਨਾਵਾਂ ਤੋਂ ਬਾਅਦ 'ਸਿੰਘ' ਅਤੇ 'ਕੌਰ' ਗਾਇਬ ਸਨ। ਚੀਮਾ ਨੇ ਕਿਹਾ ਕਿ ਅਸਲ ਵੋਟਾਂ ਦੀਆਂ ਸੂਚੀਆਂ ਵੀ ਗਾਇਬ ਹੋਣ ਦੀ ਵੀ ਸ਼ਿਕਾਇਤ ਮਿਲੀ ਹੈ। ਇਸ ਮੌਕੇ ਵਫ਼ਦ ਨੇ ਵੋਟਰ ਸੂਚੀਆਂ ਦੀ ਡੂੰਘਾਈ ਨਾਲ ਪੜਤਾਲ ਕਰਨ ਦੀ ਮੰਗ ਕੀਤੀ। ਜ਼ਿਕਰਯੋਗ ਹੈ ਕਿ ਗੁਰਦੁਆਰਾ ਚੋਣ ਕਮਿਸ਼ਨ ਨੇ ਅਜੇ ਸ਼੍ਰੋਮਣੀ ਕਮੇਟੀ ਚੋਣਾਂ ਲਈ ਪ੍ਰੋਗਰਾਮ ਦਾ ਐਲਾਨ ਕਰਨਾ ਹੈ।

ਸ਼ਹੀਦ ਭਗਤ ਸਿੰਘ ਕਮੇਟੀ ਵੱਲੋਂ ਕਿਸਾਨਾਂ ਦੀ ਹਮਾਇਤ

ਰਾਜਪੁਰਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਹੀਦ ਭਗਤ ਸਿੰਘ ਲੋਕ ਹਿੱਤ ਕਮੇਟੀ ਨੇ 26 ਜਨਵਰੀ ਦੇ ਟਰੈਕਟਰ ਮਾਰਚ ਦੀ ਹਮਾਇਤ ਦਾ ਐਲਾਨ ਕੀਤਾ ਹੈ। ਇਸ ਸਬੰਧੀ ਸ਼ਹੀਦ ਭਗਤ ਸਿੰਘ ਲੋਕ ਹਿੱਤ ਕਮੇਟੀ ਵੱਲੋਂ ਰਘਵੀਰ ਸਿੰਘ ਮੰਡੋਲੀ, ਹਰਿੰਦਰ ਸਿੰਘ ਲਾਖਾ, ਵਿਨੋਦ ਕੁਮਾਰ, ਲਖਵੀਰ ਸਿੰਘ ਲੰਝਾ ਅਤੇ ਬਲਵਿੰਦਰ ਪਾਲ ਪਾਠਕ ਵੱਲੋਂ ਲੰਝਾ, ਲੋਚਮਾ, ਸੁਹਰੋਂ ਡੇਰਾ, ਢੀਂਡਸਾ, ਸੈਦਖੇੜੀ, ਢਕਾਨਸੂ ਖੁਰਦ ਤੇ ਉਪਲਹੇੜੀ ਆਦਿ ਪਿੰਡਾ ਵਿਚ ਲਾਮਬੰਦੀ ਕੀਤੀ ਗਈ ਹੈ। ਇਹ ਜਾਣਕਾਰੀ ਹਰਿੰਦਰ ਸਿੰਘ ਲਾਖਾ ਨੇ ਦਿੱਤੀ। ਉਨ੍ਹਾਂ ?ਕਿਹਾ ਕਿ ਉਹ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ। ਉਨ੍ਹਾਂ ਵੱਲੋਂ ?ਕਿਸਾਨਾਂ ?ਨੂੰ ਹਰ ਤਰ੍ਹਾਂ ?ਦਾ ਸਹਿਯੋਗ ਦਿੱਤਾ ਜਾਵੇਗਾ।

ਅਖਿਲ ਭਾਰਤਵਰਸ਼ ਬ੍ਰਾਹਮਣ ਮਹਾਸਭਾ ਵੱਲੋਂ ਮੇਅਰ ਕੁੰਦਨ ਗੋਗੀਆ ਅਤੇ ਡਿਪਟੀ ਮੇਅਰ ਸਨਮਾਨਤ

ਪਟਿਆਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਦੇ ਨਵ-ਨਿਯੁਕਤ ਮੇਅਰ ਕੁੰਦਨ ਗੋਗੀਆ ਅਤੇ ਡਿਪਟੀ ਮੇਅਰ ਜਗਦੀਪ ਜੱਗਾ ਨੂੰ ਅਖਿਲ ਭਾਰਤਵਰਸ਼ ਬ੍ਰਾਹਮਣ ਮਹਾਸਭਾ (ਰਜਿ.) ਅਤੇ ਬ੍ਰਾਹਮਣ ਸਭਾ ਪੰਜਾਬ ਦੀ ਤਰਫੋਂ ਸਨਮਾਨਿਤ ਕੀਤਾ ਗਿਆ। ਸਤਪਾਲ ਭਾਰਦਵਾਜ ਨੇ ਮਾਲਾ ਭੂਸ਼ਣ ਸ਼ਰਮਾ ਜੀ ਨੇ ਸ਼ਾਲ ਭੇਟ ਕੀਤਾ ਅਤੇ ਗੁਲਦਸਤਾ ਦੇ ਕੇ ਸਾਰਿਆਂ ਨੇ ਸ਼ੁੱਭ ਕਾਮਨਾਵਾਂ ਦਿੱਤੀਆਂ।

ਅੱਜ ਰਾਕੇਸ਼ ਸ਼ਰਮਾ, ਸਤਪਾਲ ਭਾਰਦਾਜ, ਬਨਵਾਰੀ ਲਾਲ ਗੌੜ, ਰਾਬਿੰਦ ਸ਼ਰਮਾ, ਭੂਸ਼ਣ ਸ਼ਰਮਾ, ਮਨਦੀਪ ਜੋਸ਼ੀ, ਸੰਜੂ ਸ਼ਰਮਾ, ਸ੍ਰੀ ਪਵਨ ਰਾਜਪੁਰੋਹਿਤ, ਵਿਮਲ ਕਾਂਤ, ਅਭਿਨਵ ਸ਼ਰਮਾ ਹਾਜ਼ਰ ਹੋਏ।

ਲਾਪਤਾ ਨੌਜਵਾਨ ਦੀ ਲਾਸ਼ ਪੰਚਣੀ ਦੇ ਘਰੋਂ ਮਿਲੀ, ਕੇਸ ਦਰਜ

ਰਾਏਕੋਟ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਥਾਣਾ ਸਦਰ ਰਾਏਕੋਟ ਅਧੀਨ ਪਿੰਡ ਲੋਹਟਬੱਦੀ ਵਿੱਚ ਪਿਛਲੇ ਦੋ ਦਿਨਾਂ ਤੋਂ ਭੇਦਭਰੇ ਹਾਲਾਤਾਂ ਵਿੱਚ ਲਾਪਤਾ 38 ਸਾਲਾ ਨੌਜਵਾਨ ਇਕਬਾਲਜੀਤ ਸਿੰਘ ਮੋਨਾ ਦੀ ਲਾਸ਼ ਪਿੰਡ ਦੀ ਪੰਚ ਗੁਰਪ੍ਰੀਤ ਕੌਰ ਦੇ ਘਰੋਂ ਮਿਲਣ ਦੀ ਖਬਰ ਪ੍ਰਾਪਤ ਹੋਈ ਹੈ। ਰਾਏਕੋਟ ਸਦਰ ਪੁਲੀਸ ਨੇ ਸਾਜ਼ਿਸ਼ ਤਹਿਤ ਗ਼ੈਰ-ਇਰਾਦਤਨ ਹੱਤਿਆ ਦਾ ਕੇਸ ਦਰਜ ਕਰਕੇ ਕਾਰਵਾਈ ਅਰੰਭ ਦਿੱਤੀ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ 21-22 ਜਨਵਰੀ ਦੀ ਦਰਮਿਆਨੀ ਰਾਤ ਮ੍ਰਿਤਕ ਇਕਬਾਲਜੀਤ ਸਿੰਘ ਉਰਫ਼ ਮੋਨਾ ਨੇ ਆਪਣੇ ਦੋਸਤ ਕੁਲਵਿੰਦਰ ਸਿੰਘ ਉਰਫ਼ ਸੰਨੀ ਪੁੱਤਰ ਅਵਤਾਰ ਸਿੰਘ ਵਾਸੀ ਲੋਹਟਬੱਦੀ ਦੇ ਘਰ ਬੈਠ ਕੇ ਊਧਮ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਬੜੂੰਦੀ ਨਾਲ ਇਕੱਠਿਆਂ ਸ਼ਰਾਬ ਪੀਤੀ ਸੀ। ਇਸੇ ਦੌਰਾਨ ਨਸ਼ੇ ਦੀ ਹਾਲਤ ਵਿੱਚ ਇਕਬਾਲਜੀਤ ਸਿੰਘ ਦੀ ਮੌਤ ਹੋ ਗਈ।

ਥਾਣਾ ਸਦਰ ਰਾਏਕੋਟ ਦੇ ਮੁਖੀ ਸਬ-ਇੰਸਪੈਕਟਰ ਕੁਲਵਿੰਦਰ ਸਿੰਘ ਅਨੁਸਾਰ ਕੁਲਵਿੰਦਰ ਉਰਫ਼ ਸੰਨੀ, ਊਧਮ ਸਿੰਘ ਵਾਸੀ ਪਿੰਡ ਬੜੂੰਦੀ ਅਤੇ ਪੰਚ ਗੁਰਪ੍ਰੀਤ ਕੌਰ ਖ਼ਿਲਾਫ਼ ਕੇਸ ਦਰਜ ਕਰਕੇ ਕਾਨੂੰਨੀ ਕਾਰਵਾਈ ਸ਼ੁਰੂ ਦਿੱਤੀ ਹੈ ਅਤੇ ਮ੍ਰਿਤਕ ਦੀ ਲਾਸ਼ ਪੋਸਟਮਾਰਟਮ ਲਈ ਭੇਜ ਦਿੱਤੀ ਹੈ।

ਥਾਣਾ ਮੁਖੀ ਕੁਲਵਿੰਦਰ ਸਿੰਘ ਅਨੁਸਾਰ ਕਿ 21-22 ਜਨਵਰੀ ਦੀ ਦਰਮਿਆਨੀ ਰਾਤ ਇਕਬਾਲਜੀਤ ਸਿੰਘ ਦੀ ਮੌਤ ਹੋਣ ਦੇ ਬਾਵਜੂਦ ਕੁਲਵਿੰਦਰ ਸਿੰਘ ਉਰਫ਼ ਸੰਨ੍ਹੀ, ਊਧਮ ਸਿੰਘ ਅਤੇ ਕੁਲਵਿੰਦਰ ਸਿੰਘ ਦੀ ਮਾਂ ਅਤੇ ਪਿੰਡ ਦੀ ਪੰਚ ਗੁਰਪ੍ਰੀਤ ਕੌਰ ਨੇ ਇਕਬਾਲਪ੍ਰੀਤ ਸਿੰਘ ਮੋਨਾ ਦੀ ਮੌਤ ਬਾਰੇ ਕਿਸੇ ਨੂੰ ਕੋਈ ਜਾਣਕਾਰੀ ਨਹੀਂ ਦਿੱਤੀ। ਸਗੋਂ ਪੰਚਣੀ ਗੁਰਪ੍ਰੀਤ ਕੌਰ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਅਤੇ ਪਿੰਡ ਦੀ ਪੰਚਾਇਤ ਦੇ ਨਾਲ ਹੀ ਉਸ ਦੀ ਭਾਲ ਵੀ ਕਰਦੀ ਰਹੀ। ਲੰਘੀ ਰਾਤ ਪੁਲੀਸ ਨੇ ਪਿੰਡ ਦੀ ਪੰਚਾਇਤ ਦੀ ਮੌਜੂਦਗੀ ਵਿੱਚ ਮ੍ਰਿਤਕ ਦੀ ਲਾਸ਼ ਪੰਚ ਗੁਰਪ੍ਰੀਤ ਕੌਰ ਦੇ ਘਰ ਤੋਂ ਬਰਾਮਦ ਕਰ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਜਗਰਾਉਂ ਭੇਜ ਦਿੱਤੀ ਹੈ।

ਸ਼੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਸੰਬੰਧੀ ਸਮਾਗਮ ਦੀਆ ਤਿਆਰੀਆ ਸ਼ੁਰੂ

ਅੰਮ੍ਰਿਤਸਰ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੀ ਗੁਰੂ ਰਵਿਦਾਸ ਪ੍ਰਕਾਸ਼ ਮੰਦਰ ਭੁਸ਼ਨਪੁਰਾ ਵਿਖੇ ਹਰ ਸਾਲ ਦੀ ਤਰ੍ਹਾਂ ਕਰਵਾਏ ਜਾਣ ਵਾਲੇ ਧਾਰਮਿਕ ਸਮਾਗਮਾ ਸੰਬੰਧੀ ਸ਼੍ਰੀ ਗੁਰੂ ਰਵਿਦਾਸ ਨੋਜਵਾਨ ਸਭਾ ਵਲੋ ਮੀਟਿੰਗ ਦਾ ਅਯੋਜਨ ਕੀਤਾ ਗਿਆ ਪ੍ਰਧਾਨ ਹਕੂਮਤ ਰਾਏ ਟੋਨੀ ਦੀ ਅਗਵਾਈ ਹੇਠ ਹੋਈ ਬੈਠਕ ਦੌਰਾਨ ਜਿਥੇ ਸਮੂਹ ਮੰਦਰਾ ਦੇ ਪ੍ਰਧਾਨਾ ਨੇ ਹਿੱਸਾ ਲਿਆ ਉਥੇ ਹੀ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਸੰਬੰਦ ਵਿਚ 11 ਫਰਵਰੀ ਨੂੰ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਸੰਬੰਧੀ ਵੀ ਵਿਚਾਰ ਕੀਤਾ ਇਸ ਦੋਰਾਨ ਆਏ ਸਾਰੇ ਹੀ ਪ੍ਰਧਾਨਾ ਅਤੇ ਹੋਰ ਆਗੂਆ ਨੇ ਆਪੋ ਆਪਣੇ ਵਿਚਾਰ ਰਖੇ ਅਤੇ ਸ਼ੋਭਾ ਯਾਤਰਾ ਦੇ ਰੂਟ ਸਬੰਧੀ ਗੱਲਬਾਤ ਕੀਤੀ ਮੀਟਿੰਗ ਨੂੰ ਸਬੋਧਨ ਕਰਦਿਆ ਜਰਨਲ ਸੈਕਟਰੀ ਅਸ਼ਵਨੀ ਕੁਮਾਰ ਜੁਗਨੀਆ ਨੇ ਦੱਸਿਆ ਕਿ ਪਾਵਨ ਪ੍ਰਕਾਸ਼ ਉਤਸਵ ਦੇ ਸੰਬੰਧ ਵਿਚ ਹਰ ਸਾਲ ਦੀ ਤਰ੍ਹਾ ਇਸ ਵਾਰ ਵੀ ਮੰਦਰ ਭੁਸ਼ਨਪੁਰਾ ਤੋ ਵਿਸ਼ਾਨ ਸ਼ੋਭ ਯਾਤਰਾ ਕੱਢੀ ਜਾਏਗੀ ਉਹਨਾ ਦੱਸਿਆ ਕਿ 12 ਫਰਵਰੀ ਨੂੰ ਬੜੀ ਹੀ ਸ਼ਰਧਾ ਭਾਵਨਾ ਨਾਲ ਸੰਗਤਾ ਦੇ ਸਹਿਯੋਗ ਨਾਲ ਪ੍ਰਕਾਸ਼ ਉਤਸਵ ਮਨਾਇਆ ਜਾਵੇਗਾ ।

ਉਹਨਾ ਦੱਸਿਆ ਕਿ ਪਾਵਨ ਪ੍ਰਕਾਸ ਉਤਸਵ ਦੇ ਸੰਬੰਧ ਵਿਚ ਨਗਰ ਕੀਰਤਨ ਸ਼੍ਰੀ ਗੁਰੂ ਰਵਿਦਾਸ ਮੰਦਰ ਹੈਡ ਆਫਿਸ ਭੁਸ਼ਨਪੁਰਾ ਤੋ ਸਮੂਹ ਸਭਾਵਾਂ ਅਤੇ ਧਾਰਮਿਕ ਜੱਥੇ ਬੰਦਿਆ ਦੇ ਸੰਜੋਗ ਨਾਲ 12 ਫਰਵਰੀ ਨੂੰ 12 ਵਜੇ ਆਰੰਭ ਹੋਵੇਗਾ ਅਤੇ ਅੰਮ੍ਰਿਤਸਰ ਸ਼ਹਿਰ ਦੇ ਵੱਖ ਵੱਖ ਬਜਾਰਾ ਤੋ ਹੁੰਦਾ ਹੋਇਆ ਵਾਪਸ ਸ਼੍ਰੀ ਗੁਰੂ ਰਵਿਦਾਸ ਪ੍ਰਕਾਸ਼ ਮੰਦਰ ਹੈਡ ਆਫਿਸ ਵਿਖੇ ਸਮਾਪਤ ਹੋਵੇਗਾ। ਇਸ ਮੋਕੇ ਜੁਗਲ ਕਿਸ਼ੋਰ, ਸੁਭਾਸ਼ ਅਮਰੋਹੀ, ਬੰਟੀ ਕੁਮਾਰ, ਪੀ. ਟੀ ਲਵਲੀ, ਗੁਰਬਕਸ਼ ਮਹੇ, ਨਰਿੰਦਰ ਥਾਪਾ, ਵਿਪਨ ਕੁਮਾਰ, ਸ਼ੇਖਰ, ਰਾਮ ਲਾਲ, ਡਾ. ਏ.ਪੀ. ਕਟਾਰੀਆ, ਅਸ਼ਵਨੀ ਕੁਮਾਰ, ਬਲਵੰਦ ਕੇਹਰਾ, ਸਰਦਾਰੀ ਲਾਲ, ਅਸ਼ਵਨੀ ਜੁਗਾਨਿਆ, ਸੁਰਜੀਤ ਕੁਮਾਰ, ਵੀਰੂ, ਬ੍ਰਿਜ ਮੋਹਨ, ਨੀਰਜ, ਪਵਨ ਕੁਮਾਰ, ਦਰਸ਼ਨ ਲਾਲ, ਰਘੂਨਾਥ ਗੋਪਾਲ ਸੰਨੀ ਸਮੀਰ ਰਾਮਪਾਲ ਸਾਰਦਾਰੀ ਲਾਲ ਬੰਗੜ ਵੀ ਹਾਜਰ ਸਨ।

ਪੰਜਾਬ ਸਰਕਾਰ ਮੋਦੀ ਸਰਕਾਰ ਵਲੋ ਗਰੀਬ ਵਰਗ ਨੂੰ ਦਿੱਤੀਆ ਜਾ ਰਹੀਆ ਸਹੂਲਤਾ ਨਹੀ ਦੇ ਰਹੀ : ਬਾਸਰਕ

ਅੰਮ੍ਰਿਤਸਰ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਕੇਂਦਰ ਸਰਕਾਰ ਵਲੋ ਗਰੀਬ ਵਰਗ ਨੂੰ ਦਿੱਤੀਆ ਜਾ ਰਹੀਆ ਸਹੂਲਤਾਂ ਲੋੜਵੰਦਾ ਤਕ ਪਹੁਚਾਉਣ ਵਿਚ ਅਸਫਲ ਰਹੀ ਹੈ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਹੀ ਕਹਿ ਰਹੇ ਹਨ ਕਿ ਸਬਿਆ ਵਿਚ ਡਬਲ ਇੰਜਣ ਸਰਕਾਰ ਬਣਾਉਣੀ ਚਾਹੀਦੀ ਹੈ ਜੇ ਕਰ ਸੂਬਿਆ ਨੂੰ ਖੁਸ਼ਹਾਲ ਬਣਾਉਣਆ ਹੈ ਇਹ ਵਿਚਾਰ ਭਰਤੀ ਜਨਤਾ ਪਾਰਟੀ ਪੰਜਾਬ ਦੇ ਆਗੂ ਇੰਦਰਜੀਤ ਸਿੰਘ ਬਾਸਰਕੇ ਚੇਅਰਮੈਨ ਪੰਜਾਬ ਸਟੇਟ ਸਮਾਨ ਇੰਡਰਟਰੀਸ ਫੈਡਰੇਸ਼ਨ ਆੱਫ ਐਸੋਸਿਏਸ਼ਨ ਭਾਰਤ ਸਰਕਾਰ ਨੇ ਅੱਜ ਇਥੇ ਕੁਝ ਚੋਣਵੇ ਪੱਤਰਕਾਰਾ ਨਾਲ ਗੱਲਬਾਤ ਪ੍ਰਗਟ ਕੀਤੇ ਉਹਨਾ ਕਿਹਾ ਕਿ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ ਲੋਕਾ ਨਾਲ ਧੋਖਾ ਕੀਤਾ ਹੈ ਸੱਤਾ ਵਿਚ ਆਉਣ ਲਈ ਬਹੁਤ ਵੱਡੇ ਵੱਡੇ ਝੂਠ ਬੋਲ ਕੇ ਝੂਠੇ ਸਬਜਬਾਗ ਦਿਖਾਏ ਗਏ ਤੇ ਪੰਜਾਬ ਦੇ ਲੋਕ ਇਨਾ ਦੇ ਚੁਗਲ ਵਿਚ ਫੱਸ ਕੇ ਗੁਮਰਾਹ ਹੋ ਗਏ ਇਹਨਾ ਨੂੰ ਵੋਟਾ ਦੇ ਕੇ ਪੰਜਾਬ ਦੀ ਸੱਤਾ ਸੋਪ ਦਿੱਤੀ ਜਿਸ ਕਰਕੇ ਅੱਜ ਪੰਜਾਬ ਦਾ ਹਰ ਨਿਵਾਸੀ ਪਛਤਾ ਰਿਹਾ ਹੈ ਪੰਜਾਬ ਸਰਕਾਰ ਹਰ ਫਰੰਟ ਤੇ ਫੇਲ ਹੋਈ ਹੈ ਭਾਵੇ ਨੋਜਵਾਨਾ ਲਈ ਰੁਜਗਾਰ ਦੇਣਾ ਹੋਵੇ, ਨਸ਼ਿਆ ਦਾ ਖਾਤਮਾ ਕਰਨ ਦੀ ਹੋਵੇ, ਪੰਜਾਬ ਵਿਚ ਅਮਨ ਕਾਨੂੰਨ ਬਣਾਈ ਰੱਖਣ ਲਈ ਹੋਵੇ ਪੰਜਾਬ ਦੇ ਵਿਕਾਸ ਲਈ ਹੋਵੇ , ਪੰਜਾਬ ਵਿਚੋ ਲੁੱਟਾ ਖੋਹਾ ਬੰਦ ਕਰਵਾਉਂਣ ਲਈ ਹੋਵੇ ਜਾ ਗੈਂਗਸਟਰਾ ਵਲੋ ਫਿਰੋਤੀਆ ਮੰਗਣ ਲਈ ਹੋਵੇ। ਬਾਸਰਕੇ ਨੇ ਕਿਹਾ ਕਿ ਪੰਜਾਬ ਬਹੁਤ ਬੁਰੀ ਤਰ੍ਹਾ ਤਬਾਹੀ ਵੱਲ ਵਧ ਰਿਹਾ ਹੈ।

ਸ੍ਰੀ ਬਾਲਾ ਜੀ ਮੰਦਰ ਟਰਸਟ ਵੱਲੋਂ ਲਗਾਇਆ ਗਿਆ ਮਿੱਠੇ ਚੌਲਾਂ ਦਾ ਲੰਗਰ

ਸੁਨਾਮ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਅਯੁੱਧਿਆ ਵਿਖੇ ਮਰਿਯਾਦਾ ਪੁਰਸ਼ੋਤਮ ਭਗਵਾਨ ਸ਼੍ਰੀ ਰਾਮ ਜੀ ਮੰਦਿਰ ਦੀ ਪਹਿਲੀ ਸਾਲਗਿਰਹ ਦੇ ਮੌਕੇ 'ਤੇ ਸੁਨਾਮ ਦੇ ਅਯੁੱਧਿਆ ਭਵਨ ਅਤੇ ਬਿਗੜਵਾਲ ਚੌਂਕ ਜਾਖਲ ਰੋਡ ਤੇ ਸੰਤ ਸ਼ਿਰੋਮਣੀ ਇੱਛਾਪੁਰਤੀ ਸ਼੍ਰੀ ਬਾਲਾ ਜੀ ਚੈਰੀਟੇਬਲ ਟਰੱਸਟ ਵੱਲੋਂ ਮਿੱਠੇ ਚੌਲਾਂ ਦਾ ਲੰਗਰ ਲਗਾਇਆ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ਼੍ਰੀ ਬਾਲਾ ਜੀ ਟਰੱਸਟ ਦੇ ਮੈਂਬਰ ਗੌਰਵ ਜਨਾਲੀਆ ਨੇ ਕਿਹਾ ਕਿ ਸਾਨੂੰ ਭਗਵਾਨ ਸ਼੍ਰੀ ਰਾਮ ਜੀ ਵਿੱਚ ਬਹੁਤ ਸ਼ਰਧਾ ਅਤੇ ਵਿਸ਼ਵਾਸ ਹੈ। ਸ਼੍ਰੀ ਰਾਮ ਜੀ ਦੇ ਵਿਸ਼ਾਲ ਮੰਦਰ ਦੀ ਉਸਾਰੀ ਦਾ ਇੱਕ ਸਾਲ ਪੂਰਾ ਹੋਣ 'ਤੇ ਸ਼ਰਧਾਲੂਆਂ ਵੱਲੋਂ ਮੰਦਰ ਅਤੇ ਗਲੀ ਮੁਹੱਲੇ ਵਿੱਚ ਸੰਕੀਰਤਨ ਕੀਤੇ ਗਏ।

ਉਨ੍ਹਾਂ ਕਿਹਾ ਕਿ ਸ੍ਰੀ ਰਾਮ ਜੀ ਪ੍ਰਤੀ ਸ਼ਰਧਾਲੂਆਂ ਦੀ ਕਿੰਨੀ ਸ਼ਰਧਾ ਹੈ, ਇਸ ਦਾ ਪਤਾ ਬਾਜ਼ਾਰਾਂ ਵਿੱਚ ਜਾ ਕੇ ਲਗਾਇਆ ਜਾ ਸਕਦਾ ਹੈ ਜਦੋਂ ਵੱਖ-ਵੱਖ ਬਾਜ਼ਾਰਾਂ ਵਿੱਚ ਰਾਮ ਭਗਤਾਂ ਵੱਲੋਂ ਭੰਡਾਰੇ ਲਗਾਏ ਗਏ ਸਨ। ਉਨ੍ਹਾਂ ਸਾਰੇ ਰਾਮ ਭਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਜਿਨ੍ਹਾਂ ਨੇ ਰਾਮ ਭਗਤ ਹੋਣ ਦਾ ਆਪਣਾ ਫਰਜ਼ ਨਿਭਾਇਆ। ਅਸੀਂ ਸਾਰੇ ਸ਼ਰਧਾਲੂ ਬਹੁਤ ਭਾਗਾਂ ਵਾਲੇ ਹਾਂ ਕਿ ਬੇਅੰਤ ਕੁਰਬਾਨੀਆਂ ਅਤੇ ਸਖ਼ਤ ਮਿਹਨਤ ਤੋਂ ਬਾਅਦ ਸਾਨੂੰ ਅਯੁੱਧਿਆ ਵਿੱਚ ਰਾਮ ਲਲਾ ਜੀ ਦੇ ਜਨਮ ਸਥਾਨ 'ਤੇ ਭਗਵਾਨ ਸ਼੍ਰੀ ਰਾਮ ਜੀ ਬਾਲ ਰੂਪ ਵਿਚ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ।

ਉਨ੍ਹਾਂ ਕਿਹਾ ਕਿ ਸਨਾਤਨ ਧਰਮ ਦਾ ਇੱਕ ਸਨਾਤਨ ਬੋਰਡ ਬਣਾਇਆ ਜਾਵੇ ਤਾਂ ਜੋ ਹਰ ਵਾਰ ਦੋ ਤਿਉਹਾਰ ਹੋਣ ਦੀ ਬਜਾਏ ਇੱਕੋ ਦਿਨ ਹੀ ਤਿਉਹਾਰ ਮਨਾਇਆ ਜਾਵੇ। ਉਨ੍ਹਾਂ ਦੱਸਿਆ ਕਿ ਅਯੁੱਧਿਆ ਵਿੱਚ ਸ਼੍ਰੀ ਰਾਮਲਲਾ ਦਾ ਪਵਿੱਤਰ ਪ੍ਰਕਾਸ਼ 22 ਜਨਵਰੀ 2024 ਨੂੰ ਹੋਇਆ ਸੀ, ਪਰ ਹਿੰਦੂ ਪੰਚਾਗ ਦੇ ਅਨੁਸਾਰ 11 ਜਨਵਰੀ 2025 ਨੂੰ ਇਸ ਦਾ ਇੱਕ ਸਾਲ ਪੂਰਾ ਹੋ ਗਿਆ ਸੀ। ਕੁਝ ਭਗਤਾਂ ਨੇ ਇਹ ਪ੍ਰੋਗਰਾਮ 11 ਜਨਵਰੀ 2025 ਨੂੰ ਮਨਾਇਆ ਅਤੇ ਇੰਗਲਿਸ਼ ਕੈਲੰਡਰ ਮੁਤਾਬਿਕ 22 ਜਨਵਰੀ 2025 ਨੂੰ ਮਨਾਇਆ। ਇਸ ਮੌਕੇ ਸੋਨੂੰ ਸਿੰਗਲਾ, ਹੈਪੀ ਗੋਇਲ, ਪ੍ਰਵੇਸ਼ ਅਗਰਵਾਲ, ਰਜਤ ਜੈਨ, ਮਾਧਵ, ਚੱਕਸ਼ੂ, ਹਨੀ ਸੁਰੇਸ਼ ਗਰਗ, ਘੋਚੀ, ਤ੍ਰਿਦੇਵ ਆਦਿ ਹਾਜ਼ਰ ਸਨ।

ਪਿੰਡ ਝੜੌਦੀ ਦੀ ਪੰਚਾਇਤ ਵੱਲੋਂ ਨਰੇਗਾ ਦਾ ਕੰਮ ਸ਼ੁਰੂ ਕਰਵਾਉਣ ਸਬੰਧੀ ਮੀਟਿੰਗ ਕੀਤੀ

ਮਾਛੀਵਾੜਾ ਸਾਹਿਬ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸਥਾਨਕ ਬਲਾਕ ਅਧੀਨ ਆਉਂਦੇ ਪਿੰਡ ਝੜੌਦੀ ਵਿਖੇ ਨਵੀਂ ਬਣੀ ਪੰਚਾਇਤ ਵੱਲੋਂ ਪਿੰਡ ਵਿੱਚ ਨਰੇਗਾ ਦਾ ਕੰਮ ਸ਼ੁਰੂ ਕਰਵਾਉਣ ਸਬੰਧੀ ਮੀਟਿੰਗ ਕੀਤੀ ਗਈ।

ਇਸ ਮੌਕੇ ਪਿੰਡ ਦੀ ਸਰਪੰਚ ਸੁਖਵਿੰਦਰ ਕੌਰ ਅਤੇ ਉਹਨਾਂ ਦੇ ਪਤੀ ਬਲਵਿੰਦਰ ਸਿੰਘ ਨੇ ਦੱਸਿਆ ਕਿ ਸਮੂਹ ਗ੍ਰਾਮ ਪੰਚਾਇਤ ਵੱਲੋਂ ਨਰੇਗਾ ਦਾ ਕੰਮ ਜੋ ਕਿ ਕਾਫੀ ਲੰਮੇ ਸਮੇਂ ਤੋਂ ਬੰਦ ਪਿਆ ਸੀ ਉਸ ਨੂੰ ਸ਼ੁਰੂ ਕਰਵਾਉਣ ਲਈ ਅੱਜ ਮਤੇ ਪਾਏ ਗਏ ਹਨ ਅਤੇ ਇਸ ਤੋਂ ਇਲਾਵਾ ਪਿੰਡ ਦੇ ਰਹਿੰਦੇ ਹੋਰ ਵਿਕਾਸ ਕਾਰਜ ਵੀ ਜਲਦ ਸ਼ੁਰੂ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਪਿੰਡ ਨੂੰ ਨਮੂਨੇ ਦਾ ਪਿੰਡ ਬਣਾਉਣਾ ਉਨ੍ਹਾਂ ਦਾ ਪਹਿਲਾ ਮਕਸਦ ਹੋਵੇਗਾ ਤੇ ਪਿੰਡ ਦੇ ਵਿਕਾਸ ਕਾਰਜ ਪਹਿਲ ਦੇ ਕਰਵਾਏ ਜਾਣਗੇ।

ਇਸ ਮੌਕੇ ਮਨਮਿੰਦਰ ਸਿੰਘ ਸੈਕਟਰੀ ਨਰੇਗਾ, ਪਰਮਿੰਦਰ ਕੌਰ ਬੀ.ਆਰ.ਪੀ. ਅਤੇ ਕੁਲਵੰਤ ਸਿੰਘ ਬੀ.ਆਰ.ਪੀ. ਨੇ ਦੱਸਿਆ ਕਿ ਨਰੇਗਾ ਦੇ ਕੰਮ ਸਬੰਧੀ ਮਤੇ ਪਾਏ ਗਏ ਹਨ ਅਤੇ ਜਲਦੀ ਹੇ ਮਨਰੇਗਾ ਵਰਕਰਾਂ ਨੂੰ ਕੰਮ ਮਿਲ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਨੀਤ ਕੁਮਾਰ ਝੜੌਦੀ, ਦਵਿੰਦਰ ਸਿੰਘ, ਬਲਵੀਰ ਕੌਰ ਪੰਚ, ਜਗਦੀਸ਼ ਸਿੰਘ, ਹਰਪ੍ਰੀਤ ਸਿੰਘ ਲਾਡੀ ਵੀ ਮੌਜੂਦ ਸਨ।

ਡੀਏਵੀ ਪਬਲਿਕ ਸਕੂਲ, ਪਟਿਆਲਾ ਨੇ ਨੇਤਾਜੀ ਸੁਭਾਸ਼ ਚੰਦਰ ਬੋਸ ਜੈਅੰਤੀ ਨੂੰ ਸਮਰਪਿਤ ਸ਼ਰਧਾਂਜਲੀ ਭੇਟ

ਪਟਿਆਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਡੀਏਵੀ ਪਬਲਿਕ ਸਕੂਲ, ਪਟਿਆਲਾ ਨੇ ਨੇਤਾਜੀ ਸੁਭਾਸ਼ ਚੰਦਰ ਬੋਸ ਦੀ 128ਵੀਂ ਜਯੰਤੀ ਨੂੰ ਭਾਰਤ ਦੀ ਆਜ਼ਾਦੀ ਵਿੱਚ ਮਹਾਨ ਆਜ਼ਾਦੀ ਘੁਲਾਟੀਆਂ ਦੇ ਵਡਮੁੱਲੇ ਯੋਗਦਾਨ ਨੂੰ ਸਨਮਾਨਿਤ ਕਰਨ ਲਈ ਸ਼ਰਧਾ ਦੇ ਫੁੱਲ ਭੇਟ ਕਰਕੇ ਮਨਾਇਆ। ਸਮਾਗਮ ਦੀ ਸ਼ੁਰੂਆਤ ਮਹਿਮਾਨਾਂ, ਅਧਿਆਪਕਾਂ, ਸਟਾਫ਼ ਅਤੇ ਵਿਦਿਆਰਥੀਆਂ ਨੇ ਕੈਂਪਸ ਵਿੱਚ ਇਕੱਠੇ ਹੋ ਕੇ ਨੇਤਾ ਜੀ ਦੀ ਤਸਵੀਰ 'ਤੇ ਫੁੱਲ ਚੜ੍ਹਾ ਕੇ ਸ਼ਰਧਾਂਜਲੀ ਭੇਟ ਕੀਤੀ। ਪ੍ਰੋਗਰਾਮ ਵਿੱਚ ਸ਼੍ਰੀਮਤੀ ਅਨੂ ਤਿਵਾਰੀ(ਵਿਸ਼ੇਸ਼ ਮਹਿਮਾਨ) ਦੁਆਰਾ ਇੱਕ ਸੰਖੇਪ ਸੰਬੋਧਨ ਸ਼ਾਮਲ ਕੀਤਾ ਗਿਆ ਸੀ ਜਿਸਨੇ ਨੇਤਾ ਜੀ ਦੇ ਸ਼ਾਨਦਾਰ ਜੀਵਨ, ਸੁਤੰਤਰਤਾ ਸੰਗਰਾਮ ਵਿੱਚ ਉਹਨਾਂ ਦੀ ਭੂਮਿਕਾ, ਅਤੇ ਭਾਰਤੀ ਰਾਸ਼ਟਰੀ ਸੈਨਾ ਦੇ ਸੰਸਥਾਪਕ ਵਜੋਂ ਉਹਨਾਂ ਦੀ ਪ੍ਰੇਰਣਾਦਾਇਕ ਅਗਵਾਈ ਨੂੰ ਉਜਾਗਰ ਕੀਤਾ ।

ਇਸ ਮੌਕੇ 'ਤੇ ਬੋਲਦਿਆਂ, ਉਹਨਾ ਕਿਹਾ, ਨੇਤਾਜੀ ਸੁਭਾਸ਼ ਚੰਦਰ ਬੋਸ ਦੀ ਅਦੁੱਤੀ ਭਾਵਨਾ ਅਤੇ ਦੇਸ਼ ਭਗਤੀ ਸਾਨੂੰ ਪ੍ਰੇਰਿਤ ਕਰਦੀ ਰਹਿੰਦੀ ਹੈ। ਅਸੀਂ ਇਸ ਦਿਨ ਨੂੰ ਉਨ੍ਹਾਂ ਦੀਆਂ ਕੁਰਬਾਨੀਆਂ 'ਤੇ ਵਿਚਾਰ ਕਰਨ ਅਤੇ ਇੱਕ ਪ੍ਰਗਤੀਸ਼ੀਲ ਅਤੇ ਅਖੰਡ ਭਾਰਤ ਦੇ ਉਨ੍ਹਾਂ ਦੇ ਸੰਕਲਪ ਲਈ ਆਪਣੇ ਆਪ ਨੂੰ ਪ੍ਰਤੀਬੱਧ ਕਰੀਏ।

ਇਸ ਸ਼ਰਧਾਂਜਲੀ ਅਤੇ ਸੰਖੇਪ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਵਿੱਚ ਮਾਣ ਅਤੇ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨਾ ਸੀ, ਇਹ ਯਕੀਨੀ ਬਣਾਉਣਾ ਕਿ ਨੇਤਾਜੀ ਸੁਭਾਸ਼ ਚੰਦਰ ਬੋਸ ਦੀ ਵਿਰਾਸਤ ਉਨ੍ਹਾਂ ਦੇ ਦਿਲਾਂ ਵਿੱਚ ਬਣੀ ਰਹੇ।

ਫਲਾਂ ਅਤੇ ਸ਼ਬਜ਼ੀਆਂ ਦੀ ਪ੍ਰੋਸੈਸਿੰਗ ਦੀ ਸਿਖਲਾਈ ਦਾ ਆਯੋਜਨ

ਬਠਿੰਡਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸਥਾਨਕ ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਆਰ.ਜੀ. ਟਾਟਾ ਟਰੱਸਟ ਦੇ ਸਿਖਿਆਰਥੀਆਂ ਨੂੰ ਫਲਾਂ ਤੇ ਸਬਜ਼ੀਆਂ ਦੀ ਸਾਂਭ-ਸੰਭਾਲ ਸਬੰਧੀ ਸਿਖਲਾਈ ਦਿੱਤੀ ਗਈ। ਇਸ ਮੌਕੇ ਡਿਪਟੀ ਡਾਇਰੈਕਟਰ (ਸਿਖਲਾਈ) ਡਾ. ਗੁਰਦੀਪ ਸਿੰਘ ਨੇ ਦੱਸਿਆ ਕਿ ਇਸ ਸਿਖਲਾਈ ਦਾ ਮੁੱਖ ਮੰਤਵ ਫਲਾਂ ਅਤੇ ਸਬਜ਼ੀਆਂ ਦੀ ਸੁਚੱਜੀ ਸਾਂਭ-ਸੰਭਾਲ ਸੰਬੰਧੀ ਜਾਗਰੂਕ ਕਰਨਾ ਸੀ ਤਾਂ ਜੋ ਕਿਸਾਨ ਤੇ ਕਿਸਾਨ ਬੀਬੀਆਂ ਇਨ੍ਹਾਂ ਉਤਪਾਦਾਂ ਦੀ ਪ੍ਰੋਸੈਸਿੰਗ ਕਰਕੇ ਵਧੀਆ ਮੁਨਾਫਾ ਕਮਾ ਸਕਣ।

ਉਨ੍ਹਾਂ ਸਿਖਿਆਰਥੀਆਂ ਨੂੰ ਕਿਹਾ ਕਿ ਆਪਣੀ ਆਮਦਨ ਵਧਾਉਣ ਲਈ ਖੇਤੀ ਸਹਾਇਕ ਧੰਦੇ ਜਿਵੇਂ ਕਿ ਮੁਰਗੀ ਪਾਲਣ, ਬੱਕਰੀ ਪਾਲਣ, ਡੇਅਰੀ, ਮੱਖੀ ਪਾਲਣ ਅਤੇ ਖੁੰਬ ਉਤਪਾਦਨ ਆਦਿ ਦੀ ਸਿਖਲਾਈ ਲੈ ਕੇ ਆਪਣਾ ਕੰਮ ਸ਼ੁਰੂ ਕਰ ਸਕਦੇ ਹਨ ਅਤੇ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ।

ਡਾ. ਸੁਪਿੰਦਰਪਾਲ ਸਿੰਘ ਪਨੂੰ ਨੇ ਕਿਸਾਨਾਂ ਨੂੰ ਕਿਹਾ ਕਿ ਉਹ ਆਪਣੀ ਮੰਡੀ ਤੋਂ ਆਪਣੀ ਨਿਰਭਰਤਾ ਘਟਾਉਣ ਅਤੇ ਆਪਣੇ ਉਤਪਾਦ ਜਿਵੇਂ ਜੈਮ, ਜੈਲੀ, ਚਟਣੀ, ਮੁਰੱਬੇ ਆਦਿ ਘਰੇਲੂ ਪੱਧਰ ਤੇ ਤਿਆਰ ਕਰ ਸਕਦੇ ਹਨ ਅਤੇ ਇਸ ਨੂੰ ਕਿੱਤੇ ਵਜੋਂ ਵੀ ਅਪਣਾਇਆ ਜਾ ਸਕਦਾ ਹੈ।

ਸਿਖਲਾਈ ਪੋਗਰਾਮ ਦੇ ਇੰਚਾਰਜ ਡਾ. ਗੁਰਪ੍ਰੀਤ ਕੌਰ ਢਿੱਲੋਂ ਨੇ ਸਿਖਿਆਰਥੀਆਂ ਨੂੰ ਵੱਖ-ਵੱਖ ਉਤਪਾਦਾਂ ਦੀ ਬਣਾਉਣ ਵਿਧੀ, ਡੱਬਾਬੰਦੀ, ਪੈਕਿੰਗ ਆਦਿ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਅਤੇ ਇਹਨਾਂ ਉਤਪਾਦਾਂ ਨੂੰ ਸਿਖਿਆਰਥੀਆਂ ਦੁਆਰਾ ਆਪਣੇ ਹੱਥੀ ਤਿਆਰ ਕਰਵਾਇਆ ਗਿਆ ਤਾਂ ਜੋ ਉਹ ਇਹਨਾਂ ਨੂੰ ਬਣਾਉਣ ਵਿੱਚ ਆਪਣੀ ਮੁਹਾਰਤਾ ਹਾਸਲ ਕਰ ਸਕਣ।

ਇਸ ਮੌਕੇ ਡਾ. ਗੁਰਮੀਤ ਸਿੰਘ ਢਿੱਲੋਂ ਨੇ ਖੇਤੀ ਉਤਪਾਦਾਂ ਦੇ ਮੰਡੀਕਰਨ ਸੰਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਡਾ. ਤੇਜਬੀਰ ਸਿੰਘ ਬੁੱਟਰ ਨੇ ਗੰਡੋਏ ਪਾਲਣ ਸੰਬੰਧੀ ਆਪਣੇ ਵਿਚਾਰ ਸਿਖਿਆਰਥੀਆਂ ਨਾਲ ਸਾਂਝੇ ਕੀਤੇ।

ਧੂਰੀ ਪੁਲਿਸ ਨੇ ਚਾਈਨਾ ਡੋਰ ਨੂੰ ਫੜਨ ਲਈ ਕੀਤੀ ਰੇਡ

- ➢ 600 ਗੱਟੂ ਚਾਈਨਾ ਡੋਰ ਦੇ ਕੀਤੇ ਬਰਾਮਦ
- ➢ ਜਿਨਾ ਦੀ ਕੀਮਤ 20,000 ਕੇ ਕਰੀਬ ਹੈ
- ➢2 ਬੰਦਿਆਂ ਨੂੰ ਗ੍ਰਿਫਤਾਰ ਕਰਕੇ ਕੀਤਾ ਪਰਚਾ ਦਰਜ

ਧੂਰੀ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਜਿਸ ਤਰਾਂ ਸਭ ਨੂੰ ਪਤਾ ਹੀ ਹੈ ਕੇ ਪੰਜਾਬ ਪੁਲਿਸ ਚਾਈਨਾ ਡੋਰ ਦੇ ਖਿਲਾਫ ਓਪਰੇਸ਼ਨ ਲਗਾਤਾਰ ਚਲਾ ਰਹੀ ਹੈ ਜਿਸ ਨੂੰ ਲੈ ਕੇ ਹਰ ਜਗ੍ਹਾ ਦੇ ਉਪਰ ਰੇਡ ਕੀਤੀਆਂ ਜਾ ਰਹੀਆਂ ਹਨ। ਇਸੇ ਦੇ ਤਹਿਤ ਸੰਗਰੂਰ ਪੁਲਿਸ ਵੀ ਇਸ ਤੋਂ ਪਿੱਛੇ ਨਹੀਂ ਹਟ ਰਹੀ। ਐਸ ਐਸ ਪੀ ਸਰਤਾਜ ਸਿੰਘ ਚਹਿਲ ਆਈਪੀਐਸ ਜੀ ਦੇ ਹੁਕਮ ਦੇ ਅਨੁਸਾਰ ਅੱਜ ਧੂਰੀ ਦੇ ਸਿਟੀ ਥਾਣਾ ਮੁਖੀ ਜਸਵੀਰ ਸਿੰਘ ਤੂਰ ਨੇ ਅਲੱਗ ਅਲੱਗ ਜਗ੍ਹਾ ਤੇ ਰੇਡ ਕਰਕੇ 10 ਪੇਟੀਆਂ ਚਾਈਨਾ ਡੋਰ ਫੜੀ ਜਿਸ ਵਿਚ 600 ਦੇ ਕਰੀਬ ਗੱਟੂ ਹਨ ਤੇ ਜਿਨ੍ਹਾਂ ਦੀ ਕੀਮਤ ਲਗਭਗ 20,000 ਦੇ ਕਰੀਬ ਦੱਸੀ ਜਾਂਦੀ ਹੈ ਜਿਨਾ ਕੋਲੋ ਇਹ ਡੋਰ ਫੜੀ ਹੈ ਓਹ ਦੋਨੋ ਹੀ ਭਰਾ ਦਸੇ ਜਾ ਰਹੇ ਹਨ ਓਹਨਾ ਖਿਲਾਫ ਕੇਸ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਸ ਪੀ ਮਨਦੀਪ ਸਿੰਘ ਸਿੱਧੂ ਪੀਪੀਐਸ ਨੇ ਦੱਸਿਆ ਕੀ ਸਰਕਾਰ ਵੱਲੋਂ ਪੂਰੇ ਹੀ ਸਖਤ ਕਦਮ ਚੁੱਕੇ ਗਏ ਹਨ ਇਸ ਲਈ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।

ਸਹਿਕਾਰੀ ਸਭਾਵਾਂ ਦੀਆਂ ਸਕੀਮਾਂ ਬਾਰੇ ਕਰਵਾਇਆ ਜਾਵੇ ਵੱਧ ਤੋਂ ਵੱਧ ਜਾਣੂ : ਡਿਪਟੀ ਕਮਿਸ਼ਨਰ

ਬਠਿੰਡਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸਹਿਕਾਰਤਾ ਵਿਕਾਸ ਕਮੇਟੀ (ਡੀ.ਸੀ.ਡੀ.ਸੀ.) ਦੀ ਰੀਵਿਊ ਮੀਟਿੰਗ ਹੋਈ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਸਹਿਕਾਰੀ ਸਭਾਵਾਂ ਦੀਆਂ ਸਕੀਮਾਂ ਬਾਰੇ ਲਾਭਪਾਤਰੀਆਂ ਨੂੰ ਵੱਧ ਤੋਂ ਵੱਧ ਜਾਣੂ ਕਰਵਾਉਣ ਬਾਰੇ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੀਟਿੰਗ ਦਾ ਮੁੱਖ ਮੰਤਵ ਸੰਯੁਕਤ ਰਾਸ਼ਟਰ ਨੇ ਸਾਲ 2025 ਨੂੰ ਇੰਟਰਨੈਸ਼ਨਲ ਯੀਅਰ ਆਫ ਕੋਆਪਰੇਟਿਵ (ਆਈਵਾਈਸੀ 2025) ਵਜੋਂ ਮਨੋਨੀਤ ਕਰਨਾ ਹੈ।

ਉਨ੍ਹਾਂ ਕਿਹਾ ਕਿ ਇਸ ਸਾਲ ਸਹਿਕਾਰੀ ਸਭਾਵਾਂ ਰਾਹੀਂ ਪ੍ਰਚਾਰ ਅਤੇ ਸਹਿਕਾਰੀ ਗਤੀਵਿਧੀਆ ਬਾਰੇ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ ਤਾਂ ਜੋ ਲਾਭਪਾਤਰੀਆਂ ਨੂੰ ਇਨ੍ਹਾਂ ਸਕੀਮਾਂ ਸਬੰਧੀ ਜਾਣਕਾਰੀ ਹੋ ਸਕੇ।

ਮੀਟਿੰਗ ਦੌਰਾਨ ਉਨ੍ਹਾਂ ਭਾਰਤ ਸਰਕਾਰ ਵੱਲੋਂ ਸਹਿਕਾਰਤਾ ਵਿਭਾਗ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਮਾਡਲ ਬਾਏ ਲਾਅ ਪੀ.ਏ.ਸੀ.ਐਸ. (ਪ੍ਰਾਇਮਰੀ ਐਗਰੀਕਲਚਰ ਕਰੈਡਿਟ ਸੋਸਾਇਟੀਜ਼), ਕੰਪਿਊਟਰਾਈਜੇਸ਼ਨ ਆਫ਼ ਪੀ.ਏ.ਸੀ.ਐਸ., ਪੈਕਸ ਸਭਾਵਾਂ ਨੂੰ ਕਾਮਨ ਸਰਵਿਸ ਸੈਂਟਰ ਵਜੋਂ ਸਥਾਪਿਤ ਕਰਨਾ, ਪੈਟਰੋਲ ਅਤੇ ਡੀਜ਼ਲ ਪੰਪਜ਼ ਖੋਲ੍ਹਣਾ ਅਤੇ ਵਰਲਡ ਲਾਰਜੈਸਟ ਫੂਡ ਗਰੇਨ ਪ੍ਰੋਜੈਕਟ ਆਦਿ ਦਾ ਰੀਵਿਊ ਕਰਦਿਆਂ ਅਧਿਕਾਰੀਆਂ ਕੋਲੋਂ ਲੋੜੀਂਦੇ ਸੁਝਾਅ ਵੀ ਲਏ ਗਏ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਇਹ ਵੀ ਕਿਹਾ ਕਿ ਉਕਤ ਸਕੀਮਾਂ ਨੂੰ ਪ੍ਰਾਇਮਰੀ ਐਗਰੀਕਲਚਰ ਕਰੈਡਿਟ ਸੋਸਾਇਟੀਜ਼ ਵਿੱਚ ਲਾਗੂ ਕੀਤਾ ਜਾਵੇ ਤਾਂ ਜੋ ਕਿਸਾਨ ਮੈਂਬਰਾਂ ਨੂੰ ਇਸ ਦਾ ਵੱਧ ਤੋਂ ਵੱਧ ਫਾਇਦਾ ਹੋ ਸਕੇ। ਇਸ ਮੌਕੇ ਉਪ ਰਜਿਸਟਰਾਰ ਸਹਿਕਾਰੀ ਸਭਾਵਾਂ ਸ. ਤਾਜੇਸ਼ਵਰ ਸਿੰਘ, ਜੀਐਮ ਵੇਰਕਾ ਰੁਪਿੰਦਰ ਸਿੰਘ ਸੇਖੋਂ, ਐਮਡੀ ਕੋਆਪਰੇਟਿਵ ਬੈਂਕ ਸ੍ਰੀ ਗੁਰਬਾਜ ਸਿੰਘ, ਨਾਬਾਰਡ ਦੇ ਕਲੱਸਟਰ ਦੇ ਅਧਿਕਾਰੀ, ਮੁੱਖ ਖੇਤੀਬਾੜੀ, ਮੱਛੀ ਪਾਲਣ, ਵੇਅਰ ਹਾਊਸ ਆਦਿ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ ।

ਕੇਂਦਰੀ ਮੰਤਰੀ ਅਮਿਤ ਸ਼ਾਹ ਪਹੁੰਚੇ ਪ੍ਰਯਾਗਰਾਜ

ਪ੍ਰਯਾਗਰਾਜ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਕੇਂਦਰੀ ਮੰਤਰੀ ਅਮਿਤ ਸ਼ਾਹ ਚੱਲ ਰਹੇ ਮਹਾਕੁੰਭ ਸਮਾਰੋਹ ਵਿੱਚ ਹਿੱਸਾ ਲੈਣ ਲਈ ਪ੍ਰਯਾਗਰਾਜ ਪੁੱਜੇ ਹਨ। ਇਸ ਦੌਰਾਨ ਪ੍ਰਯਾਗਰਾਜ ਹਵਾਈ ਅੱਡੇ 'ਤੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਅਤੇ ਉਨ੍ਹਾਂ ਦੇ ਕੈਬਨਿਟ ਮੈਂਬਰਾਂ ਨੇ ਸ਼ਾਹ ਦਾ ਸਵਾਗਤ ਕੀਤਾ। ਪ੍ਰਯਾਗਰਾਜ ਦੇ ਆਪਣੇ ਇੱਕ ਦਿਨ ਦੇ ਦੌਰੇ ਵਿੱਚ ਕੇਂਦਰੀ ਗ੍ਰਹਿ ਮੰਤਰੀ ਤ੍ਰਿਵੇਣੀ ਸੰਗਮ ਵਿੱਚ ਪਵਿੱਤਰ ਇਸ਼ਨਾਨ ਕਰਨਗੇ ਅਤੇ ਫਿਰ ਹਨੂੰਮਾਨ ਜੀ ਮੰਦਰ ਅਤੇ ਅਭੈਵਤ ਦੇ ਦਰਸ਼ਨ ਕਰਨਗੇ।

ਹੁਣ ਤੱਕ ਰਾਜਨਾਥ ਸਿੰਘ ਸਮੇਤ ਕਈ ਕੇਂਦਰੀ ਮੰਤਰੀ ਅਤੇ ਕਈ ਆਗੂ ਮਹਾਕੁੰਭ ਵਿੱਚ ਜਾ ਚੁੱਕੇ ਹਨ ਅਤੇ ਤ੍ਰਿਵੇਣੀ ਸੰਗਮ ਵਿੱਚ ਇਸ਼ਨਾਨ ਵੀ ਕਰ ਚੁੱਕੇ ਹਨ। ਹਾਲ ਹੀ ਵਿੱਚ ਉੱਤਰ ਪ੍ਰਦੇਸ਼ ਮੰਤਰੀ ਮੰਡਲ ਵੀ ਇੱਕ ਮੀਟਿੰਗ ਲਈ ਪ੍ਰਯਾਗਰਾਜ ਗਿਆ ਅਤੇ ਫਿਰ ਤ੍ਰਿਵੇਣੀ ਸੰਗਮ ਵਿੱਚ ਇਸ਼ਨਾਨ ਕੀਤਾ। ਐਤਵਾਰ ਨੂੰ ਸਮਾਜਵਾਦੀ ਪਾਰਟੀ (ਸਪਾ) ਦੇ ਮੁਖੀ ਅਖਿਲੇਸ਼ ਯਾਦਵ ਨੇ ਪ੍ਰਯਾਗਰਾਜ ਦੇ ਆਪਣੇ ਦੌਰੇ ਦੌਰਾਨ ਮਹਾਕੁੰਭ ਵਿੱਚ 11 ਪਵਿੱਤਰ ਇਸ਼ਨਾਨ ਕੀਤੇ। ਇਸ ਦੌਰਾਨ ਪ੍ਰਯਾਗਰਾਜ ਵਿੱਚ ਚੱਲ ਰਹੇ ਮਹਾਂਕੁੰਭ ??ਵਿੱਚ ਸੋਮਵਾਰ ਨੂੰ ਅਧਿਆਤਮਿਕ ਨੇਤਾ ਅਤੇ ਭਾਗਵਤ ਕਥਾ ਦੇ ਬੁਲਾਰੇ ਦੇਵਕੀਨੰਦਨ ਠਾਕੁਰਜੀ ਮਹਾਰਾਜ ਦੁਆਰਾ ਆਯੋਜਿਤ ਇੱਕ ਧਰਮ ਸਭਾ ਦਾ ਆਯੋਜਨ ਕੀਤਾ ਜਾਵੇਗਾ।

ਮਹਾਂਕੁੰਭ ਦੌਰਾਨ 13 ਜਨਵਰੀ ਤੋਂ 26 ਫਰਵਰੀ ਤੱਕ ਪ੍ਰਯਾਗਰਾਜ ਵਿੱਚ ਸ਼ਰਧਾਲੂਆਂ ਦੇ ਭਾਰੀ ਇਕੱਠ ਦੀ ਉਮੀਦ ਹੈ। 13 ਜਨਵਰੀ ਨੂੰ ਪਵਿੱਤਰ ਪੌਸ਼ ਪੂਰਨਿਮਾ ਦੇ ਨਾਲ ਸ਼ੁਰੂ ਹੋਏ ਮਹਾਕੁੰਭ ਵਿੱਚ ਪਹਿਲਾਂ ਹੀ 110 ਮਿਲੀਅਨ ਤੋਂ ਵੱਧ ਸ਼ਰਧਾਲੂਆਂ ਨੇ ਭਾਰੀ ਉਤਸ਼ਾਹ ਦੇਖਿਆ ਹੈ।

ਮਹਾਕੁੰਭ ਮੇਲੇ ਵਿੱਚ 45 ਕਰੋੜ ਤੋਂ ਵੱਧ ਸੈਲਾਨੀਆਂ ਦੀ ਮੇਜ਼ਬਾਨੀ ਕਰਨ ਦੀ ਉਮੀਦ ਹੈ, ਜੋ ਭਾਰਤ ਲਈ ਇੱਕ ਇਤਿਹਾਸਕ ਮੌਕੇ ਹੈ। ਏਐੱਨਆਈ

ਅਮਰੀਕੀ ਏਜੰਟ ਗੈਰਕਾਨੂੰਨੀ ਪਰਵਾਸੀਆਂ ਦੀ ਜਾਂਚ ਲਈ ਗੁਰਦੁਆਰਿਆਂ 'ਚ ਪੁੱਜੇ

ਸਿੱਖ ਜਥੇਬੰਦੀਆਂ ਵੱਲੋਂ ਕਾਰਵਾਈ ਦੀ ਸਖ਼ਤ ਨਿਖੇਧੀ; ਕਾਰਵਾਈ ਨੂੰ ਸਿੱਖ ਵਿਸ਼ਵਾਸ ਲਈ ਖ਼ਤਰਾ ਕਰਾਰ ਦਿੱਤਾ

ਵਾਸ਼ਿੰਗਟਨ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ਦੇ ਕਾਨੂੰਨ ਲਾਗੂ ਕਰਨ ਵਾਲੇ ਅਧਿਕਾਰੀਆਂ ਨੇ ਗੈਰ-ਕਾਨੂੰਨੀ ਪਰਵਾਸੀਆਂ ਦੀ ਮੌਜੂਦਗੀ ਦੀ ਜਾਂਚ ਕਰਨ ਲਈ ਨਿਊਯਾਰਕ ਅਤੇ ਨਿਊ ਜਰਸੀ ਦੇ ਗੁਰਦੁਆਰਿਆਂ ਦੇ ਦੌਰੇ ਕਰਨੇ ਸ਼ੁਰੂ ਕਰ ਦਿੱਤੇ ਹਨ। ਦੂਜੇ ਪਾਸੇ ਇਸ ਕਾਰਵਾਈ ਖ਼ਿਲਾਫ਼ ਕੁਝ ਸਿੱਖ ਸੰਗਠਨਾਂ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ, ਜਿਨ੍ਹਾਂ ਅਜਿਹੀਆਂ ਕਾਰਵਾਈਆਂ ਨੂੰ ਆਪਣੇ ਧਰਮ ਦੀ ਪਵਿੱਤਰਤਾ ਲਈ ਖ਼ਤਰਾ ਕਰਾਰ ਦਿੱਤਾ ਹੈ।

ਨਿਊਯਾਰਕ ਅਤੇ ਨਿਊ ਜਰਸੀ ਦੇ ਕੁਝ ਗੁਰਦੁਆਰਿਆਂ ਨੂੰ ਗੈਰ-ਕਾਨੂੰਨੀ ਅਤੇ ਗੈਰ-ਦਸਤਾਵੇਜ਼ੀ ਪਰਵਾਸੀਆਂ ਦੇ ਨਾਲ-ਨਾਲ ਸਿੱਖ ਵੱਖਵਾਦੀਆਂ ਵੱਲੋਂ ਵਰਤੇ ਜਾਂਦੇ ਕੇਂਦਰ ਵਜੋਂ ਵੀ ਦੇਖਿਆ ਜਾਂਦਾ ਹੈ।

ਡੋਨਲਡ ਟਰੰਪ ਦੇ ਅਮਰੀਕਾ ਦੇ 47ਵੇਂ ਰਾਸ਼ਟਰਪਤੀ ਵਜੋਂ ਸਹੁੰ ਚੁੱਕਣ ਦੇ ਕੁਝ ਘੰਟਿਆਂ ਦੇ ਅੰਦਰ ਹੀ ਗ੍ਰਹਿ ਸੁਰੱਖਿਆ ਵਿਭਾਗ ਦੇ ਕਾਰਜਕਾਰੀ ਸਕੱਤਰ ਬੈਂਜਾਮਿਨ ਹਫਮੈਨ ਨੇ ਇੱਕ ਨਿਰਦੇਸ਼ ਵਿੱਚ ਇਮੀਗ੍ਰੇਸ਼ਨ ਅਤੇ ਕਸਟਮਜ਼ ਇਨਫੋਰਸਮੈਂਟ (935) ਅਤੇ ਕਸਟਮਜ਼ ਅਤੇ ਸਰਹੱਦੀ ਸੁਰੱਖਿਆ (CBP) ਲਾਗੂ ਕਰਨ ਵਾਲੀਆਂ ਕਾਰਵਾਈਆਂ ਲਈ ਜੋਅ ਬਾਇਡਨ ਪ੍ਰਸ਼ਾਸਨ ਦੇ ਦਿਸ਼ਾ-ਨਿਰਦੇਸ਼ਾਂ ਨੂੰ ਰੱਦ ਕਰ ਦਿੱਤਾ, ਜੋ ਅਖੌਤੀ 'ਸੰਵੇਦਨਸ਼ੀਲ' ਖੇਤਰਾਂ ਵਿੱਚ ਜਾਂ ਉਨ੍ਹਾਂ ਨੇੜੇ ਕਾਨੂੰਨ ਲਾਗੂ ਕਰਨ ਸਬੰਧੀ ਕਾਰਵਾਈਆਂ ਨੂੰ ਰੋਕਦੀਆਂ ਹਨ। ਇਨ੍ਹਾਂ 'ਸੰਵੇਦਨਸ਼ੀਲ' ਖੇਤਰਾਂ ਵਿੱਚ ਗੁਰਦੁਆਰੇ ਅਤੇ ਚਰਚ ਵਰਗੇ ਪੂਜਾ ਸਥਾਨ ਵੀ ਸ਼ਾਮਲ ਸਨ।

ਇੱਕ ਬਿਆਨ ਵਿੱਚ ਸਿੱਖ ਅਮੈਰਿਕਨ ਲੀਗਲ ਡਿਫੈਂਸ ਐਂਡ ਐਜੂਕੇਸ਼ਨ ਫੰਡ (SALDEF) ਨੇ 'ਸੰਵੇਦਨਸ਼ੀਲ ਖੇਤਰਾਂ' ਨੂੰ ਨਿਰਧਾਰਤ ਕਰਨ ਵਾਲੇ ਦਿਸ਼ਾ-ਨਿਰਦੇਸ਼ਾਂ ਨੂੰ ਰੱਦ ਕਰਨ ਦੇ ਹੁਕਮਾਂ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ। ਸੰਸਥਾ ਦੀ ਐਗਜ਼ੈਕਟਿਵ ਡਾਇਰੈਕਟਰ ਕਿਰਨ ਕੌਰ ਗਿੱਲ ਨੇ ਇਕ ਬਿਆਨ ਵਿਚ ਕਿਹਾ, ਅਸੀਂ ਹੋਮਲੈਂਡ ਸਿਕਿਉਰਿਟੀ ਵਿਭਾਗ ਦੇ ਸੰਵੇਦਨਸ਼ੀਲ ਖੇਤਰਾਂ ਲਈ ਸੁਰੱਖਿਆ ਨੂੰ ਖਤਮ ਕਰਨ ਅਤੇ ਫਿਰ ਗੁਰਦੁਆਰਿਆਂ ਵਰਗੇ ਪੂਜਾ ਸਥਾਨਾਂ ਨੂੰ ਨਿਸ਼ਾਨਾ ਬਣਾਉਣ ਦੇ ਫੈਸਲੇ ਤੋਂ ਬਹੁਤ ਚਿੰਤਤ ਹਾਂ।

ਬੀਬੀ ਗਿੱਲ ਨੇ ਕਿਹਾ ਕਿ ਗੁਰਦੁਆਰੇ ਸਿਰਫ਼ ਪੂਜਾ ਸਥਾਨ ਨਹੀਂ ਹਨ; ਸਗੋਂ ਇਹ ਅਹਿਮ ਭਾਈਚਾਰਕ ਕੇਂਦਰ ਹਨ ਜੋ ਸਿੱਖਾਂ ਅਤੇ ਵਿਆਪਕ ਭਾਈਚਾਰੇ ਨੂੰ ਸਹਾਇਤਾ, ਪੋਸ਼ਣ ਅਤੇ ਅਧਿਆਤਮਿਕ ਸਹਾਰਾ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ, ਇਨ੍ਹਾਂ ਥਾਵਾਂ ਨੂੰ ਕਾਨੂੰਨ ਲਾਗੂ ਕਰਨ ਵਾਲੀਆਂ ਕਾਰਵਾਈਆਂ ਲਈ ਨਿਸ਼ਾਨਾ ਬਣਾਉਣਾ ਸਾਡੇ ਧਰਮ ਦੀ ਪਵਿੱਤਰਤਾ ਲਈ ਖ਼ਤਰਾ ਹੈ ਅਤੇ ਅਜਿਹਾ ਦੇਸ਼ ਭਰ ਦੇ ਪਰਵਾਸੀ ਭਾਈਚਾਰਿਆਂ ਨੂੰ ਇੱਕ ਡਰਾਉਣਾ ਸੁਨੇਹਾ ਭੇਜਦਾ ਹੈ।

ਇਸੇ ਤਰ੍ਹਾਂ ਸਿੱਖ ਕੁਲੀਸ਼ਨ (Sikh Coalition) ਨੇ ਕਿਹਾ, "ਟਰੰਪ ਪ੍ਰਸ਼ਾਸਨ ਦਾ 'ਸੁਰੱਖਿਅਤ ਖੇਤਰਾਂ' (ਜਿਨ੍ਹਾਂ ਵਿੱਚ ਹਸਪਤਾਲ, ਸਕੂਲ, ਸਮਾਜ ਸੇਵਾ ਪ੍ਰਦਾਤਾ, ਅਤੇ ਹੋਰ ਵੀ ਸ਼ਾਮਲ ਸਨ) 'ਤੇ DHS ਨੀਤੀ ਨੂੰ ਰੱਦ ਕਰਨ ਦਾ ਫੈਸਲਾ ਇਮੀਗ੍ਰੇਸ਼ਨ ਅਤੇ ਕਸਟਮ ਇਨਫੋਰਸਮੈਂਟ (935) ਏਜੰਟਾਂ ਲਈ ਰਾਹ ਖੋਲ੍ਹਦਾ ਹੈ ਜੋ ਗੁਰਦੁਆਰਿਆਂ 'ਤੇ ਨਿਗਰਾਨੀ, ਜਾਂਚ, ਗ੍ਰਿਫ਼ਤਾਰੀਆਂ ਅਤੇ ਛਾਪੇਮਾਰੀ ਕਰਦੇ ਹਨ।

ਸੰਸਥਾ ਨੇ ਇਕ ਬਿਆਨ ਵਿਚ ਕਿਹਾ, ਇਹ ਵਿਚਾਰ ਕਿ ਸਾਡੇ ਗੁਰਦੁਆਰੇ ਸਰਕਾਰੀ ਨਿਗਰਾਨੀ ਅਤੇ ਕਾਨੂੰਨ ਲਾਗੂ ਕਰਨ ਵਾਲੇ ਹਥਿਆਰਬੰਦਾਂ ਵੱਲੋਂ ਵਾਰੰਟਾਂ ਦੇ ਨਾਲ ਜਾਂ ਬਿਨਾਂ ਵਾਰੰਟਾਂ ਦੇ ਛਾਪੇਮਾਰੀ ਦੇ ਅਧੀਨ ਹੋ ਸਕਦੇ ਹਨ, ਸਿੱਖ ਧਰਮ ਪਰੰਪਰਾ ਲਈ ਅਸਵੀਕਾਰਨਯੋਗ ਹੈ।"

ਪੰਜਾਬ ਪੁਲਿਸ ਨੇ ਕੌਸ਼ਲ ਚੌਧਰੀ ਗੈਂਗ ਦੇ ਛੇ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਮਿੱਥ ਕੇ ਕਤਲ ਦੀਆਂ ਸੰਭਾਵੀ ਵਾਰਦਾਤਾਂ ਨੂੰ ਕੀਤਾ ਨਾਕਾਮ; ਛੇ ਪਿਸਤੌਲ ਬਰਾਮਦ

➢ ਕਬੱਡੀ ਖਿਡਾਰੀ ਸੰਦੀਪ ਨੰਗਲ ਅੰਬੀਆਂ ਅਤੇ ਸੁਖਮੀਤ ਡਿਪਟੀ ਦੇ ਕਤਲ ਕੇਸ ਵਿੱਚ ਸ਼ਾਮਲ ਦੋ ਸ਼ੂਟਰ ਵੀ ਗ੍ਰਿਫ਼ਤਾਰ ➢ ਪੰਜਾਬ ਪੁਲਿਸ ਪੰਜਾਬ ਨੂੰ ਇੱਕ ਸੁਰੱਖਿਅਤ ਸੂਬਾ ਬਣਾਉਣ ਲਈ ਵਚਨਬੱਧ

ਚੰਡੀਗੜ੍ਹ/ਅੰਮ੍ਰਿਤਸਰ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸੰਗਠਿਤ ਅਪਰਾਧ ਨੂੰ ਵੱਡਾ ਝਟਕਾ ਦਿੰਦਿਆਂ, ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਕੌਸ਼ਲ ਚੌਧਰੀ ਗੈਂਗ ਦੇ ਛੇ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਸੂਬੇ ਵਿੱਚ ਮਿੱਥ ਕੇ ਕਤਲ ਦੀਆਂ ਸੰਭਾਵਿਤ ਵਾਰਦਾਤਾਂ ਨੂੰ ਨਾਕਾਮ ਕਰ ਦਿੱਤਾ ਹੈ। ਦੱਸਣਯੋਗ ਹੈ ਕਿ ਇਹਨਾਂ ਵਿੱਚ ਦੋ ਮੁੱਖ ਸ਼ੂਟਰ ਪੁਨੀਤ ਲਖਨਪਾਲ ਅਤੇ ਨਰਿੰਦਰ ਕੁਮਾਰ ਉਰਫ਼ ਲਾਲੀ ਵੀ ਸ਼ਾਮਲ ਹਨ ਜੋ ਕਬੱਡੀ ਖਿਡਾਰੀ ਸੰਦੀਪ ਸਿੰਘ ਨੰਗਲ ਅੰਬੀਆਂ ਅਤੇ ਸੁਖਮੀਤ ਸਿੰਘ ਉਰਫ਼ ਡਿਪਟੀ ਦੇ ਕਤਲ ਵਿੱਚ ਸ਼ਾਮਲ ਸਨ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਹੋਰ ਚਾਰ ਮੈਂਬਰਾਂ ਦੀ ਪਛਾਣ ਹਰਪ੍ਰੀਤ ਸਿੰਘ ਉਰਫ਼ ਹੈਪਲ ਵਾਸੀ ਗੁਰੂ ਹਰਿ ਸਹਾਏ ਫਿਰੋਜ਼ਪੁਰ, ਗੁਰਬਿੰਦਰ ਸਿੰਘ ਵਾਸੀ ਚਾਟੀਵਿੰਡ ਲਹਿਲ, ਅੰਮ੍ਰਿਤਸਰ, ਸੰਦੀਪ ਸਿੰਘ ਵਾਸੀ ਪਿੰਡ ਰਾਜਧਾਨ, ਅੰਮ੍ਰਿਤਸਰ ਅਤੇ ਮਨਿੰਦਰਜੀਤ ਸਿੰਘ ਉਰਫ਼ ਸ਼ਿੰਦਾ ਵਾਸੀ ਪਿੰਡ ਬੱਦੋਵਾਲ ਝਾਂਡੇ, ਲੁਧਿਆਣਾ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ @ਚੋਂ .30 ਬੋਰ ਦੇ 6 ਵਿਦੇਸ਼ੀ ਪਿਸਤੌਲਾਂ ਸਮੇਤ 40 ਕਾਰਤੂਸ ਵੀ ਬਰਾਮਦ ਕੀਤੇ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇਹ ਗੈਂਗ ਸਤੰਬਰ 2024 ਵਿੱਚ ਰਾਜਸਥਾਨ ਦੇ ਹਾਈਵੇਅ ਕਿੰਗ ਹੋਟਲ ਵਿੱਚ ਅੰਨ੍ਹੇਵਾਹ ਗੋਲੀਬਾਰੀ ਕਰਨ ਅਤੇ 5 ਕਰੋੜ ਰੁਪਏ ਦੀ ਫਿਰੌਤੀ ਮੰਗਣ ਵਿੱਚ ਵੀ ਸ਼ਾਮਲ ਸੀ। ਗ੍ਰਿਫ਼ਤਾਰ ਕੀਤੇ ਗਏ ਸਾਰੇ ਮੁਲਜ਼ਮ ਅਪਰਾਧਿਕ ਪਿਛੋਕੜ ਵਾਲੇ ਹਨ ਅਤੇ ਉਹ ਪਿਛਲੇ ਤਿੰਨ ਸਾਲ ਤੋਂ ਗ੍ਰਿਫ਼ਤਾਰੀਆਂ ਤੋਂ ਬਚ ਰਹੇ ਸਨ।

ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਫੜੇ ਗਏ ਵਿਅਕਤੀ ਕੌਸ਼ਲ ਚੌਧਰੀ ਗੈਂਗ ਦੇ ਸੰਗਠਿਤ ਅਪਰਾਧਿਕ ਨੈੱਟਵਰਕ ਜੋ ਕਿ ਹਰਿਆਣਾ, ਰਾਜਸਥਾਨ, ਪੰਜਾਬ ਆਦਿ ਵਿੱਚ ਸਰਗਰਮ ਹੈ, ਦੇ ਪੇਸ਼ੇਵਰ ਸ਼ੂਟਰ ਹਨ ਅਤੇ ਉਹ ਆਪਣੇ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ @ਤੇ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦਿੰਦੇ ਸਨ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਡੀਜੀਪੀ ਨੇ ਦੱਸਿਆ ਕਿ ਐਤਵਾਰ ਨੂੰ ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਦੀ ਟੀਮ ਨੂੰ ਭਰੋਸੇਯੋਗ ਸੂਹ ਮਿਲੀ ਸੀ ਕਿ ਕੌਸ਼ਲ ਚੌਧਰੀ ਗੈਂਗ ਦੇ ਮੈਂਬਰ ਜਿਨ੍ਹਾਂ ਵਿੱਚ ਅਮਰਜੀਤ ਸਿੰਘ ਉਰਫ਼ ਅਮਰ, ਜਗਜੀਤ ਸਿੰਘ ਉਰਫ਼ ਗਾਂਧੀ, ਬਲਵਿੰਦਰ ਸਿੰਘ ਉਰਫ਼ ਡੋਨੀ, ਪ੍ਰਭਦੀਪ ਸਿੰਘ ਉਰਫ਼ ਪ੍ਰਭ ਦਾਸੂਵਾਲ ਅਤੇ ਹੋਰ ਸ਼ਾਮਲ ਹਨ, ਵਿਦੇਸ਼ਾਂ ਵਿੱਚੋਂ ਆਪਣੇ ਸਥਾਨਕ ਸੰਚਾਲਕਾਂ ਦੀ ਸਹਾਇਤਾ ਨਾਲ ਸੂਬੇ ਵਿੱਚ ਮਿੱਥ ਕੇ ਕਤਲ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦੇਣ ਦੀ ਸਾਜਿਸ਼ ਰਚ ਰਹੇ ਹਨ।

ਜਾਣਕਾਰੀ ਮੁਤਾਬਿਕ ਇਸ ਗਿਰੋਹ ਦੇ ਸਥਾਨਕ ਮੈਂਬਰ ਕਥਿਤ ਤੌਰ @ਤੇ ਜੰਡਿਆਲਾ ਅੰਮ੍ਰਿਤਸਰ ਵਿਖੇ ਹਵੇਲੀ ਰੈਸਟੋਰੈਂਟ ਦੇ ਨੇੜੇ ਘੁੰਮ ਰਹੇ ਹਨ ਅਤੇ ਮਾਰੂ ਹਥਿਆਰਾਂ ਨਾਲ ਲੈਸ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਸ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਵਿਸ਼ੇਸ਼ ਨਾਕਾ ਲਗਾ ਕੇ ਇਸ ਗੈਂਗ ਦੇ 6 ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ @ਚੋਂ ਛੇ ਪਿਸਤੌਲਾਂ ਸਮੇਤ ਗੋਲੀ ਸਿੱਕਾ ਬਰਾਮਦ ਕੀਤਾ।ਉਹਨਾਂ ਕਿਹਾ ਕਿ ਇਸ ਅਪਰਾਧਿਕ ਨੈਟਵਰਕ ਜੋ ਕਿ ਕਈ ਸੂਬਿਆਂ ਵਿੱਚ ਫੈਲਿਆ ਹੋਇਆ ਹੈ ਅਤੇ ਜਬਰਨ ਵਸੂਲੀ, ਹਥਿਆਰਾਂ ਦੀ ਤਸਕਰੀ ਅਤੇ ਸੰਗਠਿਤ ਅਪਰਾਧਾਂ ਸਮੇਤ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਹੈ, ਦੇ ਸਾਰੇ ਸਬੰਧਾਂ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਜਾਰੀ ਹੈ।

ਕੇਜਰੀਵਾਲ ਨੇ ਦਿੱਲੀ ਚੋਣਾਂ ਲਈ 'ਆਪ' ਦੇ ਚੋਣ ਮਨੋਰਥ ਪੱਤਰ 'ਚ 15 ਗਰੰਟੀਆਂ ਦਾ ਐਲਾਨ ਕੀਤ

हर महिला को हर महीने ₹2100
मैं अरविंद केजरीवाल, यह गारंटी देता हूँ की, आम आदमी पार्टी की सरकार बनते ही सबसे पहले अपनी माताओं और बहनों के लिए महिला सम्मान राशि योजना शुरू करूँगा।
अरविंद केजरीवाल

ਨਵੀਂ ਦਿੱਲੀ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸੋਮਵਾਰ ਨੂੰ 5 ਫਰਵਰੀ ਨੂੰ ਹੋਣ ਵਾਲੀਆਂ ਦਿੱਲੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਦਾ ਚੋਣ ਮਨੋਰਥ ਪੱਤਰ ਕੇਜਰੀਵਾਲ ਕੀ ਗਰੰਟੀ ਜਾਰੀ ਕੀਤਾ। ਚੋਣ ਮਨੋਰਥ ਪੱਤਰ ਦੀ ਸ਼ੁਰੂਆਤ ਮੌਕੇ ਬੋਲਦਿਆਂ ਕੇਜਰੀਵਾਲ ਨੇ ਭਾਜਪਾ 'ਤੇ 'ਆਪ' ਦੇ ਵਾਅਦੇ-ਅਧਾਰਿਤ ਸ਼ਾਸਨ ਦੀ ਨਕਲ ਕਰਨ ਦਾ ਦੋਸ਼ ਲਾਉਂਦਿਆਂ ਉਸ 'ਤੇ ਨਿਸ਼ਾਨਾ ਸੇਧਿਆ।

ਉਨ੍ਹਾਂ ਕਿਹਾ, ਅਸੀਂ ਦੇਸ਼ ਵਿੱਚ ਸਭ ਤੋਂ ਪਹਿਲਾਂ 'ਗਰੰਟੀ' ਸ਼ਬਦ ਤਿਆਰ ਕੀਤਾ। ਸਾਡੇ ਤੋਂ ਬਾਅਦ ਭਾਜਪਾ ਨੇ ਇਸ ਨੂੰ ਚੋਰੀ ਕੀਤਾ, ਪਰ ਫਰਕ ਇਹ ਹੈ ਕਿ ਅਸੀਂ ਆਪਣੀਆਂ ਗਰੰਟੀਆਂ ਪੂਰੀਆਂ ਕਰਦੇ ਹਾਂ ਅਤੇ ਉਹ ਨਹੀਂ ਕਰਦੇ।" ਉਨ੍ਹਾਂ ਦਿੱਲੀ ਵਾਸੀਆਂ ਲਈ ਆਪਣੀਆਂ ਗਰੰਟੀਆਂ ਦਾ ਐਲਾਨ ਕੀਤਾ ਜਿਸ ਵਿਚ ਦਿੱਲੀ ਵਾਸੀਆਂ ਲਈ ਮਜਬੂਤ ਰੁਜ਼ਗਾਰ ਸਿਰਜਣਾ, ਮਹਿਲਾ ਸਨਮਾਨ ਯੋਜਨਾ ਦੇ ਤਹਿਤ, ਔਰਤਾਂ ਲਈ 2,100 ਰੁਪਏ ਦੀ ਮਹੀਨਾ ਵਿੱਤੀ ਸਹਾਇਤਾ, ਸੰਜੀਵਨੀ ਯੋਜਨਾ ਮੁਫਤ ਸਿਹਤ ਸਹੂਲਤਾਂ, ਬਕਾਇਆ ਵਧੇ ਹੋਏ ਪਾਣੀ ਦੇ ਬਿੱਲਾਂ ਨੂੰ ਮੁਆਫੀ, ਕੌਮੀ ਰਾਜਧਾਨੀ ਦੇ ਹਰ ਘਰ ਨੂੰ ਚੌਵੀ ਘੰਟੇ ਪੀਣ ਵਾਲੇ ਪਾਣੀ ਦੀ ਸਪਲਾਈ ਆਦਿ ਸ਼ਾਮਲ ਹੈ। ਪਾਰਟੀ ਵੱਲੋਂ ਕੀਤੇ ਮੁੱਖ ਵਾਅਦੇ ਪ੍ਰਦੂਸ਼ਿਤ ਯਮੁਨਾ ਨਦੀ ਨੂੰ ਸਾਫ਼ ਕਰਨ ਅਤੇ ਦਿੱਲੀ ਦੀਆਂ ਸੜਕਾਂ ਨੂੰ ਵਿਸ਼ਵ ਪੱਧਰੀ ਬਣਾਉਣ ਦੀ ਵਚਨਬੱਧਤਾ ਹੈ।

ਬਾਬਾ ਸਾਹਿਬ ਅੰਬੇਡਕਰ ਸਕਾਲਰਸ਼ਿਪ ਦੇ ਤਹਿਤ SC ਅਤੇ ST ਵਿਦਿਆਰਥੀਆਂ ਨੂੰ ਵਿਦੇਸ਼ਾਂ ਵਿੱਚ ਪੜ੍ਹਨ ਲਈ ਵਜ਼ੀਫੇ ਦੇਣ ਦਾ ਵਾਅਦਾ, ਨਿਸ਼ੁਲਕ ਬੱਸ ਸਵਾਰੀ ਅਤੇ ਮੈਟਰੋ ਕਿਰਾਏ ਵਿੱਚ 50 ਪ੍ਰਤੀਸ਼ਤ ਦੀ ਛੋਟ ਦੀ ਗਰੰਟੀ ਦਿੱਤੀ ਗਈ ਹੈ। ਮੈਨੀਫੈਸਟੋ ਵਿੱਚ ਪੁਜਾਰੀਆਂ ਅਤੇ ਗੁਰਦੁਆਰਾ ਗ੍ਰੰਥੀਆਂ ਨੂੰ 18,000 ਰੁਪਏ ਮਹੀਨਾ ਵਿੱਤੀ ਸਹਾਇਤਾ ਅਤੇ ਕਿਰਾਏਦਾਰਾਂ ਨੂੰ ਮੁਫਤ ਬਿਜਲੀ ਅਤੇ ਪਾਣੀ ਦੇ ਲਾਭ ਦੇਣ ਦਾ ਵਾਅਦਾ ਕੀਤਾ ਗਿਆ ਹੈ।

ਡਾ: ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਘਟਨਾ ਦੀ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸਖ਼ਤ ਨਿਖੇਧੀ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ 76ਵੇਂ ਗਣਤੰਤਰ ਦਿਵਸ ਮੌਕੇ ਅੰਮ੍ਰਿਤਸਰ ਵਿੱਚ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੀ ਘਟਨਾ ਦੀ ਸਖ਼ਤ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਦੋਸ਼ੀਆਂ ਨੂੰ ਕਾਨੂੰਨ ਦੇ ਘੇਰੇ ਵਿੱਚ ਲਿਆ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਉਨ੍ਹਾਂ ਨੂੰ ਆਪਣੇ ਇਸ ਘਿਨਾਉਣੇ ਕਾਰੇ ਲਈ ਸਖ਼ਤ ਤੋਂ ਸਖ਼ਤ ਸਜਾ ਮਿਲੇ।

ਇੱਥੇ ਜਾਰੀ ਪ੍ਰੈਸ ਬਿਆਨ ਰਾਹੀਂ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਸ ਘਿਨਾਉਣੇ ਅਪਰਾਧ ਪਿੱਛੇ ਅਸਲ ਸਾਜ਼ਿਸ਼ਕਾਰਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਘਟਨਾ ਵਿੱਚ ਸ਼ਾਮਿਲ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਪੰਜਾਬ ਸਰਕਾਰ ਉਸ ਵਿਰੁੱਧ ਸਖ਼ਤ ਕਾਰਵਾਈ ਨੂੰ ਯਕੀਨੀ ਬਣਾਏਗੀ। ਉਨ੍ਹਾਂ ਕਿਹਾ ਕਿ ਅਸੀਂ ਉਦੋਂ ਤੱਕ ਚੈਨ ਨਹੀਂ ਬੈਠਾਂਗੇ ਜਦੋਂ ਤੱਕ ਸਾਰੇ ਸਾਜ਼ਿਸ਼ਕਰਤਾਵਾਂ ਨੂੰ ਨਿਆਂ ਦੇ ਘੇਰੇ ਵਿੱਚ ਨਹੀਂ ਲਿਆਂਦਾ ਜਾਂਦਾ।ਪੰਜਾਬ ਵਾਸੀਆਂ ਨੂੰ ਭਾਰਤੀ ਸੰਵਿਧਾਨ ਵਿੱਚ ਦਰਜ ਕਦਰਾਂ-ਕੀਮਤਾਂ ਅਤੇ ਡਾ: ਅੰਬੇਡਕਰ ਦੀ ਵਿਰਾਸਤ ਨੂੰ ਸੰਭਾਲਦੇ ਹੋਏ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਦੀ ਅਪੀਲ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਾਨੂੰ ਬਾਬਾ ਸਾਹਿਬ ਦੀ ਵਿਰਾਸਤ ਦਾ ਸਤਿਕਾਰ ਕਰਦਿਆਂ ਅਜਿਹੀਆਂ ਵੰਡੀਆਂ ਪਾਉਣ ਵਾਲੀਆਂ ਨਫ਼ਰਤ ਭਰੀਆਂ ਹਰਕਤਾਂ ਵਿਰੁੱਧ ਇੱਕਜੁੱਟ ਹੋ ਕੇ ਇੰਨ੍ਹਾਂ ਦਾ ਸਾਹਮਣਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਹੈ ਅਤੇ ਇੱਥੇ ਨਫ਼ਰਤ ਦੇ ਬੀਜ ਨਹੀਂ ਉੱਗ ਸਕਦੇ। ਉਨ੍ਹਾਂ ਕਿਹਾ ਕਿ ਸਾਡਾ ਭਾਈਚਾਰਾ ਸਦੀਆਂ ਤੋਂ ਕਾਇਮ ਹੈ ਅਤੇ ਹਮੇਸ਼ਾਂ ਕਾਇਮ ਰਹੇਗਾ।

ਹਲਕਾ ਸ਼ੁਤਰਾਣਾ ਚ ਕੇਂਦਰ ਖ਼ਿਲਾ.ਫ ਕਿਸਾਨਾਂ ਕੀਤਾ ਟਰੈਕਟਰ ਮਾਰਚ

ਪਾਤੜਾਂ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸਮੁੱਚੇ ਦੇਸ਼ ਵਿਚ 26 ਜਨਵਰੀ ਨੂੰ ਗਣਤੰਤਰ ਦਿਵਸ ਮਨਾਇਆ ਜਾਂਦਾ ਹੈ ਪਰ ਕਿਸਾਨੀ ਨਾਲ ਫਸਲਾਂ ਦੀ ਐਮ ਐਸ ਪੀ ਸਣੇ ਜੁੜੀਆਂ ਹੋਰ ਮੰਗਾਂ ਦੇ ਹੱਲ ਨੂੰ ਲੈਕੇ ਧਰਨਾ ਦੇ ਰਹੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਦੇ ਸੱਦੇ ਤੇ ਕਿਸਾਨਾਂ ਵੱਲੋਂ ਇਸੇ ਦਿਨ ਕੇਂਦਰ ਸਰਕਾਰ ਖ਼ਿਲਾਫ਼ ਰੋਸ ਵਜੋਂ ਟਰੈਕਟਰ ਮਾਰਚ ਦਾ ਐਲਾਨ ਕੀਤਾ ਗਿਆ।

ਵੱਖ ਵੱਖ ਯੂਨੀਅਨਾਂ ਦੇ ਸੱਦੇ ਤੇ ਹਲਕਾ ਸ਼ੁਤਰਾਣਾ ਵਿਚ ਕਿਸਾਨਾਂ ਵੱਲੋਂ ਵੀ ਟਰੈਕਟਰ ਮਾਰਚ ਕੀਤਾ ਗਿਆ ਅਤੇ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਪ੍ਰਧਾਨ ਸ੍ਰ ਸੁਖਜਿੰਦਰ ਸਿੰਘ ਖੋਸਾ ਸੂਬਾ ਮੀਤ ਪ੍ਰਧਾਨ ਜਸਬੀਰ ਸਿੰਘ ਢੋਲੇਵਾਲ ? ਨੇ ?? ਦੱਸਿਆ ਦੇਸ਼ ਵਿਚ ਲੋਕਾਂ ਨੂੰ ਜਾਤੀਵਾਦ ਵਿਚ ਲੜਾਕੇ ਅਤੇ ਕਿਸਾਨਾਂ ਦੀ ਦੁਸ਼ਮਣ ਬਣੀ ਭਾਜਪਾ ਸਰਕਾਰ ਨੂੰ ਹਲੂਣਾ ਦੇਣ ਲਈ 26 ਜਨਵਰੀ ਗਣਤੰਤਰ ਦਿਵਸ ਵਾਲੇ ਦਿਨ ਖਨੌਰੀ ਅਤੇ ਸ਼ੰਭੂ ਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਦੀ ਕਮਾਨ ਹੇਠ ਧਰਨਾ ਦੇ ਰਹੀਆਂ ਯੂਨੀਅਨਾਂ ਵੱਲੋਂ ਟਰੈਕਟਰ ਮਾਰਚ ਕੱਢੇ ? ਗਏ ਹਨ। ਅੱਜ ਹਲਕਾ ਸ਼ੁਤਰਾਣਾ ਦੇ ਵੱਖ ਵੱਖ ਪਿੰਡਾਂ ਤੋਂ ਜੁੜੇ ਟਰੈਕਟਰ ਪਹਿਲਾਂ ਪਾਤੜਾਂ ਦੀ ਅਨਾਜ ਮੰਡੀ ਵਿੱਚ ਇਕੱਠੇ ਹੋਏ ਜਿਥੋਂ ਕਾਫਲੇ ਦੇ ਰੂਪ ਵਿੱਚ ਗੋਬਿੰਦਪੁਰਾ ਟੋਲ ਪਲਾਜ਼ਾ ਤੱਕ ਰੋਸ ਮਾਰਚ ਕੱਢਿਆ ਗਿਆ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪਟਿਆਲ਼ਾ ਬਲਜੀਤ ਸਿੰਘ ਸ਼ੇਰਗੜ੍ਹ, ਜ਼ਿਲ੍ਹਾ ਪ੍ਰੈਸ ਸਕੱਤਰ ਯਵਰਾਜ ਸਿੰਘ ਬਾਠ, ਨਿਰਮਲ ਸਿੰਘ ਸ਼ੇਰਗੜ੍ਹ, ਸੁਰਜੀਤ ਸਿੰਘ, ਪ੍ਰੀਤਮ ਸਿੰਘ, ਮਹਿੰਦਰ ਸਿੰਘ, ਸਖਵਿੰਦਰ ਸਿੰਘ, ਸੁੱਚਾ ਸਿੰਘ, ਰਸੋਲੀ ਜਸਵੰਤ ਸਿੰਘ, ਕੁਲਵਿੰਦਰ ਸਿੰਘ, ਯਾਦਵਿੰਦਰ ਸਿੰਘ, ਜਗਸੀਰ ਸਿੰਘ ਧਾਲੀਵਾਲ, ਗੁਰਚਰਨ ਸਿੰਘ,ਸੰਤੋਖ ਸਿੰਘ ਆਦਿ ਹਾਜ਼ਰ ਸਨ।

ਪੰਜਾਬ ਪੁਲੀਸ ਵੱਲੋਂ ਕੌਸ਼ਲ ਚੌਧਰੀ ਗੈਂਗ ਦੇ 6 ਸਾਥੀ ਗ੍ਰਿਫਤਾਰ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਇੱਕ ਮਹੱਤਵਪੂਰਨ ਕਾਰਵਾਈ ਦੌਰਾਨ ਪੰਜਾਬ ਪੁਲਿਸ ਨੇ ਕਬੱਡੀ ਖਿਡਾਰੀ ਸੰਦੀਪ ਸਿੰਘ ਨੰਗਲ ਅੰਬੀਆਂ ਅਤੇ ਯੂਥ ਕਾਂਗਰਸ ਆਗੂ ਸੁਖਮੀਤ ਸਿੰਘ ਸਮੇਤ ਕਈ ਕਤਲਾਂ ਵਿੱਚ ਨਾਮਜ਼ਦ ਕੌਸ਼ਲ ਚੌਧਰੀ ਗੈਂਗ ਦੇ ਛੇ ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਹੈ।

ਅਧਿਕਾਰੀ ਨੇ ਦੱਸਿਆ ਕਿ ਇਹ ਗ੍ਰਿਫਤਾਰੀਆਂ ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਵੱਲੋਂ ਪੰਜਾਬ ਵਿੱਚ ਸੰਭਾਵਿਤ ਟਾਰਗੇਟ ਕਿਲਿੰਗ ਨੂੰ ਨਾਕਾਮ ਕਰਦੇ ਹੋਏ ਕੀਤੀਆਂ ਗਈਆਂ ਸਨ। ਡੀਜੀਪੀ ਪੰਜਾਬ ਗੌਰਵ ਯਾਦਵ ਨੇ ਐਕਸ 'ਤੇ ਕਿਹਾ, ਇੱਕ ਵੱਡੀ ਸਫਲਤਾ ਵਿੱਚ ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਪੁਨੀਤ ਲਖਨਪਾਲ ਸ਼ਰਮਾ ਅਤੇ ਨਰਿੰਦਰ ਕੁਮਾਰ ਲਾਲੀ ਸਮੇਤ ਕੌਸ਼ਲ ਚੌਧਰੀ ਗੈਂਗ ਦੇ ਛੇ ਮੈਂਬਰਾਂ ਨੂੰ ਗ੍ਰਿਫਤਾਰ ਕਰਕੇ ਪੰਜਾਬ ਵਿੱਚ ਇੱਕ ਵੱਡੀ ਟਾਰਗੇਟ ਕਿਲਿੰਗ ਨੂੰ ਨਾਕਾਮ ਕਰ ਦਿੱਤਾ।

ਤਿੰਨ ਸਾਲਾਂ ਤੋਂ ਗ੍ਰਿਫ਼ਤਾਰੀ ਤੋਂ ਬਚੇ ਹੋਏ ਮੁਲਜ਼ਮਾਂ ਕੋਲੋਂ ਛੇ ਅਤਿ ਆਧੁਨਿਕ ਹਥਿਆਰ ਅਤੇ 40 ਜਿੰਦਾ ਰੌਂਦ ਬਰਾਮਦ ਹੋਏ ਹਨ। ਉਹ ਰਾਜਸਥਾਨ ਦੇ ਇੱਕ ਹੋਟਲ ਵਿੱਚ ਅੰਨ੍ਹੇਵਾਹ ਗੋਲੀਬਾਰੀ ਦੀ ਘਟਨਾ ਅਤੇ 5 ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਨਾਲ ਵੀ ਜੁੜੇ ਹੋਏ ਸਨ। ਇਹ ਕਬੱਡੀ ਖਿਡਾਰੀ ਸੰਦੀਪ ਸਿੰਘ ਨੰਗਲ ਅੰਬੀਆਂ (2022) ਅਤੇ ਸੁਖਮੀਤ ਸਿੰਘ ਉਰਫ ਡਿਪਟੀ (2021) ਦੇ ਕਤਲਾਂ ਵਿੱਚ ਸਿੱਧੇ ਤੌਰ 'ਤੇ ਸ਼ਾਮਲ ਸਨ। ਡੀਜੀਪੀ ਨੇ ਅੱਗੇ ਕਿਹਾ ਪੁਲੀਸ ਥਾਣਾ ਅੰਮ੍ਰਿਤਸਰ ਵਿਖੇ ਇੱਕ ਐਫਆਈਆਰ ਦਰਜ ਕੀਤੀ ਗਈ ਹੈ।

ਚੰਡੀਗੜ੍ਹ ਮੇਅਰ ਚੋਣ ਤੋਂ ਪਹਿਲਾਂ ਕਾਂਗਰਸ ਨੂੰ ਝਟਕਾ, ਗੁਰਬਖਸ਼ ਰਾਵਤ ਭਾਜਪਾ 'ਚ ਸ਼ਾਮਲ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਚੰਡੀਗੜ੍ਹ ਦੀਆਂ ਮੇਅਰ ਚੋਣਾਂ ਤੋਂ ਪਹਿਲਾਂ ਕਾਂਗਰਸ ਨੂੰ ਝਟਕਾ ਦਿੰਦਿਆਂ ਇਸ ਦੀ ਆਗੂ ਅਤੇ ਨਗਰ ਨਿਗਮ ਵਾਰਡ ਨੰਬਰ 27 ਦੀ ਕੌਂਸਲਰ ਗੁਰਬਖਸ਼ ਰਾਵਤ ਸੋਮਵਾਰ ਨੂੰ ਇੱਥੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਿੱਚ ਸ਼ਾਮਲ ਹੋ ਗਈ ਹੈ।

ਰਾਵਤ ਨੇ ਇੱਥੇ ਸੈਕਟਰ 33 ਸਥਿਤ ਭਾਜਪਾ ਦਫ਼ਤਰ ਕਮਲਮ ਵਿਖੇ ਚੰਡੀਗੜ੍ਹ ਭਾਜਪਾ ਪ੍ਰਧਾਨ ਜਤਿੰਦਰ ਪਾਲ ਮਲਹੋਤਰਾ ਅਤੇ ਸੀਨੀਅਰ ਪਾਰਟੀ ਆਗੂ ਸੰਜੇ ਟੰਡਨ ਦੀ ਮੌਜੂਦਗੀ ਵਿੱਚ ਭਗਵਾ ਧੜੇ ਵਿੱਚ ਸ਼ਮੂਲੀਅਤ ਕੀਤੀ।

ਡਾ. ਅੰਬੇਡਕਰ ਦਾ ਬੁੱਤ ਤੋੜਨ ਦਾ ਮਾਮਲਾ ਭਖ਼ਿਆ, ਦਲਿਤ ਜਥੇਬੰਦੀਆਂ ਵੱਲੋਂ ਅੰਮ੍ਰਿਤਸਰ ਬੰਦ ਦਾ ਸੱਦਾ

ਅੰਮ੍ਰਿਤਸਰ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਇਥੇ ਹੈਰੀਟੇਜ ਸਟਰੀਟ ਵਿੱਚ ਸਥਾਪਿਤ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਭੰਨ-ਤੋੜ ਕਰਨ ਅਤੇ ਅਪਮਾਨ ਕਰਨ ਦਾ ਮਾਮਲਾ ਭਖ਼ ਗਿਆ ਹੈ। ਵੱਖ-ਵੱਖ ਦਲਿਤ ਜਥੇਬੰਦੀਆਂ ਵੱਲੋਂ ਅੰਮ੍ਰਿਤਸਰ ਬੰਦ ਦਾ ਸੱਦਾ ਦਿੱਤਾ ਗਿਆ ਹੈ।

ਅੱਜ ਸਵੇਰੇ ਸ਼ਹਿਰ ਵਿੱਚ ਭੰਡਾਰੀ ਪੁੱਲ 'ਤੇ ਵਾਲਮੀਕ ਭਾਈਚਾਰੇ ਨਾਲ ਸਬੰਧਤ ਕੁਝ ਜਥੇਬੰਦੀਆਂ ਵੱਲੋਂ ਧਰਨਾ ਦੇ ਕੇ ਆਵਾਜਾਈ ਰੋਕ ਦਿੱਤੀ ਗਈ ਹੈ। ਇਸੇ ਤਰ੍ਹਾਂ ਹਾਲ ਗੇਟ ਅਤੇ ਹਾਲ ਬਜ਼ਾਰ ਦੇ ਇਲਾਕੇ ਵਿੱਚ ਦੁਕਾਨਾਂ ਵੀ ਬੰਦ ਹਨ। ਇਸ ਦੇ ਮੱਦੇਨਜ਼ਰ ਸ਼ਹਿਰ ਵਿਚ ਵੱਡੀ ਗਿਣਤੀ ਪੁਲੀਸ ਬਲ ਵੀ ਤਾਇਨਾਤ ਕੀਤਾ ਗਿਆ ਹੈ।

ਦੂਜੇ ਪਾਸੇ ਅੱਜ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ, ਸਾਬਕਾ ਵਿਧਾਇਕ ਰਾਜਕੁਮਾਰ ਵੇਰਕਾ ਤੇ ਹੋਰ ਕਾਂਗਰਸੀਆਂ ਨੇ ਅੱਜ ਇੱਥੇ ਬੁੱਤ ਨੂੰ ਦੁੱਧ ਨਾਲ ਧੋਤਾ ਅਤੇ ਸਾਫ ਸਫਾਈ ਕਰਕੇ ਇਸ ਦਾ ਸਨਮਾਨ ਬਹਾਲ ਕਰਨ ਦਾ ਯਤਨ ਕੀਤਾ ਹੈ। ਸੰਸਦ ਮੈਂਬਰ ਨੇ ਇਸ ਮਾਮਲੇ ਦੀ ਜਾਂਚ ਕਿਸੇ ਜੱਜ ਦੀ ਨਿਗਰਾਨੀ ਹੇਠ ਕੀਤੇ ਜਾਣ ਦੀ ਮੰਗ ਕੀਤੀ।

ਡਾਕਟਰ ਅੰਬੇਡਕਰ ਸਾਹਿਬ ਦੇ ਬੁੱਤ ਦੀ ਬੇਅਦਬੀ ਕਰਨ ਵਾਲੇ ਨੌਜਵਾਨ ਆਕਾਸ਼ ਦੇ ਧਰਮਕੋਟ ਦੇ ਪਿਛੋਕੜ ਵਾਲਾ ਹੋਣ ਦੇ ਖੁਲਾਸੇ ਤੋਂ ਬਾਅਦ ਸਥਾਨਕ ਪੁਲੀਸ ਪ੍ਰਸ਼ਾਸਨ ਉਸਦੇ ਰਿਕਾਰਡ ਨੂੰ ਖੰਗਾਲਣ ਵਿਚ ਲੱਗ ਗਿਆ ਹੈ। ਥਾਣਾ ਦੇ ਮੁਖੀ ਜਤਿੰਦਰ ਸਿੰਘ ਨੇ ਅੱਜ ਦੋਸ਼ੀ ਅਕਾਸ਼ ਦੇ ਘਰ ਜਾ ਕੇ ਪਰਿਵਾਰ ਤੋਂ ਡੂੰਘੀ ਪੁੱਛ ਪੜਤਾਲ ਕੀਤੀ। ਪੁਲੀਸ ਦੇ ਖੁਫ਼ੀਆ ਵਿੰਗ ਨੇ ਵੀ ਸਾਰੇ ਵੇਰਵੇ ਪ੍ਰਾਪਤ ਕਰ ਕੇ ਸਰਕਾਰ ਨੂੰ ਭੇਜੇ ਹਨ।

ਜਾਣਕਾਰੀ ਅਨੁਸਾਰ ਇਹ ਨੌਜਵਾਨ ਇੱਥੋਂ ਦੀ ਚੁੱਘਾ ਬਸਤੀ ਦਾ ਰਹਿਣ ਵਾਲਾ ਹੈ ਅਤੇ ਜ਼ਿਆਦਾਤਰ ਆਪਣੇ ਨਾਨਕੇ ਬੱਘੀਪੁਰਾ ਵਿਚ ਰਹਿੰਦਾ ਸੀ। ਜਾਣਕਾਰੀ ਅਨੁਸਾਰ ਆਕਾਸ਼ ਬਾਰ੍ਹਵੀਂ ਪਾਸ ਕਰਨ ਤੋਂ ਬਾਅਦ ਰੋਜ਼ੀ ਰੋਟੀ ਲਈ ਦੁਬਈ ਚਲਾ ਗਿਆ ਸੀ ਅਤੇ ਕੁੱਝ ਸਮਾਂ ਪਹਿਲਾਂ ਹੀ ਪਰਤ ਕੇ ਅੰਮ੍ਰਿਤਸਰ ਵਿਖੇ ਕਿਰਾਏ ਦਾ ਮਕਾਨ ਲੈ ਕੇ ਰਹਿਣ ਲੱਗਾ ਸੀ।

ਉਧਰ ਨੌਜਵਾਨ ਦੀ ਮਾਤਾ ਆਸ਼ਾ ਮੁਤਾਬਕ ਚਾਰ ਸਾਲ ਪਹਿਲਾਂ ਦੁਬਈ ਜਾਣ ਤੋਂ ਬਾਅਦ ਅਕਾਸ਼ ਉਨ੍ਹਾਂ ਨੂੰ ਕਦੇ ਵੀ ਨਹੀਂ ਮਿਲਿਆ ਹੈ। ਘਟਨਾ ਨੂੰ ਲੈ ਕੇ ਪਰਿਵਾਰ ਵੀ ਡੂੰਘੇ ਸਦਮੇਂ ਵਿਚ ਹੈ। ਉਸ ਦੇ ਅਜਿਹਾ ਕਰਨ ਦੇ ਮਕਸਦ ਤੋਂ ਵੀ ਪਰਿਵਾਰ ਪੂਰੀ ਤਰ੍ਹਾਂ ਅਣਜਾਣ ਹੈ।

ਇਸ ਦੌਰਾਨ ਪੁਲੀਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਇਸ ਮਾਮਲੇ ਵਿੱਚ ਗ੍ਰਿਫਤਾਰ ਕੀਤੇ ਵਿਅਕਤੀ ਖਿਲਾਫ ਕੇਸ ਦਰਜ ਕਰਨ ਅਤੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ ਦਾ ਭਰੋਸਾ ਦਿੱਤਾ ਹੈ। ਗ੍ਰਿਫਤਾਰ ਕੀਤੇ ਵਿਅਕਤੀ ਦੀ ਸ਼ਨਾਖਤ ਆਕਾਸ਼ ਸਿੰਘ ਵਾਸੀ ਧਰਮਕੋਟ, ਜ਼ਿਲ੍ਹਾ ਮੋਗਾ ਵਜੋਂ ਹੋਈ ਹੈ, ਜੋ ਕਿ ਖੁਦ ਵੀ ਐਸਸੀ ਭਾਈਚਾਰੇ ਨਾਲ ਸਬੰਧਤ ਦੱਸਿਆ ਜਾਂਦਾ ਹੈ।

ਮੂਰਤੀ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰਨ ਵਾਲੇ ਨੂੰ ਮਿਸਾਲੀ ਸਜ਼ਾ ਯਕੀਨੀ ਬਣਾਈ ਜਾਵੇਗੀ: ਮੁੱਖ ਮੰਤਰੀ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਨੂੰ ਕਿਹਾ ਕਿ ਅੰਮ੍ਰਿਤਸਰ ਦੀ ਹੈਰੀਟੇਜ ਸਟ੍ਰੀਟ ਵਿਖੇ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਬੀ.ਆਰ. ਅੰਬੇਦਕਰ ਦੀ ਮੂਰਤੀ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰਨ ਵਾਲੇ ਨੂੰ ਮਿਸਾਲੀ ਸਜ਼ਾ ਯਕੀਨੀ ਬਣਾਈ ਜਾਵੇਗੀ।

ਇਸ ਨੂੰ ਬਹੁਤ ਹੀ ਮੰਦਭਾਗੀ ਘਟਨਾ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਨੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਅੰਬੇਦਕਰ ਦਾ ਸਤਿਕਾਰ ਕਰਨ ਵਾਲੇ ਹਰ ਵਿਅਕਤੀ ਦੀ ਮਾਨਸਿਕਤਾ ਨੂੰ ਠੇਸ ਪਹੁੰਚਾਈ ਹੈ। ਉਨ੍ਹਾਂ ਲੋਕਾਂ ਨੂੰ ਸੰਜਮ ਵਰਤਣ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਘਿਨਾਉਣੀਆਂ ਹਰਕਤਾਂ ਕਰਨ ਵਾਲੇ ਸ਼ਰਾਰਤੀ ਅਨਸਰਾਂ ਵਿਰੁੱਧ ਮਿਸਾਲੀ ਕਾਰਵਾਈ ਯਕੀਨੀ ਬਣਾਈ ਜਾਵੇਗੀ। ਭਗਵੰਤ ਸਿੰਘ ਮਾਨ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਕਿਸੇ ਨੂੰ ਵੀ ਸੂਬੇ ਦੀ ਅਮਨ-ਸ਼ਾਂਤੀ ਨੂੰ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਪੰਜਾਬ ਵਿਰੋਧੀ ਤਾਕਤਾਂ ਦੇ ਫਿਰਕੂ ਤਣਾਅ ਪੈਦਾ ਕਰਨ ਦੇ ਮਨਸੂਬਿਆਂ ਨੂੰ ਨੱਥ ਪਾਈ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਅਸ਼ਾਂਤੀ ਪੈਦਾ ਕਰਨ ਦੀ ਕੋਸ਼ਿਸ਼ ਕਰਨ ਵਾਲੇ ਸਮਾਜ ਵਿਰੋਧੀ ਅਤੇ ਦੇਸ਼ ਵਿਰੋਧੀ ਅਨਸਰਾਂ ਦੇ ਨਾਪਾਕ ਮਨਸੂਬਿਆਂ ਨੂੰ ਨਾਕਾਮ ਕਰਨ ਲਈ ਪੂਰੀ ਤਰ੍ਹਾਂ ਚੌਕਸ ਅਤੇ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਜੋ ਵੀ ਵਿਅਕਤੀ ਅਜਿਹੀਆਂ ਕਾਰਵਾਈਆਂ ਰਾਹੀਂ ਸੂਬੇ ਦੀ ਅਮਨ-ਕਾਨੂੰਨ ਦੀ ਸਥਿਤੀ ਨੂੰ ਵਿਗਾੜਨ ਦੀ ਕੋਸ਼ਿਸ਼ ਕਰੇਗਾ, ਉਸ ਵਿਰੁੱਧ ਮਿਸਾਲੀ ਕਾਰਵਾਈ ਕੀਤੀ ਜਾਵੇਗੀ। ਲੋਕਾਂ ਦੇ ਪੂਰਨ ਸਹਿਯੋਗ ਦੀ ਮੰਗ ਕਰਦਿਆਂ ਭਗਵੰਤ ਸਿੰਘ ਮਾਨ ਨੇ ਪੰਜਾਬ ਨੂੰ ਸਭ ਤੋਂ ਵੱਧ ਸ਼ਾਂਤਮਈ ਅਤੇ ਭਾਈਚਾਰਕ ਸਾਂਝ ਵਾਲਾ ਸੂਬਾ ਬਣਾਉਣ ਲਈ ਫਿਰਕੂ ਸਦਭਾਵਨਾ, ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀਆਂ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਲਈ ਲੋਕਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਦੀ ਬੇਨਤੀ ਕੀਤੀ।

ਪਾਕਿਸਤਾਨ 'ਚ ਐਲ.ਪੀ.ਜੀ. ਨਾਲ ਭਰੇ ਟੈਂਕਰ 'ਚ ਧਮਾਕਾ, 6 ਲੋਕਾਂ ਦੀ ਮੌਤ

ਲਾਹੌਰ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪਾਕਿਸਤਾਨ ਦੇ ਪੰਜਾਬ ਸੂਬੇ ਦੇ ਇੱਕ ਉਦਯੋਗਿਕ ਖੇਤਰ ਵਿੱਚ ਤਰਲ ਪੈਟਰੋਲੀਅਮ ਗੈਸ ਨਾਲ ਭਰੇ ਇੱਕ ਟੈਂਕਰ ਵਿੱਚ ਧਮਾਕਾ ਹੋ ਗਿਆ, ਜਿਸ ਵਿੱਚ ਇੱਕ ਨਾਬਾਲਗ ਲੜਕੀ ਸਮੇਤ ਘੱਟੋ-ਘੱਟ ਛੇ ਵਿਅਕਤੀਆਂ ਦੀ ਮੌਤ ਹੋ ਗਈ ਅਤੇ 31 ਜ਼ਖ਼ਮੀ ਹੋ ਗਏ। ਰਾਹਤ ਕਾਰਜ ਦੌਰਾਨ ਅਧਿਕਾਰੀਆਂ ਨੇ ਦੱਸਿਆ ਕਿ ਇਹ ਘਟਨਾ ਮੁਲਤਾਨ ਦੇ ਹਾਮਿਦ ਪੁਰ ਕਨੋਰਾ ਖੇਤਰ ਦੇ ਇੰਡਸਟਰੀਅਲ ਅਸਟੇਟ 'ਚ ਵਾਪਰੀ। ਜੀਓ ਨਿਊਜ਼ ਦੀ ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਸੋਮਵਾਰ ਨੂੰ ਹੋਏ ਐਲਪੀਜੀ ਟੈਂਕਰ ਵਿੱਚ ਹੋਏ ਧਮਾਕੇ ਨਾਲ ਇੱਕ ਵੱਡੀ ਅੱਗ ਲੱਗ ਗਈ, ਜਿਸ ਨਾਲ ਟੁੱਟੇ ਹੋਏ ਵਾਹਨ ਦਾ ਮਲਬਾ ਨੇੜਲੇ ਰਿਹਾਇਸ਼ੀ ਖੇਤਰਾਂ ਵਿੱਚ ਡਿੱਗਿਆ, ਜਿਸ ਨਾਲ ਮਹੱਤਵਪੂਰਨ ਤਬਾਹੀ ਹੋਈ। 10 ਤੋਂ ਵੱਧ ਅੱਗ ਬੁਝਾਊ ਕਈ ਘੰਟਿਆਂ ਦੀ ਮੁਸ਼ੱਕਤ ਤੋਂ ਬਾਅਦ ਅੱਗ ਤੇ ਕਾਬੂ ਪਾਇਆ। ਇਸ ਘਾਤਕ ਧਮਾਕੇ 'ਚ ਸ਼ੁਰੂਆਤੀ ਤੌਰ 'ਤੇ ਕੁੱਲ ਪੰਜ ਲੋਕਾਂ ਦੇ ਮਾਰੇ ਜਾਣ ਦੀ ਸੂਚਨਾ ਸੀ।

ਹਾਲਾਂਕਿ ਬਚਾਅ ਅਧਿਕਾਰੀਆਂ ਨੇ ਧਮਾਕੇ ਨਾਲ ਨੁਕਸਾਨੇ ਗਏ ਇੱਕ ਘਰ ਤੋਂ ਇੱਕ ਹੋਰ ਲਾਸ਼ ਬਰਾਮਦ ਕਰਨ ਤੋਂ ਬਾਅਦ ਮਰਨ ਵਾਲਿਆਂ ਦੀ ਗਿਣਤੀ ਵੱਧ ਕੇ ਛੇ ਹੋ ਗਈ। ਰਿਪੋਰਟ ਵਿਚ ਕਿਹਾ ਗਿਆ ਹੈ ਕਿ ਮ੍ਰਿਤਕਾਂ ਵਿਚ ਇਕ ਨਾਬਾਲਗ ਲੜਕੀ ਅਤੇ ਦੋ ਔਰਤਾਂ ਸ਼ਾਮਲ ਹਨ। ਪੁਲੀਸ ਨੇ ਦੱਸਿਆ ਕਿ ਧਮਾਕੇ ਵਾਲੀ ਥਾਂ ਦੇ ਆਸ-ਪਾਸ ਦੇ ਘੱਟੋ-ਘੱਟ 20 ਘਰ ਪੂਰੀ ਤਰ੍ਹਾਂ ਮਲਬੇ 'ਚ ਡਿੱਗ ਗਏ, ਜਦਕਿ 70 ਨੂੰ ਅੰਸ਼ਕ ਤੌਰ 'ਤੇ ਨੁਕਸਾਨ ਪਹੁੰਚਿਆ ਹੈ।

ਅਣਵਿਆਹੇ ਜੋੜੇ ਦੀਆਂ ਲਾਸ਼ਾਂ ਦਰੱਖਤ ਨਾਲ ਲਟਕਦੀਆਂ ਮਿਲੀਆਂ

ਬੁਲੰਦਸ਼ਹਿਰ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਉੱਤਰ ਪ੍ਰਦੇਸ਼ ਦੇ ਬੁਲੰਦਸ਼ਹਿਰ ਜ਼ਿਲ੍ਹੇ ਵਿੱਚ ਸੋਮਵਾਰ ਨੂੰ ਇੱਕ ਲੜਕਾ ਅਤੇ ਲੜਕੀ ਦੀ ਲਾਸ਼ ਦਰੱਖਤ ਨਾਲ ਲਟਕਦੀ ਮਿਲੀ। ਅਧਿਕਾਰੀਆਂ ਨੇ ਦੱਸਿਆ ਕਿ ਛੇਤਰੀ ਖੇਤਰ ਦੇ ਪੰਡਰਾਵਾਲ ਪਿੰਡ ਤੋਂ ਕਰਨ (25) ਅਤੇ ਖੁਸ਼ੀ (19) ਦੀਆਂ ਲਾਸ਼ਾਂ ਪਿੰਡ ਦੇ ਬਾਹਰਵਾਰ ਮਿਲੀਆਂ ਹਨ। ਦਿਬਈ ਸਰਕਲ ਅਧਿਕਾਰੀ (ਸੀਓ) ਸ਼ੋਭਿਤ ਕੁਮਾਰ ਨੇ ਦੱਸਿਆ ਕਿ ਘਟਨਾ ਦੀ ਸੂਚਨਾ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚ ਗਈ, ਦਰੱਖਤ ਨਾਲ ਇੱਕ ਆਦਮੀ ਅਤੇ ਔਰਤ ਦੀਆਂ ਲਾਸ਼ਾਂ ਲਟਕ ਰਹੀਆਂ ਸਨ। ਉਨ੍ਹਾਂ ਕਿਹਾ ਕਿ ਮੌਕੇ ਤੋਂ ਸਬੂਤ ਇਕੱਠੇ ਕਰਨ ਲਈ ਫੋਰੈਂਸਿਕ ਟੀਮ ਨੂੰ ਬੁਲਾਇਆ ਗਿਆ ਸੀ। ਅਧਿਕਾਰੀ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਦਾ ਹੈ ਕਿ ਉਨ੍ਹਾਂ ਨੇ ਖੁਦਕੁਸ਼ੀ ਕੀਤੀ ਹੈ। ਸੀਓ ਨੇ ਦੱਸਿਆ ਕਿ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ ਅਤੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

ਗਣਤੰਤਰਤਾ ਦਿਵਸ ਮੌਕੇ ਸ੍ਰੀ ਮੁਕਤਸਰ ਸਾਹਿਬ ਵਿਖੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਲਹਿਰਾਇਆ ਕੌਮੀ ਝੰਡਾ

ਸ੍ਰੀ ਮੁਕਤਸਰ ਸਾਹਿਬ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਲਾਲ ਚੰਦ ਕਟਾਰੂਚੱਕ, ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਅਤੇ ਜੰਗਲਾਤ ਮੰਤਰੀ ਪੰਜਾਬ ਨੇ ਗਣਤੰਤਰਤਾ ਦਿਵਸ ਮੌਕੇ ਗੁਰੂ ਗੋਬਿੰਦ ਸਿੰਘ ਖੇਡ ਸਟੇਡੀਅਮ ਸ੍ਰੀ ਮੁਕਤਸਰ ਸਾਹਿਬ ਵਿਖੇ ਕੌਮੀ ਝੰਡਾ ਲਹਿਰਾਇਆ ਅਤੇ ਪਰੇਡ ਤੋਂ ਸਲਾਮੀ ਲਈ। ਇਸ ਮੌਕੇ ਉਹਨਾਂ ਪੰਜਾਬ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ 26 ਜਨਵਰੀ 1950 ਨੂੰ ਭਾਰਤੀ ਸੰਵਿਧਾਨ ਲਾਗੂ ਹੋਣ ਨਾਲ ਭਾਰਤੀ ਗਣਤਰਾਜ ਦੀ ਸਥਾਪਨਾ ਹੋਈ। ਉਹਨਾਂ ਕਿਹਾ ਭਾਰਤੀ ਸੰਵਿਧਾਨ ਨੂੰ ਤਿਆਰ ਕਰਨ ਵਾਲੇ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਦਕਰ ਦੇ ਵੱਡਮੁੱਲੇ ਯੋਗਦਾਨ ਦਾ ਜਿਕਰ ਕਰਦਿਆਂ ਕਿਹਾ ਕਿ ਇਸ ਸੰਵਿਧਾਨ ਸਦਕਾ ਸਾਰੇ ਦੇਸ਼ ਵਾਸੀ ਅਸੀ ਸਾਰੀਆਂ ਜਾਤਾਂ,ਪਾਤਾ, ਉਚ ਨੀਚ ਅਤੇ ਸਾਰੇ ਧਰਮਾਂ ਤੋਂ ਉਪਰ ਉਠ ਕੇ ਭਰਾਤਰੀ ਭਾਵ ਨਾਲ ਆਪਣਾ ਜੀਵਨ ਬਤੀਤ ਕਰ ਰਹੇ ਹਾਂ। ਉਹਨਾਂ ਅੱਗੇ ਕਿਹਾ ਕਿ ਬੇਰੁਜ਼ਗਾਰੀ ਦੀ ਸਮੱਸਿਆ ਨੂੰ ਖਤਮ ਕਰਨ ਲਈ ਸ.ਭਗਵੰਤ ਸਿੰਘ ਦੀ ਅਗਵਾਈ ਵਾਲੀ ਸਰਕਾਰ ਵਲੋਂ 50 ਹਜ਼ਾਰ ਤੋਂ ਵੱਧ ਯੁਵਕਾਂ ਦੀ ਬਿਨ੍ਹਾਂ ਕਿਸੇ ਸਿ ?ਫਾਰਸ ਤੇ ਵੱਖ-ਵੱਖ ਵਿਭਾਗਾਂ ਵਿੱਚ ਭਰਤੀ ਕੀਤੀ ਗਈ ਹੈ। ਸਾਡੀ ਸਰਕਾਰ ਫ਼ੌਜੀ ਜਵਾਨਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਸਾਬਕਾ ਫ਼ੌਜੀਆਂ ਦੀ ਭਲਾਈ ਲਈ ਵੀ ਦ੍ਰਿੜ੍ਹ ਸੰਕਲਪ ਹੈ। ਰਾਜ ਸਰਕਾਰ ਨੇ ਸ਼ਹੀਦ ਜਵਾਨਾਂ ਦੇ ਵਾਰਿਸਾਂ ਲਈ ਐਕਸ-ਗ੍ਰੇਸ਼ੀਆ ਰਾਸ਼ੀ 50 ਲੱਖ ਰੁਪਏ ਤੋਂ ਵਧਾ ਕੇ 1 ਕਰੋੜ ਰੁਪਏ ਕੀਤੀ ਹੈ। ਸਾਡੀ ਸਰਕਾਰ ਨੇ ਇਸ ਵਿੱਤੀ ਸਹਾਇਤਾ ਸਕੀਮ ਅਧੀਨ ਅਗਨੀਵੀਰਾਂ ਨੂੰ ਵੀ ਸ਼ਾਮਲ ਕੀਤਾ ਹੈ। ਸਰਕਾਰ ਵਲੋਂ ਬਿਨ੍ਹਾਂ ਕਿਸੇ ਵਿਤਕਰੇ ਤੋਂ ਹਰ ਵਰਗ ਦਾ ਮੁਫਤ ਬਿਜਲੀ ਦੇ ਐਲਾਨ ਤੋਂ ਬਾਅਦ ਸੂਬੇ ਦੇ 90 ਫੀਸਦੀ ਘਰੇਲੂ ਖਪਤਕਾਰਾਂ ਨੂੰ ਜੀਰੋ ਬਿਜਲੀ ਬਿੱਲ ਆ ਰਹੇ ਹਨ।

ਸੂਬਾ ਸਰਕਾਰ ਵੱਲੋਂ ਪਿਛਲੇ ਸਾਲ ਗੋਇੰਦਵਾਲ ਪਾਵਰ ਪਲਾਂਟ ਨੂੰ 1080 ਕਰੋੜ ਰੁਪਏ ਦੀ ਲਾਗਤ ਨਾਲ ਖਰੀਦਿਆ ਗਿਆ।

ਭਾਰਤ ਵਿੱਚ ਕਿਸੇ ਸੂਬਾ ਸਰਕਾਰ ਦੁਆਰਾ ਇੱਕ ਪ੍ਰਾਈਵੇਟ ਪਾਵਰ ਪਲਾਂਟ ਖਰੀਦਣ ਦੀ ਇਹ ਪਹਿਲੀ ਘਟਨਾ ਹੈ, ਇਸ ਪਾਵਰ ਪਲਾਂਟ ਦਾ ਨਾਂ ਸ੍ਰੀ ਗੁਰੂ ਅਮਰਦਾਸ ਜੀ ਦੇ ਨਾਮ ▾ਤੇ ਰੱਖਿਆ ਹੈ।

ਉਹਨਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਖੇਤਾਂ ਲਈ ਮੁਫਤ ਬਿਜਲੀ ਦੀ ਸਹੂਲਤ ਵੀ ਜਾਰੀ ਰੱਖੀ ਹੋਈ ਹੈ ਅਤੇ ਮੌਜੂਦਾ ਵਿੱਤੀ ਸਾਲ ਲਈ ਮੁਫਤ ਬਿਜਲੀ ਦੀ ਸਹੂਲਤ ਲਈ ਕੁੱਲ 9330 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ। ਵਿੱਤੀ ਵਰ੍ਹੇ 2023-24 ਲਈ ਪੰਜਾਬ ਸਰਕਾਰ ਨੇ ਪੀ.ਐਸ.ਪੀ.ਸੀ.ਐਲ. ਨੂੰ 18,276 ਕਰੋੜ ਰੁਪਏ ਤੋਂ ਵੱਧ ਦੀ ਸਬਸਿਡੀ ਦਾ ਭੁਗਤਾਨ ਕੀਤਾ ਹੈ। ਵਿੱਤੀ ਸਾਲ 2024-25 ਦੌਰਾਨ ਹੁਣ ਤੱਕ 9251 ਕਰੋੜ ਰੁਪਏ ਦੀ ਸਬਸਿਡੀ ਦਾ ਭੁਗਤਾਨ ਕੀਤਾ ਜਾ ਚੁੱਕਾ ਹੈ।

ਪੰਜਾਬ ਦੇ ਗੰਨਾਂ ਕਾਸ਼ਤਕਾਰਾਂ ਨੂੰ ਦੇਸ਼ ਵਿਚੋਂ ਸਭ ਤੋਂ ਵੱਧ 401 ਰੁਪਏ ਪ੍ਰਤੀ ਕੁਇੰਟਲ ਗੰਨੇ ਦਾ ਭਾਅ ਦਿੱਤਾ ਜਾ ਰਿਹਾ ਹੈ। ਪਿੜਾਈ ਸਾਲ 2023-24 ਦੌਰਾਨ, ਪੰਜਾਬ ਸਰਕਾਰ ਨੇ ਗੰਨਾ ਕਾਸ਼ਤਕਾਰਾਂ ਨੂੰ ਸਾਰੀ ਅਦਾਇਗੀ ਕਰ ਦਿੱਤੀ ਹੈ। ਗੰਨੇ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਬਤੌਰ ਸਬਸਿਡੀ 242.43 ਕਰੋੜ ਰੁਪਏ ਦੀ ਰਕਮ ਸਿੱਧੀ ਗੰਨਾ ਕਾਸ਼ਤਕਾਰਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਗਈ।

76ਵੇਂ ਗਣਤੰਤਰ ਦਿਵਸ ਮੌਕੇ ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਲਹਿਰਾਇਆ ਕੌਮੀ ਝੰਡਾ

➢ ਦੇਸ਼ ਦੀ ਆਜ਼ਾਦੀ ਲਈ ਜਾਨਾਂ ਵਾਰਨ ਵਾਲੇ ਸੂਰਬੀਰਾਂ ਨੂੰ ਕੀਤਾ ਯਾਦ ➢ ਪੰਜਾਬ ਸਰਕਾਰ ਸ਼ਹੀਦਾਂ ਦੇ ਸੁਪਨੇ ਸਾਕਾਰ ਕਰਨ ਲਈ ਵਚਨਬੱਧ

ਚੰਡੀਗੜ੍ਹ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਆ ਅਤੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ 76ਵੇਂ ਗਣਤੰਤਰ ਦਿਵਸ ’ਤੇ ਆਈ.ਟੀ.ਆਈ ਗਰਾਊਂਡ ਨਵਾਂ ਸ਼ਹਿਰ ਵਿਖੇ ਆਯੋਜਿਤ ਜ਼ਿਲ੍ਹਾ ਪੱਧਰੀ ਸਮਾਗਮ ਵਿਚ ਕੌਮੀ ਝੰਡਾ ਲਹਿਰਾਇਆ। ਕੈਬਨਿਟ ਮੰਤਰੀ ਨੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ, ਐਸ.ਐਸ.ਪੀ ਡਾ. ਮਹਿਤਾਬ ਸਿੰਘ ਅਤੇ ਪਰੇਡ ਕਮਾਂਡਰ ਡੀ.ਐਸ.ਪੀ ਸ਼ਾਹਬਾਜ਼ ਸਿੰਘ ਸਮੇਤ ਪਰੇਡ ਦਾ ਨਿਰੀਖਣ ਕਰਨ ਉਪਰੰਤ ਸ਼ਾਨਦਾਰ ਮਾਰਚ ਪਾਸਟ ਤੋਂ ਸਲਾਮੀ ਲਈ। ਇਸ ਮੌਕੇ ਉਨ੍ਹਾਂ ਆਜ਼ਾਦੀ ਘੁਲਾਟੀਆਂ, ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਅਤੇ ਵਿਲੱਖਣ ਪ੍ਰਾਪਤੀਆਂ ਕਰਨ ਵਾਲੀਆਂ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਅਤੇ ਲੋੜਵੰਦਾਂ ਨੂੰ ਟਰਾਈ ਸਾਈਕਲ ਅਤੇ ਸਿਲਾਈ ਮਸ਼ੀਨਾਂ ਸੌਂਪੀਆਂ।

ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਦੇਸ਼ ਭਗਤੀ ’ਤੇ ਆਧਾਰਿਤ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ ਗਈ ਅਤੇ ਗਿੱਧੇ ਤੇ ਭੰਗੜੇ ਦੀਆਂ ਧਮਾਲਾਂ ਪਈਆਂ। ਸਮਾਗਮ ਦੌਰਾਨ ਵੱਖ-ਵੱਖ ਵਿਭਾਗਾਂ ਦੀਆਂ ਪ੍ਰਾਪਤੀਆਂ ਨੂੰ ਦਰਸਾਉਂਦੀਆਂ ਝਾਕੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ। ਇਸ ਦੌਰਾਨ ਉਨ੍ਹਾਂ ਨਾਲ ਵਿਧਾਇਕ ਬੰਗਾ ਅਤੇ ਪੰਜਾਬ ਰਾਜ ਕੰਟੇਨਰ ਤੇ ਵੇਅਰ ਹਾਊਸ ਕਾਰਪੋਰੇਸ਼ਨ ਦੇ ਚੇਅਰਮੈਨ ਡਾ. ਸੁਖਵਿੰਦਰ ਕੁਮਾਰ ਸੁੱਖੀ, ਵਿਧਾਇਕਾ ਬਲਾਚੌਰ ਸੰਤੋਸ਼ ਕਟਾਰੀਆ ਅਤੇ ਵਿਧਾਇਕ ਨਵਾਂਸ਼ਹਿਰ ਨਛੱਤਰ ਪਾਲ ਨੇ ਵੀ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ।

ਇਸ ਦੌਰਾਨ ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਜਿਥੇ ਜ਼ਿਲ੍ਹਾ ਵਾਸੀਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੰਦਿਆਂ ਦੇਸ਼ ਦੀ ਆਜ਼ਾਦੀ ਲਈ ਲੜੇ ਲੰਬੇ ਸੰਘਰਸ਼ ਵਿਚ ਆਪਣੀਆਂ ਜਾਨਾਂ ਵਾਰਨ ਵਾਲੇ ਹਜ਼ਾਰਾਂ ਦੇਸ਼ ਭਗਤ ਸੂਰਬੀਰਾਂ ਨੂੰ ਆਪਣਾ ਦਿਲੋਂ ਸਨਮਾਨ ਭੇਟ ਕੀਤਾ, ਉਥੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਦੇ ਵਡਮੁੱਲੇ ਯੋਗਦਾਨ ਨੂੰ ਵੀ ਸਿਜਦਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਅਹੁਦੇ ਦੀ ਸਹੁੰ ਵੀ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਚੁੱਕੀ ਸੀ। ਇਸ ਤੋਂ ਇਲਾਵਾ ਪੰਜਾਬ ਸਰਕਾਰ ਨੇ ਅਹਿਮ ਫੈਸਲਾ ਲੈਂਦਿਆਂ ਸਰਕਾਰੀ ਦਫਤਰਾਂ ਵਿਚ ਸ਼ਹੀਦ ਭਗਤ ਸਿੰਘ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਦੀਆਂ ਤਸਵੀਰਾਂ ਲਗਾਈਆਂ। ਮੁਹਾਲੀ ਕੌਮਾਂਤਰੀ ਹਵਾਈ ਅੱਡੇ ਦਾ ਨਾਮ ਸ਼ਹੀਦ ਭਗਤ ਸਿੰਘ ਦੇ ਨਾਂ ਉੱਤੇ ਰੱਖਣ ਵਿਚ ਅਹਿਮ ਭੂਮਿਕਾ ਨਿਭਾਉਣ ਉਪਰੰਤ ਹੁਣ ਪੰਜਾਬ ਸਰਕਾਰ ਨੇ ਉਥੇ ਸ਼ਹੀਦ-ਏ-ਆਜ਼ਮ ਦਾ ਬੁੱਤ ਸਥਾਪਿਤ ਕੀਤਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਸੂਬਾ ਸਰਕਾਰ ਸ਼ਹੀਦ-ਏ-ਆਜ਼ਮ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਇਕ 850 ਮੀਟਰ ਲੰਬੀ ਵਿਰਾਸਤੀ ਗਲੀ ਦਾ ਨਿਰਮਾਣ ਕਰੇਗੀ, ਜੋ ਕੌਮੀ ਆਜ਼ਾਦੀ ਸੰਗਰਾਮ ਵਿਚ ਪੰਜਾਬ ਅਤੇ ਪੰਜਾਬੀਆਂ ਦੇ ਸ਼ਾਨਦਾਰ ਯੋਗਦਾਨ ਨੂੰ ਦਰਸਾਏਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਫ਼ੌਜੀ ਜਵਾਨਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਸਾਬਕਾ ਫੌਜੀਆਂ ਦੀ ਭਲਾਈ ਲਈ ਵੀ ਦ੍ਰਿੜ ਸੰਕਲਪ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸ਼ਹੀਦ ਜਵਾਨਾਂ ਦੇ ਵਾਰਿਸਾਂ ਲਈ ਐਕਸ ਗ੍ਰੇਸ਼ੀਆ ਰਾਸ਼ੀ 50 ਲੱਖ ਰੁਪਏ ਤੋਂ ਵਧਾ ਕੇ ਇਕ ਕਰੋੜ ਰੁਪਏ ਕੀਤੀ ਹੈ ਅਤੇ ਇਸ ਵਿੱਤੀ ਸਹਾਇਤਾ ਸਕੀਮ ਵਿੱਚ ਅਗਨੀਵੀਰਾਂ ਨੂੰ ਵੀ ਸ਼ਾਮਿਲ ਕੀਤਾ ਗਿਆ ਹੈ। ਦੇਸ਼ ਦੀ ਸੁਰੱਖਿਆ ਲਈ ਜਾਨ ਵਾਰਨ ਵਾਲੇ ਪੁਲਿਸ ਕਰਮਚਾਰੀਆਂ ਦੇ ਪਰਿਵਾਰਾਂ ਨੂੰ ਵੀ ਇਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦੇਣ ਦਾ ਪ੍ਰਬੰਧ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਧਰਮੀ ਫ਼ੌਜੀਆਂ ਨੂੰ ਦਿੱਤੀ ਜਾਂਦੀ ਵਿੱਤੀ ਸਹਾਇਤਾ 10 ਹਜ਼ਾਰ ਤੋਂ ਵਧਾ ਕੇ 12 ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰ ਦਿੱਤੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਆਜ਼ਾਦੀ ਘੁਲਾਟੀਏ ਸਾਡਾ ਮਾਣ ਹਨ ਅਤੇ ਸਰਕਾਰ ਨੇ ਸੂਬੇ ਦੇ ਆਜ਼ਾਦੀ ਘੁਲਾਟੀਆਂ ਜਾਂ ਉਨ੍ਹਾਂ ਦੇ ਵਾਰਿਸਾਂ ਨੂੰ ਮਿਲਦੀ ਪੈਨਸ਼ਨ 9400 ਤੋਂ ਵਧਾ ਕੇ 11 ਹਜ਼ਾਰ ਰੁਪਏ ਪ੍ਰਤੀ ਮਹੀਨਾ ਕੀਤੀ ਹੈ। ਉਨ੍ਹਾਂ ਕਿਹਾ ਕਿ ਸੁਤੰਤਰਤਾ ਸੰਗਰਾਮੀਆਂ ਦੇ ਵਾਰਿਸਾਂ ਨੂੰ ਪੰਜਾਬ ਸਰਕਾਰ ਦੀ ਸਿੱਧੀ ਭਰਤੀ ਵਿਚ ਰਾਖਵਾਂਕਰਨ ਦਾ ਵੀ ਉਪਬੰਧ ਹੈ। ਉਨ੍ਹਾਂ ਕਿਹਾ ਕਿ ਫ਼ਸਲੀ ਵਿਭਿੰਨਤਾ ’ਤੇ ਵੀ ਸੂਬਾ ਸਰਕਾਰ ਦਾ ਵਿਸ਼ੇਸ਼ ਧਿਆਨ ਹੈ ਅਤੇ ਬਾਗਬਾਨੀ ਅਧੀਨ ਰਕਬਾ 4 ਲੱਖ 39 ਹਜ਼ਾਰ 210 ਹੈਕਟੇਅਰ ਤੋਂ ਵੱਧ ਕੇ 4 ਲੱਖ 81 ਹਜ਼ਾਰ 743 ਹੈਕਟੇਅਰ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਰੋਜ਼ਗਾਰ, ਸਿਹਤ, ਸਿੱਖਿਆ, ਮੁਫ਼ਤ ਬਿਜਲੀ ਅਤੇ ਹੋਰ ਪ੍ਰਸ਼ਾਸਕੀ ਸੁਧਾਰ ਪੰਜਾਬ ਸਰਕਾਰ ਦੇ ਮੁੱਖ ਏਜੰਡੇ ਹਨ ਅਤੇ ਇਨ੍ਹਾਂ ਖੇਤਰਾਂ ਵਿਚ ਕ੍ਰਾਂਤੀਕਾਰੀ ਕੰਮ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਪੰਜਾਬ ਸਰਕਾਰ ਨੇ ਖੇਡਾਂ ਅਤੇ ਸੈਰ ਸਪਾਟੇ ਨੂੰ ਉਤਸ਼ਾਹਿਤ ਕਰਨ, ਧਰਤੀ ਹੇਠਲੇ ਪਾਣੀ ਨੂੰ ਬਚਾਉਣ, ਖੇਤੀਬਾੜੀ ਦੇ ਸਹਾਇਕ ਧੰਦਿਆਂ ਨੂੰ ਉਤਸ਼ਾਹਿਤ ਕਰਨ, ਪਰਾਲੀ ਦੀ ਸਾਂਭ-ਸੰਭਾਲ, ਗੰਨਾ ਕਾਸ਼ਤਕਾਰਾਂ ਦੀ ਬਾਂਹ ਫੜਨ, ਪਿੰਡਾਂ ਵਿਚ ਲਾਇਬ੍ਰੇਰੀਆਂ ਸਥਾਪਿਤ ਕਰਨ, ਪਿੰਡਾਂ ਅਤੇ ਸ਼ਹਿਰਾਂ ਦੇ ਚਹੁੰ ਮੁਖੀ ਵਿਕਾਸ, ਸੜਕੀ ਢਾਂਚੇ ਦੀ ਮਜ਼ਬੂਤੀ, ਉਦਯੋਗਿਕ ਖੇਤਰ ਦੀ ਤਰੱਕੀ ਅਤੇ ਨਿਵੇਸ਼ ਲਈ ਸਾਜ਼ਗਾਰ ਮਾਹੌਲ ਸਿਰਜਣ ਲਈ ਵਿਸ਼ੇਸ਼ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੜਕ ਸੁਰੱਖਿਆ ਫੋਰਸ, ਫਰਿਸ਼ਤੇ ਸਕੀਮ, ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਰਗੀਆਂ ਨਿਵੇਕਲੀਆਂ ਪਹਿਲਕਦਮੀਆਂ ਤੋਂ ਇਲਾਵਾ ਐਨ.ਆਰ.ਆਈ ਪੰਜਾਬੀਆਂ ਦੇ ਮਸਲੇ ਆਨਲਾਈਨ ਢੰਗ ਨਾਲ ਹੱਲ ਕਰਨ ਅਤੇ ਨਵੀਂ ਦਿੱਲੀ ਹਵਾਈ ਅੱਡੇ ਉੱਤੇ ਫੈਸਿਲਟੇਸ਼ਨ ਸੈਂਟਰ ਸਥਾਪਿਤ ਕਰਨ ਵਰਗੇ ਅਹਿਮ ਉਪਰਾਲੇ ਕੀਤੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਨੂੰ ਮੁੜ ਰੰਗਲਾ, ਹੱਸਦਾ-ਖੇਡਦਾ ਤੇ ਖੁਸ਼ਹਾਲ ਪੰਜਾਬ ਬਣਾਉਣ ਲਈ ਤਤਪਰ ਹੈ ਅਤੇ ਇਸ ਦਿਸ਼ਾ ਵਿਚ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮਹਿਮਾਨ ਨੂੰ ਸ਼ਾਨਦਾਰ ਯਾਦਗਾਰੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨ ਵੱਲੋਂ ਆਈ.ਟੀ.ਆਈ ਗਰਾਊਂਡ ਲਈ ਆਪਣੇ ਅਖਤਿਆਰੀ ਫੰਡ ਵਿਚੋਂ 5 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਗਿਆ। ਇਸੇ ਤਰ੍ਹਾਂ ਉਨ੍ਹਾਂ ਜ਼ਿਲ੍ਹੇ ਦੇ ਸਾਰੇ ਸਕੂਲਾਂ ਵਿਚ 28 ਜਨਵਰੀ ਨੂੰ ਛੁੱਟੀ ਦਾ ਐਲਾਨ ਕੀਤਾ।

ਇਸ ਮੌਕੇ ਏ.ਡੀ.ਜੀ.ਪੀ (ਪ੍ਰੋਵੀਜ਼ਨਿੰਗ) ਨਾਗੇਸ਼ਵਰ ਰਾਓ, ਜ਼ਿਲ੍ਹਾ ਤੇ ਸੈਸ਼ਨ ਜੱਜ ਪ੍ਰਿਆ ਸੂਦ, ਪੰਜਾਬ ਰਾਜ ਤਕਨੀਕੀ ਸਿੱਖਿਆ ਬੋਰਡ ਦੇ ਉੱਪ ਚੇਅਰਮੈਨ ਲਲਿਤ ਮੋਹਨ ਪਾਠਕ ’ਬੱਲੂ’, ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਕਾਰਪੋਰੇਸ਼ਨ ਦੇ ਉੱਪ ਚੇਅਰਮੈਨ ਕੁਲਜੀਤ ਸਿੰਘ ਸਰਹਾਲ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ, ਨਗਰ ਸੁਧਾਰ ਟਰੱਸਟ ਨਵਾਂਸ਼ਹਿਰ ਦੇ ਚੇਅਰਮੈਨ ਸਤਨਾਮ ਸਿੰਘ ਜਲਵਾਹਾ, ਮਾਰਕੀਟ ਕਮੇਟੀ ਨਵਾਂਸ਼ਹਿਰ ਦੇ ਚੇਅਰਮੈਨ ਗਗਨ ਅਗਨੀਹੋਤਰੀ, ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ, ਐਸ.ਡੀ.ਐਮ ਨਵਾਂਸ਼ਹਿਰ ਡਾ. ਅਕਸ਼ਿਤਾ ਗੁਪਤਾ ਤੋਂ ਇਲਾਵਾ ਨਿਆਇਕ, ਸਿਵਲ ਤੇ ਪੁਲਿਸ ਅਧਿਕਾਰੀ ਅਤੇ ਹੋਰ ਪਤਵੰਤੇ ਵੱਡੀ ਗਿਣਤੀ ਵਿਚ ਮੌਜੂਦ ਸਨ।

ਪੰਜਾਬ ਸਰਕਾਰ ਸੂਬੇ ਦੀ ਤਰੱਕੀ ਤੇ ਸਰਵਪੱਖੀ ਵਿਕਾਸ ਲਈ ਵਚਨਬੱਧ:ਸੰਧਵਾਂ

➢ ਪੰਜ ਤਖਤ ਸਾਹਿਬਾਨਾਂ ਦੀ ਹਵਾਈ ਯਾਤਰਾ ਸ਼ੁਰੂ ਕਰਨ ਲਈ ਯਤਨ ਕਰਾਂਗੇ ➢ ਕੇਦਰ ਸਰਕਾਰ ਹੱਠ ਛੱਡ ਕੇ ਕਿਸਾਨਾਂ ਦੇ ਮਸਲੇ ਤੁਰੰਤ ਹੱਲ ਕਰੇ

ਚੰਡੀਗੜ੍ਹ/ਫ਼ਰੀਦਕੋਟ 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

76ਵੇਂ ਆਜ਼ਾਦੀ ਦਿਵਸ ਦੇ ਸਬੰਧ ਵਿੱਚ ਇੱਥੋਂ ਦੇ ਨਹਿਰੂ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਗਣਤੰਤਰਤਾ ਦਿਵਸ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਮੌਕੇ ਐਮ.ਐਲ.ਏ ਫਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ, ਐਮ.ਐਲ.ਏ ਜੈਤੋ ਸ. ਅਮੋਲਕ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਮੌਕੇ ਉਨ੍ਹਾਂ ਪਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਤੋਂ ਸਲਾਮੀ ਵੀ ਲਈ।ਇਸ ਮੌਕੇ ਆਪਣੇ ਸੰਬੋਧਨ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਭਾਰਤ ਨੂੰ ਆਪਣੇ ਮਹਾਨ ਯੋਧਿਆਂ ,ਸੂਰਬੀਰਾਂ ਦੀਆਂ ਕੁਰਬਾਨੀਆਂ ਅਤੇ ਆਜ਼ਾਦੀ ਘੁਲਾਟੀਆਂ ਦੇ ਸੰਘਰਸ਼ ਸਦਕਾ ਹੀ ਆਜ਼ਾਦੀ ਮਿਲੀ ਹੈ ਤੇ 26 ਜਨਵਰੀ 1950 ਨੂੰ ਭਾਰਤੀ ਸੰਵਿਧਾਨ ਲਾਗੂ ਹੋਇਆ। ਭਾਰਤ ਨੂੰ ਦੁਨੀਆ ਦੀ ਸਭ ਤੋਂ ਵੱਡੀ ਜਮਹੂਰੀਅਤ ਹੋਣ ਦਾ ਮਾਣ ਪ੍ਰਾਪਤ ਹੈ। ਉਨ੍ਹਾਂ ਕਿਹਾ ਕਿ ਮੈਂ ਇਸ ਮੌਕੇ ਆਪਣੇ ਮਹਾਨ ਸੂਰਬੀਰਾਂ, ਦੇਸ਼ ਭਗਤਾਂ ਨੂੰ ਨਤਮਸਤਕ ਹੁੰਦਾ ਹੋਇਆ ਪੰਜਾਬ ਤੇ ਦੇਸ਼ ਦੀ ਤਰੱਕੀ ਤੇ ਖੁਸ਼ਹਾਲੀ ਦੀ ਕਾਮਨਾ ਕਰਦਾ ਹਾਂ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਰਾਜ ਦੇ ਸਰਬਪੱਖੀ ਵਿਕਾਸ ਤੇ ਤਰੱਕੀ ਲਈ ਵਚਨਬੱਧ ਹੈ ਤੇ ਪਿਛਲੇ ਤਿੰਨ ਸਾਲਾਂ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਦੇ ਲੋਕਾਂ ਦੇ ਹਿੱਤ,ਤਰੱਕੀ ਅਤੇ ਵਿਕਾਸ ਲਈ ਇਤਿਹਾਸਿਕ ਫੈਸਲੇ ਲਏ ਗਏ ਹਨ।

ਸ. ਸੰਧਵਾਂ ਨੇ ਕਿਹਾ ਕਿ ਪੰਜਾਬ ਗੁਰੂਆਂ ਤੇ ਪੀਰਾਂ ਦੀ ਧਰਤੀ ਹੈ ਤੇ ਪੰਜਾਬ ਸਰਕਾਰ ਕੇਂਦਰ ਸਰਕਾਰ ਨਾਲ ਤਾਲਮੇਲ ਕਰਕੇ ਪੰਜ ਤਖਤ ਸਾਹਿਬਾਨਾਂ ਦੀ ਹਵਾਈ ਯਾਤਰਾ ਸ਼ੁਰੂ ਕਰਨ ਦੀ ਚਾਹਵਾਨ ਹੈ । ਇਸ ਨਾਲ ਦੇਸ਼ ਤੇ ਵਿਦੇਸ਼ ਦੇ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ ।ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਦੀ ਸਿਹਤ ਇਲਾਜ ਲਈ ਪੰਜਾਬ ਸਰਕਾਰ ਏਅਰ ਐਂਬੂਲੈਂਸ ਸੇਵਾ ਵੀ ਸ਼ੁਰੂ ਕਰੇਗੀ। ਸ. ਸੰਧਵਾਂ ਨੇ ਕੇਂਦਰ ਨੂੰ ਅਪੀਲ ਕੀਤੀ ਕਿ ਉਹ ਆਪਣਾ ਹੱਠ ਛੱਡ ਕੇ ਰਾਜ ਦੇ ਕਿਸਾਨਾਂ ਦੇ ਮਸਲੇ ਤੁਰੰਤ ਹੱਲ ਕਰੇ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੇ ਸੰਘਰਸ਼ ਲਈ ਮਜਬੂਰ ਨਾ ਹੋਣਾ ਪਵੇ। ਉਨ੍ਹਾਂ ਕਿਹਾ ਕਿ ਪੰਜਾਬ ਜਿੱਥੇ ਦੇਸ਼ ਦੀ ਖੜਗ ਭੁਜਾ ਹੈ ਉਥੇ ਦੇਸ਼ ਨੂੰ ਅਨਾਜ ਦੇ ਖੇਤਰ ਵਿੱਚ ਆਤਮ ਨਿਰਭਰ ਬਣਾਉਣ ਵਿੱਚ ਵੱਡਾ ਯੋਗਦਾਨ ਦੇ ਰਿਹਾ ਹੈ।

ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਪੀ.ਟੀ.ਸ਼ੋਅ, ਸਭਿਆਚਰਕ ਪ੍ਰੋਗਰਾਮ, ਦੇਸ਼-ਭਗਤੀ ਨੂੰ ਦਰਸਾਉਂਦੀਆਂ ਆਈਟਮਾਂ, ਗਿੱਧਾ ਅਤੇ ਭੰਗੜਾ ਆਦਿ ਪੇਸ਼ ਕੀਤੇ ਗਏ ਅਤੇ ਇਸ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਵੱਲੋਂ ਭਲਾਈ ਅਤੇ ਵਿਕਾਸ ਦੇ ਕੰਮਾਂ ਨੂੰ ਦਰਸਾਉਂਦੀਆਂ ਝਾਕੀਆਂ ਵੀ ਕੱਢੀਆ ਗਈਆਂ । ਦੇਸ਼ ਭਗਤੀ , ਸੱਭਿਆਚਾਰਕ ਪ੍ਰੋਗਰਾਮ ਅਤੇ ਝਾਕੀਆਂ ਰਹੀਆਂ ਖਿੱਚ ਦਾ ਕੇਂਦਰ। ਇਸ ਮੌਕੇ ਸ਼ਹੀਦਾਂ ਤੇ ਅਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਸਮੇਤ ?ਵੱਖ ਵੱਖ ਖੇਤਰਾਂ ਵਿਚ ਪ੍ਰਾਪਤੀਆਂ ਕਰਨ ਵਾਲੀਆਂ ਸ਼ਖਸੀਅਤਾਂ ਦੇ ਸਨਮਾਨ ਤੋ ਇਲਾਵਾ ,ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ/ ਕਰਮਚਾਰੀਆਂ ਨੂੰ ਉਨ੍ਹਾਂ ਦੀ ਵਧੀਆ ਸੇਵਾਵਾਂ ਬਦਲੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਡਵੀਜਨਲ ਕਮਿਸ਼ਨਰ ਸ. ਮਨਜੀਤ ਸਿੰਘ ਬਰਾੜ, ਜ਼ਿਲ੍ਹਾ ਸ਼ੈਸਨ ਜੱਜ ਮੈਡਮ ਨਵਜੋਤ ਕੌਰ, ਏ.ਡੀ.ਜੀ.ਪੀ ਸ੍ਰੀ ਸ਼ਿਵ ਕੁਮਾਰ ਵਰਮਾ, ਵੀ.ਸੀ ਡਾ. ਰਾਜੀਵ ਸੂਦ, ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ, ਐਸ.ਐਸ.ਪੀ ਡਾ. ਪ੍ਰੱਗਿਆ ਜੈਨ, ਸੂਚਨਾ ਕਮਿਸ਼ਨਰ ਸ਼੍ਰੀ ਸੰਦੀਪ ਧਾਲੀਵਾਲ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਓਜਸਵੀ ਅਲੰਕਾਰ, ਵਧੀਕ ਡਿਪਟੀ ਕਮਿਸ਼ਨਰ (ਵਿ). ਸ. ਨਰਭਿੰਦਰ ਸਿੰਘ ਗਰੇਵਾਲ, ਐਸ.ਡੀ.ਐਮ ਫ਼ਰੀਦਕੋਟ ਮੇਜਰ ਵਰੁਣ ਕੁਮਾਰ, ਸਹਾਇਕ ਕਮਿਸ਼ਨਰ(ਜ) ਤੁਸ਼ਿਤਾ ਗੁਲਾਟੀ, ਐਡਵੋਕੇਟ ਸ.ਬੀਰਇੰਦਰ ਸਿੰਘ ਸੰਧਵਾਂ,ਸੁਖਵੰਤ ਸਿੰਘ ਪੱਕਾ ਜ਼ਿਲ੍ਹਾ ਯੂਥ ਪ੍ਰਧਾਨ ਆਪ , ਅਮਨਦੀਪ ਸਿੰਘ ਬਾਬਾ ਚੇਅਰਮੈਨ ਮਾਰਕੀਟ ਕਮੇਟੀ ਫਰੀਦਕੋਟ ,ਗੁਰਤੇਜ ਸਿੰਘ ਖੋਸਾ ਚੈਅਰਮੇਨ ਇੰਪਰੂਵਮੈਂਟ ਟਰੱਸਟ, ਰਮਨਦੀਪ ਮੁਮਾਰਾ ਚੇਅਰਮੈਨ ਮਾਰਕਿਟ ਕਮੇਟੀ, ਚੇਅਰਮੈਨ ਪਲਾਨਿੰਗ ਬੋਰਡ ਸ.ਸੁਖਜੀਤ ਸਿੰਘ ਢਿੱਲਵਾ, ਲਛਮਣ ਸਿੰਘ ਭਗਤੂਆਣਾ ਚੇਅਰਮੈਨ ਮਾਰਕਿਟ ਕਮੇਟੀ ਜੈਤੋ, ਸ੍ਰੀ ਅਮਨਦੀਪ ਸਿੰਘ ਪੀ.ਏ,ਸ੍ਰੀ ਜਸਬੀਰ ਜੱਸੀ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਸਕੂਲੀ ਵਿਦਿਆਰਥੀ ਹਾਜ਼ਰ ਸਨ।

ਗਣਤੰਤਰ ਦਿਵਸ ਸਮਾਗਮ ਦੌਰਾਨ ਗੁਰੂ ਗੋਬਿੰਦ ਸਿੰਘ ਸਟੇਡੀਅਮ ’ਚ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਲਹਿਰਾਇਆ ਕੌਮੀ ਝੰਡਾ

ਜਲੰਧਰ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ, ਪ੍ਰਸ਼ਾਸਨਿਕ ਸੁਧਾਰ, ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖ਼ਲਾਈ ਅਤੇ ਪ੍ਰਿੰਟਿੰਗ ਤੇ ਸਟੇਸ਼ਨਰੀ ਮੰਤਰੀ ਅਮਨ ਅਰੋੜਾ ਵੱਲੋਂ ਐਤਵਾਰ ਨੂੰ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਇਆ ਗਿਆ। ਕੈਬਨਿਟ ਮੰਤਰੀ ਨੇ ਪੰਜਾਬੀਆਂ ਨੂੰ ‘ਰੰਗਲਾ ਪੰਜਾਬ’ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਪੰਜਾਬ ਨੂੰ ਇੱਕ ਅਗਾਂਹਵਧੂ ਅਤੇ ਮੋਹਰੀ ਸੂਬੇ ਵਿੱਚ ਤਬਦੀਲ ਕਰਨ ਲਈ ਸਰਕਾਰ ਦਾ ਸਾਥ ਦੇਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਵੀ ਮੌਜੂਦ ਸਨ।

ਆਪਣੇ ਸੰਬੋਧਨ ਦੌਰਾਨ ਸ਼੍ਰੀ ਅਰੋੜਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੇ ਸਰਵਪੱਖੀ ਵਿਕਾਸ ਦੀ ਰਾਜ ਸਰਕਾਰ ਦੀ ਵਚਨਬੱਧਤਾ ’ਤੇ ਜ਼ੋਰ ਦਿੱਤਾ। ਉਨ੍ਹਾਂ ਐਸ.ਏ.ਐਸ. ਨਗਰ ਹਵਾਈ ਅੱਡੇ ਦਾ ਨਾਂ ਸ਼ਹੀਦ ਭਗਤ ਸਿੰਘ ਦੇ ਨਾਮ ’ਤੇ ਰੱਖਣ ਅਤੇ ਸ਼ਹੀਦ ਭਗਤ ਸਿੰਘ ਅਤੇ ਡਾ. ਬੀ.ਆਰ. ਅੰਬੇਡਕਰ ਦੀਆਂ ਤਸਵੀਰਾਂ ਸਰਕਾਰੀ ਦਫ਼ਤਰਾਂ ਵਿੱਚ ਲਗਾਉਣ ਸਮੇਤ ਇਤਿਹਾਸਕ ਪਹਿਲਕਦਮੀਆਂ ’ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਮਾਨ ਸਰਕਾਰ, ਜਿਸ ਨੇ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਸਹੁੰ ਚੁੱਕਣ ਤੋਂ ਬਾਅਦ ਆਪਣਾ ਕੰਮ ਸ਼ੁਰੂ ਕੀਤਾ, ਸ਼ਹੀਦਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ।

ਸ਼੍ਰੀ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਫੌਜੀ ਜਵਾਨਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਸਾਬਕਾ ਫੌਜੀਆਂ ਦੀ ਭਲਾਈ ਲਈ ਦ੍ਰਿੜ ਸੰਕਲਪ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨੇ ਸ਼ਹੀਦ ਫੌਜੀ ਜਵਾਨਾਂ ਲਈ ਐਕਸ-ਗ੍ਰੇਸ਼ੀਆ ਰਾਸ਼ੀ ਨੂੰ ਦੁੱਗਣਾ ਕਰਕੇ 1 ਕਰੋੜ ਰੁਪਏ ਕਰ ਦਿੱਤਾ ਹੈ ਅਤੇ ਇਸੇ ਤਰ੍ਹਾਂ ਦੀ ਵਿੱਤੀ ਸਹਾਇਤਾ ਪੁਲਿਸ ਕਰਮਚਾਰੀਆਂ ਦੇ ਪਰਿਵਾਰਾਂ ਨੂੰ ਵੀ ਦਿੱਤੀ ਗਈ ਹੈ, ਜਿਨ੍ਹਾਂ ਨੇ ਦੇਸ਼ ਦੀ ਸੇਵਾ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ। ਸ਼੍ਰੀ ਅਰੋੜਾ ਨੇ ਬੇਰੋਜ਼ਗਾਰੀ ਨਾਲ ਨਜਿੱਠਣ ਲਈ ਕੀਤੇ ਜਾ ਰਹੇ ਯਤਨਾਂ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਸਰਕਾਰ ਵੱਲੋਂ 50,000 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ ਅਤੇ 2.70 ਲੱਖ ਤੋਂ ਵੱਧ ਨੌਜਵਾਨਾਂ ਨੂੰ ਪ੍ਰਾਈਵੇਟ ਸੈਕਟਰ ਵਿੱਚ ਰੋਜ਼ਗਾਰ ਹਾਸਲ ਕਰਨ ਵਿੱਚ ਮਦਦ ਕੀਤੀ ਗਈ ਹੈ।

ਕੈਬਨਿਟ ਮੰਤਰੀ ਨੇ ਸਿਹਤ ਸੰਭਾਲ ਅਤੇ ਸਿੱਖਿਆ ਦੇ ਖੇਤਰ ਵਿੱਚ ਮਿਸਾਲੀ ਪ੍ਰਾਪਤੀਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਵਿੱਚ 881 ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮੁਫ਼ਤ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਜਲੰਧਰ ਵਿੱਚ ਚੱਲ ਰਹੇ 66 ਕਲੀਨਿਕਾਂ ਰਾਹੀਂ 19 ਲੱਖ ਤੋਂ ਵੱਧ ਮਰੀਜ਼ਾਂ ਨੂੰ ਮੁਫ਼ਤ ਇਲਾਜ ਸੁਹਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ। ਇਸ ਤੋਂ ਇਲਾਵਾ, ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰਨ ਲਈ 118 ਸਕੂਲ ਆਫ਼ ਐਮੀਨੈਂਸ ਦੀ ਸ਼ੁਰੂਆਤ ਕੀਤੀ ਹੈ ਅਤੇ ਇਸਦੇ ਨਾਲ ਹੀ 10,000 ਤੋਂ ਵੱਧ ਵਿਦਿਆਰਥੀਆਂ ਨੂੰ ਮੁਫ਼ਤ ਟਰਾਂਸਪੋਰਟ ਸਹੂਲਤ ਦਾ ਲਾਭ ਦਿੱਤਾ ਜਾ ਰਿਹਾ ਹੈ।

ਬਿਜਲੀ ਦੇ ਖੇਤਰ ਵਿੱਚ ਪ੍ਰਾਪਤ ਉਪਲਬੱਧੀਆਂ ’ਤੇ ਚਾਨਣਾ ਪਾਉਂਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ 1080 ਕਰੋੜ ਰੁਪਏ ਨਾਲ ਪ੍ਰਾਈਵੇਟ ਥਰਮਲ ਪਲਾਂਟ ਦੀ ਖ਼ਰੀਦ ਅਤੇ ਪਛਵਾੜਾ ਕੋਲਾ ਖਾਣ ਨੂੰ ਮੁੜ ਚਾਲੂ ਕਰਨ ਬਾਰੇ ਦੱਸਿਆ, ਜਿਸ ਨਾਲ 1000 ਕਰੋੜ ਰੁਪਏ ਦੀ ਬੱਚਤ ਹੋਈ ਹੈ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਮੁਫ਼ਤ ਬਿਜਲੀ ਦੇਣ ਦੀ ਵਚਨਬੱਧਤਾ ਵੀ ਦੁਹਰਾਈ, ਜਿਸ ’ਤੇ ਸਲਾਨਾ 9330 ਕਰੋੜ ਰੁਪਏ ਖ਼ਰਚ ਕੀਤੇ ਜਾ ਰਹੇ ਹਨ।

ਕੈਬਨਿਟ ਮੰਤਰੀ ਨੇ ਸਰਕਾਰ ਵੱਲੋਂ ਸਿੰਚਾਈ ਲਈ ਕੀਤੇ ਗਏ ਉਪਰਾਲਿਆਂ, ਜਿਸ ਵਿੱਚ ਜਲੰਧਰ ਦਾ 275 ਕਰੋੜ ਰੁਪਏ ਦਾ ਪ੍ਰਾਜੈਕਟ ਵੀ ਸ਼ਾਮਿਲ ਹੈ ਅਤੇ ਸੜਕੀ ਦੁਰਘਟਨਾਵਾਂ ਦੌਰਾਨ ਲੋਕਾਂ ਨੂੰ ਸਮੇਂ ਸਿਰ ਸਹਾਇਤਾ ਮੁਹੱਈਆ ਕਰਵਾਕੇ ਕੀਮਤੀ ਜਾਨਾਂ ਬਚਾਉਣ ਲਈ ਸ਼ੁਰੂ ਕੀਤੀ ਗਈ ਸੜਕ ਸੁਰੱਖਿਆ ਫੋਰਸ ਦੀ ਵੀ ਭਰਪੂਰ ਸ਼ਲਾਘਾ ਕੀਤੀ ਗਈ।

ਕੈਬਨਿਟ ਮੰਤਰੀ ਅਰੋੜਾ ਨੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ‘ਖੇਡਾਂ ਵਤਨ ਪੰਜਾਬ ਦੀਆਂ’ ਦੀ ਸਫ਼ਲਤਾ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ 5 ਲੱਖ ਤੋਂ ਵੱਧ ਖਿਡਾਰੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ।

ਇਸ ਤੋਂ ਪਹਿਲਾਂ ਉਨ੍ਹਾਂ ਆਈ.ਪੀ.ਐਸ. ਸ਼੍ਰੀਵੈਨੇਲਾ ਦੀ ਅਗਵਾਈ ਵਾਲੇ ਸ਼ਾਨਦਾਰ ਮਾਰਚ ਪਾਸਟ ਤੋਂ ਸਲਾਮੀ ਲਈ।

ਉਨ੍ਹਾਂ ਵੱਲੋਂ ਭਾਰਤ-ਚੀਨ, ਭਾਰਤ ਪਾਕਿਸਤਾਨ ਜੰਗਾਂ ਅਤੇ ਜੰਮੂ ਤੇ ਕਸ਼ਮੀਰ ਵਿੱਚ ਐਨਕਾਊਂਟਰ ਦੌਰਾਨ ਜ਼ਿਲ੍ਹੇ ਦੇ ਸ਼ਹੀਦ ਹੋਏ 10 ਸੈਨਿਕਾਂ ਦੇ ਪਰਿਵਾਰਿਕ ਮੈਂਬਰਾਂ ਦਾ ਵੀ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਧਾਇਕ ਰਮਨ ਅਰੋੜਾ, ਮੇਅਰ ਵਿਨੀਤ ਧੀਰ, ਡਵੀਜ਼ਨਲ ਕਮਿਸ਼ਨਰ ਅਰੁਣ ਸੇਖੜੀ, ਡੀ.ਆਈ. ਜੀ. ਨਵੀਨ ਸਿੰਗਲਾ, ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਨਿਰਭਉ ਸਿੰਘ ਗਿੱਲ, ਜੁਆਇੰਟ ਪੁਲਿਸ ਕਮਿਸ਼ਨਰ ਸੰਦੀਪ ਸ਼ਰਮਾ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ, ਸਹਾਇਕ ਕਮਿਸ਼ਨਰ ਸੁਨੀਲ ਫੋਗਟ, ਵਧੀਕ ਡਿਪਟੀ ਕਮਿਸ਼ਨਰ (ਜ) ਮੇਜਰ ਡਾ. ਅਮਿਤ ਮਹਾਜਨ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਬੁਧੀ ਰਾਜ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਸਿੰਘ, ਸੀਨੀਅਰ ਆਪ ਆਗੂ ਰਾਜਵਿੰਦਰ ਕੌਰ ਥਿਆੜਾ, ਪਵਨ ਕੁਮਾਰ ਟੀਨੂੰ, ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਗਣਤੰਤਰ ਦਿਵਸ ਮੌਕੇ ਵੱਖ-ਵੱਖ ਝਾਕੀਆ ਰਾਹੀਂ ਪੰਜਾਬ ਸਰਕਾਰ ਦੀਆਂ ਭਲਾਈ ਸਕੀਮਾਂ, ਵਿਕਾਸ ਕਾਰਜ ਤੇ ਲੋਕ ਪੱਖੀ ਉਪਰਾਲੇ ਦਰਸਾਏ

ਪੀ.ਐਸ.ਪੀ.ਸੀ.ਐਲ. ਦੀ ਝਾਕੀ ਰਹੀ ਪਹਿਲੇ ਸਥਾਨ ’ਤੇ, 11000 ਰੁਪਏ ਦੇ ਨਗਦ ਇਨਾਮ ਨਾਲ ਸਨਮਾਨਿਆ

ਫ਼ਸਲੀ ਵਿਭਿੰਨਤਾ ਪ੍ਰੋਗਰਾਮ
ਲੱਖ-ਲੱਖ ਵਧਾਈ

ਜਲੰਧਰ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

76ਵੇਂ ਗਣਤੰਤਰ ਦਿਵਸ ਮੌਕੇ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ, ਜਿਸ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ, ਦੌਰਾਨ ਵਿਭਾਗਾਂ ਵਲੋਂ ਪੰਜਾਬ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ, ਵਿਕਾਸ ਕਾਰਜਾਂ ਅਤੇ ਲੋਕ ਪੱਖੀ ਉਪਰਾਲਿਆਂ ਨੂੰ ਦਰਸਾਉਂਦੀਆਂ 10 ਝਾਕੀਆਂ ਕੱਢੀਆਂ ਗਈਆਂ।

ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੀ ਝਾਕੀ ਨੂੰ ਸਰਬਓਤਮ ਝਾਕੀ ਐਲਾਨਦਿਆਂ 11000 ਰੁਪਏ ਦੀ ਨਗਦ ਰਾਸ਼ੀ ਦੇ ਇਨਾਮ ਨਾਲ ਸਨਮਾਨਿਤ ਕੀਤਾ ਗਿਆ। ਪੀ.ਐਸ.ਪੀ.ਐਸ.ਐਲ. ਵਿਭਾਗ ਵਲੋਂ ਆਪਣੀ ਝਾਕੀ ਵਿੱਚ ਘਰੇਲੂ ਖ਼ਪਤਕਾਰਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਮੁਹਈਆ ਕਰਵਾਉਣ ਸਦਕਾ 90 ਫੀਸਦੀ ਘਰੇਲੂ ਖਪਤਕਾਰਾਂ ਲਈ ਜ਼ੀਰੋ ਬਿੱਲ ਤੇ ਪੈਡੀ ਸੀਜ਼ਨ ਦੌਰਾਨ ਕਿਸਾਨਾਂ ਨੂੰ 8 ਘੰਟੇ ਨਿਰਵਿਘਨ ਬਿਜਲੀ ਸਪਲਾਈ, ਭਾਰੀ ਬਿਜਲੀ ਮੰਗ ਦੀ ਪੂਰਤੀ ਅਤੇ ਪਿਛਲੇ ਸਾਲ ਦੌਰਾਨ ਕੀਤੀਆਂ ਹੋਰ ਪ੍ਰਾਪਤੀਆਂ ਨੂੰ ਪ੍ਰਦਰਸ਼ਿਤ ਕੀਤਾ ਗਿਆ।

ਸਿਹਤ ਵਿਭਾਗ ਵਲੋਂ ਕੱਢੀ ਗਈ ਝਾਕੀ ਸੀ.ਐਮ. ਦੀ ਯੋਗਸ਼ਾਲਾ ਪ੍ਰੋਗਰਾਮ ’ਤੇ ਝਾਤ ਪੁਆਈ ਗਈ। ਝਾਕੀ ਵਿੱਚ ਦਰਸਾਇਆ ਗਿਆ ਕਿ ਜਲੰਧਰ ਜ਼ਿਲ੍ਹੇ ਵਿੱਚ 167 ਯੋਗਾ ਕਲਾਸਾਂ ਚੱਲ ਰਹੀਆਂ ਹਨ, ਜਿਨ੍ਹਾਂ ਵਿਚੋਂ 80 ਕਲਾਸਾਂ ਬਲਾਕ ਪੱਧਰ ’ਤੇ ਅਤੇ 87 ਕਲਾਸਾਂ ਰਾਹੀਂ ਸ਼ਹਿਰੀ ਭਾਗੀਦਾਰਾਂ ਨੂੰ ਯੋਗ ਸਿਖਾਇਆ ਜਾ ਰਿਹਾ ਹੈ। ਇਹ ਪ੍ਰਾਜੈਕਟ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਵੱਲ ਮਹੱਤਵਪੂਰਨ ਕਦਮ ਹੈ।

ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਵਲੋਂ ਕੱਢੀ ਗਈ ਝਾਕੀ ਰਾਹੀਂ ਸੂਬੇ ਵਿੱਚ ਸੂਰਜੀ ਊਰਜਾ ਨੂੰ ਉਤਸ਼ਾਹਿਤ ਕਰਨ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਨੂੰ ਦਰਸਾਇਆ ਗਿਆ। ਝਾਕੀ ਰਾਹੀਂ ਦੱਸਿਆ ਗਿਆ ਕਿ ਸੌਰ ਊਰਜਾ ਦੀ ਵਰਤੋਂ ਯਕੀਨੀ ਬਣਾਉਣ ਅਤੇ ਖੇਤੀਬਾੜੀ ਸੈਕਟਰ ਨੂੰ ਕਾਰਬਨ ਮੁਕਤ ਕਰਨ ਲਈ ਪੰਜਾਬ ਸਰਕਾਰ ਵਲੋਂ ਸੂਬੇ ਵਿੱਚ 20 ਹਜ਼ਾਰ ਖੇਤੀ ਪੰਪਾਂ ਨੂੰ ਸੌਰ ਊਰਜਾ ਉਤੇ ਕੀਤਾ ਜਾ ਰਿਹਾ ਹੈ।

ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖ਼ਲਾਈ ਬਿਊਰੋ ਵੱਲੋਂ ਆਪਣੀ ਝਾਕੀ ਵਿੱਚ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਤੋਂ ਇਲਾਵਾ ਉਨ੍ਹਾਂ ਨੂੰ ਰੋਜ਼ਗਾਰਦਾਤਾ ਬਣਾਉਣ ਅਤੇ ਸੂਬੇ ਵਿੱਚ ਉਦੱਮਤਾ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲਿਆਂ ਤੋਂ ਜਾਣੂ ਕਰਵਾਇਆ ਗਿਆ। ਪੇਂਡੂ ਵਿਕਾਸ ਵਿਭਾਗ ਵਲੋਂ ਆਪਣੀ ਝਾਕੀ ਰਾਹੀਂ ਪੰਜਾਬ ਰਾਜ ਪੇਂਡੂ ਆਜੀਵਕਾ ਮਿਸ਼ਨ ਦਾ ਜ਼ਿਕਰ ਕੀਤਾ ਗਿਆ, ਜਿਸ ਰਾਹੀਂ ਆਦਮਪੁਰ ਬਲਾਕ ਵਿੱਚ ਚਲਾਏ ਜਾ ਰਹੇ ਪਹਿਲ ਪ੍ਰੋਜੈਕਟ ’ਤੇ ਝਾਤ ਪੁਆਈ ਗਈ।ਇਸੇ ਤਰ੍ਹਾਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਆਪਣੀ ਝਾਕੀ ਵਿੱਚ ਪਰਾਲੀ ਪ੍ਰਬੰਧਨ ਸਬੰਧੀ ਪਹਿਲਕਦਮੀਆਂ ਅਤੇ ਹੋਰ ਪ੍ਰੋਗਰਾਮਾਂ ’ਤੇ ਚਾਨਣਾ ਪਾਉਂਦਿਆਂ ਦੱਸਿਆ ਗਿਆ ਕਿ ਇਸ ਸਾਲ ਝੋਨੇ ਦੇ ਸੀਜ਼ਨ ਦੌਰਾਨ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ 87 ਫੀਸਦੀ ਕਮੀ ਆਈ। ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵਲੋਂ ਆਪਣੀ ਝਾਕੀ ਵਿੱਚ ਪੰਜਾਬ ਸਰਕਾਰ ਦੁਆਰਾ ਸੂਬਾ ਵਾਸੀਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਮਿਆਰੀ ਸਿਹਤ ਸੇਵਾਵਾਂ ਅਤੇ ਆਮ ਆਦਮੀ ਕਲੀਨਿਕਾਂ ਰਾਹੀਂ ਦਿੱਤੀਆਂ ਜਾ ਰਹੀਆਂ ਮੁਫ਼ਤ ਸਿਹਤ ਸਹੂਲਤਾਂ ਬਾਰੇ ਦਰਸਾਇਆ ਗਿਆ। ਝਾਕੀ ਦੌਰਾਨ ਦੱਸਿਆ ਗਿਆ ਕਿ ਜਲੰਧਰ ਵਿੱਚ ਮੌਜੂਦਾ ਸਮੇਂ ਚੱਲ ਰਹੇ 66 ਆਮ ਆਦਮੀ ਕਲੀਨਿਕਾਂ ਰਾਹੀਂ ਹੁਣ ਤੱਕ 20 ਲੱਖ 12 ਹਜ਼ਾਰ 459 ਮਰੀਜ਼ਾਂ ਨੂੰ ਸਿਹਤ ਸੇਵਾਵਾਂ ਦਾ ਲਾਭ ਦਿੱਤਾ ਗਿਆ ਹੈ।

ਸਿੱਖਿਆ ਵਿਭਾਗ ਵੱਲੋਂ ਕੱਢੀ ਗਈ ਝਾਕੀ ਦੌਰਾਨ ਪੰਜਾਬ ਸਰਕਾਰ ਵਲੋਂ ਸਿੱਖਿਆ ਦੇ ਖੇਤਰ ਵਿੱਚ ਉਠਾਏ ਗਏ ਕ੍ਰਾਂਤੀਕਾਰੀ ਕਦਮਾਂ ਜਿਵੇਂ ਸਕੂਲ ਆਫ਼ ਐਮੀਨੈਂਸ, ਅਧਿਆਪਕਾਂ ਨੂੰ ਆਧੁਨਿਕ ਸਿੱਖਿਆ ਨਾਲ ਜੋੜਨ ਲਈ ਅੰਤਰਰਾਸ਼ਟਰੀ ਸੈਮੀਨਾਰਾਂ ਲਈ ਵਿਦੇਸ਼ ਭੇਜਣ, ਬਿਜਨਸ ਬਲਾਸਟਰ ਸਮੇਤ ਚੁੱਕੇ ਗਏ ਹੋਰ ਉਪਰਾਲਿਆਂ ਬਾਰੇ ਦੱਸਿਆ ਗਿਆ।

ਗਊ ਨੂੰ ਪਹਿਲੀ ਰੋਟੀ ਖਿਲਾਉਣ ਨਾਲ ਵਰਕਤ ਆਉਂਦੀ ਹੈ:ਮਨੋਜ ਜੀ ਮਹਾਰਾਜ

ਸੁਨਾਮ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਸ਼ਿਵ ਮੰਦਰ ਧਰਮਸ਼ਾਲਾ ਕਮੇਟੀ ਵੱਲੋਂ ਕਰਵਾਈ ਜਾ ਰਹੀ ਸ੍ਰੀ ਮਦ ਭਗਵਤ ਕਥਾ ਦੇ ਤੀਸਰੇ ਦਿਨ ਪ੍ਰਵੇਸ਼ ਕਰਦਿਆਂ ਸਹਾਰਨਪੁਰ ਤੋਂ ਆਏ ਕਥਾ ਬਿਆਸ ਮਨੋਜ ਜੀ ਮਹਾਰਾਜ ਨੇ ਕਿਹਾ ਕਿ ਭਗਵਾਨ ਹਮੇਸ਼ਾ ਭਗਤਾਂ ਦੀ ਰੱਖਿਆ ਕਰਦੇ ਹਨ ਭਗਵਾਨ ਦੇ ਅਲੱਗ ਅਲੱਗ ਅਵਤਾਰ ਇਸਦਾ ਸਬੂਤ ਹਨ ਅਤੇ ਆਪਣੇ ਭਗਤ ਪ੍ਰਹਲਾਦ ਦੇ ਲਈ ਨਰਾਇਣ ਨੇ ਨਰਸਿੰਘ ਰੂਪ ਧਾਰਨ ਕੀਤਾ।

ਸੁਆਮੀ ਜੀ ਨੇ ਕਿਹਾ ਕਿ ਜ਼ਿੰਦਗੀ ਵਿੱਚ ਸਤਸੰਗ ਦਾ ਲਾਭ ਜਰੂਰ ਮਿਲਦਾ ਹੈ ਗਜਿੰਦਰ ਮੋਕਸ਼ ਦੀ ਕਥਾ ਸਾਨੂੰ ਭਗਵਾਨ ਦੇ ਦੀਨਬੰਧੂ ਸੁਭਾਵ ਦੇ ਦਰਸ਼ਨ ਕਰਾਉਂਦੀ ਹੈ ਅਤੇ ਅਹੰਕਾਰ ਦਾ ਤਿਆਗ ਕਰਨ ਨਾਲ ਹੀ ਭਗਵਾਨ ਦੀ ਕਿਰਪਾ ਪ੍ਰਾਪਤ ਹੁੰਦੀ ਹੈ। ਰਾਜਾ ਬਲੀ ਦੇ ਵੱਲੋਂ ਭਗਵਾਨ ਬਾਮਨ ਰੂਪ ਦੇ ਵਿੱਚ ਦਰਸ਼ਨ ਦੇ ਕੇ ਸਭ ਦਾ ਕਲਿਆਣ ਕੀਤਾ ਹੈ ਪੁੰਨ ਕਰਮ ਦੇ ਨਾਲ ਲੋਕ ਅਤੇ ਪਰਲੋਕ ਦੋਨੋਂ ਹੀ ਸੰਵਰ ਜਾਂਦੇ ਹਨ ਗੋ ਮਾਤਾ ਦੇ ਦਰਸ਼ਨ ਕਰਕੇ ਸਾਰੇ ਦੇਵੀ ਦੇਵਤਾਵਾਂ ਦੇ ਦਰਸ਼ਨ ਦਾ ਫਲ ਮਿਲਦਾ ਹੈ। ਸੁਆਮੀ ਜੀ ਨੇ ਫਰਮਾਇਆ ਕਿ ਗੋ ਸੇਵਾ ਕਰਨ ਨਾਲ ਸਾਰੀਆਂ ਕਾਮਨਾਵਾਂ ਪੂਰਨ ਹੁੰਦੀਆਂ ਹਨ। ਗੋ ਮਾਤਾ ਦਾ ਸਥਾਨ ਪਰਿਵਾਰ ਦੇ ਮੈਂਬਰ ਦੀ ਤਰ੍ਹਾਂ ਹੀ ਹੋਣਾ ਚਾਹੀਦਾ ਹੈ ਗਊ ਨੂੰ ਪਹਿਲੀ ਰੋਟੀ ਖਿਲਾਨ ਨਾਲ ਘਰ ਵਿੱਚ ਬਰਕਤ ਆਉਂਦੀ ਹੈ ਅਤੇ ਜਿੱਥੇ ਗਾਉ ਮਾਤਾ ਰਹਿੰਦੀ ਹੈ ਉਥੇ ਹੀ ਗੋਪਾਲ ਰਹਿੰਦੇ ਹਨ। ਕਾਮਧੇਨੂ ਸਾਰਿਆਂ ਦੀਆਂ ਮਨੋਕਾਮਨਾ ਪੂਰਨ ਕਰਦੀ ਹੈ। ਸੁਆਮੀ ਜੀ ਨੇ ਕਿਹਾ ਕਿ ਨਾਮ ਕੀਰਤਨ ਦੀ ਅਪਾਰ ਕਿਰਪਾ ਹੈ ਅਤੇ ਸਾਨੂੰ ਸਭ ਨੂੰ ਸਤਸੰਗ ਦਾ ਲਾਭ ਲੈਣਾ ਚਾਹੀਦਾ ਹੈ ਅਤੇ ਭਗਵਾਨ ਵੱਲੋਂ ਦਿਖਾਏ ਗਏ ਮਾਰਗ ਤੇ ਚਲਣਾ ਚਾਹੀਦਾ ਹੈ।

ਸੁਆਮੀ ਜੀ ਨੇ ਫਰਮਾਇਆ ਕਿ ਇਮਾਨਦਾਰੀ ਅਤੇ ਮਿਹਨਤ ਨਾਲ ਕਮਾਇਆ ਗਿਆ ਧਨ ਹੀ ਸਾਡੇ ਕੰਮ ਆਉਂਦਾ ਹੈ ਅਤੇ ਸਾਨੂੰ ਸਭ ਨੂੰ ਇੱਕ ਦੂਜੇ ਦਾ ਧਿਆਨ ਰੱਖਦੇ ਹੋਏ ਹੀ ਕੰਮ ਕਰਨੇ ਚਾਹੀਦੇ ਹਨ ਤਾਂ ਕਿ ਸਾਡੇ ਦੁਆਰਾ ਕੀਤੇ ਗਏ ਕੰਮਾਂ ਕਰਕੇ ਕਿਸੇ ਨੂੰ ਕੋਈ ਤਕਲੀਫ ਨਾ ਹੋਵੇ ਇਸ ਮੌਕੇ ਤੇ ਸਵਾਮੀ ਜੀ ਨੇ ਆਪਣੇ ਭਜਨਾਂ ਨਾਲ ਭਗਤਾਂ ਨੂੰ ਨਿਹਾਲ ਕੀਤਾ। ਅੱਜ ਦੀ ਪੂਜਾ ਸਾਹਿਲ ਬਾਂਸਲ,ਸੰਦੀਪ ਬੰਟੀ, ਸ਼ੈਂਪੀ ਗਰਗ ਨੇ ਪਰਿਵਾਰ ਸਮੇਤ ਕੀਤੀ।ਪ੍ਰਬੰਧਕਾਂ ਵੱਲੋਂ ਆਰਤੀ ਤੋਂ ਬਾਅਦ ਸਭ ਨੂੰ ਭੋਗ ਪ੍ਰਸ਼ਾਦ ਵੰਡਿਆ ਗਿਆ।

ਪੰਜਾਬ ਨੌਜਵਾਨ ਕਿਸਾਨ ਸੰਸਥਾ ਦੀ ਮੀਟਿੰਗ

ਵੱਲੋਂ-ਫਾਰਮ ਸਲਾਹਕਾਰ ਸੇਵਾ ਕੇਂਦਰ,
ਬਰਨਾਲਾ

ਬਰਨਾਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ, ਬਰਨਾਲਾ ਵੱਲੋਂ ਪੰਜਾਬ ਨੌਜਵਾਨ ਕਿਸਾਨ ਸੰਸਥਾ ਦੀ ਮੀਟਿੰਗ ਬਰਨਾਲਾ ਵਿਖੇ ਕਰਵਾਈ ਗਈ। ਇਸ ਮੀਟਿੰਗ ਵਿਚ 52 ਮੈਂਬਰਾਂ ਨੇ ਭਾਗ ਲਿਆ।

ਇਸ ਮੌਕੇ ਫਾਰਮ ਸਲਾਹਕਾਰ ਸੇਵਾ ਕੇਂਦਰ, ਬਰਨਾਲਾ ਦੇ ਇੰਚਾਰਜ ਡਾ. ਨਵਦੀਪ ਸਿੰਘ ਗਿੱਲ ਨੇ ਆਏ ਹੋਏ ਮੈਂਬਰਾਂ ਨੂੰ ਜੀ ਆਇਆਂ ਕਿਹਾ ਅਤੇ ਇਸ ਸੰਸਥਾ ਦੇ ਮੰਤਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਉਨ੍ਹਾਂ ਕਿਸਾਨਾਂ ਨੂੰ ਸੰਬੋਧਨ ਕਰਦਿੰਆਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਅੱਗੇ ਵਧਕੇ ਕਿਸਾਨੀ ਵੱਲ ਆਉਣਾ ਚਾਹੀਦਾ ਹੈ ਤਾਂ ਜੋ ਪੀ.ਏ.ਯੂ. ਵੱਲੋਂ ਸਿਫਾਰਸ਼ ਨਵੀਆਂ ਤਕਨੀਕਾਂ ਅਪਣਾ ਕੇ ਆਮਦਨ ਵਿੱਚ ਵਾਧਾ ਕੀਤਾ ਜਾ ਸਕੇ।

ਓਹਨਾਂ ਮਿੱਟੀ ਦੀ ਜਾਂਚ ਕਰਵਾ ਕੇ ਹੀ ਖਾਦਾਂ ਦੀ ਵਰਤੋਂ ਕਰਨ, ਘਰੇਲੂ-ਬਗੀਚੀ, ਫਲਾਂ ਅਤੇ ਸਬਜ਼ੀਆਂ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ। ਡਾ. ਅਮਨਦੀਪ ਕੌਰ, ਜ਼ਿਲ੍ਹਾ ਪਸਾਰ ਵਿਗਿਆਨੀ, ਫਾਰਮ ਸਲਾਹਕਾਰ ਸੇਵਾ ਕੇਂਦਰ, ਬਰਨਾਲਾ ਨੇ ਕਿਸਾਨਾਂ ਨਾਲ ਨਦੀਨਾਂ ਦੀ ਸਮੱਸਿਆ, ਕੀੜੇ-ਮਕੌੜੇ ਅਤੇ ਬਿਮਾਰੀਆਂ ਦੀ ਰੋਕਥਾਮ ਬਾਰੇ ਨੁਕਤੇ ਸਾਂਝੇ ਕੀਤੇ।

ਕਿਸਾਨਾਂ ਨੂੰ ਕਣਕ ਦੀ ਫ਼ਸਲ ਤੋਂ ਚੰਗਾ ਝਾੜ ਲੈਣ ਲਈ ਖੁਰਾਕੀ ਤੱਤਾਂ ਬਾਰੇ ਜਾਗਰੂਕ ਕੀਤਾ। ਓਹਨਾਂ ਜ਼ਮੀਨ ਦੀ ਸਿਹਤ ਵਧਾਉਣ ਲਈ ਰੂੜੀ ਖਾਦ, ਹਰੀ ਖਾਦ ਅਤੇ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲਣ ਤੇ ਜੋਰ ਦਿੱਤਾ।

ਬਤੌਰ ਪ੍ਰਿੰਸੀਪਲ ਕਾਲਜ ਦਾ ਕਾਰਜ ਭਾਰ ਡਾ. ਹਰਵਿੰਦਰ ਸਿੰਘ ਮੰਡ ਨੇ ਸੰਭਾਲਿਆ

ਧੂਰੀ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਯੂਨੀਵਰਸਿਟੀ ਕਾਲਜ ਬੇਨੜਾ ਦਾ ਕਾਰਜ ਭਾਰ ਅੱਜ ਬਤੌਰ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਨੇ ਸੰਭਾਲ ਲਿਆ ਹੈ। ਡਾ. ਮੰਡ ਧੂਰੀ ਸ਼ਹਿਰ ਦੇ ਹੀ ਜੰਮਪਲ ਹਨ ਅਤੇ ਕਾਲਜ ਵਿਖੇ ਕਾਮਰਸ ਵਿਸ਼ੇ ਦੇ ਸੀਨੀਅਰ ਅਧਿਆਪਕ ਹਨ। ਕਾਰਜ ਭਾਰ ਸੰਭਾਲਣ ਤੋਂ ਬਾਅਦ ਉਨ੍ਹਾਂ ਨੇ ਕਿਹਾ ਕਿ ਮੈਂ ਸਾਰੇ ਸਟਾਫ਼ ਨਾਲ ਮਿਲ ਕੇ ਕਾਲਜ ਦੀ ਉੱਨਤੀ ਅਤੇ ਵਿਦਿਆਰਥੀਆਂ ਦੀ ਭਲਾਈ ਲਈ ਹਮੇਸ਼ਾ ਯਤਨਸ਼ੀਲ ਰਹਾਂਗਾ। ਉਨ੍ਹਾਂ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹਲਕੇ ਦੀ ਸਰਕਾਰੀ ਸੰਸਥਾ ਵਿਖੇ ਚੱਲ ਰਹੇ ਬੀ.ਏ., ਬੀ.ਕਾਮ, ਬੀ.ਸੀ.ਏ., ਬੀ.ਐੱਸ-ਸੀ ਮੈਡੀਕਲ ਤੇ ਨਾਨ-ਮੈਡੀਕਲ, ਐੱਮ.ਏ ਪੰਜਾਬੀ, ਐੱਮ.ਏ ਇਤਿਹਾਸ, ਐੱਮ.ਕਾਮ ਅਤੇ ਪੀ.ਜੀ.ਡੀ.ਸੀ.ਏ. ਕੋਰਸਾਂ ਵਿੱਚ ਆਪਣੇ ਬੱਚਿਆਂ ਦਾ ਦਾਖ਼ਲਾ ਕਰਵਾਉਣ ਤਾਂ ਕਿ ਉਨ੍ਹਾਂ ਨੂੰ ਸਸਤੀ ਤੇ ਮਿਆਰੀ ਸਿੱਖਿਆ ਦਾ ਲਾਭ ਪ੍ਰਾਪਤ ਹੋ ਸਕੇ।

ਇਸ ਸਮੇਂ ਕਾਲਜ ਦੇ ਸਮੂਹ ਅਧਿਆਪਨ ਅਤੇ ਗੈਰ-ਅਧਿਆਪਨ ਸਟਾਫ਼ ਨੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਕਾਲਜ ਦੀ ਬਿਹਤਰੀ ਤੇ ਵਿਦਿਆਰਥੀ ਹਿੱਤ ਵਿੱਚ ਕੰਮ ਕਰਨ ਦਾ ਭਰੋਸਾ ਦਿੱਤਾ।

ਸਰਵਹਿੱਤ ਵੈਲਫੇਅਰ ਸੁਸਾਇਟੀ ਨੇ ਆਰੀਆ ਗਰਲਜ ਹਾਈ ਸਕੂਲ ਦੇ ਵਿਦਿਆਰਥੀਆਂ ਨੂੰ ਕਾਪੀਆਂ, ਬੂਟ ਵੰਡੇ

ਪਟਿਆਲਾ, 28 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸਰਵਹਿੱਤ ਵੈਲਫੇਅਰ ਸੁਸਾਇਟੀ ਵਲੋਂ ਸਤਿਆਵਤੀ ਹਿਮਾਂਸ਼ੂ ਸ਼ਰਮਾ ਮੈਮੋਰੀਅਲ ਫਾਊਂਡੇਸ਼ਨ ਦੇ ਸਹਿਯੋਗ ਨਾਲ ਆਰੀਆਂ ਗਰਲਜ ਹਾਈ ਸਕੂਲ ਦੇ ਵਿਦਿਆਰਥੀਆਂ ਲਈ ਕਾਪੀਆਂ ,ਬੂਟ ਅਤੇ ਹੋਰ ਸਮੱਗਰੀ ਵੰਡਣ ਲਈ ਸਮਾ.ਗਮ ਕਰਵਾਇਆ ਗਿਆ। ਇਸ ਵਿਚ ਮੁੱਖ ਮਹਿਮਾਨ ਰਿਟਾਇਰ ਐਸ ਡੀ ਓ ਵਿਨੇ ਸ਼ਰਮਾ ਨੇ ਸ਼ਿਰਕਤ ਕੀਤੀ। ਇਸ ਮੌਕੇ ਸਰਵਹਿੱਤ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਪਰਵਿੰਦਰ ਮਲਹੋਤਰਾ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ, ਵਿਸ਼ੇਸ਼ ਤੌਰ ਤੇ ਅਰੁਣ ਜ਼ਖ਼ਮੀ ਰਿਟਾਇਰ ਡਾਇਰੈਕਟਰ, ਜਰਨਲ ਸਕੱਤਰ ਕੈਲਾਸ਼ ਗੋਰਵਰ, ਅਲਕਾ ਬਜਾਜ ਪ੍ਰਿੰਸੀਪਲ ਆਰੀਆ ਗਰਲਜ ਹਾਈ ਸਕੂਲ ਨੇ ਸ਼ਿਰਕਤ ਕੀਤੀ। ਇਸ ਮੌਕੇ ਸਤਿਆਵਤੀ ਹਿਮਾਂਸ਼ੂ ਸ਼ਰਮਾ ਮੈਮੋਰੀਅਲ ਫਾਊਂਡੇਸ਼ਨ ਦੇ ਪ੍ਰਧਾਨ ਵਿਨੇ ਸ਼ਰਮਾ ਨੇ ਕਿਹਾ ਕਿ ਸਰਵਹਿੱਤ ਵੈਲਫੇਅਰ ਸੁਸਾਇਟੀ ਵਲੋਂ ਲੋੜਵੰਦ ਵਿਦਿਆਰਥੀਆਂ ਨੂੰ ਕਾਪੀਆਂ ਅਤੇ ਹੋਰ ਸਮੱਗਰੀ ਦੇਣਾ ਸ਼ਲਾਘਾਯੋਗ ਉਪਰਾਲਾ ਹੈ।

ਇਸ ਸੰਸਥਾ ਵਲੋਂ ਸਮੇਂ ਸਮੇਂ ਸਿਰ ਲੋੜਵੰਦ ਲੜਕੀਆਂ ਦੇ ਵਿਆਹਾ ਵਿਚ ਮਦਦ, ਲੋੜਵੰਦ ਪਰਿਵਾਰਾਂ ਨੂੰ ਰਾਸ਼ਨ, ਲੋੜਵੰਦ ਮਰੀਜ਼ਾਂ ਲਈ ਵੀਲਚੇਅਰ, ਟਰਾਈਸਾਈਕਲ, ਮੁਫ਼ਤ ਦਵਾਈਆਂ, ਲੋੜਵੰਦ ਬੱਚਿਆਂ ਲਈ ਵਰਦੀਆਂ, ਕਿਤਾਬਾਂ, ਕਾਪੀਆਂ, ਪੜਾਈ ਲਈ ਫੀਸ ਆਦਿ ਦੀ ਮਦਦ ਕੀਤੀ ਜਾਂਦੀ ਹੈ ਜੋ ਕਿ ਬਹੁਤ ਹੀ ਪ੍ਰਸੰਸਾਯੋਗ ਕਦਮ ਹੈ। ਇਸ ਮੌਕੇ ਵਿਨੇ ਸ਼ਰਮਾ ਨੇ ਕਿਹਾ ਕਿ ਉਹਨਾਂ ਦੀ ਸੰਸਥਾ ਹਮੇਸ਼ਾ ਲੋਕ ਭਲਾਈ ਦੇ ਕੰਮਾਂ ਲਈ ਹਰ ਸੰਭਵ ਮਦਦ ਕਰਦੀ ਰਹੇਗੀ।

ਵਿਆਹ ਦਾ ਐਨਾ ਚਾਅ ! ਲਾੜੀ ਨੂੰ ਕੋਲ ਬਿਠਾ ਲਾੜਾ ਖੁਦ ਹੀ ਪੜ੍ਹ ਗਿਆ ਮੰਤਰ

ਏਜੰਸੀਆਂ

ਨੈਸਨਲ ਡੈਸਕ 28 ਜਨਵਰੀ। ਅੱਜ-ਕੱਲ ਵਿਆਹਾਂ 'ਚ ਕੁਝ ਖਾਸ ਅਤੇ ਅਨੋਖਾ ਕਰਨ ਦਾ ਰੁਝਾਨ ਵਧਦਾ ਜਾ ਰਿਹਾ ਹੈ। ਅਜਿਹੀ ਹੀ ਇਕ ਦਿਲਚਸਪ ਮਾਮਲਾ ਸਹਾਰਨਪੁਰ ਤੋਂ ਸਾਹਮਣੇ ਆਇਆ ਹੈ, ਜਿੱਥੇ ਲਾੜੇ ਵਿਵੇਕ ਕੁਮਾਰ ਨੇ ਆਪਣੇ ਵਿਆਹ ਦੌਰਾਨ ਇਕ

ਨਵੀਂ ਮਿਸਾਲ ਕਾਇਮ ਕੀਤੀ ਹੈ। ਵਿਵੇਕ ਨੇ ਆਪਣੇ ਹੀ ਵਿਆਹ 'ਚ ਪੁਜਾਰੀ ਬਣ ਕੇ ਵੈਦਿਕ ਮੰਤਰਾਂ ਦਾ ਜਾਪ ਕੀਤਾ, ਜਿਸ ਕਾਰਨ ਉਨ੍ਹਾਂ ਦਾ ਵਿਆਹ ਸੰਪੰਨ ਹੋਇਆ ਸਗੋਂ ਇਹ ਅਨੋਖਾ ਵਿਆਹ ਚਰਚਾ ਦਾ ਵਿਸਾ ਬਣ ਗਿਆ। ਵਿਵੇਕ ਕੁਮਾਰ ਦਾ ਪਰਿਵਾਰ ਆਰੀਆ ਸਮਾਜ ਨਾਲ ਜੁੜਿਆ ਹੋਇਆ ਹੈ ਅਤੇ ਉਹ ਖੁਦ ਵੀ ਧਾਰਮਿਕ ਰੀਤੀ ਰਿਵਾਜਾਂ ਵਿਚ ਡੂੰਘਾ ਵਿਸਵਾਸ ਰੱਖਦਾ ਹੈ। ਉਸ ਨੇ ਦੱਸਿਆ ਕਿ ਉਹ ਬਚਪਨ ਤੋਂ ਹੀ ਆਰੀਆ ਸਮਾਜ ਦੇ ਧਾਰਮਿਕ ਸਮਾਗਮਾਂ ਵਿਚ ਭਾਗ ਲੈਂਦਾ ਰਿਹਾ ਹੈ, ਜਿੱਥੇ ਉਸ ਨੇ ਵੈਦਿਕ ਮੰਤਰਾਂ ਦੀ ਸਿੱਖਿਆ ਲਈ। 12ਵੀਂ ਜਮਾਤ ਤੋਂ ਬਾਅਦ ਉਸ ਨੇ ਆਚਾਰੀਆ ਵਰਿੰਦਰ ਸਾਸਤਰੀ ਤੋਂ ਆਪਣੀ ਵੈਦਿਕ ਸਿੱਖਿਆ ਜਾਰੀ ਰੱਖੀ। ਇਸ ਸਿੱਖਿਆ ਦੇ ਕਾਰਨ ਹੀ ਵਿਵੇਕ ਨੇ ਆਪਣੇ ਵਿਆਹ ਵਾਲੇ ਦਿਨ ਇਨ੍ਹਾਂ ਮੰਤਰਾਂ ਦਾ ਉੱਚਾਰਨ ਕਰਨ ਦਾ ਫੈਸਲਾ ਕੀਤਾ। ਵਿਵੇਕ ਦਾ ਮੰਨਣਾ ਹੈ ਕਿ ਭਾਰਤੀ ਸੱਭਿਆਚਾਰ ਅਤੇ ਪਰੰਪਰਾਵਾਂ ਨਾਲ ਜੁੜੇ ਰਹਿਣਾ ਬਹੁਤ ਜਰੂਰੀ ਹੈ। ਉਨ੍ਹਾਂ ਕਿਹਾ ਕਿ ਅਸੀਂ ਨਵੀਆਂ ਚੀਜਾਂ ਸਿੱਖ ਰਹੇ ਹਾਂ ਪਰ ਸਾਨੂੰ ਆਪਣੀਆਂ ਪੁਰਾਣੀਆਂ ਪਰੰਪਰਾਵਾਂ ਨੂੰ ਨਹੀਂ ਭੁੱਲਣਾ ਚਾਹੀਦਾ। ਇਸ ਸੋਚ ਨੂੰ ਉਸ ਨੇ ਆਪਣੇ ਵਿਆਹ ਵਾਲੇ ਦਿਨ ਆਪਣੇ ਕੰਮ ਰਾਹੀਂ ਸਾਬਤ ਕਰ ਦਿੱਤਾ। ਉਨ੍ਹਾਂ ਵਿਆਹ ਵਿਚ ਸਾਮਲ ਹੋਣ ਵਾਲੇ ਲੋਕਾਂ ਨੂੰ ਇਹ ਅਹਿਸਾਸ ਕਰਵਾਇਆ ਕਿ ਕਿਸੇ ਵੀ ਧਾਰਮਿਕ ਰਸਮ ਵਿਚ ਰਵਾਇਤੀ ਸਿੱਖਿਆ ਅਤੇ ਕਦਰਾਂ-ਕੀਮਤਾਂ ਦੀ ਮਹੱਤਤਾ ਨੂੰ ਕਾਇਮ ਰੱਖਿਆ ਜਾਣਾ ਚਾਹੀਦਾ ਹੈ। ਵਿਵੇਕ ਦੇ ਵਿਆਹ ਦਾ ਵੀਡੀਓ ਸੋਸਲ ਮੀਡੀਆ 'ਤੇ ਤੇਜੀ ਨਾਲ ਵਾਇਰਲ ਹੋ ਰਿਹਾ ਹੈ। ਲੋਕ ਇਸ ਅਨੋਖੇ ਕਦਮ ਦੀ ਸਲਾਘਾ ਕਰ ਰਹੇ ਹਨ ਅਤੇ ਇਸ ਬਾਰੇ ਚਰਚਾ ਕਰ ਰਹੇ ਹਨ। ਇਸ ਵੀਡੀਓ ਵਿਚ ਵਿਵੇਕ ਨੂੰ ਪੂਰੀ ਸਰਧਾ ਅਤੇ ਵਿਸਵਾਸ ਨਾਲ ਵੈਦਿਕ ਮੰਤਰਾਂ ਦਾ ਜਾਪ ਕਰਦੇ ਦੇਖਿਆ ਜਾ ਸਕਦਾ ਹੈ। ਇਸ ਘਟਨਾ ਨੇ ਸਾਬਤ ਕਰ ਦਿੱਤਾ ਕਿ ਸਾਨੂੰ ਨਵੇਂ ਅਤੇ ਆਧੁਨਿਕ ਸਮੇਂ ਵਿਚ ਵੀ ਆਪਣੇ ਸੱਭਿਆਚਾਰਕ ਵਿਰਸੇ ਦਾ ਸਤਿਕਾਰ ਕਰਨਾ ਚਾਹੀਦਾ ਹੈ।

ਪੰਜਾਬ ਵਾਸੀਆਂ ਲਈ ਅਹਿਮ ਖਬਰ, ਸਰਕਾਰ ਨੇ ਜਾਰੀ ਕੀਤੀ ਕਰੋੜਾਂ ਦੀ ਰਾਸ਼ੀ

ਸਰਦੂਲ ਸਿੰਘ

ਚੰਡੀਗੜ੍ਹ 28 ਜਨਵਰੀ। ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਚਾਲੂ ਵਿੱਤੀ ਸਾਲ 2024-25 ਦੌਰਾਨ ਅਨੁਸੂਚਿਤ ਜਾਤੀਆਂ ਦੇ 5951 ਲਾਭਪਾਤਰੀਆਂ ਨੂੰ 30.35 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸੀਰਵਾਦ ਫਾਰ ਅਨੁਸੂਚਿਤ ਜਾਤੀਆਂ ਸਕੀਮ ਅਧੀਨ ਜ਼ਿਲ੍ਹਾ ਬਰਨਾਲਾ, ਬਠਿੰਡਾ, ਫਰੀਦਕੋਟ, ਫਿਰੋਜਪੁਰ, ਸ੍ਰੀ ਫਤਹਿਗੜ੍ਹ ਸਾਹਿਬ, ਫਾਜ਼ਿਲਕਾ, ਹੁਸ਼ਿਆਰਪੁਰ, ਜਲੰਧਰ, ਮਾਨਸਾ, ਸ੍ਰੀ ਮੁਕਤਸਰ ਸਾਹਿਬ, ਪਟਿਆਲਾ, ਰੂਪਨਗਰ, ਐੱਸ. ਏ. ਐੱਸ. ਨਗਰ, ਐੱਸ. ਬੀ. ਐੱਸ. ਨਗਰ, ਸੰਗਰੂਰ ਅਤੇ ਮਾਲੇਰਕੋਟਲਾ ਦੇ ਸਾਲ 2023-24 ਅਤੇ 2024-25 ਦੇ ਅਨੁਸੂਚਿਤ ਜਾਤੀਆਂ ਦੇ ਲਾਭਪਾਤਰੀਆਂ ਦੀਆਂ ਪੈਂਡਿੰਗ ਦਰਖਾਸਤਾਂ ਸਾਲ 2024-25 ਦੌਰਾਨ ਅਸੀਰਵਾਦ ਪੋਰਟਲ 'ਤੇ ਪ੍ਰਾਪਤ ਕੁੱਲ 5951 ਲਾਭਪਾਤਰੀਆਂ ਨੂੰ ਕਵਰ ਕਰਨ ਲਈ 30.35 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਹੈ। ਸਮਾਜਿਕ ਨਿਆਂ ਮੰਤਰੀ ਨੇ ਦੱਸਿਆ ਕਿ ਇਸ ਰਾਸ਼ੀ ਨਾਲ ਬਰਨਾਲਾ ਦੇ 136, ਬਠਿੰਡਾ ਦੇ 455, ਫਰੀਦਕੋਟ ਦੇ 187, ਫਿਰੋਜਪੁਰ ਦੇ 1230 ਫਤਿਹਗੜ੍ਹ ਸਾਹਿਬ ਦੇ 192, ਫਾਜ਼ਿਲਕਾ ਦੇ 347, ਹੁਸ਼ਿਆਰਪੁਰ ਦੇ 189, ਜਲੰਧਰ ਦੇ 1263 ਲਾਭਪਾਤਰੀਆਂ ਨੂੰ ਵਿੱਤੀ ਲਾਭ ਦਿੱਤਾ ਗਿਆ ਹੈ। ਇਸੇ ਤਰ੍ਹਾਂ ਮਾਨਸਾ ਦੇ 271, ਸ੍ਰੀ ਮੁਕਤਸਰ ਸਾਹਿਬ ਦੇ 90, ਪਟਿਆਲਾ ਦੇ 530, ਰੂਪਨਗਰ ਦੇ 199, ਐੱਸ. ਏ. ਐੱਸ. ਨਗਰ ਦੇ 218, ਐੱਸ. ਬੀ. ਐੱਸ. ਨਗਰ ਦੇ 166, ਸੰਗਰੂਰ ਦੇ 408 ਅਤੇ ਮਾਲੇਰਕੋਟਲਾ ਦੇ 70 ਲਾਭਪਾਤਰੀਆਂ

ਨੂੰ ਵੀ ਵਿੱਤੀ ਲਾਭ ਦਿੱਤਾ ਗਿਆ ਹੈ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਸੂਬਾ ਸਰਕਾਰ ਵੱਲੋਂ ਰਾਜ 'ਚ ਘੱਟ ਆਮਦਨੀ ਵਾਲੇ ਪਰਿਵਾਰ ਨਾਲ ਸਬੰਧਿਤ ਕੁੜੀਆਂ ਦੇ ਵਿਆਹ ਲਈ 51,000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਾਗਰਿਕ ਹੋਵੇ, ਉਸ ਦਾ ਪਰਿਵਾਰ ਗਰੀਬੀ ਰੇਖਾ ਤੋਂ ਹੇਠਾਂ ਦਾ ਹੋਵੇ, ਬਿਨੈਕਾਰ ਅਨੁਸੂਚਿਤ ਜਾਤੀ, ਪੱਛੜੀਆਂ ਸ੍ਰੇਣੀਆਂ ਅਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧਿਤ ਹੋਵੇ ਅਤੇ ਪਰਿਵਾਰ ਦੀ ਸਾਰੇ ਸਾਧਨਾ ਤੋਂ ਸਲਾਨਾ ਆਮਦਨ 32,790 ਰੁਪਏ ਤੋਂ ਘੱਟ ਹੋਵੇ, ਅਜਿਹੇ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਦੇਣ ਦੇ ਯੋਗ ਹਨ। ਮੰਤਰੀ ਨੇ ਅੱਗੇ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ 'ਚ ਕੀਤੀ ਜਾਂਦੀ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਉਨ੍ਹਾ ਨੂੰ ਆਰਥਿਕ ਤੌਰ 'ਤੇ ਹੋਰ ਮਜਬੂਤ ਕਰਨ ਲਈ ਤੇਜੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ, ਉੱਥੇ ਹੀ ਅਨੁਸੂਚਿਤ ਜਾਤੀਆਂ ਦੀ ਭਲਾਈ ਲਈ ਵੀ ਲਗਾਤਾਰ ਕਾਰਜਸ਼ੀਲ ਹੈ। ਪੰਜਾਬ ਸਰਕਾਰ ਅਨੁਸੂਚਿਤ ਜਾਤੀਆਂ, ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ।

ਖੇਤਾਂ 'ਚ ਰਾਖੀ ਕਰਨ ਗਏ ਕਿਸਾਨ 'ਤੇ ਬਾਘ ਨੇ ਕੀਤਾ ਹਮਲਾ, ਖੁਰਦ-ਬੁਰਦ ਹਾਲਤ 'ਚ ਮਿਲੀ ਲਾਸ਼

ਬਹਿਰਾਇਚ (ਯੂਐੱਨਆਈ) 28 ਜਨਵਰੀ। ਉੱਤਰ ਪ੍ਰਦੇਸ ਦੇ ਬਹਿਰਾਇਚ ਜ਼ਿਲ੍ਹੇ ਦੇ ਸੁਜੌਲੀ ਥਾਣਾ ਖੇਤਰ ਦੇ ਇੱਕ ਕਿਸਾਨ ਦੀ ਬਾਘ ਦੇ ਹਮਲੇ 'ਚ ਮੌਤ ਹੋ ਗਈ ਹੈ। ਮਿਲੀ ਜਾਣਕਾਰੀ ਅਨੁਸਾਰ ਕਿਸਾਨ ਸ਼ਿਵਧਰ ਚੌਹਾਨ (55) ਆਪਣੇ ਖੇਤਾਂ ਦੀ ਰਾਖੀ ਕਰਨ ਗਿਆ ਸੀ। ਸਨੀਵਾਰ ਸਾਮ ਨੂੰ ਉਹ ਖੇਤ ਗਿਆ ਸੀ, ਦੇਰ ਰਾਤ ਤੱਕ ਵਾਪਸ ਨਹੀਂ ਆਇਆ, ਜਿਸ ਕਾਰਨ ਉਸਦੇ ਪਰਿਵਾਰ ਵਿੱਚ ਚਿੰਤਾ ਫੈਲ ਗਈ। ਐਤਵਾਰ ਸਵੇਰੇ ਪਰਿਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਸ਼ਿਵਧਰ ਦੀ ਭਾਲ ਸੁਰੂ ਕਰ ਦਿੱਤੀ। ਤਲਾਸੀ ਦੌਰਾਨ, ਅੱਜ ਸਵੇਰੇ ਜੰਗਲ ਦੇ ਨੇੜੇ ਉਸਦੀ ਖੁਰਦ-ਬੁਰਦ ਹੋਈ ਲਾਸ ਮਿਲੀ। ਲਾਸ ਦੀ ਹਾਲਤ ਤੋਂ ਇਹ ਸਪੱਸਟ ਹੋ ਗਿਆ ਸੀ ਕਿ ਉਸ 'ਤੇ ਸੇਰ ਨੇ ਹਮਲਾ ਕੀਤਾ ਸੀ, ਜਿਸ

ਨਾਲ ਉਸ ਦੇ ਚਿਹਰੇ ਅਤੇ ਸਰੀਰ ਦੇ ਹੋਰ ਹਿੱਸਿਆਂ ਨੂੰ ਬੁਰੀ ਤਰ੍ਹਾਂ ਨੁਕਸਾਨ ਪਹੁੰਚਿਆ ਸੀ। ਇਸ ਘਟਨਾ ਨੇ ਪਿੰਡ ਵਾਸੀਆਂ ਨੂੰ ਡੂੰਘੇ ਸਦਮੇ ਵਿੱਚ ਪਾ ਦਿੱਤਾ ਹੈ। ਦੂਜੇ ਪਾਸੇ, ਪੁਲਸ ਨੇ ਲਾਸ ਨੂੰ ਕਬਜੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਕਟਾਰਨੀਆਘਾਟ ਵਾਈਲਡਲਾਈਫ ਡਿਵੀਜਨ ਦੇ ਡੀਐੱਫਓ ਬੀ ਸ਼ਿਵ ਸੰਕਰ ਨੇ ਕਿਹਾ ਕਿ ਕਿਸਾਨ ਦੀ ਮੌਤ ਇੱਕ ਵੱਡੇ ਜੰਗਲੀ ਜਾਨਵਰ ਦੇ ਹਮਲੇ 'ਚ ਹੋਈ ਹੈ ਤੇ ਇਸ ਵੇਲੇ ਬਾਘ ਤੇ ਤੇਂਦੁਏ ਦੇ ਪੈਰਾਂ ਦੇ ਨਿਸਾਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਪਹਿਲੀ ਨਜਰ 'ਤੇ ਇਹ ਬਾਘ ਦਾ ਹਮਲਾ ਮੰਨਿਆ ਜਾ ਰਿਹਾ ਹੈ। ਇਸ ਦੇ ਨਾਲ ਹੀ, ਜੰਗਲਾਤ ਅਧਿਕਾਰੀ ਨੇ ਮ੍ਰਿਤਕ ਦੇ ਪਰਿਵਾਰ ਨੂੰ 5,000 ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਹੈ। ਪਿਛਲੇ ਕੁਝ ਸਮੇਂ ਤੋਂ ਇਲਾਕੇ ਵਿੱਚ ਜੰਗਲੀ ਜਾਨਵਰਾਂ ਦੇ ਲਗਾਤਾਰ ਹਮਲਿਆਂ ਕਾਰਨ ਪਿੰਡ ਵਾਸੀਆਂ ਵਿੱਚ ਗੁੱਸਾ ਹੈ। ਪਿੰਡ ਵਾਸੀਆਂ ਨੇ ਆਪਣੀ ਸੁਰੱਖਿਆ ਦੀ ਮੰਗ ਕੀਤੀ ਹੈ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ।

ਕਲਯੁੱਗੀ ਭਰਾਵਾਂ ਨੇ ਮਾਰ'ਤਾ ਨੌਜਵਾਨ, ਕਤਲ ਮਗਰੋਂ ਨਹਿਰ 'ਚ ਸੁੱਟੀ ਲਾਸ਼

ਛਪਰਾ 28 ਜਨਵਰੀ। ਬਿਹਾਰ ਦੇ ਸਰਨ ਜ਼ਿਲ੍ਹੇ ਦੇ ਮਸਰਾਖ ਥਾਣਾ ਖੇਤਰ ਦੇ ਇੱਕ ਨੌਜਵਾਨ ਦੇ ਕਤਲ ਦੇ ਮਾਮਲੇ 'ਚ, ਉਸਦੇ ਵੱਡੇ ਭਰਾ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ, ਜਦੋਂ ਕਿ ਇੱਕ ਹੋਰ ਭਰਾ ਫਰਾਰ ਹੈ। ਪੁਲਸ ਸੂਤਰਾਂ ਨੇ ਸੋਮਵਾਰ ਨੂੰ ਇੱਥੇ ਦੱਸਿਆ ਕਿ ਏਕਾਵਨਾ ਪਿੰਡ ਦੇ ਰਹਿਣ ਵਾਲੇ ਰਾਹੁਲ ਕੁਮਾਰ ਦੀ ਲਾਸ 24 ਦਸੰਬਰ ਨੂੰ ਮੋਤੀਹਾਰੀ ਦੇ ਕੇਸਰੀਆ ਪਿੰਡ ਨੇੜੇ ਗੰਡਕ ਨਦੀ ਤੋਂ ਬਰਾਮਦ ਕੀਤੀ ਗਈ ਸੀ। ਮ੍ਰਿਤਕ ਦੀ ਪਛਾਣ ਰਾਹੁਲ ਕੁਮਾਰ (21) ਵਜੋਂ ਹੋਈ ਹੈ, ਜੋ ਕਿ ਮਸਰਕ ਥਾਣਾ ਖੇਤਰ ਦੇ ਬਾਹਰੌਲੀ ਪਿੰਡ ਦਾ ਰਹਿਣ ਵਾਲਾ ਸੀ। ਘਟਨਾ ਤੋਂ ਬਾਅਦ ਪੁਲਸ ਬਹਿਰੌਲੀ ਪਿੰਡ ਪਹੁੰਚੀ ਅਤੇ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਤੋਂ ਪੁੱਛਗਿੱਛ ਸੁਰੂ ਕਰ ਦਿੱਤੀ। ਸੂਤਰਾਂ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਪੁਲਸ ਨੂੰ ਪਤਾ ਲੱਗਾ ਕਿ ਰਾਹੁਲ ਨਸੇ ਦਾ ਆਦੀ ਹੋ ਗਿਆ ਸੀ। ਜਿਸ ਕਾਰਨ, ਜਦੋਂ ਰਾਹੁਲ 24 ਦਸੰਬਰ ਦੀ ਦੇਰ ਰਾਤ ਨੂੰ ਨਸੇ ਦੀ ਹਾਲਤ ਵਿੱਚ ਘਰ ਪਹੁੰਚਿਆ, ਤਾਂ ਉਸਦੇ ਵੱਡੇ ਭਰਾ ਪੰਕਜ ਅਤੇ ਛੋਟੇ ਭਰਾ ਨੇ ਉਸਦਾ ਕਤਲ ਕਰ ਦਿੱਤਾ ਅਤੇ ਲਾਸ ਨੂੰ ਮੋਟਰਸਾਈਕਲ ਰਾਹੀਂ ਗੰਡਕ ਨਦੀ ਦੇ ਪੁਲ ਤੋਂ ਸੁੱਟ ਦਿੱਤਾ। ਇਸ ਮਾਮਲੇ 'ਚ ਪੰਕਜ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਉਸ ਵਿਰੁੱਧ ਭਾਰਤੀ ਦੰਡ ਸੰਹਿਤਾ ਦੀਆਂ ਸਬੰਧਤ ਧਾਰਾਵਾਂ ਤਹਿਤ ਐੱਫਆਈਆਰ ਦਰਜ ਕੀਤੀ ਗਈ ਹੈ ਅਤੇ ਉਸਨੂੰ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ ਗਿਆ ਹੈ।

ਕੁਦਰਤੀ ਖੇਤੀ ਕਰਨ ਵਾਲੇ ਕਿਸਾਨ ਹੋਣਗੇ 'ਅਮੀਰ', ਸਰਕਾਰ ਚੁੱਕ ਰਹੀ ਇਹ ਵੱਡਾ ਕਦਮ

ਕਿਸ਼ਨ ਪਾਲ

ਹਰਿਆਣਾ 28 ਜਨਵਰੀ। ਹਰਿਆਣਾ ਹੁਣ ਕੁਦਰਤੀ ਖੇਤੀ ਵੱਲ ਪਰਤੇਗਾ। ਸੂਬੇ ਦੇ ਕਿਸਾਨਾਂ ਦਾ ਝੁਕਾਅ ਕੁਦਰਤੀ ਖੇਤੀ ਵੱਲ ਵਧਾਇਆ ਜਾਵੇਗਾ। ਦੱਸ ਦੇਈਏ ਕਿ ਇਹ ਕਦਮ ਕੀਟਨਾਸਕਾਂ ਦੀ ਜ਼ਿਆਦਾ ਵਰਤੋਂ ਕਾਰਨ ਫੈਲਣ ਵਾਲੀਆਂ ਬੀਮਾਰੀਆਂ ਅਤੇ ਫਸਲਾਂ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਚੁੱਕਿਆ ਜਾ ਰਿਹਾ ਹੈ। ਰਾਜ ਦੀ ਉਪ ਸਰਕਾਰ ਕੁਦਰਤੀ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਉਤਸਾਹਿਤ ਕਰੇਗੀ। ਇਸ ਵਾਰ ਬਜਟ ਵਿੱਚ ਉਨ੍ਹਾਂ ਲਈ ਵਿਸੇਸ ਸਬਸਿਡੀ ਦਾ ਐਲਾਨ ਕੀਤਾ ਜਾ ਸਕਦਾ ਹੈ। ਇੰਨਾ ਹੀ ਨਹੀਂ ਸੂਬੇ ਵਿੱਚ ਕੁਦਰਤੀ ਅਤੇ ਜੈਵਿਕ ਖੇਤੀ ਕਰਨ ਵਾਲੇ ਕਿਸਾਨਾਂ ਦੀਆਂ ਫਸਲਾਂ ਲਈ ਇੱਕ ਵੱਖਰਾ ਘੱਟੋ-ਘੱਟ ਸਮਰਥਨ ਮੁੱਲ ( ) ਵੀ ਤੈਅ ਕੀਤਾ ਜਾਵੇਗਾ। ਇਸ ਤੋਂ ਇਲਾਵਾ ਕਿਸਾਨਾਂ ਦੀ ਉਪਜ ਦੀ ਵਿਕਰੀ ਲਈ ਵੱਖਰੀਆਂ ਮੰਡੀਆਂ ਵੀ ਸਥਾਪਤ ਕੀਤੀਆਂ ਜਾਣਗੀਆਂ। ਪਹਿਲੇ ਪੜਾਅ ਵਿੱਚ ਹਰੇਕ ਜ਼ਿਲ੍ਹੇ ਵਿੱਚ ਘੱਟੋ-ਘੱਟ ਇੱਕ ਮੰਡੀ ਸਥਾਪਤ ਕਰਨ ਦੀ ਯੋਜਨਾ ਹੈ। ਰਾਜ ਦੇ ਖੇਤੀਬਾੜੀ ਅਤੇ ਬਾਗਬਾਨੀ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਇਸ ਯੋਜਨਾ 'ਤੇ ਕੰਮ ਕੀਤਾ ਹੈ। ਅਧਿਕਾਰੀਆਂ ਦੀ ਮਦਦ ਨਾਲ ਉਹ ਪੂਰੀ ਕਾਰਜ ਯੋਜਨਾ ਤਿਆਰ ਕਰ ਰਿਹਾ ਹੈ। ਕੁਦਰਤੀ ਅਤੇ ਜੈਵਿਕ ਫਸਲਾਂ ਦੇ ਐੱਮਐੱਸਪੀ ਅਤੇ ਵੱਖ-ਵੱਖ ਮੰਡੀਆਂ ਦਾ ਖਰੜਾ ਤਿਆਰ ਹੋਣ ਤੋਂ ਬਾਅਦ ਉਹ ਇਸ ਸਬੰਧ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਗੱਲ ਕਰਨਗੇ। ਕੇਂਦਰ ਦੀ ਮੋਦੀ ਸਰਕਾਰ ਵੀ ਦੇਸ ਵਿੱਚ ਕੁਦਰਤੀ ਖੇਤੀ ਨੂੰ ਉਤਸਾਹਿਤ ਕਰਨ ਦੇ ਹੱਕ ਵਿੱਚ ਹੈ। ਹਿਮਾਚਲ

ਤੋਂ ਬਾਅਦ ਗੁਜਰਾਤ ਦੇ ਰਾਜਪਾਲ ਅਤੇ ਕੁਰੂਕਸੇਤਰ ਗੁਰੂਕੁਲ ਦੇ ਆਚਾਰੀਆ ਦੇਵਵ੍ਰਤ ਦੁਆਰਾ ਕੁਦਰਤੀ ਖੇਤੀ ਦੀ ਮੁਹਿੰਮ ਨੂੰ ਹੁਣ ਗੁਜਰਾਤ ਅਤੇ ਹਰਿਆਣਾ ਵਿੱਚ ਅੱਗੇ ਵਧਾਇਆ ਜਾ ਰਿਹਾ ਹੈ। ਹਰਿਆਣਾ ਦੀ ਪਿਛਲੀ ਮਨੋਹਰ ਸਰਕਾਰ ਨੇ ਵੀ ਕੁਦਰਤੀ ਖੇਤੀ ਲਈ ਬਜਟ ਵਿੱਚ ਵਿਸੇਸ ਪ੍ਰਬੰਧ ਕੀਤੇ ਹਨ। ਹਰਿਆਣਾ ਵਿੱਚ ਤਿੰਨ ਤਰ੍ਹਾਂ ਦੀ ਖੇਤੀ ਕੀਤੀ ਜਾਂਦੀ ਹੈ। ਹੁਣ ਵੀ ਕਿਸਾਨ ਰਸਾਇਣਕ ਖੇਤੀ 'ਤੇ ਜ਼ਿਆਦਾ ਜੋਰ ਦਿੰਦੇ ਹਨ। ਕੁਝ ਕਿਸਾਨ ਜੈਵਿਕ ਖੇਤੀ ਵੱਲ ਵਧੇ ਹਨ। ਇਸ ਦੇ ਨਾਲ ਹੀ ਕੁਦਰਤੀ ਖੇਤੀ ਅਪਣਾਉਣ ਵਾਲੇ ਕਿਸਾਨਾਂ ਦੀ ਗਿਣਤੀ ਬਹੁਤ ਜ਼ਿਆਦਾ ਨਹੀਂ ਹੈ। ਕੁਦਰਤੀ ਖੇਤੀ ਜੈਵਿਕ ਖੇਤੀ ਨਾਲੋਂ ਸਸਤੀ ਹੈ ਪਰ ਇਸ ਲਈ ਬਹੁਤ ਮਿਹਨਤ ਦੀ ਲੋੜ ਹੁੰਦੀ ਹੈ। ਜਦੋਂ ਕਿ ਰਸਾਇਣਕ ਖੇਤੀ ਵਿੱਚ ਮਿਹਨਤ ਘੱਟ ਹੁੰਦੀ ਹੈ।

ਘਰ 'ਚ ਜਬਰਦਸਤ ਧਮਾਕੇ ਕਾਰਨ ਡਿੱਗਿਆ ਲੈਂਟਰ, 6 ਜੀਅ ਗੰਭੀਰ ਜਖਮੀ

ਗਿਰੀਹੀਡ 28 ਜਨਵਰੀ। ਝਾਰਖੰਡ ਦੇ ਗਿਰੀਹੀਡ ਜ਼ਿਲ੍ਹੇ ਦੇ ਸ਼ੀਤਲਪੁਰ 'ਚ ਹੋਏ ਸ਼ਕਤੀਸ਼ਾਲੀ ਧਮਾਕੇ ਵਿਚ ਇਕ ਔਰਤ ਦੀ ਮੌਤ ਹੋ ਗਈ, ਜਦਕਿ 6 ਜੀਅ ਗੰਭੀਰ ਰੂਪ ਨਾਲ ਜਖਮੀ ਹੋ ਗਏ। ਧਮਾਕਾ ਸੋਮਵਾਰ ਉਮੇਸ਼ ਦਾਸ ਨਾਮੀ ਵਿਅਕਤੀ ਦੇ ਘਰ ਸਵੇਰੇ ਕਰੀਬ 2.00 ਵਜੇ ਹੋਇਆ। ਧਮਾਕਾ ਇੰਨਾ ਜਬਰਦਸਤ ਸੀ ਕਿ ਘਰ ਨੂੰ ਕਾਫੀ ਨੁਕਸਾਨ ਪਹੁੰਚਿਆ ਅਤੇ ਕੰਧ ਅਤੇ ਲੈਂਟਰ ਡਿੱਗ ਗਿਆ। ਧਮਾਕੇ ਦੀ ਤੇਜ ਆਵਾਜ ਸੁਣ ਕੇ ਆਲੇ-ਦੁਆਲੇ ਦੇ ਲੋਕ ਜਾਗ ਗਏ, ਜਿਸ ਤੋਂ ਬਾਅਦ ਲੋਕਾਂ ਨੇ ਪੁਲਸ ਨੂੰ ਸੂਚਨਾ ਦਿੱਤੀ। ਐਮਰਜੈਂਸੀ ਸੇਵਾਵਾਂ ਅਤੇ ਲੋਕ ਜਖਮੀਆਂ ਨੂੰ ਮਲਬੇ ਹੇਠੋਂ ਬਾਹਰ ਕੱਢਣ ਲਈ ਦੌੜੇ, ਜਖਮੀਆਂ ਨੂੰ ਗਿਰੀਹੀਡ ਸਦਰ ਹਸਪਤਾਲ ਲਿਜਾਇਆ ਗਿਆ। ਘਰ ਦੇ 6 ਜੀਆਂ- ਉਮੇਸ਼ ਦਾਸ, ਉਸ ਦੀ ਪਤਨੀ ਸਬਿਤਾ ਦੇਵੀ, ਪੁੱਤਰ ਸੰਦੀਪ ਦਾਸ ਅਤੇ ਸੰਨੀ ਦਾਸ, ਧੀ ਲਕਸ਼ਮੀ ਅਤੇ ਉਮੇਸ਼ ਦੀ ਸੱਸ ਦੇ ਗੰਭੀਰ ਸੱਟਾਂ ਲੱਗੀਆਂ। ਦੁਖਦ ਗੱਲ ਇਹ ਹੈ ਕਿ ਹਸਪਤਾਲ ਲਿਜਾਂਦੇ ਸਮੇਂ ਉਮੇਸ਼ ਦੀ ਸੱਸ ਦੀ ਮੌਤ ਹੋ ਗਈ। ਅਧਿਕਾਰੀਆਂ ਮੁਤਾਬਕ ਅਜੇ ਤੱਕ ਧਮਾਕੇ ਦੇ ਕਾਰਨਾਂ ਦਾ ਪਤਾ ਨਹੀਂ ਲਗਾਇਆ ਜਾ ਸਕਿਆ। ਇਸ ਬਾਰੇ ਸਥਾਨਕ ਲੋਕਾਂ ਵਿਚ ਕਈ ਤਰ੍ਹਾਂ ਦੀਆਂ ਅਟਕਲਾਂ ਹਨ। ਕੁਝ ਲੋਕ ਇਸ ਨੂੰ ਸਾਜ਼ਿਸ਼ ਦੱਸ ਰਹੇ ਹਨ। ਉਨ੍ਹਾਂ ਦਾ ਅਨੁਮਾਨ ਹੈ ਕਿ ਨਿੱਜੀ ਦੁਸਮਣੀ ਕਾਰਨ ਜਾਣਬੁੱਝ ਕੇ ਵਿਸਫੋਟਕ ਲਗਾਏ ਗਏ ਹੋ ਸਕਦੇ ਹਨ।

ਧਾਰਮਿਕ ਸਮਾਗਮ 'ਚ ਸ਼ਾਮਲ ਹੋਣ ਜਾ ਰਹੇ ਲੋਕਾਂ ਨਾਲ ਵਾਪਰਿਆ ਹਾਦਸਾ, 15 ਜਖਮੀ

ਨੈਸਨਲ ਡੈਸਕ 28 ਜਨਵਰੀ। ਓਡੀਸਾ ਦੇ ਬਾਲਾਸੋਰ ਜ਼ਿਲ੍ਹੇ 'ਚ ਸੋਮਵਾਰ ਨੂੰ ਇੱਕ ਮਿੰਨੀ ਟਰੱਕ ਦੇ ਪਲਟਣ ਨਾਲ ਪੰਦਰਾਂ ਲੋਕ ਜਖਮੀ ਹੋ ਗਏ। ਪੁਲਸ ਨੇ ਇਹ ਜਾਣਕਾਰੀ ਦਿੱਤੀ। ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਇਹ ਹਾਦਸਾ ਸਿੰਗਲਾ ਥਾਣਾ ਖੇਤਰ ਦੇ ਅਧੀਨ ਆਉਂਦੇ ਪਿੰਡ ਰਾਏਪੁਰ ਨੇੜੇ ਵਾਪਰਿਆ। ਜਖਮੀਆਂ ਨੂੰ ਨੇੜਲੇ ਬਸਤਾ ਪ੍ਰਾਇਮਰੀ ਸਿਹਤ ਕੇਂਦਰ ਲਿਜਾਇਆ ਗਿਆ। ਪੰਜ ਗੰਭੀਰ ਜਖਮੀਆਂ ਨੂੰ ਪ੍ਰਾਇਮਰੀ ਸੈਂਟਰ ਤੋਂ ਬਾਲਾਸੋਰ ਜ਼ਿਲ੍ਹਾ ਹੈੱਡਕੁਆਰਟਰ ਹਸਪਤਾਲ ਲਿਜਾਇਆ ਗਿਆ। ਪੁਲਸ ਅਨੁਸਾਰ, ਮਿੰਨੀ ਟਰੱਕ 'ਚ ਲਗਭਗ 30 ਲੋਕ, ਜਿਨ੍ਹਾਂ 'ਚੋਂ ਜ਼ਿਆਦਾਤਰ ਔਰਤਾਂ ਸਨ, ਇੱਕ ਧਾਰਮਿਕ ਸਮਾਗਮ ਵਿੱਚ ਸਾਮਲ ਹੋਣ ਜਾ ਰਹੇ ਸਨ। ਇਸ ਦੌਰਾਨ, ਉਸਦੀ ਗੱਡੀ ਕੰਟਰੋਲ ਤੋਂ ਬਾਹਰ ਹੋ ਗਈ ਅਤੇ ਸੜਕ ਕਿਨਾਰੇ ਪਲਟ ਗਈ। ਪੁਲਸ ਨੇ ਗੱਡੀ ਨੂੰ ਕਬਜੇ ਵਿੱਚ ਲੈ ਲਿਆ ਹੈ ਅਤੇ ਹਾਦਸੇ ਦੀ ਜਾਂਚ ਸੁਰੂ ਕਰ ਦਿੱਤੀ ਹੈ।

ਭਲਕੇ ਪੈਣਗੀਆਂ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਲਈ ਵੋਟਾਂ

ਕੈਥਲ 28 ਜਨਵਰੀ। ਹਰਿਆਣਾ ਦੇ 22 ਜ਼ਿਲ੍ਹਿਆਂ 'ਚ 40 ਸੀਟਾਂ 'ਤੇ ਭਲਕੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ( ) ਦੀਆਂ ਚੋਣਾਂ ਲਈ ਵੋਟਾਂ ਪੈਣਗੀਆਂ। ਵੋਟਾਂ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ। ਇਸ ਤੋਂ ਬਾਅਦ ਵੋਟਾਂ ਦੀ ਗਿਣਤੀ ਕੀਤੀ ਜਾਵੇਗੀ। ਦੀਆਂ ਚੋਣਾਂ ਵਿਚ ਹਰਿਆਣਾ ਦੀ ਸਿੱਖ ਸਿਆਸਤ ਦੇ 4 ਵੱਡੇ ਪ੍ਰਮੁੱਖ ਧੜੇ ਆਪਣੀ ਕਿਸਮਤ ਅਜਮਾ ਰਹੇ ਹਨ, ਜਦਕਿ ਇਕ ਧੜਾ ਪੰਜਾਬ ਦਾ ਹੈ। ਚੋਣਾਂ ਲਈ 40 ਵਾਰਡ ਬਣਾਏ ਗਏ ਹਨ। ਲੱਗਭਾਗ 2.84 ਲੱਖ ਸਿੱਖਾਂ ਨੇ ਚੋਣਾਂ ਲਈ ਵੋਟਰ ਸੂਚੀ 'ਚ ਆਪਣਾ ਨਾਂ ਰਜਿਸਟਰਡ ਕਰਵਾਇਆ ਹੈ।

ਦੱਸ ਦੇਈਏ ਕਿ 40 ਸੀਟਾਂ 'ਤੇ ਚੋਣਾਂ ਹੋਣਗੀਆਂ, ਜਿਸ ਤੋਂ ਬਾਅਦ 40 ਮੈਂਬਰੀ ਕਮੇਟੀ ਬਣਾਈ ਜਾਵੇਗੀ। ਉਹ ਅੱਗੇ ਪ੍ਰਧਾਨ ਦੇ ਅਹੁਦੇ ਲਈ ਚੋਣ ਵਿਚ ਹਿੱਸਾ ਲੈ ਸਕੇਗੀ। ਵੋਟਿੰਗ ਪ੍ਰਕਿਰਿਆ ਇਸ ਵਾਰ ਰਾਹੀਂ ਕਰਵਾਈ ਜਾਵੇਗੀ। ਚੋਣਾਂ ਨੂੰ ਨਿਰਪੱਖ ਅਤੇ ਪਾਰਦਰਸੀ ਬਣਾਉਣ ਲਈ ਸਾਰੀਆਂ ਲੋੜੀਂਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਚੋਣਾਂ ਸਿੱਖ ਕੌਮ ਦੇ ਧਾਰਮਿਕ ਅਤੇ ਪ੍ਰਬੰਧਕੀ ਹੱਕਾਂ ਲਈ ਅਹਿਮ ਮੰਨੀਆਂ ਜਾਂਦੀਆਂ ਹਨ। ਇਹ ਚੋਣ ਸਿੱਖ ਕੌਮ ਲਈ ਧਾਰਮਿਕ ਅਤੇ ਸਮਾਜਿਕ ਨਜਰੀਏ ਤੋਂ ਬਹੁਤ ਮਹੱਤਵਪੂਰਨ ਮੰਨੀ ਜਾ ਰਹੀ ਹੈ। ਕੁੱਲ 27,719 ਸਿੱਖ ਵੋਟਰ ਆਪਣੀ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨਗੇ। ਗੁਹਲਾ, ਕੰਗਥਲੀ ਅਤੇ ਕੈਥਲ ਤਿੰਨ ਬਲਾਕ ਹਨ ਜਿਨ੍ਹਾਂ ਲਈ ਵੱਖਰੇ ਸਟਰਾਂਗ ਰੂਮ ਬਣਾਏ ਗਏ ਹਨ। ਚੋਣਾਂ 28 ਜਨਵਰੀ ਨੂੰ ਸਵੇਰੇ 8 ਵਜੇ ਤੋਂ ਸਾਮ 5 ਵਜੇ ਤੱਕ ਹੋਣਗੀਆਂ ਅਤੇ ਇਸ ਤੋਂ ਤੁਰੰਤ ਬਾਅਦ ਨਤੀਜੇ ਐਲਾਨ ਦਿੱਤੇ ਜਾਣਗੇ।

10 ਮਾਰਚ ਤੋਂ ਪਹਿਲਾਂ ਪੰਜਾਬ 'ਚ ਮੁੜ ਹੋਣਗੀਆਂ ਚੋਣਾਂ, ਹਾਈਕੋਰਟ ਹੋਈ ਸਖਤ

ਏਜੰਸੀਆਂ

ਵੈਬ ਡੈਸਕ 28 ਜਨਵਰੀ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸੁਪਰੀਮ ਕੋਰਟ ਦੇ ਹੁਕਮਾਂ ਦੇ ਬਾਵਜੂਦ 3 ਨਗਰ ਕੌਂਸਲਾਂ ਦੀਆਂ ਚੋਣਾਂ ਨਾ ਕਰਵਾਉਣ ਲਈ ਸੂਬਾ ਚੋਣ ਕਮਿਸਨਰ ਨੂੰ ਸਖਤ ਫਟਕਾਰ ਲਗਾਈ ਹੈ। ਸੁਣਵਾਈ ਦੌਰਾਨ ਸੂਬਾ ਚੋਣ ਕਮਿਸਨਰ ਦੀ ਤਰਫੋਂ ਕਿਹਾ ਗਿਆ ਕਿ ਇਨ੍ਹਾਂ ਤਿੰਨਾਂ ਨਗਰ ਕੌਂਸਲਾਂ ਦੀਆਂ ਚੋਣਾਂ 10 ਮਾਰਚ ਤੱਕ ਕਰਵਾਈਆਂ ਜਾਣਗੀਆਂ।ਸੂਬਾ ਸਰਕਾਰ ਨੇ ਵੀ ਹਾਈਕੋਰਟ ਨੂੰ ਭਰੋਸਾ ਦਿੱਤਾ ਹੈ ਕਿ 10 ਮਾਰਚ ਤਕ ਚੋਣਾਂ ਕਰਵਾ ਦਿੱਤੀਆਂ ਜਾਣਗੀਆਂ। ਹਾਈਕੋਰਟ ਨੇ ਇਸ 'ਤੇ ਸਖਤ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਸੁਪਰੀਮ ਕੋਰਟ ਦੇ ਹੁਕਮਾਂ ਦੀ ਸਿੱਧੀ ਉਲੰਘਣਾ ਹੈ। ਨਵੰਬਰ ਵਿੱਚ ਸੁਪਰੀਮ ਕੋਰਟ ਨੇ ਸਰਕਾਰ ਨੂੰ 10 ਹਫਤਿਆਂ ਵਿੱਚ ਚੋਣਾਂ ਕਰਵਾਉਣ ਦਾ ਹੁਕਮ ਦਿੱਤਾ ਸੀ। ਹਾਈਕੋਰਟ ਨੇ ਕਿਹਾ ਕਿ ਜੇਕਰ ਪਟੀਸਨਰ ਚਾਹੇ ਤਾਂ ਉਹ ਇਸ ਮਾਮਲੇ 'ਚ ਮਾਣਹਾਨੀ ਪਟੀਸਨ ਦਾਇਰ ਕਰ ਸਕਦਾ ਹੈ। ਸੁਪਰੀਮ ਕੋਰਟ ਦੇ ਹੁਕਮਾਂ ਤੋਂ ਬਾਅਦ ਪੰਜਾਬ ਸਰਕਾਰ ਨੂੰ ਸੂਬੇ ਦੀਆਂ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਦੀਆਂ ਚੋਣਾਂ ਕਰਵਾਉਣ ਲਈ ਮਜਬੂਰ ਹੋਣਾ ਪਿਆ ਸੀ। ਇਸ ਦੇ ਬਾਵਜੂਦ ਪੰਜਾਬ ਸਰਕਾਰ ਅਤੇ ਰਾਜ ਚੋਣ ਕਮਿਸਨ ਨੇ ਤਰਨਤਾਰਨ, ਤਲਵਾੜਾ ਅਤੇ ਡੇਰਾ ਬਾਬਾ ਨਾਨਕ ਨਗਰ ਕੌਂਸਲਾਂ ਦੀਆਂ ਚੋਣਾਂ ਨਹੀਂ ਕਰਵਾਈਆਂ। ਐਡਵੋਕੇਟ ਭੀਸਮ ਕਿੰਗਰ ਨੇ ਇਸ ਦੇਰੀ ਵਿਰੁੱਧ

ਹਾਈ ਕੋਰਟ ਵਿੱਚ ਜਨਹਿੱਤ ਪਟੀਸਨ ਦਾਇਰ ਕੀਤੀ ਸੀ। ਪਿਛਲੀ ਸੁਣਵਾਈ ਦੌਰਾਨ ਹਾਈਕੋਰਟ ਨੇ ਪੰਜਾਬ ਸਰਕਾਰ ਅਤੇ ਰਾਜ ਚੋਣ ਕਮਿਸਨ ਨੂੰ ਸਖਤ ਫਟਕਾਰ ਲਗਾਉਂਦਿਆਂ ਕਿਹਾ ਸੀ ਕਿ ਤੁਸੀਂ ਲੋਕਤੰਤਰ ਦਾ ਮਜਾਕ ਉਡਾਇਆ ਹੈ। ਹਾਈ ਕੋਰਟ ਨੇ ਪੰਜਾਬ ਸਰਕਾਰ ਅਤੇ ਰਾਜ ਚੋਣ ਕਮਿਸਨਰ ਨੂੰ ਸੁੱਕਰਵਾਰ ਤੱਕ ਦਾ ਸਮਾਂ ਦਿੱਤਾ ਸੀ ਅਤੇ ਕਿਹਾ ਸੀ ਕਿ ਜੇਕਰ ਉਸ ਸਮੇਂ ਤੱਕ ਚੋਣਾਂ ਦੀ ਤਰੀਕ ਨਾ ਦੱਸੀ ਗਈ ਤਾਂ ਚੋਣ ਕਮਿਸਨਰ ਨੂੰ ਪੇਸ ਹੋਣਾ ਪਵੇਗਾ। ਅਦਾਲਤ ਨੂੰ ਦੱਸਿਆ ਗਿਆ ਕਿ ਇਨ੍ਹਾਂ ਤਿੰਨਾਂ ਵਿੱਚੋਂ ਦੋ ਲਈ ਚੋਣਾਂ 2020 ਤੋਂ ਪਹਿਲਾਂ ਹੋਣੀਆਂ ਚਾਹੀਦੀਆਂ ਸਨ। ਚਾਰ ਸਾਲਾਂ ਤੋਂ ਚੋਣਾਂ ਨਹੀਂ ਹੋਈਆਂ ਅਤੇ ਅਜੇ ਵੀ ਸਮਾਂ ਮੰਗਿਆ ਜਾ ਰਿਹਾ ਹੈ। ਹਾਈ ਕੋਰਟ ਨੇ ਕਿਹਾ ਕਿ ਹੁਣ ਬਹੁਤ ਹੋ ਗਿਆ ਹੈ, ਹੁਣ ਹੋਰ ਇੰਤਜਾਰ ਨਹੀਂ ਕੀਤਾ ਜਾ ਸਕਦਾ। ਹਾਈ ਕੋਰਟ ਨੇ ਮਾਮਲੇ ਦੀ ਅਗਲੀ ਸੁਣਵਾਈ 28 ਜਨਵਰੀ ਤੱਕ ਟਾਲ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹੁਣ ਤੁਹਾਨੂੰ ਜਲਦੀ ਹੀ ਚੋਣਾਂ ਕਰਵਾਉਣੀਆਂ ਪੈਣਗੀਆਂ। ਜ਼ਿਆਦਾ ਦੇਰ ਇੰਤਜਾਰ ਨਹੀਂ ਕਰ ਸਕਦੇ। ਤੁਹਾਨੂੰ ਬਹੁਤ ਸਮਾਂ ਦੇ ਦਿੱਤਾ।

ਜਲੰਧਰ ਸ਼ਹਿਰ ਦੇ ਕਈ ਅਰਬਪਤੀ ਕਾਲੋਨਾਈਜਰਾਂ ਨੂੰ ਜਾਰੀ ਹੋਣਗੇ ਨੋਟਿਸ

ਏਜੰਸੀਆਂ

ਜਲੰਧਰ 28 ਜਨਵਰੀ। ਪੰਜਾਬ ਵਿਚ ਹਜਾਰਾਂ ਏਕੜ ਵਿਚ ਗੈਰ-ਕਾਨੂੰਨੀ ਕਾਲੋਨੀਆਂ ਕੱਟਣ ਵਾਲੇ ਕਾਲੋਨਾਈਜਰਾਂ ਨੇ ਅਕਾਲੀ-ਭਾਜਪਾ ਸਰਕਾਰ ਦੌਰਾਨ ਸਿਆਸੀ ਲੋਕਾਂ 'ਤੇ ਦਬਾਅ ਬਣਾ ਕੇ 2013 ਵਿਚ ਐੱਨ. ਓ. ਸੀ. ਪਾਲਿਸੀ ਐਲਾਨ ਕਰਵਾਈ ਸੀ, ਜਿਸ ਤਹਿਤ ਗੈਰ-ਕਾਨੂੰਨੀ ਕਾਲੋਨੀਆਂ ਨੂੰ ਫੀਸ ਲੈ ਕੇ ਰੈਗੂਲਰ ਕੀਤਾ ਜਾਣਾ ਸੀ। ਇਹ ਪਾਲਿਸੀ ਕਈ ਸਾਲ ਜਾਰੀ ਰਹੀ। ਅਕਾਲੀ-ਭਾਜਪਾ ਤੋਂ ਆਈ ਕਾਂਗਰਸ ਸਰਕਾਰ ਨੇ ਵੀ ਕਾਲੋਨਾਈਜਰਾਂ ਨੂੰ ਰਾਹਤ ਦੇਣ ਦੇ ਮੰਤਵ ਨਾਲ ਇਸ ਪਾਲਿਸੀ ਵਿਚ ਕੁਝ ਬਦਲਾਅ ਕਰਕੇ 2018 ਵਿਚ ਨਵੀਂ ਪਾਲਿਸੀ ਐਲਾਨੀ ਪਰ ਦੋਵਾਂ ਹੀ ਪਾਲਿਸੀਆਂ ਦੀ ਕਾਲੋਨਾਈਜਰਾਂ ਨੇ ਜੰਮ ਕੇ ਦੁਰਵਰਤੋਂ ਕੀਤੀ। ਇਨ੍ਹਾਂ ਦੋਵਾਂ ਐੱਨ. ਓ. ਸੀ. ਪਾਲਿਸੀਆਂ ਕਾਰਨ ਨਗਰ ਨਿਗਮਾਂ ਦੇ ਸਰਕਾਰੀ ਅਧਿਕਾਰੀ ਅਤੇ ਕਾਲੋਨਾਈਜਰ ਤਾਂ ਮਾਲਾਮਾਲ ਹੋ ਗਏ ਪਰ ਸਰਕਾਰੀ ਖਜਾਨਾ ਖਾਲੀ ਹੀ ਰਿਹਾ, ਜਿਸ ਨੂੰ ਭਰਨ ਲਈ ਇਹ ਪਾਲਿਸੀ 2 ਵਾਰ ਲਿਆਂਦੀ ਗਈ ਸੀ। ਹਾਲਾਤ ਇਹ ਹਨ ਕਿ ਜਲੰਧਰ ਸ਼ਹਿਰ ਦੇ ਹੀ ਕਈ ਅਰਬਪਤੀ ਕਾਲੋਨਾਈਜਰਾਂ ਨੇ ਨਗਰ ਨਿਗਮ ਦੇ ਕਰੋੜਾਂ ਰੁਪਏ ਦਬਾਏ ਹੋਏ ਹਨ, ਜਿਨ੍ਹਾਂ ਨੂੰ ਨਿਗਮ ਅਧਿਕਾਰੀਆਂ ਵੱਲੋਂ ਵਸੂਲਿਆ ਨਹੀਂ ਜਾ ਰਿਹਾ ਪਰ ਹੁਣ ਨਵੇਂ ਬਣੇ ਮੇਅਰ ਵਨੀਤ ਧੀਰ ਨੇ ਇਸ ਮਾਮਲੇ ਵਿਚ ਸਾਰਾ ਰਿਕਾਰਡ ਤਲਬ ਕਰ ਲਿਆ ਹੈ ਅਤੇ ਅਜਿਹੇ ਕਾਲੋਨਾਈਜਰਾਂ ਨੂੰ ਨੋਟਿਸ ਜਾਰੀ ਕਰਨ ਦੇ ਹੁਕਮ ਜਾਰੀ ਕੀਤੇ ਹਨ। ਅਕਾਲੀ-ਭਾਜਪਾ ਸਰਕਾਰ ਅਤੇ ਫਿਰ ਕਾਂਗਰਸ ਸਰਕਾਰ ਸਮੇਂ ਜਾਰੀ ਹੋਈ ਐੱਨ. ਓ. ਸੀ. ਪਾਲਿਸੀ ਦੇ ਉਲਟ ਜਾ ਕੇ ਨਿਗਮ ਅਧਿਕਾਰੀਆਂ ਨੇ ਕਾਲੋਨਾਈਜਰਾਂ ਨੂੰ ਕਦਮ-ਕਦਮ 'ਤੇ ਫਾਇਦਾ ਪਹੁੰਚਾਇਆ। ਕਈ ਕਾਲੋਨੀਆਂ ਦੀਆਂ ਅਰਜੀਆਂ ਰਿਜੈਕਟ ਕਰ ਦਿੱਤੀਆਂ ਗਈਆਂ ਪਰ ਉਥੇ ਵੀ ਕਾਲੋਨੀਆਂ ਕਟਵਾ ਦਿੱਤੀਆਂ ਗਈਆਂ। ਕਈ ਸਾਲਾਂ ਤੋਂ ਨਿਗਮ ਅਧਿਕਾਰੀਆਂ ਨੇ ਕਾਲੋਨਾਈਜਰਾਂ ਤੋਂ ਕਰੋੜਾਂ ਰੁਪਏ ਵਸੂਲਣ ਵੱਲ ਕੋਈ ਧਿਆਨ ਨਹੀਂ ਦਿੱਤਾ। ਇਹ ਨਾਲਾਇਕੀ ਕਿਉਂ ਵਰਤੀ ਗਈ, ਇਸ ਬਾਰੇ ਕਿਸੇ ਨੂੰ ਜਵਾਬਦੇਹ ਵੀ ਨਹੀਂ ਬਣਾਇਆ ਗਿਆ। ਆਮ ਚਰਚਾ ਹੈ ਕਿ ਜੇਕਰ ਨਿਗਮ ਈਮਾਨਦਾਰੀ ਨਾਲ ਹੀ ਗੈਰ-ਕਾਨੂੰਨੀ ਕਾਲੋਨੀਆਂ ਦੀ ਫੀਸ ਵਸੂਲ ਕਰ ਲਵੇ ਤਾਂ ਇਸ ਦੀ ਕੰਗਾਲੀ ਦੂਰ ਹੋ ਸਕਦੀ ਹੈ। ਦੋਸ਼ ਲੱਗ ਰਹੇ ਹਨ ਕਿ ਕੁਲ ਮਿਲਾ ਕੇ ਸ਼ਹਿਰ ਦੇ ਦਰਜਨ ਦੇ ਲੱਗਭਗ ਕਾਲੋਨਾਈਜਰਾਂ ਨੇ ਹੀ ਆਪਸ ਵਿਚ ਮਿਲ ਕੇ 100 ਤੋਂ ਜ਼ਿਆਦਾ ਕਾਲੋਨੀਆਂ ਕੱਟੀਆਂ ਅਤੇ ਪਾਲਿਸੀ ਤਹਿਤ ਅਪਲਾਈ ਕੀਤੀਆਂ। ਥੋੜ੍ਹੇ ਜਿਹੇ ਪੈਸੇ ਜਮ੍ਹਾ ਕਰਵਾ ਦਿੱਤੇ ਗਏ ਅਤੇ ਸ਼ੋਅ ਇਹ ਕਰ ਦਿੱਤਾ ਕਿ ਕਾਲੋਨੀ ਪਾਸ ਹੋ ਚੁੱਕੀ ਹੈ। ਅਜਿਹਾ ਕਰ ਕੇ ਕਾਲੋਨਾਈਜਰ ਤਾਂ ਮਾਲਾਮਾਲ ਹੋ ਗਏ ਪਰ ਨਿਗਮ ਦੇ ਖਜਾਨੇ ਵਿਚ ਕੁਝ ਨਹੀਂ ਆਇਆ। ਦੋਸ਼ ਲੱਗਦੇ ਰਹੇ ਹਨ ਕਿ ਕਾਲੋਨਾਈਜਰਾਂ ਨੂੰ ਫਾਇਦਾ ਪਹੁੰਚਾਉਣ ਲਈ ਨਿਗਮ ਅਤੇ ਜੇ. ਡੀ. ਏ. ਦੇ ਕਈ ਅਧਿਕਾਰੀਆਂ ਨੇ ਐੱਨ. ਓ. ਸੀ. ਪਾਲਿਸੀ ਵਿਚ ਦਰਜ

ਨਿਯਮਾਂ ਦੀਆਂ ਜੰਮ ਕੇ ਧੱਜੀਆਂ ਉਡਾਈਆਂ। ਪਾਲਿਸੀ ਦੀਆਂ ਸ਼ਰਤਾਂ ਮੁਤਾਬਕ ਗੈਰ-ਕਾਨੂੰਨੀ ਕਾਲੋਨੀ ਦੀ ਫਾਈਲ ਨਾਲ 10 ਫੀਸਦੀ ਰਾਸ਼ੀ ਮੌਕੇ 'ਤੇ ਜਮ੍ਹਾ ਕਰਵਾਉਣੀ ਸੀ ਅਤੇ ਉਸ ਨੂੰ ਤੈਅਸ਼ੁਦਾ ਸਮੇਂ ਵਿਚ ਜਾਂਚ ਕਰਕੇ ਅਧਿਕਾਰੀਆਂ ਵੱਲੋਂ ਡਿਮਾਂਡ ਨੋਟਿਸ ਦਿੱਤਾ ਜਾਣਾ ਸੀ, ਜਿਸ 'ਤੇ ਕਾਲੋਨਾਈਜਰਾਂ ਨੇ 15 ਫੀਸਦੀ ਰਾਸ਼ੀ ਹੋਰ ਜਮ੍ਹਾ ਕਰਵਾਉਣੀ ਸੀ। ਬਾਕੀ ਰਾਸ਼ੀ ਵੀ ਤੈਅ ਸਮੇਂ ਵਿਚ 3 ਕਿਸ਼ਤਾਂ ਵਿਚ ਵਿਆਜ ਦੇ ਨਾਲ ਵਸੂਲੀ ਜਾਣੀ ਸੀ। ਨਿਗਮ ਦਾ ਰਿਕਾਰਡ ਦੱਸਦਾ ਹੈ ਕਿ ਕਈ ਗੈਰ-ਕਾਨੂੰਨੀ ਕਾਲੋਨੀਆਂ ਦੇ ਮਾਮਲੇ ਵਿਚ ਸਰਕਾਰੀ ਅਧਿਕਾਰੀਆਂ ਨੇ ਕੋਈ ਡਿਮਾਂਡ ਨੋਟਿਸ ਜਾਰੀ ਨਹੀਂ ਕੀਤਾ, ਜਿਸ ਕਾਰਨ ਕਾਲੋਨਾਈਜਰਾਂ ਵੱਲ ਅਜੇ ਵੀ ਕਰੋੜਾਂ ਰੁਪਏ ਪੈਂਡਿੰਗ ਪਏ ਹੋਏ ਹਨ, ਜਿਨ੍ਹਾਂ ਨੂੰ ਵਸੂਲਣ ਲਈ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ। ਜਿਨ੍ਹਾਂ ਫਾਈਲਾਂ ਨੂੰ ਨਿਗਮ ਵੱਲੋਂ ਰਿਜੈਕਟ ਕੀਤਾ ਜਾ ਚੁੱਕਾ ਹੈ, ਉਨ੍ਹਾਂ 'ਤੇ ਵੀ ਕੋਈ ਕਾਰਵਾਈ ਨਾ ਹੋਣਾ ਮਿਲੀਭੁਗਤ ਨੂੰ ਦਰਸਾਉਂਦਾ ਹੈ। ਕਾਂਗਰਸ ਸਰਕਾਰ ਦੇ ਕਾਰਜਕਾਲ ਦੀ ਗੱਲ ਕਰੀਏ ਤਾਂ ਕੈਂਟ ਇਲਾਕੇ ਵਿਚ ਦੀਪਨਗਰ-ਪਰਾਗਪੁਰ ਨਾਲ ਸਬੰਧਤ ਇਕ ਕਾਲੋਨਾਈਜਰ ਨੇ 105 ਏਕੜ ਜਮੀਨ 'ਤੇ ਕੱਟੀਆਂ ਆਪਣੀਆਂ 18 ਗੈਰ-ਕਾਨੂੰਨੀ ਕਾਲੋਨੀਆਂ ਨੂੰ ਰੈਗੂਲਰ ਕਰਵਾਉਣ ਲਈ ਨਿਗਮ ਕੋਲ ਐੱਨ. ਓ. ਸੀ. ਪਾਲਿਸੀ ਤਹਿਤ ਅਰਜੀ ਦਿੱਤੀ। ਦੋਸ਼ ਲੱਗਦੇ ਹਨ ਕਿ ਇਨ੍ਹਾਂ ਗੈਰ-ਕਾਨੂੰਨੀ ਕਾਲੋਨੀਆਂ ਨੂੰ ਰੈਗੂਲਰ ਕਰਨ ਦੇ ਬਦਲੇ ਵਿਚ ਨਿਗਮ ਦੀ ਫੀਸ 21 ਕਰੋੜ ਬਣਦੀ ਸੀ ਪਰ ਉਕਤ ਕਾਲੋਨਾਈਜਰ ਨੇ ਨਿਗਮ ਅਧਿਕਾਰੀਆਂ ਨਾਲ ਮਿਲੀਭੁਗਤ ਦੀ ਖੇਡ ਜਰੀਏ ਨਿਗਮ ਦੇ ਖਜਾਨੇ ਵਿਚ ਸਿਰਫ 9 ਲੱਖ ਰੁਪਏ ਹੀ ਜਮ੍ਹਾ ਕਰਵਾਏ ਅਤੇ ਅੱਜ ਵੀ ਉਸ ਕਾਲੋਨਾਈਜਰ ਵੱਲ ਲੱਗਭਗ 20 ਕਰੋੜ ਰੁਪਏ ਬਕਾਇਆ ਹੈ। ਖਾਸ ਗੱਲ ਇਹ ਹੈ ਕਿ ਇਨ੍ਹਾਂ ਗੈਰ-ਕਾਨੂੰਨੀ ਕਾਲੋਨੀਆਂ ਨਾਲ ਸਬੰਧਤ ਅਰਜੀਆਂ ਅੱਜ ਤਕ ਢੰਗ ਨਾਲ ਚੈੱਕ ਨਹੀਂ ਕੀਤੀਆਂ ਗਈਆਂ। ਕਿਹਾ ਜਾ ਰਿਹਾ ਹੈ ਕਿ ਇਨ੍ਹਾਂ ਅਰਜੀਆਂ ਦੀਆਂ ਫਾਈਲਾਂ ਵਿਚ ਮਾਲਕੀ ਨਾਲ ਸਬੰਧਤ ਦਸਤਾਵੇਜਾਂ ਵਿਚ ਕਾਫੀ ਕੁਝ ਹੈ। ਇਸ ਬਾਰੇ ਨਿਗਮ ਅਧਿਕਾਰੀਆਂ ਨੂੰ ਵੀ ਸਭ ਪਤਾ ਹੈ ਪਰ ਫਿਰ ਵੀ ਇਨ੍ਹਾਂ ਫਾਈਲਾਂ ਨੂੰ ਖੋਲ੍ਹਿਆ ਨਹੀਂ ਜਾ ਰਿਹਾ। ਨਿਗਮ ਅਧਿਕਾਰੀਆਂ ਦੀ ਲਾਪ੍ਰਵਾਹੀ ਦੀ ਹੱਦ ਇਹ ਹੈ ਕਿ ਬਕਾਇਆ ਪੈਸਿਆਂ ਲਈ ਕਾਲੋਨਾਈਜਰਾਂ 'ਤੇ ਕੋਈ ਦਬਾਅ ਨਹੀਂ ਬਣਾਇਆ ਗਿਆ, ਨਹੀਂ ਤਾਂ ਨਿਗਮ ਚਾਹੇ ਤਾਂ ਆਪਣੇ ਬਕਾਇਆ ਪੈਸੇ 15 ਦਿਨਾਂ ਵਿਚ ਵਸੂਲ ਸਕਦਾ ਹੈ। ਸ਼ਹਿਰ ਦੇ ਕਾਲੋਨਾਈਜਰਾਂ ਵੱਲ ਬਕਾਇਆ ਰਾਸ਼ੀ 100 ਕਰੋੜ ਦੇ ਨੇੜੇ-ਤੇੜੇ ਆਂਕੀ ਜਾ ਰਹੀ ਹੈ ਕਿਉਂਕਿ ਜਿਹੜੀਆਂ ਕਾਲੋਨੀਆਂ ਦੀਆਂ ਅਰਜੀਆਂ ਆਈਆਂ ਹਨ, ਹੁਣ ਉਥੇ ਐਕਸਟੈਨਸ਼ਨ ਦੇ ਨਾਂ 'ਤੇ ਕਈ ਕਾਲੋਨੀਆਂ ਪੈਦਾ ਹੋ ਚੁੱਕੀਆਂ ਹਨ।